ਸ਼ਨੀਵਾਰ, 18 ਅਪ੍ਰੈਲ, 2026
5 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 74
ਅੰਕ/NO. : 317

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • SATURDAY, 18 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

# ਭਾਜਪਾ ਦੀ ਚਾਲਬਾਜ਼ੀ ਫੇਲ੍ਹ

## ਮਹਿਲਾ ਰਿਜ਼ਰਵੇਸ਼ਨ ਬਿੱਲ ਲੋਕ ਸਭਾ 'ਚ ਡਿੱਗਿਆ

**ਨਵੀਂ ਦਿੱਲੀ** : ਇਕਜੁੱਟ ਅਪੋਜ਼ੀਸ਼ਨ ਨੇ ਸ਼ੁੱਕਰਵਾਰ ਮੋਦੀ ਸਰਕਾਰ ਦੀ ਮਰਜ਼ੀ ਨਹੀਂ ਚੱਲਣ ਦਿੱਤੀ ਤੇ ਲੋਕ ਸਭਾ ਵਿੱਚ ਉਸ ਵੱਲੋਂ ਪੇਸ਼ ਕੀਤਾ ਗਿਆ ਮਹਿਲਾ ਰਿਜ਼ਰਵੇਸ਼ਨ ਨਾਲ ਜੁੜਿਆ 131ਵਾਂ ਸੰਵਿਧਾਨ ਸੋਧ ਬਿੱਲ ਪਾਸ ਨਹੀਂ ਹੋ ਸਕਿਆ। ਬਿੱਲ ਦੇ ਹੱਕ ਵਿੱਚ 298 ਤੇ ਵਿਰੁੱਧ 230 ਵੋਟਾਂ ਪਈਆਂ। 528 ਮੈਂਬਰਾਂ ਨੇ ਵੋਟਾਂ ਪਾਈਆਂ। ਬਿੱਲ ਪਾਸ ਕਰਾਉਣ ਲਈ ਪਈਆਂ ਵੋਟਾਂ ਦਾ ਦੋ-ਤਿਹਾਈ ਬਹੁਮਤ (352 ਸੀਟਾਂ) ਜ਼ਰੂਰੀ ਸੀ। ਇਸ ਤਰ੍ਹਾਂ ਬਿੱਲ 54 ਵੋਟਾਂ ਨਾਲ ਡਿੱਗ ਗਿਆ। ਇਹ ਬਿੱਲ ਡਿੱਗਣ ਦੇ ਬਾਅਦ ਸਰਕਾਰ ਨੇ ਹਲਕਾਬੰਦੀ ਸੋਧ ਬਿੱਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਸੋਧ ਬਿੱਲ 'ਤੇ ਵੋਟਿੰਗ ਕਰਾਉਣ ਦੀ ਹਿੰਮਤ ਨਹੀਂ ਕੀਤੀ ਤੇ ਵਾਪਸ ਲੈ ਲਏ। ਦਰਅਸਲ ਸਰਕਾਰ ਮਹਿਲਾ ਰਿਜ਼ਰਵੇਸ਼ਨ ਬਿੱਲ ਨੂੰ ਹਲਕਾਬੰਦੀ ਨਾਲ ਜੋੜ ਕੇ ਪਾਸ ਕਰਾਉਣਾ ਚਾਹੁੰਦੀ ਸੀ ਜਦਕਿ ਅਪੋਜ਼ੀਸ਼ਨ ਦੀ ਦਲੀਲ ਸੀ ਕਿ ਦੋਹਾਂ ਨੂੰ ਜੋੜਿਆ ਨਹੀਂ ਜਾ ਸਕਦਾ। ਰਾਹੁਲ ਨੇ ਕਿਹਾ ਕਿ ਅਪੋਜ਼ੀਸ਼ਨ ਨੇ ਸੰਵਿਧਾਨ 'ਤੇ ਹਮਲੇ ਨੂੰ ਨਾਕਾਮ ਕਰ ਦਿੱਤਾ ਹੈ। ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਲੋਕਤੰਤਰ ਤੇ ਦੇਸ਼ ਦੀ ਏਕਤਾ ਲਈ ਵੱਡੀ ਜਿੱਤ ਹੈ। ਸ਼ਸ਼ੀ ਥਰੂਰ ਨੇ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਕਿ ਉਹ ਮਹਿਲਾ ਰਿਜ਼ਰਵੇਸ਼ਨ ਦੀ ਪੂਰੀ ਹਮਾਇਤ ਕਰਦੀ ਹੈ ਤੇ ਹਰ ਵੇਲੇ ਉਸਦੇ ਹੱਕ ਵਿੱਚ ਵੋਟ ਪਾਉਣ ਲਈ ਤਿਆਰ ਹੈ। ਪਰ ਹਲਕਾਬੰਦੀ ਨੂੰ ਇਸ ਨਾਲ ਨਹੀਂ ਜੋੜਿਆ ਜਾਣਾ ਚਾਹੀਦਾ। ਇਸਤੋਂ ਪਹਿਲਾਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਬਿੱਲਾਂ 'ਤੇ ਬਹਿਸ ਦਾ ਜਵਾਬ ਦਿੰਦਿਆਂ ਕਿਹਾ ਕਿ ਜੋ ਲੋਕ ਸੀਟਾਂ ਵਧਾਉਣ ਦਾ ਵਿਰੋਧ ਕਰ ਰਹੇ ਹਨ, ਉਹ ਅਸਲ ਵਿੱਚ ਪਛੜੀਆਂ ਸ਼੍ਰੇਣੀਆਂ ਦੀਆਂ ਸੀਟਾਂ ਵਧਣ ਦੇ ਖਿਲਾਫ ਵੀ ਖੜ੍ਹੇ ਹਨ। ਸ਼ਾਹ ਨੇ ਕਿਹਾ ਕਿ ਸਰਕਾਰ ਔਰਤਾਂ ਨੂੰ ਰਾਜਨੀਤਕ ਅਧਿਕਾਰ ਦੇਣ ਲਈ ਪੂਰੀ ਤਰ੍ਹਾਂ ਤਿਆਰ ਹੈ ਪਰ ਵਿਰੋਧੀ ਧਿਰ ਸਿਰਫ਼ ਰੁਕਾਵਟਾਂ ਪਾ ਰਹੀ ਹੈ।

ਬਹਿਸ ਦੌਰਾਨ ਕਾਂਗਰਸ ਮੈਂਬਰ ਕੇ ਸੀ ਵੇਣੂਗੋਪਾਲ ਨੇ ਦੋ ਮੰਗਾਂ ਰੱਖੀਆਂ ਸਨ : ਪਹਿਲੀ, 50 ਫੀਸਦੀ ਸੀਟਾਂ ਵਧਾਉਣ ਲਈ ਅਧਿਕਾਰਤ ਸੋਧ ਲਿਆਂਦੀ ਜਾਵੇ ਅਤੇ ਦੂਜੀ, ਹਲਕਾਬੰਦੀ ਵਾਲੇ ਬਿੱਲ ਨੂੰ ਹਟਾ ਦਿੱਤਾ ਜਾਵੇ। ਇਸ 'ਤੇ ਅਮਿਤ ਸ਼ਾਹ ਨੇ ਤੁਰੰਤ ਜਵਾਬ ਦਿੰਦਿਆਂ ਕਿਹਾ, "ਮੈਂ ਤਿਆਰ ਹਾਂ, ਸਪੀਕਰ ਸਾਹਿਬ ਮੈਨੂੰ ਇੱਕ ਘੰਟਾ ਦਿਓ, ਮੈਂ ਸੋਧ ਲੈ ਕੇ ਆਉਂਦਾ ਹਾਂ।"

ਹਾਲਾਂਕਿ, ਉਨ੍ਹਾ ਨੇ ਹਲਕਾਬੰਦੀ ਨੂੰ ਹਟਾਉਣ ਵਾਲੀ ਸ਼ਰਤ ਨੂੰ ਠੁਕਰਾਉਂਦਿਆਂ ਕਿਹਾ ਕਿ ਵਿਰੋਧੀ ਧਿਰ ਇਸ ਬਹਾਨੇ ਬਿੱਲ ਨੂੰ ਫਿਰ ਤੋਂ ਲਟਕਾਉਣਾ ਚਾਹੁੰਦੀ ਹੈ। ਉਨ੍ਹਾ ਕਿਹਾ ਕਿ ਜੇ ਵਿਰੋਧੀ ਧਿਰ ਵੋਟ ਨਹੀਂ ਪਾਉਂਦੀ ਤਾਂ ਬਿੱਲ ਰੁਕ ਜਾਵੇਗਾ, ਜਿਸ ਦਾ ਜਵਾਬ ਦੇਸ਼ ਦੀਆਂ ਔਰਤਾਂ ਨੂੰ ਵਿਰੋਧੀ ਧਿਰ ਨੂੰ ਹੀ ਦੇਣਾ ਪਵੇਗਾ।

# 'ਆਪ' ਛਾਪਿਆਂ ਤੋਂ ਡਰਨ ਵਾਲੀ ਨਹੀਂ : ਭਗਵੰਤ ਮਾਨ

## ਮੰਤਰੀ ਸੰਜੀਵ ਅਰੋੜਾ 'ਤੇ ਈ ਡੀ ਦੇ ਛਾਪੇ 'ਤੇ ਮੁੱਖ ਮੰਤਰੀ ਤੇ ਕੇਜਰੀਵਾਲ ਨੇ ਭਾਜਪਾ ਨੂੰ ਘੇਰਿਆ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਦੀ ਸੱਤਾਧਾਰੀ ਪਾਰਟੀ ਭਾਜਪਾ 'ਤੇ ਵਿਰੋਧੀ ਪਾਰਟੀਆਂ ਦੇ ਆਗੂਆਂ ਖ਼ਿਲਾਫ਼ ਐਨਫੋਰਸਮੈਂਟ ਡਾਇਰੈਕਟੋਰੇਟ ਅਤੇ ਕੇਂਦਰੀ ਜਾਂਚ ਬਿਊਰੋ ਨੂੰ ਹਥਿਆਰ ਵਜੋਂ ਵਰਤ ਕੇ ਲੋਕਤੰਤਰ ਦਾ ਕਤਲ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ਼ ਲਾਇਆ ਹੈ। ਤਿੰਨ ਦਿਨਾਂ ਵਿੱਚ ਪਾਰਟੀ ਦੇ ਇੱਕ ਹੋਰ ਆਗੂ 'ਤੇ ਦੂਜੀ ਈ ਡੀ ਛਾਪੇਮਾਰੀ 'ਤੇ ਪ੍ਰਤੀਕਿਰਿਆ ਦਿੰਦਿਆਂ ਮਾਨ ਨੇ ਕਿਹਾ ਕਿ ਜਿੱਥੇ ਉਹ ਅਰੋੜਾ ਅਤੇ ਮਿੱਤਲ 'ਤੇ ਹੋਈਆਂ ਛਾਪੇਮਾਰੀਆਂ ਦੀ ਨਿਖੇਧੀ ਕਰਦੇ ਹਨ, ਉੱਥੇ ਹੀ ਉਨ੍ਹਾਂ ਨੂੰ ਜਾਂ ਉਨ੍ਹਾਂ ਦੇ ਪਾਰਟੀ ਸਾਥੀਆਂ ਨੂੰ ਕੇਂਦਰ ਵੱਲੋਂ ਇਸ ਤਰ੍ਹਾਂ ਡਰਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ, "ਦੇਸ਼ ਨੂੰ ਸਿਰਫ਼ ਦੋ ਲੋਕ ਚਲਾ ਰਹੇ ਹਨ। ਯਾਦ ਕਰੋ ਪਰਿਵਾਰ ਨਿਯੋਜਨ ਦਾ ਇੱਕ ਨਾਅਰਾ ਹੁੰਦਾ ਸੀ 'ਹਮ ਦੋ ਹਮਾਰੇ ਦੋ'। ਇੱਥੇ 'ਹਮ ਦੋ' ਮੋਦੀ ਅਤੇ ਸ਼ਾਹ ਹਨ ਅਤੇ 'ਹਮਾਰੇ ਦੋ' ਅੰਬਾਨੀ ਅਤੇ ਅਡਾਨੀ ਹਨ। ਉਨ੍ਹਾਂ ਨੂੰ ਕਿਸੇ ਹੋਰ ਦੀ ਪਰਵਾਹ ਨਹੀਂ ਹੈ।" ਉਨ੍ਹਾਂ ਅੱਗੇ ਕਿਹਾ



ਕਿ ਇਹ ਛਾਪੇਮਾਰੀ ਚੋਣਾਂ ਤੋਂ ਪਹਿਲਾਂ ਪੰਜਾਬ ਲਈ ਉਨ੍ਹਾਂ ਦੀ ਸਿਆਸੀ ਖੇਡ ਦਾ ਇੱਕ ਹਿੱਸਾ ਜਾਪਦੀ ਹੈ। ਉਨ੍ਹਾਂ ਨੇ ਕਾਹਲੀ ਵਿੱਚ ਬੁਲਾਈ ਗਈ ਪ੍ਰੈੱਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਦੱਸਿਆ, "ਭਾਜਪਾ ਨੂੰ ਪੰਜਾਬ ਵਿੱਚ ਸਿਰਫ਼ ਇੱਕ ਜਾਂ ਦੋ ਸੀਟਾਂ ਮਿਲ ਰਹੀਆਂ ਹਨ। ਉਨ੍ਹਾਂ ਕੋਲ 117 ਹਲਕਿਆਂ ਵਿੱਚ ਉਤਾਰਨ ਲਈ 117 ਉਮੀਦਵਾਰ ਵੀ ਨਹੀਂ ਹਨ। ਆਪਣੀ ਗਿਣਤੀ ਵਧਾਉਣ ਲਈ, ਉਨ੍ਹਾਂ ਨੇ ਭਾਜਪਾ ਵਿੱਚ ਕਾਂਗਰਸ ਵਿੰਗ ਖੋਲ੍ਹਣ ਦੇ ਆਪਣੇ ਪ੍ਰਯੋਗ ਦੇ ਅਸਫਲ ਹੋਣ ਤੋਂ ਬਾਅਦ ਈ ਡੀ ਅਤੇ ਸੀ ਬੀ ਆਈ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ ਹੈ।" ਉਨ੍ਹਾਂ ਅੱਗੇ ਕਿਹਾ, "ਸਾਨੂੰ ਡਰਾਉਣ ਲਈ ਜੋ ਚਾਹੋ ਕਰੋ, ਅਸੀਂ ਨਾ ਝੁਕਾਂਗੇ ਅਤੇ ਨਾ ਹੀ ਟੁੱਟਾਂਗੇ। ਉਨ੍ਹਾਂ ਕਿਹਾ, "ਇਹ ਸਿਰਫ਼ ਸਾਬਤ ਕਰਦਾ ਹੈ ਕਿ ਲੋਕਤੰਤਰ ਖ਼ਤਰੇ ਵਿੱਚ ਹੈ। ਦੇਸ਼ ਦੇ ਸਾਰੇ ਸਹੀ ਸੋਚ ਵਾਲੇ ਵਿਅਕਤੀਆਂ ਨੂੰ ਲੋਕਤੰਤਰ ਬਚਾਉਣ ਲਈ ਅੱਗੇ ਆਉਣਾ ਚਾਹੀਦਾ ਹੈ। ਅਜਿਹਾ ਨਹੀਂ ਹੋ ਸਕਦਾ ਕਿ ਤੁਸੀਂ ਵਿਰੋਧੀ ਨੇਤਾਵਾਂ ਨੂੰ ਭਾਜਪਾ ਵਿੱਚ ਸ਼ਾਮਲ ਹੋਣ ਲਈ ਮਜਬੂਰ ਕਰਨ ਦੇ ਮਕਸਦ ਨਾਲ ਕੇਂਦਰੀ ਏਜੰਸੀਆਂ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਡਰਾਉਣ ਦੀ ਕੋਸ਼ਿਸ਼ ਕਰੋ। ਮਾਨ ਨੇ ਕਿਹਾ, "ਬਿਹਾਰ ਵਿੱਚ ਉਨ੍ਹਾਂ ਨੇ ਇੱਕ ਅਜਿਹੇ ਵਿਅਕਤੀ ਨੂੰ ਮੁੱਖ ਮੰਤਰੀ ਬਣਾ ਦਿੱਤਾ ਹੈ, ਜੋ ਕਤਲਾਂ ਦਾ ਦੋਸ਼ੀ ਹੈ ਅਤੇ ਘੱਟ ਪੜ੍ਹਿਆ-ਲਿਖਿਆ ਹੈ। ਬੰਗਾਲ ਵਿੱਚ ਉਨ੍ਹਾਂ ਨੇ ਚੋਣਾਂ ਦੇ ਵਿਚਕਾਰ ਰਾਜ ਦੇ ਚੋਟੀ ਦੇ ਅਧਿਕਾਰੀਆਂ ਨੂੰ ਬਦਲਣ ਲਈ ਮੁੱਖ ਚੋਣ ਕਮਿਸ਼ਨ ਦੀ ਵਰਤੋਂ ਕੀਤੀ ਹੈ। ਕੀ ਲੋਕਤੰਤਰ ਇਸ ਤਰ੍ਹਾਂ ਕੰਮ ਕਰਦਾ ਹੈ? " ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਨੂੰ ਪਾਰਟੀ ਆਗੂਆਂ 'ਤੇ ਵਾਰ-ਵਾਰ ਹੋ ਰਹੀ ਈ ਡੀ ਦੀ ਛਾਪੇਮਾਰੀ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਿਆ ਅਤੇ ਪੁੱਛਿਆ ਕਿ ਇਨ੍ਹਾਂ ਤਲਾਸ਼ੀਆਂ ਦੌਰਾਨ ਹੁਣ ਤੱਕ ਕਿੰਨਾ ਕਾਲਾ ਧਨ ਬਰਾਮਦ ਹੋਇਆ ਹੈ। ਇਨ੍ਹਾਂ ਕਾਰਵਾਈਆਂ ਦੇ ਨਤੀਜਿਆਂ 'ਤੇ ਸਵਾਲ ਉਠਾਉਂਦੇ ਹੋਏ, ਉਨ੍ਹਾਂ ਕੇਂਦਰ 'ਤੇ ਸੱਤਾ ਲਈ ਰਾਜਨੀਤੀ ਕਰਨ ਦਾ ਦੋਸ਼ ਲਾਇਆ। ਐਕਸ 'ਤੇ ਇਕ ਪੋਸਟ ਵਿਚ ਕੇਜਰੀਵਾਲ ਨੇ ਲਿਖਿਆ, 'ਤਿੰਨ ਦਿਨਾਂ ਦੇ ਅੰਦਰ ਆਮ ਆਦਮੀ ਪਾਰਟੀ ਦੇ ਆਗੂ ਦੇ ਘਰ ਇਹ ਦੂਜਾ ਈ ਡੀ ਦਾ ਛਾਪਾ ਹੈ। ਕੀ ਪ੍ਰਧਾਨ ਮੰਤਰੀ ਸਾਨੂੰ ਦੱਸਣਗੇ ਕਿ 'ਆਪ' ਆਗੂਆਂ ਦੇ ਘਰਾਂ 'ਤੇ ਹੁਣ ਤੱਕ ਕੀਤੀਆਂ ਅਣਗਿਣਤ ਛਾਪੇਮਾਰੀਆਂ 'ਚੋਂ ਕਿੰਨਾ ਕਾਲਾ ਧਨ ਬਰਾਮਦ ਹੋਇਆ ਹੈ? ਕੀ ਇਕ ਰੁਪਿਆ ਵੀ ਮਿਲਿਆ? ਪੂਰਾ ਦੇਸ਼ ਦੇਖ ਰਿਹਾ ਹੈ ਕਿ ਤੁਸੀਂ ਸਿਰਫ ਸੱਤਾ ਦੀ ਖਾਤਰ ਕਿੰਨੀ ਘਟੀਆ ਰਾਜਨੀਤੀ ਕਰ ਰਹੇ ਹੋ।'

ਸ਼ੁੱਕਰਵਾਰ ਤੜਕੇ ਈ ਡੀ ਦੀਆਂ ਟੀਮਾਂ ਨੇ ਸੂਬੇ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਸਥਾਨਕ ਰਿਹਾਇਸ਼ ਸਮੇਤ ਵੱਖ-ਵੱਖ ਟਿਕਾਣਿਆਂ 'ਤੇ • ਬਾਕੀ ਸਫਾ 2 'ਤੇ

## ਪੰਜਾਬ ਕੈਬਨਿਟ ਵੱਲੋਂ ਕਿਸਾਨਾਂ ਨੂੰ ਖੇਤਾਂ 'ਚੋਂ ਗਾਰ ਕੱਢਣ ਦੀ ਦਿੱਤੀ ਪ੍ਰਵਾਨਗੀ

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਮੰਤਰੀ ਮੰਡਲ ਦੀ ਸ਼ੁੱਕਰਵਾਰ ਨੂੰ ਇੱਥੇ ਹੋਈ ਮੀਟਿੰਗ 'ਚ ਸਤਲੁਜ ਅਤੇ ਘੱਗਰ ਦਰਿਆ ਦੇ ਨਾਲ ਲੱਗਦੇ ਖੇਤਰਾਂ 'ਚੋਂ ਕਿਸਾਨਾਂ ਨੂੰ ਗਾਰ ਕੱਢਣ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਇਨ੍ਹਾਂ ਦਰਿਆਵਾਂ ਦੇ ਨਾਲ ਲੱਗਦੀਆਂ ਜ਼ਮੀਨਾਂ ਦੇ ਮਾਲਕ ਕਿਸਾਨ ਹੁਣ ਆਪਣੀ ਜ਼ਮੀਨ 'ਚੋਂ ਗਾਰ ਕੱਢ ਸਕਣਗੇ। ਪੰਜਾਬ ਸਰਕਾਰ ਨੇ 9 ਸੰਵੇਦਨਸ਼ੀਲ ਡੀਸਿਲਟਿੰਗ ਸਾਈਟਾਂ ਦੀ ਸ਼ਨਾਖ਼ਤ ਕੀਤੀ ਹੈ, ਜਿੱਥੋਂ ਜ਼ਮੀਨ ਮਾਲਕਾਂ ਨੂੰ ਆਪਣੀ ਲਾਗਤ 'ਤੇ ਡੀਸਿਲਟਿੰਗ ਕਰਨ ਦੀ ਮਨਜ਼ੂਰੀ ਦਿੱਤੀ ਜਾਵੇਗੀ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੀਟਿੰਗ ਮਗਰੋਂ ਦੱਸਿਆ ਕਿ ਪਿਛਲੇ ਸਾਲ ਹੜ੍ਹਾਂ ਦੇ ਦੌਰਾਨ ਕਿਸਾਨਾਂ ਦੇ ਖੇਤਾਂ 'ਚ ਰੇਤ ਚੜ੍ਹ ਗਈ ਸੀ ਅਤੇ ਉਸ ਸਮੇਂ 'ਜਿਸ ਦਾ ਖੇਤ, ਉਸ ਦੀ ਰੇਤ' ਸਕੀਮ ਨੂੰ ਪ੍ਰਵਾਨਗੀ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਹੁਣ ਸਤਲੁਜ ਤੇ ਘੱਗਰ ਦਰਿਆ ਦੇ ਐਨ ਨਾਲ ਲੱਗਦੇ 9 ਅਜਿਹੇ ਖੇਤਰਾਂ ਦੀ ਸ਼ਨਾਖ਼ਤ ਕੀਤੀ ਹੈ, ਜਿੱਥੋਂ ਜ਼ਮੀਨ ਮਾਲਕ ਕਿਸਾਨ ਪ੍ਰਵਾਨਗੀ ਲੈ ਕੇ ਡੀਸਿਲਟਿੰਗ ਕਰ ਸਕਣਗੇ। ਚੀਮਾ ਨੇ ਦੱਸਿਆ ਕਿ ਹੜ੍ਹਾਂ ਤੋਂ ਬਚਾਓ ਹਿਤ ਅਤੇ ਅਗਾਊਂ ਪ੍ਰਬੰਧ ਕਰਨ ਲਈ ਇਹ ਕਦਮ ਚੁੱਕਿਆ ਗਿਆ ਹੈ। ਕੈਬਨਿਟ ਫ਼ੈਸਲੇ ਅਨੁਸਾਰ ਕਿਸਾਨ ਆਪਣੀ ਜ਼ਮੀਨ 'ਚੋਂ ਕੱਢੀ ਰੇਤ ਜਾਂ ਮਿੱਟੀ ਨੂੰ ਆਪਣੀ ਲੋੜ ਅਨੁਸਾਰ ਮੁਫ਼ਤ ਵਰਤ ਸਕਣਗੇ ਅਤੇ ਕਿਸਾਨਾਂ ਨੂੰ ਇਹ ਮਨਜ਼ੂਰੀ 30 ਜੂਨ 2026 ਤੱਕ ਸਮਾਂਬੱਧ ਵੀ ਕੀਤੀ ਗਈ ਹੈ। ਸ਼ਨਾਖ਼ਤ ਸਾਈਟਾਂ 'ਚ ਹਰਸ਼ਾ ਬੇਲਾ, ਮੰਡਲਾ ਤਾਜੋਵਾਲ, ਰੁਕਨੇਵਾਲਾ, ਖੈਰਾ ਬੇਟ, ਬੁਰਜ ਚਹਿਲਾਂ ਅਤੇ ਕਰਾਲੀ ਆਦਿ ਸ਼ਾਮਲ ਹਨ। ਪੰਜਾਬ ਕੈਬਨਿਟ ਵੱਲੋਂ ਪੰਜਾਬ ਪੰਚਾਇਤੀ ਰਾਜ ਰੂਲਜ਼ 1994 'ਚ ਵੀ ਸੋਧ ਕੀਤੀ ਗਈ ਹੈ, ਜਿਸ ਮਗਰੋਂ ਹੁਣ ਜ਼ਿਲ੍ਹਾ ਪ੍ਰੀਸ਼ਦ ਦੇ ਚੁਣੇ ਜਾਣ ਵਾਲੇ ਚੇਅਰਮੈਨ ਅਤੇ ਉਪ ਚੇਅਰਮੈਨਾਂ ਦੇ ਰਾਖਵੇਂਕਰਨ ਦੀ ਰੋਟੇਸ਼ਨ 'ਚ ਤਬਦੀਲੀ ਹੋਵੇਗੀ।

## ਕੇਂਦਰ ਵੱਲੋਂ ਕਣਕ ਦੇ ਖ਼ਰੀਦ ਮਾਪਦੰਡਾਂ 'ਚ ਢਿੱਲ

**ਚੰਡੀਗੜ੍ਹ** : ਕੇਂਦਰ ਸਰਕਾਰ ਨੇ ਆਖ਼ਰ ਪੰਜਾਬ ਨੂੰ ਕਣਕ ਦੀ ਫ਼ਸਲ ਲਈ ਖ਼ਰੀਦ ਮਾਪਦੰਡਾਂ 'ਚ ਛੋਟ ਦਾ ਐਲਾਨ ਕਰ ਦਿੱਤਾ ਹੈ। ਕੇਂਦਰੀ ਖ਼ੁਰਾਕ ਮੰਤਰਾਲੇ ਵੱਲੋਂ ਸ਼ੁੱਕਰਵਾਰ ਨੂੰ ਜਾਰੀ ਪੱਤਰ ਅਨੁਸਾਰ ਹੁਣ ਪੰਜਾਬ 'ਚੋਂ ਨਵੇਂ ਖ਼ਰੀਦ ਮਾਪਦੰਡਾਂ 'ਤੇ ਕਣਕ ਦੀ ਖ਼ਰੀਦ ਹੋਵੇਗੀ। ਪੰਜਾਬ ਸਰਕਾਰ ਨੇ 9 ਅਪਰੈਲ ਨੂੰ ਕੇਂਦਰ ਨੂੰ ਪੱਤਰ ਲਿਖ ਕੇ ਖ਼ਰੀਦ ਮਾਪਦੰਡਾਂ 'ਚ ਛੋਟ ਮੰਗੀ ਸੀ। ਕੇਂਦਰੀ ਫ਼ੈਸਲੇ ਮਗਰੋਂ ਹੁਣ ਪੰਜਾਬ ਦੇ ਖ਼ਰੀਦ ਕੇਂਦਰਾਂ 'ਚ ਆਈ ਜਿਣਸ ਦੀ ਖ਼ਰੀਦ 'ਚ ਰਫ਼ਤਾਰ ਆਉਣ ਦੀ ਸੰਭਾਵਨਾ ਹੈ। ਕੇਂਦਰੀ ਟੀਮਾਂ ਵੱਲੋਂ ਸੂਬੇ ਦੇ 22 ਜ਼ਿਲ੍ਹਿਆਂ 'ਚੋਂ 291 ਨਮੂਨੇ ਭਰੇ ਗਏ ਸਨ, ਜਿਨ੍ਹਾਂ ਦੀ ਟੈਸਟਿੰਗ ਮਗਰੋਂ ਭਾਰਤੀ ਖ਼ੁਰਾਕ ਨਿਗਮ ਨੇ ਕੇਂਦਰੀ ਖ਼ੁਰਾਕ ਮੰਤਰਾਲੇ ਨੂੰ ਪੰਜਾਬ ਨੂੰ ਖ਼ਰੀਦ ਮਾਪਦੰਡਾਂ 'ਚ ਛੋਟ ਦੇਣ ਦੀ ਸਿਫ਼ਾਰਸ਼ ਕੀਤੀ ਸੀ। ਕੇਂਦਰੀ ਖ਼ੁਰਾਕ ਮੰਤਰਾਲੇ ਵੱਲੋਂ ਜਾਰੀ ਪੱਤਰ ਅਨੁਸਾਰ ਹੁਣ ਪੰਜਾਬ 'ਚ 70 ਫੀਸਦੀ ਤੱਕ ਬਦਰੰਗ (ਲਸਟਰ ਲੌਸ) ਫ਼ਸਲ ਦੀ ਵੀ ਖ਼ਰੀਦ ਹੋਵੇਗੀ ਅਤੇ ਸੁੰਗੜੇ ਦਾਣੇ ਅਤੇ ਟੁੱਟੇ ਦਾਣਿਆਂ ਦੀ ਮਿਕਦਾਰ ਵੀ 15 ਫ਼ੀਸਦੀ ਤੱਕ ਵਧਾ ਦਿੱਤੀ ਗਈ ਹੈ। ਨੁਕਸਾਨੇ ਦਾਣਿਆਂ ਦੀ ਮਿਕਦਾਰ 6 ਫ਼ੀਸਦੀ ਤੱਕ ਕਰ ਦਿੱਤੀ ਗਈ ਹੈ। ਕੇਂਦਰੀ ਖ਼ੁਰਾਕ ਮੰਤਰਾਲੇ ਨੇ ਕਿਹਾ ਹੈ ਕਿ ਖ਼ਰੀਦ ਮਾਪਦੰਡਾਂ 'ਚ ਦਿੱਤੀ ਢਿੱਲ ਦੇ ਅੰਤਰਗਤ ਖ਼ਰੀਦ ਕੀਤੀ ਜਾਣ ਵਾਲੀ ਫ਼ਸਲ ਨੂੰ ਵੱਖਰੇ ਤੌਰ 'ਤੇ ਭੰਡਾਰ ਕੀਤਾ ਜਾਵੇ ਅਤੇ ਇਹ ਵੀ ਕਿਹਾ ਕਿ ਜੇ ਨਵੇਂ ਮਾਪਦੰਡਾਂ ਤਹਿਤ ਖ਼ਰੀਦ ਕੀਤੀ ਫ਼ਸਲ ਦੀ ਭੰਡਾਰਨ ਦੌਰਾਨ ਗੁਣਵੱਤਾ ਪ੍ਰਭਾਵਿਤ ਹੁੰਦੀ ਹੈ ਤਾਂ ਉਸ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੋਵੇਗੀ।

## ਈ ਡੀ ਦੀ ਕਾਰਵਾਈ ਇੱਕ ਰਾਜਨੀਤਿਕ ਸਾਜ਼ਿਸ਼, 'ਆਪ' ਨਹੀਂ ਝੁਕੇਗੀ : ਦੀਪਕ ਬਾਲੀ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**-ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਘਰ ਅਤੇ ਦਫਤਰ ਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਛਾਪੇ ਨੇ ਸੂਬੇ ਦੀ ਰਾਜਨੀਤੀ ਨੂੰ ਹੋਰ ਗਰਮਾ ਦਿੱਤਾ ਹੈ।ਆਮ ਆਦਮੀ ਪਾਰਟੀ (ਆਪ) ਦੇ ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ ਨੇ ਕੇਂਦਰ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਤਿੱਖਾ ਹਮਲਾ ਕੀਤਾ ਹੈ।ਦੀਪਕ ਬਾਲੀ ਨੇ ਕਿਹਾ ਕਿ ਮੋਦੀ ਸਰਕਾਰ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ।ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਪੰਜਾਬ ਦੇ ਲੋਕ ਇਸ ਤਰ੍ਹਾਂ ਦੀ ਦਬਾਅ ਰਾਜਨੀਤੀ ਨੂੰ ਬਰਦਾਸ਼ਤ ਨਹੀਂ ਕਰਨਗੇ ਅਤੇ ਇੱਕ ਮਜ਼ਬੂਤੀ ਨਾਲ ਜਵਾਬ ਦੇਣਗੇ। ਉਨ੍ਹਾ ਈ ਡੀ ਵੱਲੋਂ ਸੰਜੀਵ ਅਰੋੜਾ ਦੇ ਘਰ ਕੀਤੀ ਛਾਪੇਮਾਰੀ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤਾ ਹੈ। ਈ ਡੀ ਦੇ ਛਾਪਿਆਂ ਨੂੰ ਪੂਰੀ ਤਰ੍ਹਾਂ ਰਾਜਨੀਤਿਕ ਤੌਰ ਤੋਂ ਪ੍ਰੇਰਿਤ ਅਤੇ ਗੈਰ-ਸੰਵਿਧਾਨਕ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂ ਅਜਿਹੀ ਦਬਾਅ ਤੋਂ ਨਹੀਂ ਡਰਦੇ।ਉਨ੍ਹਾਂ ਦੋਸ਼ ਲਾਇਆ ਕਿ ਵਿਰੋਧੀ ਆਗੂਆਂ 'ਤੇ ਦਬਾਅ ਪਾਉਣ ਲਈ ਲੋਕਤੰਤਰੀ ਸੰਸਥਾਵਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।ਭਾਜਪਾ ਅਤੇ ਕੇਂਦਰ ਸਰਕਾਰ 'ਤੇ ਸਿੱਧੇ ਤੌਰ 'ਤੇ ਨਿਸ਼ਾਨਾ ਸਾਧਦੇ ਹੋਏ ਬਾਲੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਡਰਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਪਰ ਪਾਰਟੀ ਦੇ ਵਰਕਰ ਅਤੇ ਆਗੂ ਕਿਸੇ ਵੀ ਦਬਾਅ ਅੱਗੇ ਝੁਕਣ ਵਾਲੇ ਨਹੀਂ ਹਨ। ਉਨ੍ਹਾਂ ਦੁਹਰਾਇਆ ਕਿ ਆਪ ਸੱਚਾਈ ਦੇ ਰਾਹ ਤੇ ਚੱਲ ਰਹੀ ਹੈ ਅਤੇ ਹਰ ਹਾਲਾਤ ਵਿੱਚ ਲੋਕਾਂ ਦੇ ਹੱਕਾਂ ਲਈ ਲੜਦੀ ਰਹੇਗੀ।

## ਜਹਾਜ਼ 'ਚ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਤਹਿਤ 52 ਸਾਲਾ ਭਾਰਤੀ ਗ੍ਰਿਫ਼ਤਾਰ

**ਪਰਥ** : ਸਿੰਗਾਪੁਰ ਤੋਂ ਪਰਥ ਜਾ ਰਹੀ ਕੌਮਾਂਤਰੀ ਉਡਾਣ ਦੌਰਾਨ ਇੱਕ ਮਹਿਲਾ ਯਾਤਰੀ ਦਾ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ ਵਿੱਚ 52 ਸਾਲਾ ਭਾਰਤੀ ਨਾਗਰਿਕ ਸੁਧੀਰ ਕੁਮਾਰ ਚੌਹਾਨ ਨੂੰ ਆਸਟਰੇਲੀਆ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇਹ ਘਟਨਾ ਹਫ਼ਤੇ ਦੇ ਸ਼ੁਰੂ ਵਿੱਚ ਸਕੂਟ ਏਅਰਲਾਈਨਜ਼ ਦੀ ਇੱਕ ਫਲਾਈਟ ਵਿੱਚ ਵਾਪਰੀ ਸੀ। ਦੋਸ਼ ਹੈ ਕਿ ਜਦੋਂ ਜਹਾਜ਼ ਆਸਟਰੇਲੀਆ ਜਾ ਰਿਹਾ ਸੀ ਤਾਂ ਉਸ ਨੇ ਆਪਣੇ ਨਾਲ ਬੈਠੀ ਇੱਕ ਔਰਤ ਨਾਲ ਜਿਨਸੀ ਸ਼ੋਸ਼ਣ ਕੀਤਾ।

ਘਟਨਾ ਤੋਂ ਤੁਰੰਤ ਬਾਅਦ ਔਰਤ ਨੇ ਜਹਾਜ਼ ਦੇ ਸਟਾਫ਼ ਨੂੰ ਸੂਚਿਤ ਕੀਤਾ। ਇਸ ਤੋਂ ਬਾਅਦ ਏਅਰਲਾਈਨ ਸਟਾਫ਼ ਨੇ ਮਹਿਲਾ ਨੂੰ ਦੂਜੀ ਸੀਟ 'ਤੇ ਭੇਜ ਦਿੱਤਾ। ਜਦੋਂ ਜਹਾਜ਼ ਪਰਥ ਵਿੱਚ ਉੱਤਰਿਆ ਤਾਂ ਪੁਲਸ ਨੇ ਚੌਹਾਨ ਨੂੰ ਹਿਰਾਸਤ ਵਿੱਚ ਲੈ ਲਿਆ। ਮੀਡੀਆ ਰਿਪੋਰਟਾਂ ਮੁਤਾਬਕ ਚੌਹਾਨ ਦੀ ਜ਼ਮਾਨਤ ਅਰਜ਼ੀ ਰੱਦ ਕਰ ਦਿੱਤੀ ਗਈ ਹੈ।

## ਫੜ੍ਹ ਲਾਉਣ ਨੂੰ ਲੈ ਕੇ ਹੋਈ ਲੜਾਈ 'ਚ ਆੜ੍ਹਤੀਏ ਦੀ ਮੌਤ

**ਅਜਨਾਲਾ** : ਹਲਕਾ ਅਜਨਾਲਾ ਦੇ ਪਿੰਡ ਅਵਾਣ ਦੀ ਅਨਾਜ ਮੰਡੀ ਵਿਖੇ ਸ਼ੁੱਕਰਵਾਰ ਨੂੰ ਸ਼ੈਡ ਥੱਲੇ ਫੜ੍ਹ ਲਗਾਉਣ ਤੋਂ ਆੜ੍ਹਤੀਆਂ ਦੀਆਂ ਦੋ ਧਿਰਾਂ ਵਿੱਚ ਇਸ ਕਦਰ ਲੜਾਈ ਹੋ ਗਈ ਕਿ ਇੱਕ ਆੜ੍ਹਤੀ ਦੀ ਮੌਤ ਹੋ ਗਈ। ਇਸ ਮੌਕੇ ਗੱਲਬਾਤ ਕਰਦੇ ਮ੍ਰਿਤਕ ਦੇ ਰਿਸ਼ਤੇਦਾਰ ਨੇ ਦੱਸਿਆ ਕਿ ਜਸਪਾਲ ਸਿੰਘ ਤੇ ਪ੍ਰਗਟ ਸਿੰਘ ਨੇ ਉਨ੍ਹਾਂ ਦੇ ਰਿਸ਼ਤੇਦਾਰ ਦਲਬੀਰ ਸਿੰਘ ਨੂੰ ਕੁੱਟਮਾਰ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ। ਉਹਨਾਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਇਨਸਾਫ ਦਿਵਾਇਆ ਜਾਵੇ। ਪੁਲਸ ਥਾਣਾ ਰਮਦਾਸ ਦੇ ਮੁਖੀ ਅਰਜਨ ਕੁਮਾਰ ਨੇ ਦੱਸਿਆ ਕਿ ਉਹਨਾਂ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਮ੍ਰਿਤਕ ਦੇ ਪਰਵਾਰ ਦੇ ਬਿਆਨਾਂ ਦੇ ਅਧਾਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।

## ਸਕੂਲ 'ਚ ਅਧਿਆਪਕਾ 'ਤੇ ਤੇਜ਼ਾਬ ਸੁੱਟਿਆ

**ਘੁਮਾਣ (ਗੁਰਦਾਸਪੁਰ)** : ਥਾਣਾ ਘੁਮਾਣ ਅਧੀਨ ਆਉਂਦੇ ਪਿੰਡ ਮਹਿਮਦਪੁਰ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ ਬੱਚਿਆਂ ਨੂੰ ਪੜ੍ਹਾ ਰਹੀ ਅਧਿਆਪਕਾ 'ਤੇ ਇਕ ਨੌਜਵਾਨ ਵੱਲੋਂ ਤੇਜ਼ਾਬ ਸੁੱਟ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿਚ ਕਲਾਸ ਵਿਚ ਪੜ੍ਹ ਰਹੇ ਦੋ ਵਿਦਿਆਰਥੀ ਵੀ ਝੁਲਸੇ ਹਨ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਮਹਿਮਦਪੁਰ ਵਿਚ ਪਿੰਡ ਦੀ ਅਧਿਆਪਕਾ ਲਖਵਿੰਦਰ ਕੌਰ ਪਤਨੀ ਜਰਨੈਲ ਸਿੰਘ ਸਵੇਰੇ 10:30 ਵਿਦਿਆਰਥੀਆਂ ਨੂੰ ਪੜ੍ਹਾ ਰਹੀ ਸੀ ਕਿ ਇੰਨੇ ਚਿਰ ਨੂੰ ਇਕ ਨੌਜਵਾਨ ਆਇਆ ਤੇ ਕਲਾਸ ਰੂਮ ਵਿਚ ਜਾ ਕੇ ਤੇਜ਼ਾਬ ਦੀ ਬੋਤਲ ਦਾ ਢੱਕਣ ਖੋਲ੍ਹ ਸਿੱਧਾ ਅਧਿਆਪਕਾ ਦੇ ਮੂੰਹ 'ਤੇ ਸੁੱਟ ਦਿੱਤਾ । ਇਸ ਦੌਰਾਨ ਕਲਾਸ ਵਿਚ ਪੜ੍ਹਨ ਵਾਲੇ ਦੋ ਵਿਦਿਆਰਥੀਆਂ, ਜਿਨ੍ਹਾਂ ਵਿਚ ਪ੍ਰਭਜੋਤ ਕੌਰ ਉਮਰ ਚਾਰ ਸਾਲ ਪੁੱਤਰੀ ਲਵਪ੍ਰੀਤ ਸਿੰਘ ਪਿੰਡ ਮਹਿਮਦਪੁਰ ਅਤੇ ਅਜੀਤ ਸਿੰਘ ਪੁੱਤਰ ਗਗਨਦੀਪ ਸਿੰਘ ਉਮਰ ਛੇ ਸਾਲ ਪਿੰਡ ਮਹਿਮਦਪੁਰ ਵੀ ਝੁਲਸ ਗਏ। ਸਕੂਲ ਵਿਚ ਪੜ੍ਹਾ ਰਹੀ ਦੂਸਰੀ ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਜਦ ਰੌਲਾ ਪਿਆ ਤਾਂ ਅਸੀਂ ਦੂਸਰੇ ਕਮਰੇ ਵਿਚ ਗਏ, ਉਸ ਵੇਲੇ ਤੇਜ਼ਾਬ ਪਾਉਣ ਵਾਲਾ ਨੌਜਵਾਨ ਖੇਤਾਂ ਵਿਚ ਭੱਜ ਗਿਆ ਸੀ, ਜਿਸ ਤੋਂ ਬਾਅਦ ਸਥਾਨਕ ਲੋਕਾਂ ਨੇ ਉਸ ਨੂੰ ਮੌਕੇ 'ਤੇ ਫੜ ਲਿਆ।

## ਕੇਂਦਰ ਵੱਲੋਂ ਪੰਜਾਬ ਵਿਰੋਧੀ ਕਦਮ ਚੁੱਕਣ ਦਾ ਸਿਲਸਿਲਾ ਜਾਰੀ : ਧਾਲੀਵਾਲ

**ਚੰਡੀਗੜ੍ਹ** : ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਰਾਜ ਇਕਾਈ ਦੇ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਸਮੇਂ ਸਮੇਂ ਕੋਈ ਨਾ ਕੋਈ ਪੰਜਾਬ ਵਿਰੋਧੀ ਕਦਮ ਚੁੱਕਣ ਦਾ ਸਿਲਸਿਲਾ ਲਗਾਤਾਰ ਚਲਦਾ ਆ ਰਿਹਾ ਹੈ। ਇਸੇ ਨੂੰ ਜਾਰੀ ਰੱਖਦਿਆਂ ਕੇਂਦਰ ਦੀ ਹਕੂਮਤ ਨੇ 13 ਅਪ੍ਰੈਲ ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਬੀ ਬੀ ਐਮ ਬੀ ਵਿਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਕੇ ਰਾਜਸਥਾਨ ਅਤੇ ਹਿਮਾਚਲ ਨੂੰ ਸਥਾਈ ਮੈਂਬਰੀਆਂ ਦੇਣ ਦਾ ਰਸਤਾ ਸਾਫ ਕਰ ਦਿਤਾ ਹੈ। ਉਥੇ ਹੁਣ ਪਾਰਲੀਮੈਂਟ ਦੀਆਂ ਵਰਤਮਾਨ ਸੀਟਾਂ ਵਿਚ ਚੋਖਾ ਵਾਧਾ ਕਰਨ ਲਈ ਸੰਵਿਧਾਨ ਦੀ 135ਵੀਂ ਸੋਧ ਬਿੱਲ 2026 ਲਿਆ ਕੇ ਮੁੜ ਹਲਕਾਬੰਦੀ ਕਰਕੇ ਬੜੀ ਚਤੁਰਾਈ ਨਾਲ ਗਿਣਤੀ ਵਧਾਉਣ ਨੂੰ 2011 ਦੀ ਮਰਦਮਸ਼ੁਮਾਰੀ ਨੂੰ ਅਧਾਰ ਮੰਨਣ ਨਾਲ ਨਰੜ ਕੇ ਜਿਥੇ ਦੱਖਣੀ ਰਾਜਾਂ ਦੇ ਮੈਂਬਰਾਂ ਦੀ ਗਿਣਤੀ ਨੂੰ ਖੋਰਾ ਲਾਉਣ ਦੀ ਵਿਉਂਤਬੰਦੀ ਕੀਤੀ ਹੈ, ਉਥੇ ਹੀ ਇਸ ਵਿਉਂਤਬੰਦੀ ਅਧੀਨ ਪੰਜਾਬ ਦੀ ਨੁਮਾਇੰਦਗੀ ਦੇ ਅਨੁਪਾਤ ਨੂੰ ਘਟਾਉਣ ਦੀ ਵੀ ਕੋਝੀ ਹਰਕਤ ਕੀਤੀ ਜਾ ਰਹੀ ਹੈ। ਕੇਂਦਰ ਦੀ ਸਰਕਾਰ ਵਲੋਂ ਅਜਿਹਾ ਕਦਮ ਕੋਈ ਸਰਵ ਪ੍ਰਵਾਨਤ ਹੱਲ ਵਜੋਂ ਨਹੀਂ ਚੁੱਕਿਆ ਜਾ ਰਿਹਾ, ਸਗੋਂ ਅਜਿਹੀ ਕਾਰਵਾਈ ਚੁਣਾਵੀ ਗਣਿਤ ਦਾ ਹਿਸਾਬ ਕਿਤਾਬ ਲਾ ਕੇ ਉਤਰੀ ਰਾਜਾਂ ਨੂੰ ਧਿਆਨ ਵਿਚ ਰੱਖ ਕੇ ਕੀਤਾ ਜਾ ਰਿਹਾ ਹੈ। ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਇਕਾਈ ਪੰਜਾਬ ਨਾਲ ਕਿਸੇ ਤਰ੍ਹਾਂ ਵੀ ਕੀਤਾ ਜਾਣ ਵਾਲਾ ਅਜਿਹਾ ਧੱਕਾ ਬਰਦਾਸ਼ਤ ਨਹੀਂ ਕਰੇਗੀ, ਸਗੋਂ ਦੇਸ਼ ਪੱਧਰ 'ਤੇ ਜੋ ਇੰਡੀਆ ਬਲਾਕ ਵਲੋਂ ਜੇਕਰ ਕੋਈ ਦੇਸ਼ਵਿਆਪੀ ਅੰਦੋਲਨ ਕੀਤਾ ਜਾਂਦਾ ਹੈ ਤਾਂ ਪੰਜਾਬ ਦੀ ਪਾਰਟੀ ਉਸ ਵਿਚ ਵਧ ਚੜ੍ਹ ਕੇ ਭਾਗ ਲਵੇਗੀ ਅਤੇ 50 ਫੀਸਦੀ ਵਾਧਾ ਨਾ ਦਿੱਤੇ ਜਾਣ ਦੀ ਧੋਖਾਧੜੀ ਪੰਜਾਬ ਸੀ ਪੀ ਆਈ ਇਸ ਵਿਰੋਧ ਦੇ ਦਾਇਰੇ ਨੂੰ ਵਧਾਉਣ ਵਿਚ ਵਧ ਚੜ੍ਹ ਕੇ ਯੋਗਦਾਨ ਪਾਏਗੀ। ਇਸ ਤੋਂ ਇਲਾਵਾ ਪਾਰਟੀ ਪੰਜਾਬ ਦੇ ਬੁਨਿਆਦੀ ਮੁੱਦੇ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਮਈ ਮਹੀਨੇ ਤੋਂ ਪੰਜਾਬ ਪੱਧਰ 'ਤੇ ਮੁਹਿੰਮ ਵਿੱਢਣ ਦਾ ਤੈਅ ਕਰ ਚੁੱਕੀ ਹੈ।

## ਬੱਸ ਦੀ ਲਪੇਟ 'ਚ ਆਉਣ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ

**ਭਵਾਨੀਗੜ੍ਹ** : ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇਅ 'ਤੇ ਸਥਿਤ ਪਿੰਡ ਰੌਸ਼ਨਵਾਲਾ ਨੇੜੇ ਸ਼ੁੱਕਰਵਾਰ ਸਵੇਰੇ ਇਕ ਪੀ ਆਰ ਟੀ ਸੀ ਬੱਸ ਦੀ ਲਪੇਟ ਵਿੱਚ ਆਉਣ ਕਾਰਨ ਮੋਟਰਸਾਈਕਲ ਸਵਾਰ ਦੀ ਮੌਤ ਹੋ ਗਈ। ਸੂਚਨਾ ਮਿਲਦਿਆਂ ਹੀ ਹਾਦਸੇ ਵਾਲੀ ਥਾਂ 'ਤੇ ਪਹੁੰਚੇ ਸੜਕ ਸੁਰੱਖਿਆ ਫੋਰਸ (ਐੱਸ ਐੱਸ ਐੱਫ) ਦੇ ਏ ਐੱਸ ਆਈ ਹਰਬੰਸ ਸਿੰਘ ਨੇ ਦੱਸਿਆ ਕਿ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਉਨ੍ਹਾਂ ਕਿਹਾ ਕਿ ਮ੍ਰਿਤਕ ਦੀ ਪਛਾਣ ਗੁਰਮੀਤ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਘੁਮੰਢ ਸਿੰਘ ਵਾਲਾ ਦੇ ਰੂਪ 'ਚ ਹੋਈ ਹੈ। ਪੁਲਸ ਮੁਤਾਬਕ ਮੋਟਰਸਾਈਕਲ ਸਵਾਰ ਪਿੰਡ ਰੋਸ਼ਨਵਾਲਾ ਨੇੜੇ ਹਾਈਵੇਅ 'ਤੇ ਡਿਵਾਈਡਰ ਨੂੰ ਤੋੜ ਕੇ ਬਣਾਏ ਗਏ ਅਣਅਧਿਕਾਰਤ ਕੱਟ ਤੋਂ ਸੜਕ ਪਾਰ ਕਰ ਰਿਹਾ ਸੀ, ਤਾਂ ਅਚਾਨਕ ਇਸ ਦੌਰਾਨ ਸੰਗਰੂਰ ਤੋਂ ਪਟਿਆਲੇ ਵੱਲ ਜਾਂਦੀ ਪੀ ਆਰ ਟੀ ਸੀ ਦੀ ਬੱਸ ਨੇ ਉਸ ਦੇ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ।

## ਚੀਮਾ ਵੱਲੋਂ 25 ਨਵੇਂ ਵਾਹਨਾਂ ਨੂੰ ਹਰੀ ਝੰਡੀ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਇੱਥੇ ਆਬਕਾਰੀ ਅਤੇ ਕਰ ਵਿਭਾਗ ਦੀ ਕਾਰਜਸ਼ੀਲ ਗਤੀਸ਼ੀਲਤਾ ਅਤੇ ਇਨਫੋਰਸਮੈਂਟ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਲਈ 25 ਨਵੀਆਂ ਬਲੈਰੋ ਗੱਡੀਆਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਫੀਲਡ ਵਿੱਚ ਮੌਜੂਦਗੀ ਵਿੱਚ ਕਾਫ਼ੀ ਵਾਧਾ ਹੋਵੇਗਾ, ਟੈਕਸ ਚੋਰੀ ਨੂੰ ਨੱਥ ਪਾਈ ਜਾਵੇਗੀ ਅਤੇ ਪੰਜਾਬ ਸਰਕਾਰ ਲਈ ਮਾਲੀਆ ਇਕੱਤਰ ਕਰਨ ਨੂੰ ਹੁਲਾਰਾ ਮਿਲੇਗਾ।ਪ੍ਰੈਸ ਨੂੰ ਸੰਬੋਧਨ ਕਰਦਿਆਂ ਜ਼ਮੀਨੀ ਪੱਧਰ 'ਤੇ ਕਾਰਵਾਈਆਂ ਨੂੰ ਮਜ਼ਬੂਤ ਕਰਨ ਅਤੇ ਵਿਆਪਕ • ਬਾਕੀ ਸਫਾ 2 'ਤੇ

## ਨਿਰਮਲ ਸਿੰਘ ਧਾਲੀਵਾਲ ਦਾ 'ਨਵਾਂ ਜ਼ਮਾਨਾ' 'ਚ ਨਿੱਘਾ ਸਵਾਗਤ



ਸੀ ਪੀ ਆਈ ਪੰਜਾਬ ਦੇ ਨਵੇਂ ਚੁਣੇ ਗਏ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ 'ਨਵਾਂ ਜ਼ਮਾਨਾ' ਦਫਤਰ ਵਿੱਚ ਪਧਾਰੇ। ਇਸ ਮੌਕੇ ਉਨ੍ਹਾ ਦਾ ਸਵਾਗਤ ਸੰਪਾਦਕ ਚੰਦ ਫਤਿਹਪੁਰੀ, ਮੈਨੇਜਰ ਗੁਰਮੀਤ ਸਿੰਘ ਤੇ ਟਰੱਸਟੀ ਐਡਵੋਕੇਟ ਰਜਿੰਦਰ ਸਿੰਘ ਮੰਡ ਨੇ ਕੀਤਾ। ਤਸਵੀਰ ਵਿੱਚ ਦੇਸ਼ ਭਗਤ ਯਾਦਗਾਰ ਟਰੱਸਟ ਦੇ ਮੈਂਬਰ ਰਣਜੀਤ ਸਿੰਘ, 'ਨਵਾਂ ਜ਼ਮਾਨਾ' ਦੇ ਸਟਾਫ ਮੈਂਬਰ ਵਰਿੰਦਰ ਜੁਨੇਜਾ, ਆਨੰਦ ਸਿੰਘ, ਕਿਰਨ ਬਾਲਾ ਤੇ ਕ੍ਰਿਸ਼ਨਾ ਕੁਮਾਰੀ ਵੀ ਦਿਖਾਈ ਦੇ ਰਹੇ ਹਨ।

## 21 ਨੂੰ ਮੋਦੀ ਤੇ ਯੋਗੀ ਦੇ ਪੁਤਲੇ ਫੂਕੇ ਜਾਣਗੇ : ਧਾਲੀਵਾਲ

**ਬੰਗਾ/ਪਟਿਆਲਾ (ਅਵਤਾਰ ਕਲੇਰ/ਰਜਿੰਦਰ ਸਿੰਘ ਥਿੰਦ)**-ਏਟਕ, ਇਫਟੂ, ਸੀ ਟੀ ਯੂ, ਏਕਟੂ, ਸੀਟੂ ਪੰਜਾਬ, ਡੀ ਐੱਮ ਐੱਫ, ਪੇਂਡੂ ਮਜ਼ਦੂਰ ਯੂਨੀਅਨ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਨੇ ਹਰਿਆਣਾ, ਯੂ ਪੀ ਅਤੇ ਦਿੱਲੀ ਵਿੱਚ ਚੱਲ ਰਹੇ ਸਨਅਤੀ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਵਿੱਚ ਪੰਜਾਬ ਅੰਦਰ ਨਰਿੰਦਰ ਮੋਦੀ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਆਦਿੱਤਿਆ ਨਾਥ ਯੋਗੀ ਦੇ 21 ਅਪ੍ਰੈਲ ਨੂੰ ਪੁਤਲੇ ਫੂਕਣ ਦਾ ਸੱਦਾ ਦਿੱਤਾ ਹੈ। ਇਹ ਸੱਦਾ ਦਿੰਦਿਆਂ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ, ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀਟੂ ਦੇ ਸੂਬਾ ਜਨਰਲ ਸਕੱਤਰ ਮਹਾਂ ਸਿੰਘ ਰੋੜੀ, ਏਕਟੂ ਦੇ ਆਗੂ ਸੁਦਰਸ਼ਨ ਨੱਤ, ਸੀਟੂ ਪੰਜਾਬ ਦੇ ਆਗੂ ਨੱਥਾ ਸਿੰਘ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਮਹੂਰੀ ਮੁਲਾਜ਼ਮ ਫਰੰਟ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਆਖ਼ਿਆ ਕਿ ਸਰਕਾਰ ਪੂੰਜੀਪਤੀਆਂ, ਪ੍ਰਬੰਧਨ ਅਤੇ ਕਿਰਤ ਕਾਨੂੰਨ ਲਾਗੂ ਕਰਨ ਵਾਲਿਆਂ ਦੀ ਮਿਲੀਭੁਗਤ ਕਾਰਨ ਦੇਸ਼ ਭਰ ਦੇ ਮਜ਼ਦੂਰਾਂ ਨੂੰ ਸੜਕਾਂ 'ਤੇ ਉਤਰਨ ਲਈ ਮਜਬੂਰ ਕੀਤਾ ਗਿਆ ਹੈ। ਐਲਾਨੀਆਂ ਗਈਆਂ ਘੱਟੋ-ਘੱਟ ਉਜਰਤਾਂ ਲਾਗੂ ਨਹੀਂ ਕੀਤੀਆਂ ਜਾ ਰਹੀਆਂ ਅਤੇ ਕਮਾਈ ਹੋਈ ਉਜਰਤ, ਤਨਖਾਹ ਸਲਿੱਪਾਂ, ਈ ਐੱਸ ਆਈ, ਕੰਮ ਵਾਲੀ ਥਾਂ 'ਤੇ ਸੁਰੱਖਿਆ ਅਤੇ ਪਖਾਨਿਆਂ ਦੀ ਉਪਲੱਬਧਤਾ ਵਰਗੇ ਬੁਨਿਆਦੀ ਕਿਰਤ ਅਧਿਕਾਰਾਂ ਦੀ ਘੋਰ ਉਲੰਘਣਾ ਦੇਸ਼ ਭਰ ਵਿੱਚ ਆਮ ਹੋ ਗਈ ਹੈ। ਹੁਣ ?300-500 ਪ੍ਰਤੀ ਕਿਲੋਗ੍ਰਾਮ ਦੀ ਦਰ ਨਾਲ ਰਸੋਈ ਗੈਸ ਦੀ ਕਾਲਾਬਾਜ਼ਾਰੀ ਦਾ ਵਾਧੂ ਬੋਝ ਮਜ਼ਦੂਰਾਂ 'ਤੇ ਪਾਇਆ ਜਾ ਰਿਹਾ ਹੈ। ਸਰਕਾਰਾਂ ਕੋਲ ਸਾਡੇ ਲਈ ਸਿਰਫ਼ ਐਲਾਨ ਹਨ। ਅਸੀਂ ਇਸ ਨੂੰ ਹੋਰ ਬਰਦਾਸ਼ਤ ਨਹੀਂ ਕਰ ਸਕਦੇ।ਉਹਨਾਂ ਨੇ ਚਾਰ ਕਿਰਤ ਕੋਡ ਰੱਦ ਕਰਨ, ਘੱਟੋ-ਘੱਟ ਉਜਰਤਾਂ ਅਤੇ 8 ਘੰਟੇ ਦੇ ਕੰਮਕਾਜ ਨੂੰ ਯਕੀਨੀ ਬਣਾਉਣ, ਪੂਰੇ ਦੇਸ਼ ਲਈ ਘੱਟੋ-ਘੱਟ 30,000 ਰੁਪਏ ਪ੍ਰਤੀ ਮਹੀਨਾ ਉਜਰਤ ਦਾ ਐਲਾਨ ਕਰਨ, ਕਿਰਤ ਕਾਨੂੰਨਾਂ ਦੀ ਉਲੰਘਣਾ ਕਰਨ ਵਾਲੇ ਪ੍ਰਬੰਧਨ/ਮਾਲਕਾਂ ਨੂੰ ਸਜ਼ਾਵਾਂ ਦੇਣ, ਗ੍ਰਿਫ਼ਤਾਰ ਕੀਤੇ ਗਏ ਸਾਰੇ ਕਾਮਿਆਂ ਨੂੰ ਰਿਹਾਅ ਕਰਨ, ਸਾਰੇ ਕੇਸ ਵਾਪਸ ਲੈਣ ਦੀ ਮੰਗ ਕੀਤੀ।

ਇਸੇ ਦੌਰਾਨ ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਨੋਇਡਾ ਅਤੇ ਮਾਨੇਸਰ ਵਿੱਚ ਸੈਂਕੜੇ ਮਜ਼ਦੂਰਾਂ ਅਤੇ ਉਨ੍ਹਾਂ ਦੇ ਆਗੂਆਂ ਵਿਰੁੱਧ ਤਰ੍ਹਾਂ ਤਰ੍ਹਾਂ ਦੀਆਂ ਫੌਜਦਾਰੀ ਧਾਰਾਵਾਂ ਅਧੀਨ ਮੁਕੱਦਮੇ ਦਰਜ ਕਰਨ ਅਤੇ ਜਿਸਮਾਨੀ ਤਸ਼ੱਦਦ ਨੂੰ ਇਕ ਅਤੀ ਨਿੰਦਣਯੋਗ • ਬਾਕੀ ਸਫਾ 2 'ਤੇ

## ਅੱਜ-ਨਾਮਾ

ਫੈਸਲੇ ਲੋਕਾਂ ਨੂੰ ਆਉਣ ਨਾ ਸਮਝ ਹਾਲੇ,
ਕਰਨਾ ਚਾਹੁੰਦੀ ਕੀ ਭਲਾ ਸਰਕਾਰ ਬੇਲੀ।
ਕਰਦੀ ਏਹੋ ਜਿਹੇ ਬਿੱਲ ਹੈ ਪਾਸ ਰਹਿੰਦੀ,
ਉਲਝਣਾਂ ਵਾਲੀ ਹੈ ਹੁੰਦੀ ਭਰਮਾਰ ਬੇਲੀ।
ਹੁੰਦੇ ਭਾਸ਼ਾ ਦੇ ਮਾਹਰ ਨਹੀਂ ਆਮ ਲੋਕੀਂ,
ਫਸ ਜਾਣ ਕਰਨ ਹੀ ਲੱਗੇ ਵਿਚਾਰ ਬੇਲੀ।
ਜਾਂਦੀਆਂ ਜਿੱਤ ਕਾਨੂੰਨ ਦੀਆਂ ਸਭ ਧਾਰਾ,
ਜਾਂਦੀ ਲੋਕਾਂ ਦੀ ਅਕਲ ਫਿਰ ਹਾਰ ਬੇਲੀ।
ਪਿਛਲੇ ਸਾਲ ਜੋ ਬਿੱਲ ਸੀ ਪਾਸ ਕਰਿਆ,
ਨਕਸ਼ਾ ਬਦਲ ਲਿਆਂਦਾ ਉਹ ਫੇਰ ਬੇਲੀ।
ਅਗਲੀ ਚੋਣ ਵਾਲੇ ਦੌਰ ਆਉਣ ਤੀਕਰ,
ਚੱਕਰ ਆਉਣਗੇ ਏਹੋ ਜਿਹੇ ਢੇਰ ਬੇਲੀ।

-ਤੀਸ ਮਾਰ ਖਾਂ

## ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਬਿਜਲੀ ਮੰਤਰੀ ਦੀਆਂ ਅਰਥੀਆਂ ਫੂਕੀਆਂ



**ਪਟਿਆਲਾ** : ਬਿਜਲੀ ਮੁਲਾਜ਼ਮਾਂ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਥੜ੍ਹੇ ਦੇ ਅਧਾਰਿਤ ਪੀ ਐੱਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ. 24), ਪਾਵਰਕਾਮ ਐਂਡ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ), ਪੈਨਸ਼ਨਰ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸੱਦੇ 'ਤੇ 16 ਅਪ੍ਰੈਲ ਨੂੰ ਜਥੇਬੰਦੀਆਂ ਨਾਲ ਬਿਜਲੀ ਮੰਤਰੀ ਦੀ ਹੋਈ ਮੀਟਿੰਗ ਦੌਰਾਨ ਬਿਜਲੀ ਮੰਤਰੀ ਵੱਲੋਂ ਕੀਤੇ ਹੈਂਕੜ ਭਰੇ ਵਤੀਰੇ ਖਿਲਾਫ ਸ਼ੁੱਕਰਵਾਰ ਸਮੁੱਚੇ ਪੰਜਾਬ ਅੰਦਰ ਬਿਜਲੀ ਮੁਲਾਜ਼ਮ ਅਤੇ ਪੈਨਸ਼ਨਰਾਂ ਵੱਲੋਂ ਮੰਡਲ/ਉਪ ਮੰਡਲ ਦਫ਼ਤਰਾਂ ਅੱਗੇ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ ।ਵੱਖ-ਵੱਖ ਥਾਵਾਂ 'ਤੇ ਮੁਜ਼ਾਹਰੇ ਨੂੰ ਸੰਬੋਧਨ ਕਰਦਿਆਂ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਬਲਜੀਤ ਸਿੰਘ ਮੋਦਲਾ, ਦੇਵਿੰਦਰ ਸਿੰਘ ਪਿਸ਼ੌਰ, ਰਵੇਲ ਸਿੰਘ ਸਹਾਏਪੁਰ, ਇੰਜ. ਰਣਜੀਤ ਸਿੰਘ ਢਿੱਲੋਂ, ਜਸਵੀਰ ਸਿੰਘ ਆਂਡਲੂ, ਕੌਰ ਸਿੰਘ ਸੋਹੀ, ਪਵਨਪ੍ਰੀਤ ਸਿੰਘ, ਦਲੀਪ ਕੁਮਾਰ, ਰਾਧੇ ਸ਼ਿਆਮ, ਬਾਬਾ ਅਮਰਜੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਦੱਸਿਆ ਕਿ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਦੇ ਰਾਹ 'ਤੇ ਹਨ। ਆਗੂਆਂ ਨੇ ਕਿਹਾ ਕਿ 16 ਅਪ੍ਰੈਲ ਨੂੰ ਜੱਥੇਬੰਦੀਆਂ ਅਤੇ ਬਿਜਲੀ ਮੰਤਰੀ ਵਿਚਾਲੇ ਹੋਈ ਮੀਟਿੰਗ ਦੌਰਾਨ ਬਿਜਲੀ ਮੰਤਰੀ ਦਾ ਰਵੱਈਆ ਬੇਹੱਦ ਨਿੰਦਣਯੋਗ ਰਿਹਾ। ਮੀਟਿੰਗ ਦੌਰਾਨ ਬਿਜਲੀ ਮੰਤਰੀ ਵੱਲੋਂ ਮੁਲਾਜ਼ਮਾਂ ਦੇ ਹੱਕੀ ਅਤੇ ਜਾਇਜ਼ ਮੰਗਾਂ/ਮਸਲਿਆਂ ਦੇ ਹੱਲ ਕਰਨੇ ਤਾਂ ਦੂਰ, ਉਨ੍ਹਾਂ ਨੂੰ ਸੁਣਨਾ ਵੀ ਵਾਜਿਬ ਨਹੀਂ ਸਮਝਿਆ ਗਿਆ ਅਤੇ ਪਿਛਲੀ ਮੀਟਿੰਗ ਦੌਰਾਨ ਬਣੀਆਂ ਸਹਿਮਤੀਆਂ ਤੋਂ ਵੀ ਬਿਜਲੀ ਮੰਤਰੀ ਅਤੇ ਮੈਨੇਜਮੈਂਟ ਪਿੱਛੇ ਹਟਦੀ ਨਜ਼ਰ ਆਈ, ਜਿਸ ਕਾਰਨ ਮੀਟਿੰਗ ਬੇਸਿੱਟਾ ਰਹੀ। ਰੋਹ ਵਿਚ ਆਏ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਮੰਤਰੀ ਦੇ ਇਸ ਮੁਲਾਜ਼ਮ ਵਿਰੋਧੀ ਰਵੱਈਏ ਅਤੇ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਅਤੇ ਮਸਲਿਆਂ ਦੇ ਮੱਦੇਨਜ਼ਰ ਜੱਥੇਬੰਦੀਆਂ ਵੱਲੋਂ ਅੱਜ ਦਿੱਤਾ ਵਰਕ-ਟੂ-ਰੂਲ ਦਾ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ, ਮਈ ਮਹੀਨੇ ਵਿੱਚ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਸਥਿਤ ਰਿਹਾਇਸ਼ ਅੱਗੇ ਇੱਕ ਲਾ-ਮਿਸਾਲ ਸੂਬਾ ਪੱਧਰੀ ਰੋਸ ਧਰਨਾ ਲਗਾਇਆ ਜਾਵੇਗਾ, ਜੂਨ ਮਹੀਨੇ ਦੇ ਦੂਸਰੇ ਹਫਤੇ ਬਿਜਲੀ ਕਰਮਚਾਰੀਆਂ ਵੱਲੋਂ ਦੋ ਰੋਜ਼ਾ ਮੁਕੰਮਲ ਹੜਤਾਲ ਕੀਤੀ ਜਾਵੇਗੀ।ਆਗੂਆਂ ਵੱਲੋਂ ਇਹ ਵੀ ਕਿਹਾ ਗਿਆ ਕਿ ਪੰਜਾਬ ਦਾ ਬਿਜਲੀ ਅਦਾਰਾ ਇੱਕ ਮਹੱਤਵਪੂਰਨ ਅਦਾਰਾ ਹੈ, ਜਿਸ ਵਿੱਚ ਹਜ਼ਾਰਾਂ ਅਸਾਮੀਆਂ ਖ਼ਾਲੀ ਹੋਣ ਦੇ ਬਾਵਜੂਦ ਪੰਜਾਬ ਦੇ ਲੋਕਾਂ ਨੂੰ ਨਿਰਵਿਘਨ ਸਪਲਾਈ ਮੁਹੱਈਆ ਕਰਵਾਈ ਜਾ ਰਹੀ ਹੈ, ਪਰੰਤੂ ਬਿਜਲੀ ਮੰਤਰੀ ਅਤੇ ਪਾਵਰ ਮੈਨੇਜਮੈਂਟ ਹੋਈਆਂ ਸਹਿਮਤੀਆਂ ਲਾਗੂ ਕਰਨ ਦੀ ਥਾਂ ਟਕਰਾਅ ਦੀ ਨੀਤੀ ਅਪਣਾ ਰਹੇ ਹਨ, ਜਿਸ ਨਾਲ ਇਸ ਸੰਵੇਦਨਸ਼ੀਲ ਅਦਾਰੇ ਦਾ ਸਨਅਤੀ ਮਾਹੌਲ ਖਰਾਬ ਹੋ ਰਿਹਾ ਹੈ, ਜਿਸ ਦਾ ਸਿੱਧਾ ਅਸਰ ਆਮ ਲੋਕਾਂ 'ਤੇ ਪੈਣਾ ਹੈ, ਇਸ ਲਈ ਆਗੂਆਂ ਨੇ ਮੰਗ ਕੀਤੀ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇ, ਨਹੀਂ ਤਾਂ ਜੱਥੇਬੰਦੀਆਂ ਚੱਲਦੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੀਆਂ, ਜਿਸ ਦੀ ਜ਼ਿੰਮੇਵਾਰੀ ਬਿਜਲੀ ਮੰਤਰੀ ਅਤੇ ਮੈਨੇਜਮੈਂਟ ਦੀ ਹੋਵੇਗੀ ।

## ਸਿਆਸੀ ਸੂਝ ਵਾਲੇ ਲੋਕਾਂ ਨੂੰ ਸਿਆਸਤ ਦਾ ਹਿੱਸਾ ਬਣਨਾ ਚਾਹੀਦੈ : ਸੰਤ ਸੀਚੇਵਾਲ



**ਸ਼ਾਹਕੋਟ (ਗਿਆਨ ਸੈਦਪੁਰੀ)**-ਪਦਮ ਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਮੈਂਬਰ ਰਾਜ ਸਭਾ ਨੇ ਨਿਰਮਲ ਕੁਟੀਆ ਸੀਚੇਵਾਲ ਵਿਖੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਸਿਆਸੀ, ਸਮਾਜੀ ਤੇ ਵਾਤਾਵਰਣ ਸਬੰਧੀ ਗੱਲਾਂ ਕੀਤੀਆਂ।ਇਹਨਾਂ ਗੱਲਾਂ ਵਿੱਚ ਪਾਰਲੀਮੈਂਟ ਦੇ ਵਰਤਾਰੇ ਤੋਂ ਲੈ ਕੇ ਉਨ੍ਹਾਂ ਦੇ ਆਪਣੇ ਇਲਾਕੇ (ਦੋਨਾ) ਖੇਤਰ ਵਿੱਚ ਖ਼ਰਬੂਜ਼ੇ ਦੀ ਖੇਤੀ ਤੱਕ ਸ਼ਾਮਲ ਹਨ। ਉਨ੍ਹਾਂ ਨੇ ਬੁੱਢੇ ਦਰਿਆ ਨੂੰ ਸਾਫ ਕਰਨ ਦੀ ਚਲਾਈ ਮੁਹਿੰਮ ਦੀ ਗੱਲ ਕਰਦਿਆਂ ਕਿਹਾ ਕਿ ਬਾਵਜੂਦ ਬਹੁਤ ਸਾਰੇ ਅੜਿੱਕਿਆਂ ਦੇ ਅਸੀਂ ਆਪਣੇ ਮਿਸ਼ਨ ਦੀ ਸਫਲਤਾ ਵੱਲ ਵਧ ਰਹੇ ਹਾਂ। ਬਹੁਤ ਸਾਰੀਆਂ ਡੇਅਰੀਆਂ ਦੇ ਗੋਹੇ ਵਗੈਰਾ ਸਮੇਤ ਹੋਰ ਪਾਸਿਆਂ ਤੋਂ ਪੈਂਦਾ ਰਿਹਾ ਗੰਦ ਮੰਦ ਹੁਣ ਰੋਕ ਦਿੱਤਾ ਗਿਆ ਹੈ। ਬੁੱਢੇ ਦਰਿਆ ਦਾ ਟੀ ਡੀ ਐਸ 1300 ਤੋਂ ਘਟ ਕੇ 770 ਤੱਕ ਆ ਗਿਆ ਹੈ। ਉਨ੍ਹਾਂ ਨੇ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਵਾਲੇ ਲੋਕਾਂ ਨੂੰ ਸਲਾਹ ਦਿੰਦਿਆਂ ਕਿਹਾ ਕਿ ਘੱਟੋ ਘੱਟ ਉਹ ਆਪਣੇ ਬਾਰੇ ਹੀ ਸੋਚਣ, ਉਨ੍ਹਾਂ ਨੇ ਵੀ ਇਸੇ ਵਾਤਾਵਰਣ ਵਿੱਚ ਹੀ ਸਾਹ ਲੈਣਾ ਹੈ। ਸੰਤ ਸੀਚੇਵਾਲ ਨੇ ਸਿਆਸੀ ਆਗੂਆਂ ਵੱਲੋਂ ਇੱਕ ਦੂਸਰੇ ਪ੍ਰਤੀ ਬੋਲੀ ਜਾ ਰਹੀ ਨੀਵੇਂ ਪੱਧਰ ਦੀ ਭਾਸ਼ਾ ਅਤੇ ਸਹਿਣਸ਼ੀਲਤਾ ਦੀ ਤਜ ਦਿੱਤੀ ਗਈ • ਬਾਕੀ ਸਫਾ 2 'ਤੇ

# ਡੀਸੀ ਮਾਡਲ ਸਕੂਲ ਦੇ ਲਵਿਸ਼ ਨੇ 99.4 ਫੀਸਦੀ ਅੰਕਾਂ ਨਾਲ ਜ਼ਿਲ੍ਹੇ ਦਾ ਨਾਂਅ ਕੀਤਾ ਰੌਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਬੀਐੱਸਈ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਡੀਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਦੱਸਿਆ ਕਿ ਸਕੂਲ ਦੇ 269 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ, ਜਿਸ ਵਿੱਚੋਂ 11 ਵਿਦਿਆਰਥੀਆਂ ਨੇ 98 ਫੀਸਦੀ ਤੋਂ ਵੱਧ ਅੰਕ, 43 ਵਿਦਿਆਰਥੀਆਂ ਨੇ 95 ਫੀਸਦੀ ਤੋਂ ਵੱਧ ਅਤੇ 90 ਵਿਦਿਆਰਥੀਆਂ ਨੇ 89 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਮਾਪਿਆਂ, ਸਕੂਲ ਤੇ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਉਨ੍ਹਾਂ ਦੱਸਿਆ ਕਿ ਲਵਿਸ਼ ਗੋਇਲ ਨੇ 99.4 ਫੀਸਦੀ ਅੰਕਾਂ ਨਾਲ ਪਹਿਲਾ, ਸਕਸ਼ਮ ਸੇਠੀ ਤੇ ਅਕਸ਼ਿਤਾ ਨੇ 99.2 ਫੀਸਦੀ ਅੰਕਾਂ ਨਾਲ ਦੂਜਾ ਤੇ ਲਵਾਨਿਆ ਨੇ 98.6 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ। ਸਕੂਲ ਦੇ ਮਾਣੇਕ ਸ਼ਾਹ ਹਾਲ ਵਿੱਚ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦੇਣ ਲਈ ਇੱਕ ਸ਼ਾਨਦਾਰ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡੀਸੀਐੱਮ ਗਰੁੱਪ ਦੇ ਸੀਈਓ ਡਾ. ਅਨਿਰੁੱਧ ਗੁਪਤਾ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਫਲਤਾ ਦੇ ਗੁਰ ਦੱਸੇ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਤੇ ਸਕੂਲ ਸਟਾਫ ਨੂੰ ਮੁਬਾਰਕਬਾਦ ਦਿੱਤੀ। ਡਿਪਟੀ ਪ੍ਰਿੰਸੀਪਲ ਮਨੀਸ਼ ਬਾਂਗਾ ਨੇ ਵਿਦਿਆਰਥੀਆਂ ਦੀ ਇਸ ਸਫਲਤਾ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਦੱਸਿਆ ਕਿ ਬੋਰਡ ਪ੍ਰੀਖਿਆਵਾਂ ਲਈ ਬੱਚਿਆਂ ਦੀਆਂ ਵਾਧੂ ਕਲਾਸਾਂ (ਐਕਸਟਰਾ ਕਲਾਸਿਸ) ਲਗਾਉਣ ਦੇ ਨਾਲ-ਨਾਲ ਉਨ੍ਹਾਂ ਦੇ ਰੁਟੀਨ ਟੈਸਟ ਲਏ ਜਾਂਦੇ ਸਨ, ਤਾਂ ਜੋ ਉਹ ਪੂਰੀ ਤਰ੍ਹਾਂ ਤਿਆਰ ਹੋ ਸਕਣ।

## ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਦਾ ਨਤੀਜਾ ਸ਼ਾਨਦਾਰ



**ਜਗਰਾਉਂ (ਅਮਿਤ ਖੰਨਾ)**-ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਦਾ ਦਸਵੀਂ ਦਾ ਨਤੀਜਾ ਪਹਿਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਸ਼ਾਨਦਾਰ ਤੇ ਸਤ-ਪ੍ਰਤੀਸ਼ਤ ਰਿਹਾ।ਹਮੇਸ਼ਾ ਦੀ ਤਰ੍ਹਾਂ ਇਸ ਸਾਲ ਵੀ ਵਿਦਿਆਰਥੀਆਂ ਨੇ ਸਕੂਲ ਦੀ ਸ਼ਾਨਦਾਰ ਮਾਣਮੱਤੀ ਪ੍ਰੰਪਰਾ ਨੂੰ ਕਾਇਮ ਰੱਖਦਿਆਂ ਸਕੂਲ ਵਿਦਿਆਰਥਣ ਅਵਿਕਾ ਖੰਨਾ ਨੇ 93.40% ਅੰਕ ਪ੍ਰਾਪਤ ਕਰਕੇ ਪਹਿਲਾ, ਦਿਲਪ੍ਰੀਤ ਕੌਰ ਨੇ 92.60% ਅੰਕ ਲੈ ਕੇ ਦੂਸਰਾ, ਦਿਲਪ੍ਰੀਤ ਕੌਰ ਨੇ 87.20% ਅੰਕ ਲੈ ਕੇ ਤੀਜਾ ਤੇ ਨਿਆਸਾ ਨੇ 86.60% ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਕ੍ਰਮਵਾਰ ਏਕਨੂਰ ਸਿੰਘ ਗਿੱਲ 86.20%, ਗੁਰਲੀਨ ਕੌਰ 84%, ਹਰਸ਼ਵੀਰ ਕੌਰ 81.80%, ਵੰਸ਼ਿਕਾ ਸ਼ਰਮਾਂ ਅਤੇ ਹਾਰਦਿਕ ਨੇ 80% ਤੋਂ ਵੱਧ ਅੰਕ ਪ੍ਰਾਪਤ ਕੀਤੇ।ਸਕੂਲ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜਾ ਸਾਰਿਆਂ ਦੀ ਸਾਂਝੀ ਮਿਹਨਤ ਦਾ ਪਰਿਣਾਮ ਹੈ, ਉਨ੍ਹਾਂ ਉਮੀਦ ਜਤਾਈ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਇਲਾਕੇ ਦਾ ਨਾਮ ਰੋਸ਼ਨ ਕਰਨਗੇ।ਇਸ ਦੌਰਾਨ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ।

## ਪ੍ਰਿੰਸੀਪਲ ਇੰਦਰਜੀਤ ਕੌਰ ਨੇ ਬੱਚਿਆਂ ਨੂੰ ਸਾਈਕਲ ਵੰਡੇ




**ਲੁਧਿਆਣਾ (ਰਾਜ ਸਿੰਗਲਾ)**-ਕਰਮਸਰ ਕਲੋਨੀ ਸਥਿਤ ਡੀਸੈਂਟ ਸਕੂਲ ਵਿਖੇ ਕਰਵਾਏ ਸਾਈਕਲ ਵੰਡ ਸਮਾਰੋਹ ਵਿੱਚ ਪ੍ਰਿੰਸੀਪਲ ਇੰਦਰਜੀਤ ਕੌਰ ਮੇਹਰ ਲੁਧਿਆਣਾ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਨੂੰ ਸਾਈਕਲਾਂ ਵੰਡੀਆਂ ਗਈਆਂ, ਜਿਸ ਨਾਲ ਉਨ੍ਹਾਂ ਦੀ ਪੜ੍ਹਾਈ ਵੱਲ ਰੁਚੀ ਹੋਰ ਵਧੇਗੀ। ਇਸ ਸਮਾਰੋਹ ਦੌਰਾਨ ਬੱਚਿਆਂ ਦੇ ਚਿਹਰਿਆਂ ਉੱਤੇ ਖੁਸ਼ੀ ਤੇ ਉਤਸ਼ਾਹ ਦੇਖਣ ਯੋਗ ਸੀ।ਸਾਈਕਲ ਵਰਗੀਆਂ ਸਹੂਲਤਾਂ ਵਿਦਿਆਰਥੀਆਂ ਨੂੰ ਸਿੱਖਿਆ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਤੇ ਇਹ ਯਤਨ ਸਮਾਜ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਵੱਲ ਇੱਕ ਮਜ਼ਬੂਤ ਕਦਮ ਹੈ।ਇਸ ਮੌਕੇ ਸਕੂਲ ਪ੍ਰਬੰਧਕਾਂ ਤੇ ਸਟਾਫ਼ ਦਾ ਵੀ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ।ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੋਕਹਿੱਤ ਕਾਰਜ ਜਾਰੀ ਰੱਖਣ ਦਾ ਸੰਕਲਪ ਦੁਹਰਾਇਆ ਗਿਆ ਤਾਂ ਜੋ ਹਰ ਬੱਚੇ ਤੱਕ ਸਹੂਲਤਾਂ ਪਹੁੰਚ ਸਕਣ।

## ਹੈਲਿਕਸ ਦੇ ਦੋ ਵਿਦਿਆਰਥੀਆਂ ਵੱਲੋਂ ਜ਼ਿਲ੍ਹੇ 'ਚੋਂ ਦੂਜਾ ਸਥਾਨ ਹਾਸਲ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਹੈਲਿਕਸ ਆਕਸਫੋਰਡ ਸਮਾਰਟ ਸਕੂਲ ਪਾਤੜਾਂ ਦੇ ਵਿਦਿਆਰਥੀ ਦੀਆ ਤੇ ਪਾਰਥ ਬਾਂਸਲ ਦੋਹਾਂ ਨੇ 99.6 ਫੀਸਦੀ ਅੰਕ ਲੈ ਕੇ ਪਟਿਆਲਾ ਜ਼ਿਲ੍ਹੇ 'ਚੋਂ ਦੂਜਾ ਤੇ ਪਾਤੜਾਂ ਇਲਾਕੇ 'ਚੋਂ ਪਹਿਲਾ ਸਥਾਨ, ਰੁਚੀਕਾ ਨੇ ਸਕੂਲ ਤੇ ਹਲਕੇ ਵਿੱਚੋਂ ਦੂਜਾ ਤੇ ਵਿਭੋਰ ਨੇ ਸਕੂਲ ਤੇ ਹਲਕੇ ਵਿੱਚੋਂ ਤੀਜਾ ਸਥਾਨ ਪ੍ਰਾਪਤ ਕਰਕੇ ਸੀਬੀਐੱਸਸੀ ਬੋਰਡ ਵੱਲੋਂ ਐਲਾਨੇ ਦਸਵੀਂ ਦੇ ਸ਼ਾਨਦਾਰ ਨਤੀਜੇ ਨਾਲ ਮਾਪਿਆਂ ਤੇ ਪਾਤੜਾਂ ਨਿਵਾਸੀਆਂ ਦਾ ਮਾਣ ਵਧਾਇਆ ਹੈ।ਇਸ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਅਮਰਜੋਤ ਕੌਰ ਨੇ ਦੱਸਿਆ ਕਿ ਬੋਰਡ ਵੱਲੋਂ ਲਈ ਪ੍ਰੀਖਿਆ ਵਿੱਚ ਹੈਲਿਕਸ ਸਕੂਲ ਦੇ 180 ਵਿਦਿਆਰਥੀ ਅਪੀਅਰ ਹੋਏ।ਐਲਾਨੇ ਗਏ ਨਤੀਜਿਆਂ 'ਚ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ ਹੈ।ਸਕੂਲ ਦੇ ਡਾਇਰੈਕਟਰ ਮੈਡਮ ਦਵਿੰਦਰ ਕੌਰ ਨੇ ਕਿਹਾ ਕਿ ਉੱਚ ਪੱਧਰੀ ਨਤੀਜੇ ਦੂਜੇ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਹਨ।ਸਮੂਹ ਸਟਾਫ ਤੇ ਵਿਦਿਆਰਥੀਆਂ ਨੇ ਢੋਲ ਦੇ ਡਗੇ 'ਤੇ ਭੰਗੜਾ ਪਾ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ।ਮੈਨੇਜਮੈਂਟ ਵੱਲੋਂ ਕੇਕ ਕਟਿੰਗ ਸੈਰੇਮਨੀ ਦੇ ਨਾਲ ਨਾਲ ਸਾਰੇ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ।

## ਸੀ.ਬੀ.ਐੱਸ.ਸੀ. ਦਸਵੀਂ ਦੀ ਪ੍ਰੀਖਿਆ 'ਚ ਪਾਵਨੀ ਨੇ ਸੰਗਰੂਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ



**ਸੰਗਰੂਰ (ਪ੍ਰਵੀਨ ਸਿੰਘ)**-ਬੀਤੇ ਦਿਨ ਸੀ.ਬੀ.ਐੱਸ.ਸੀ. ਵੱਲੋਂ ਐਲਾਨੇ ਗਏ ਦਸਵੀਂ ਦੇ ਨਤੀਜਿਆਂ ਵਿੱਚ ਸੰਗਰੂਰ ਜ਼ਿਲ੍ਹੇ ਦੀ ਵਿਦਿਆਰਥਣ ਪਾਵਨੀ ਗੁਪਤਾ ਨੇ 500 ਵਿੱਚੋਂ 499 ਅੰਕ (99.8 ਫ਼ੀਸਦੀ) ਹਾਸਲ ਕਰਕੇ ਸੰਗਰੂਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ।ਲਿਟਲ ਫਲਾਵਰ ਕਾਨਵੈਂਟ ਸਕੂਲ ਸੰਗਰੂਰ ਦੀ ਵਿਦਿਆਰਥਣ ਪਾਵਨੀ ਗੁਪਤਾ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਉਸ ਦੇ ਪਿਤਾ ਹਿਤੇਸ਼ਵੀਰ ਗੁਪਤਾ ਤੇ ਮਾਤਾ ਲੀਜ਼ੀ ਅਗਰਵਾਲ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਉਨ੍ਹਾਂ ਲਈ ਮਾਣ ਤੇ ਖੁਸ਼ੀ ਵਾਲਾ ਦਿਨ ਹੈ ਕਿ ਉਨ੍ਹਾਂ ਦੀ ਧੀ ਨੇ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਆਪਣੀ ਮਿਹਨਤ ਤੇ ਲਗਨ ਨਾਲ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 500 ਵਿੱਚੋਂ 499 ਅੰਕ ਹਾਸਲ ਕੀਤੇ ਹਨ।ਇਸ ਮੌਕੇ ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ ਨੇ ਪਾਵਨੀ ਗੁਪਤਾ ਤੇ ਉਸ ਦੇ ਮਾਤਾ-ਪਿਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਵਨੀ ਦੀ ਇਹ ਉਪਲਬਧੀ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਹੈ।ਉਨ੍ਹਾਂ ਪਾਵਨੀ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਬਲੌਸਮਜ਼ ਸਕੂਲ ਦੇ ਨਤੀਜਿਆਂ ਨੇ ਫਿਰ ਕਰਵਾਈ ਬੱਲੇ-ਬੱਲੇ



**ਜਗਰਾਉਂ (ਅਮਿਤ ਖੰਨਾ)**-ਸੀ.ਬੀ.ਐੱਸ.ਈ. ਵੱਲੋਂ ਦਸਵੀਂ ਦੇ ਐਲਾਨੇ ਗਏ ਨਤੀਜਿਆਂ ਵਿੱਚ ਹਰ ਸਾਲ ਦੀ ਤਰ੍ਹਾਂ ਬਲੌਸਮਜ਼ ਕਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਇਸ ਸਾਲ ਵੀ ਬਾਜ਼ੀ ਮਾਰਦੇ ਹੋਏ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।98.2% ਅੰਕ ਲੈ ਕੇ ਹਰਗੁਨ ਅੰਜਨ ਕੌਰ ਨੇ ਪਹਿਲਾ, 97.6% ਲੈ ਕੇ ਜੰਨਤ ਚਾਵਲਾ ਨੇ ਦੂਸਰਾ ਤੇ 97.1% ਅੰਕ ਲੈ ਕੇ ਸੰਵੀ ਕੱਕੜ ਨੇ ਜਮਾਤ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਦਸਵੀਂ ਦੀ ਪ੍ਰੀਖਿਆ ਲਈ ਕੁੱਲ 79 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ ਲਗਭਗ 15 ਵਿਦਿਆਰਥੀਆਂ ਨੇ 90 ਫੀਸਦੀ ਤੋਂ ਉੱਪਰ ਤੇ 25 ਵਿਦਿਆਰਥੀਆਂ ਨੇ 80 ਫੀਸਦੀ ਤੋਂ ਉੱਪਰ ਅੰਕ ਹਾਸਲ ਕੀਤੇ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਨਤੀਜੇ ਸਾਡੀ ਸਾਰਿਆਂ ਦੀ ਅਥਕ ਮਿਹਨਤ ਦਾ ਨਤੀਜਾ ਹਨ।ਇਸ ਮੌਕੇ ਸਕੂਲ ਦੀ ਸਮੁੱਚੀ ਮੈਨੇਜਿੰਗ ਕਮੇਟੀ, ਚੇਅਰਮੈਨ ਹਰਭਜਨ ਸਿੰਘ ਜੌਹਲ ਤੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਵੀ ਦਿੱਤੀਆਂ।

# ਏ ਡੀ ਸੀ ਵੱਲੋਂ ਜਸਪ੍ਰੀਤ ਕੌਰ ਦਾ ਸਨਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਅਤਾਪੁਰ ਦੀ ਇਕ ਹੋਣਹਾਰ ਬੱਚੀ ਜਸਪ੍ਰੀਤ ਕੌਰ ਨੇ ਬੀਤੇ ਸਾਲ ਪੰਜਵੀਂ ਕਲਾਸ ਦੇ ਨਤੀਜਿਆਂ ਵਿੱਚ ਪੂਰੇ ਬਲਾਕ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਸੀ ਤੇ ਹੁਣ ਇਸ ਬੱਚੀ ਨੇ ਮੌਜੂਦਾ ਸਾਲ ਛੇਵੀਂ ਕਲਾਸ ਵਿੱਚ ਵੀ ਟਾਪ ਕੀਤਾ ਹੈ।ਇਸ ਸ਼ਾਨਦਾਰ ਉਪਲਬਧੀ ਲਈ ਬੱਚੀ ਨੂੰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਧਾਲੀਵਾਲ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਵਧੀਕ ਡਿਪਟੀ ਕਮਿਸ਼ਨਰ ਨੇ ਬੱਚੀ ਦੀ ਮਿਹਨਤ, ਲਗਨ ਤੇ ਅਧਿਆਪਕਾਂ ਦੀ ਰਹਿਨੁਮਾਈ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਅਜਿਹੇ ਹੋਣਹਾਰ ਵਿਦਿਆਰਥੀ ਸਮਾਜ ਲਈ ਪ੍ਰੇਰਨਾ ਸਰੋਤ ਹੁੰਦੇ ਹਨ।

ਉਨ੍ਹਾਂ ਹੋਰ ਬੱਚਿਆਂ ਨੂੰ ਵੀ ਪ੍ਰੇਰਿਤ ਕੀਤਾ ਕਿ ਉਹ ਵੀ ਮਨ ਲਾ ਕੇ ਪੜ੍ਹਾਈ ਕਰਨ ਅਤੇ ਆਪਣੇ ਮਾਪਿਆਂ ਤੇ ਪਿੰਡ ਦਾ ਨਾਮ ਉੱਚਾ ਕਰਨ।



# ਸਿੱਖਿਆ ਸਬੰਧੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ : ਡਿੰਪੀ ਢਿੱਲੋਂ

**ਵਿਧਾਇਕ ਵੱਲੋਂ ਵੱਖ-ਵੱਖ ਸਕੂਲਾਂ 'ਚ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ**



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਵਿਦਿਆਰਥੀਆਂ ਨੂੰ ਸਿੱਖਿਆ ਸਬੰਧੀ ਮਿਆਰੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਵਚਨਬੱਧ ਹੈ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਗਿੱਦੜਬਾਹਾ ਦੇ ਵਿਧਾਇਕ ਸ੍ਰ. ਹਰਦੀਪ ਸਿੰਘ ਢਿੱਲੋਂ ਨੇ ਹਲਕੇ ਦੇ ਸਕੂਲਾਂ ਵਿੱਚ ਵੱਖ-ਵੱਖ ਪ੍ਰੋਜੈਕਟਾਂ ਦੇ ਉਦਘਾਟਨ ਸਮਾਗਮ ਦੌਰਾਨ ਕੀਤਾ।

ਸ੍ਰ. ਢਿੱਲੋਂ ਨੇ ਦੱਸਿਆ ਕਿ ਅੱਜ ਹਲਕੇ ਦੇ ਪਿੰਡ ਕਾਉਣੀ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਲਗਭਗ 28 ਲੱਖ ਰੁਪਏ ਦੀ ਲਾਗਤ ਨਾਲ ਚਾਰ ਆਧੁਨਿਕ ਕਲਾਸ ਰੂਮ ਤਿਆਰ ਕਰਕੇ ਬੱਚਿਆਂ ਨੂੰ ਸਮਰਪਤ ਕੀਤੇ ਗਏ ਹਨ।ਇਸੇ ਤਰ੍ਹਾਂ ਪਿੰਡ ਦੋਦਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਬਾਜ਼ੀਗਰ ਬਸਤੀ ਦੋਦਾ ਵਿਖੇ ਲਗਭਗ 7 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਇੱਕ ਆਧੁਨਿਕ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖਿਆ ਸੁਧਾਰ ਪੰਜਾਬ ਸਰਕਾਰ ਪਹਿਲ ਦੇ ਅਧਾਰ 'ਤੇ ਕਰ ਰਹੀ ਹੈ।ਸਿੱਖਿਆ ਸਾਰੇ ਵਰਗ, ਧਰਮਾਂ ਤੇ ਜਾਤੀ ਦੇ ਲੋਕਾਂ ਲਈ ਅਤਿ ਮਹੱਤਵਪੂਰਨ ਹੈ, ਇਸ ਨਾਲ ਹੀ ਨਵੇਂ ਤੇ ਸਾਰਥਕ ਸਮਾਜ ਦੀ ਸਿਰਜਣਾ ਹੋ ਸਕਦੀ ਹੈ।ਜ਼ਿਕਰਯੋਗ ਹੈ ਕਿ ਹਲਕਾ ਵਿਧਾਇਕ ਡਿੰਪੀ ਢਿੱਲੋਂ ਵੱਲੋਂ ਹਲਕੇ ਦੇ ਸਰਕਾਰੀ ਹਾਈ ਸਕੂਲ ਮਧੀਰ ਵਿਖੇ 15.2 ਲੱਖ ਰੁਪਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਛੱਤੇਆਣਾ ਵਿਖੇ 15.2 ਲੱਖ ਰੁਪਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਖਨਾ ਅਬਲੂ ਵਿਖੇ 26.2 ਲੱਖ ਰੁਪਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਗਿਲਜੇਵਾਲਾ ਵਿਖੇ 25 ਲੱਖ ਰੁਪਏ ਤੇ ਸਰਕਾਰੀ ਮਿਡਲ ਸਕੂਲ ਖੂੰਨਣ ਖੁਰਦ ਵਿਖੇ ਲਗਭਗ 9 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਤੇ ਬੱਚਿਆਂ ਨੂੰ ਸਮਰਪਤ ਕੀਤੇ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਜਸਪਾਲ ਮੌਂਗਾ ਤੋਂ ਇਲਾਵਾ ਸਕੂਲਾਂ ਦੇ ਪ੍ਰਿੰਸੀਪਲ, ਸਮੂਹ ਸਟਾਫ ਤੇ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।

# ਲੋਕ ਅਕਾਲੀ ਦਲ ਨੂੰ ਦੁਬਾਰਾ ਸੱਤਾ 'ਚ ਦੇਖਣਾ ਚਾਹੁੰਦੇ : ਅਰਵਿੰਦ ਖੰਨਾ

- ਅਕਾਲੀ ਦਲ ਨਗਰ ਕੌਂਸਲ ਚੋਣਾਂ ਤੱਕੜੀ ਚੋਣ ਨਿਸ਼ਾਨ 'ਤੇ ਲੜੇਗਾ : ਸੰਘਰੇੜੀ
- ਪੰਜਾਬ ਦੀ ਬੇਹਤਰੀ ਲਈ ਲੋਕਾਂ ਨੂੰ ਅਕਾਲੀ ਦਲ ਨਾਲ ਜੁੜਨ ਦਾ ਸੱਦਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਦੀ ਅਗਵਾਈ ਹੇਠ ਆਗਾਮੀ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਸਥਾਨਕ ਰਤਨ ਪੈਲੇਸ ਵਿਖੇ ਬੀਤੇ ਦਿਨ ਵਿਸ਼ਾਲ ਇਕੱਤਰਤਾ ਕੀਤੀ ਗਈ।ਇਸ ਮੌਕੇ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਹਲਕਾ ਸੰਗਰੂਰ ਦੇ ਇੰਚਾਰਜ ਅਰਵਿੰਦ ਖੰਨਾ ਨੇ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਤੇ ਹਲਕਾ ਧੂਰੀ ਦੇ ਅੱਕੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਨੂੰ ਸਬਕ ਸਿਖਾ ਕੇ ਧੂਰੀ ਨੂੰ ਪੰਜਾਬ ਦਾ ਧੁਰਾ ਬਣਾਉਣਗੇ, ਕਿਉਂਕਿ ਪੰਜਾਬ ਦੇ ਲੋਕ ਅਕਾਲੀ ਦਲ ਨੂੰ ਦੁਬਾਰਾ ਸੱਤਾ 'ਚ ਦੇਖਣਾ ਚਾਹੁੰਦੇ ਹਨ।ਉਨ੍ਹਾਂ ਅਕਾਲੀ ਵਰਕਰਾਂ ਨੂੰ ਨਗਰ ਕੌਂਸਲ ਚੋਣਾਂ ਸ਼ਿੱਦਤ ਨਾਲ ਲੜਨ ਦਾ ਸੱਦਾ ਦਿੰਦਿਆਂ ਕਿਹਾ ਕਿ ਨਗਰ ਕੌਂਸਲ ਚੋਣਾਂ ਪੰਜਾਬ ਦਾ ਸਿਆਸੀ ਭਵਿੱਖ ਤਹਿ ਕਰਨਗੀਆਂ।ਉਨ੍ਹਾਂ ਭਗਵੰਤ ਮਾਨ ਸਰਕਾਰ ਨੂੰ ਨਿਕੰਮੀ ਤੇ ਫੇਲ੍ਹ ਕਰਾਰ ਦਿੰਦਿਆਂ ਕਿਹਾ ਕਿ ਸੂਬੇ ਅੰਦਰ ਅਮਨ ਕਾਨੂੰਨ ਦੀ ਸਥਿਤੀ ਬੱਦ ਤੋਂ ਬੱਦਤਰ ਹੈ ਤੇ ਸੂਬੇ ਅੰਦਰ ਆਏ ਦਿਨ ਖੂਨ ਖਰਾਬਾ ਹੋ ਰਿਹਾ ਹੈ ਅਤੇ ਆਮ ਲੋਕਾਂ ਨੂੰ ਦਿੱਲੀ ਤੋਂ ਚਲਦੀ ਸਰਕਾਰ ਦੇ ਮੁੱਖ ਮੰਤਰੀ ਤੇ ਮੰਤਰੀਆਂ ਨੂੰ ਮਿਲਣਾ ਔਖਾ ਹੈ। ਅਰਵਿੰਦ ਖੰਨਾ ਨੇ ਪੰਜਾਬ ਦੀ ਬਿਹਤਰੀ ਤੇ ਤਰੱਕੀ ਲਈ ਲੋਕਾਂ ਨੂੰ ਅਕਾਲੀ ਦਲ ਨਾਲ ਜੁੜਨ ਦਾ ਸੱਦਾ ਦਿੱਤਾ ਤਾਂ ਕਿ ਆਗਾਮੀ ਵਿਧਾਨ ਸਭਾ ਚੋਣਾਂ 'ਚ ਪੰਜਾਬ ਅੰਦਰ ਅਕਾਲੀ ਦਲ ਦੀ ਸਰਕਾਰ ਬਣਨੀ ਯਕੀਨੀ ਬਣਾਈ ਜਾ ਸਕੇ।ਜ਼ਿਲ੍ਹਾ ਪ੍ਰਧਾਨ ਤੇਜਿੰਦਰ ਸਿੰਘ ਸੰਘਰੇੜੀ ਨੇ ਕਿਹਾ ਕਿ ਅਕਾਲੀ ਦਲ ਨਗਰ ਕੌਂਸਲ ਚੋਣਾਂ ਤੱਕੜੀ ਚੋਣ ਨਿਸ਼ਾਨ 'ਤੇ ਲੜੇਗਾ।ਹਲਕਾ ਸੁਨਾਮ ਦੇ ਇੰਚਾਰਜ ਬਿੰਨਰਜੀਤ ਸਿੰਘ ਗੋਲਡੀ, ਸ਼੍ਰੋਮਣੀ ਕਮੇਟੀ ਮੈਂਬਰ ਭੁਪਿੰਦਰ ਸਿੰਘ ਭਲਵਾਨ, ਇਸਤਰੀ ਅਕਾਲੀ ਆਗੂ ਪਰਮਜੀਤ ਕੌਰ ਵਿਰਕ, ਬੀ ਸੀ ਵਿੰਗ ਦੇ ਠੇਕੇਦਾਰ ਜਸਦੇਵ ਸਿੰਘ ਜੱਸਾ ਤੇ ਤੇਜਿੰਦਰ ਸਿੰਘ ਨੰਨੜੇ ਨੇ ਕਿਹਾ ਕਿ ਪੰਜਾਬ ਦੀ ਚੰਗੇ ਭਵਿੱਖ ਲਈ ਸਾਨੂੰ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ।ਆਖਰ 'ਚ ਰਣਜੀਤ ਸਿੰਘ ਕਾਤਰੋਂ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਸੁਪਰੀਮ ਕੌਨਵੈਂਟ ਨੇ ਦਸਵੀਂ ਦੀ ਪ੍ਰੀਖਿਆ 'ਚ ਮਾਰੀਆਂ ਮੱਲਾਂ

**ਹਠੂਰ (ਨਛੱਤਰ ਸੰਧੂ)**-ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ, ਬਿਲਾਸਪੁਰ ਦਾ ਸੀ.ਬੀ.ਐੱਸ.ਈ. ਬੋਰਡ ਦੁਆਰਾ ਜਾਰੀ ਕੀਤਾ ਦਸਵੀਂ ਕਲਾਸ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਗੁਰਜਾਪ ਕੌਰ ਨੇ 96.8% ਅੰਕਾਂਨਾਲ ਪਹਿਲਾ, ਕਮਲਪ੍ਰੀਤ ਕੌਰ ਨੇ 94.8% ਅੰਕਾਂ ਨਾਲ ਦੂਸਰਾ ਤੇ ਨਮਨਪ੍ਰੀਤ ਕੌਰ ਤੇ ਗੁਰਦੀਪ ਸਿੰਘ ਨੇ 94.6% ਅੰਕਾਂ ਨਾਲ ਤੀਸਰਾ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਧਾਨ ਚਰਨ ਸਿੰਘ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਲੱਖ ਲੱਖ ਵਧਾਈ ਦਿੱਤੀ।ਸਕੂਲ ਪ੍ਰਿੰਸੀਪਲ ਕੁੰਜੂਮੋਲ ਜੋਏ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਮੂਹ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਭਵਿੱਖ ਵਿੱਚ ਵੀ ਸਕੂਲ ਇਸੇ ਤਰ੍ਹਾਂ ਸ਼ਾਨਦਾਰ ਨਤੀਜਿਆਂ ਤੇ ਵੱਖ-ਵੱਖ ਗਤੀਵਿਧੀਆਂ ਲਈ ਵਚਨਬੱਧ ਰਹੇਗਾ।

## ਮਾਤਾ ਗੁਰਮੇਲ ਕੌਰ ਦਾ ਫਰਵਾਹੀ 'ਚ ਕੀਤਾ ਅੰਤਿਮ ਸੰਸਕਾਰ



**ਬਰਨਾਲਾ (ਰਾਜਿੰਦਰ ਬਰਾੜ)**-ਸ਼ੇਖ ਫਰੀਦ ਹਾਈ ਸਕੂਲ ਗੁਰਸਵੇਕ ਨਗਰ ਬਰਨਾਲਾ ਦੇ ਡਾਇਰੈਕਟਰ ਜਸਵੀਰ ਸਿੰਘ ਸਿੱਧੂ ਦੇ ਸਤਿਕਾਰਯੋਗ ਮਾਤਾ ਗੁਰਮੇਲ ਕੌਰ ਜੀ ਬੀਤੇ ਕੱਲ੍ਹ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਜਿਨ੍ਹਾਂ ਦਾ ਸਸਕਾਰ ਅੱਜ ਉਨ੍ਹਾਂ ਦੇ ਜੱਦੀ ਪਿੰਡ ਫਰਵਾਹੀ ਵਿਖੇ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਰਾਜਨੀਤਕ ਆਗੂਆਂ ਤੇ ਮੋਹਤਬਰ ਵਿਅਕਤੀਆਂ ਨੇ ਉਨ੍ਹਾਂ ਨੂੰ ਅੰਤਿਮ ਵਿਦਾਈ ਦਿੱਤੀ।ਇਸ ਮੌਕੇ ਜਸਵੀਰ ਸਿੰਘ ਸਿੱਧੂ ਨਾਲ ਨਗਰ ਕੌਂਸਲ ਬਰਨਾਲਾ ਦੇ ਪ੍ਰਧਾਨ ਗੁਰਜੀਤ ਸਿੰਘ ਰਮਨਵਾਸੀਆਂ, ਐਡਵੋਕੇਟ ਧਰਮਪਾਲ ਸਿੰਘ, ਦੀਦਾਰ ਸਿੰਘ ਢੀਂਡਸਾ, ਤਰਲੋਚਨ ਸਿੰਘ, ਸਾਬਕਾ ਸਰਪੰਚ ਕ੍ਰਿਪਾਲ ਸਿੰਘ ਫਰਵਾਹੀ, ਵੈਰਾਗੀ ਮਹਾਂ ਮੰਡਲ ਪੰਜਾਬ ਦੇ ਸੂਬਾ ਆਗੂ ਭੋਜਰਾਜ ਉਰਫ ਕਾਕਾ ਮਹੰਤ, ਨੰਬਰਦਾਰ ਲਖਵੀਰ ਸਿੰਘ ਕਾਂਝਲਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਦੀਪ ਸਿੰਘ, ਝਰਮਲ ਸਿੰਘ ਭਦੌੜ, ਹਰੀਸ਼ ਸਿੰਧਵਾਨੀ, ਚਰਨਜੀਤ ਸਿੰਘ ਕੌਲਧਾਰ, ਬਲਕਾਰ ਸਿੰਘ ਸਿੱਧੂ, ਸਾਬਕਾ ਪੰਚ ਬਲਦੇਵ ਸਿੰਘ, ਪੱਤਰਕਾਰ ਅਸ਼ੋਕ ਭਾਰਤੀ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਦੱਸਣਯੋਗ ਹੈ ਕਿ ਮਾਤਾ ਗੁਰਮੇਲ ਕੌਰ ਦੇ ਫੁੱਲ ਚੁਗਣ ਦੀ ਰਸਮ 19 ਅਪ੍ਰੈਲ ਨੂੰ ਸਵੇਰੇ 9 ਵਜੇ ਪਿੰਡ ਫਰਵਾਹੀ ਸ਼ਮਸ਼ਾਨ ਘਾਟ ਵਿਖੇ ਹੋਵੇਗੀ।

# 'ਮਾਵਾਂ-ਧੀਆਂ ਸਤਕਾਰ ਯੋਜਨਾ' ਦੇ ਫਾਰਮ ਭਰਨ ਦੀ ਪ੍ਰਕਿਰਿਆ ਸ਼ੁਰੂ : ਡਾ. ਬਲਜੀਤ ਕੌਰ

**ਮਲੋਟ/ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਓਮ ਪ੍ਰਕਾਸ਼ ਸੇਖੂ)**-ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਕਾਰ ਯੋਜਨਾ ਤਹਿਤ ਫਾਰਮ ਭਰਨ ਦੀ ਪ੍ਰਕਿਰਿਆ ਦਾ ਆਗਾਜ਼ ਅੱਜ ਮਲੋਟ ਦੇ ਪਿੰਡ ਅਬੁਲ ਖੁਰਾਣਾ ਤੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪੰਜਾਬ ਦੀਆਂ ਮਾਵਾਂ ਤੇ ਭੈਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਕੀਮ ਲੰਬੇ ਸਮੇਂ ਤੋਂ ਉਡੀਕ ਰਹੀ ਇੱਕ ਵੱਡੀ ਯੋਜਨਾ ਸੀ, ਜੋ ਕਿ ਮਾਨ ਸਰਕਾਰ ਵੱਲੋਂ ਆਪਣੀ ਗਰੰਟੀ ਅਨੁਸਾਰ ਪੂਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਐੱਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੀ ਆਰਥਿਕ ਸਥਿਤੀ ਮਜ਼ਬੂਤ ਕਰਨ ਵੱਲ ਇਕ ਮਹੱਤਵਪੂਰਨ ਕਦਮ ਹੈ ਤੇ ਇਸ ਨੂੰ ਲੈ ਕੇ ਸੂਬੇ ਭਰ ਵਿੱਚ ਵੱਡਾ ਉਤਸ਼ਾਹ ਹੈ।ਉਨ੍ਹਾਂ ਆਂਗਨਵਾੜੀ ਵਰਕਰਾਂ ਤੇ ਸੁਪਰਵਾਈਜ਼ਰਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਇਸ ਸਕੀਮ ਨੂੰ ਸਫਲ ਬਣਾਉਣ ਲਈ ਪੂਰੀ ਮਿਹਨਤ ਨਾਲ ਕੰਮ ਕਰ ਰਹੀਆਂ ਹਨ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਇਸ ਯੋਜਨਾ ਨੂੰ ਲਾਗੂ ਕੀਤਾ ਜਾ ਰਿਹਾ ਹੈ ਅਤੇ ਫਾਰਮ



ਆਂਗਨਵਾੜੀ ਕੇਂਦਰਾਂ ਵਿੱਚ ਭਰੇ ਜਾਣਗੇ। ਇਸ ਤੋਂ ਇਲਾਵਾ ਪਿੰਡ ਤੇ ਬੂਥ ਪੱਧਰ 'ਤੇ ਮੋਟੀਵੇਟਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜੋ ਘਰ-ਘਰ ਜਾ ਕੇ ਮਹਿਲਾਵਾਂ ਨੂੰ ਜਾਗਰੂਕ ਕਰਨ ਤੇ ਫਾਰਮ ਭਰਨ ਲਈ ਮਦਦ ਕਰਨਗੀਆਂ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਜਲਦ ਪੂਰੀ ਕਰਕੇ ਦੋ ਮਹੀਨੇ ਅੰਦਰ ਹੀ ਯੋਗ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਰਕਮ ਜਮ੍ਹਾਂ ਕਰਵਾ ਦਿੱਤੀ ਜਾਵੇਗੀ।ਇਸ ਮੌਕੇ ਡੀ ਐੱਸ ਐੱਸ ਓ ਰਾਜਵੰਤ ਕੌਰ, ਸੁਪਰਵਾਈਜ਼ਰ ਗੁਰਮੀਤ ਕੌਰ, ਸਰਪੰਚ ਅਮਨਦੀਪ ਕੌਰ, ਵਿੱਕੀ ਸਿੰਘ, ਗਗਨਦੀਪ ਸਿੰਘ, ਲਵ ਬੱਤਰਾ, ਨਵਦੀਪ ਸਿੰਘ, ਕਰਮਜੀਤ ਸ਼ਰਮਾ, ਪੀ ਏ ਅਰਸ਼ ਸਿੱਧੂ, ਸ਼ਿੰਦਰਪਾਲ ਸਿੰਘ ਤੋਂ ਇਲਾਵਾ ਆਂਗਨਵਾੜੀ ਵਰਕਰ ਹਾਜ਼ਰ ਸਨ।

# ਸਫਾ 1 ਦੇ ਬਾਕੀ...

## 'ਆਪ' ਛਾਪਿਆਂ ਤੋਂ ...

ਇਕੋ ਵੇਲੇ ਛਾਪੇਮਾਰੀ ਕੀਤੀ ਹੈ। ਕੇਂਦਰੀ ਸੁਰੱਖਿਆ ਬਲਾਂ ਦੀ ਸਖ਼ਤ ਨਿਗਰਾਨੀ ਹੇਠ ਜਾਂਚ ਏਜੰਸੀ ਦੇ ਅਧਿਕਾਰੀ ਮੰਤਰੀ ਦੇ ਘਰ ਅੰਦਰ ਦਸਤਾਵੇਜ਼ਾਂ ਨੂੰ ਖੰਗਾਲਣ ਵਿੱਚ ਜੁਟੇ ਹੋਏ ਹਨ। ਸੂਤਰਾਂ ਮੁਤਾਬਕ ਇਹ ਕਾਰਵਾਈ ਵਿੱਤੀ ਲੈਣ-ਦੇਣ ਅਤੇ ਜ਼ਮੀਨੀ ਸੌਦਿਆਂ ਵਿੱਚ ਕਥਿਤ ਬੇਨਿਯਮੀਆਂ ਨਾਲ ਜੁੜੇ ਪੁਰਾਣੇ ਮਾਮਲਿਆਂ ਦੇ ਸੰਬੰਧ ਵਿੱਚ ਕੀਤੀ ਜਾ ਰਹੀ ਹੈ। ਸੂਤਰਾਂ ਅਨੁਸਾਰ ਈ ਡੀ ਦੀਆਂ ਟੀਮਾਂ ਨੇ ਸਵੇਰੇ ਕਰੀਬ 6:30 ਵਜੇ ਅਰੋੜਾ ਦੀ ਰਿਹਾਇਸ਼, ਸਰਕਾਰੀ ਦਫ਼ਤਰਾਂ ਅਤੇ ਉਨ੍ਹਾਂ ਦੇ ਕਾਰੋਬਾਰੀ ਭਾਈਵਾਲਾਂ ਤੇ ਪਰਵਾਰਕ ਮੈਂਬਰਾਂ (ਜਿਸ ਵਿੱਚ ਉਨ੍ਹਾਂ ਦੀ ਬੇਟੀ ਵੀ ਸ਼ਾਮਲ ਹੈ) ਨਾਲ ਸੰਬੰਧਤ ਜਾਇਦਾਦਾਂ ਦੀ ਤਲਾਸ਼ੀ ਲਈ। ਜਾਂਚ ਦਾ ਘੇਰਾ ਸਿਰਫ਼ ਲੁਧਿਆਣਾ ਤੱਕ ਸੀਮਤ ਨਹੀਂ ਹੈ, ਬਲਕਿ ਮੰਤਰੀ ਨਾਲ ਜੁੜੇ ਹੋਰਨਾਂ ਸ਼ਹਿਰਾਂ ਵਿਚਲੇ ਟਿਕਾਣਿਆਂ 'ਤੇ ਵੀ ਛਾਪੇਮਾਰੀ ਦੀਆਂ ਖ਼ਬਰਾਂ ਹਨ। ਈ ਡੀ ਦੀ ਟੀਮ ਮੁੱਖ ਤੌਰ 'ਤੇ ਵਿੱਤੀ ਲੈਣ-ਦੇਣ ਅਤੇ ਜਾਇਦਾਦਾਂ ਦੇ ਰਿਕਾਰਡ ਦੀ ਜਾਂਚ ਕਰ ਰਹੀ ਹੈ। ਅਰੋੜਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਨ੍ਹਾਂ ਛਾਪਿਆਂ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਸੀ। ਉਨ੍ਹਾਂ ਕਿਹਾ, ਮੈਨੂੰ ਇਸ ਬਾਰੇ ਕੋਈ ਅੰਦਾਜ਼ਾ ਨਹੀਂ ਹੈ। ਟੀਮਾਂ ਮੇਰੇ ਸਾਰੇ ਟਿਕਾਣਿਆਂ ਅਤੇ ਕੰਮ ਵਾਲੀਆਂ ਥਾਵਾਂ 'ਤੇ ਮੌਜੂਦ ਹਨ। ਉਨ੍ਹਾਂ ਅੱਗੇ ਕਿਹਾ ਕਿ ਇਸ ਪੜਾਅ 'ਤੇ ਉਨ੍ਹਾਂ ਕੋਲ ਕਹਿਣ ਲਈ ਹੋਰ ਕੁਝ ਨਹੀਂ ਹੈ। ਸੰਜੀਵ ਅਰੋੜਾ ਨੇ ਟਵਿੱਟਰ 'ਤੇ ਲਿਖਿਆ-'ਸ਼ੁਭ ਸਵੇਰ! ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਮੇਰੇ ਟਿਕਾਣਿਆਂ 'ਤੇ ਕਾਰਵਾਈ ਕੀਤੀ ਗਈ ਹੈ। ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੇ ਨਾਤੇ, ਮੈਂ ਏਜੰਸੀਆਂ ਦਾ ਪੂਰਾ ਸਹਿਯੋਗ ਕਰਾਂਗਾ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਸੱਚ ਦੀ ਜਿੱਤ ਹੋਵੇਗੀ।' 'ਆਪ' ਦੇ ਕੌਮੀ ਬੁਲਾਰੇ ਅਨੁਰਾਗ ਢਾਂਡਾ ਨੇ ਦਾਅਵਾ ਕੀਤਾ ਕਿ ਤਿੰਨ ਦਿਨਾਂ ਦੇ ਅੰਦਰ ਪੰਜਾਬ ਵਿੱਚ 'ਆਪ' ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲਾ ਇਹ ਦੂਜਾ ਈ ਡੀ ਛਾਪਾ ਹੈ। ਢਾਂਡਾ ਨੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਆਲੋਚਨਾ ਕਰਦਿਆਂ ਉਨ੍ਹਾਂ 'ਤੇ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰਨ ਅਤੇ ਲੋਕਤੰਤਰੀ ਮਾਪਦੰਡਾਂ ਨੂੰ ਢਾਹ ਲਾਉਣ ਦਾ ਦੋਸ਼ ਲਾਇਆ।

## ਚੀਮਾ ਵੱਲੋਂ 25 ਨਵੇਂ ...

ਭੂਗੋਲਿਕ ਪਹੁੰਚ ਦੀ ਲੋੜ 'ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ, ਵੱਧ ਤੋਂ ਵੱਧ ਭੂਗੋਲਿਕ ਕਵਰੇਜ ਅਤੇ ਕਾਰਜਸ਼ੀਲ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ, ਵਿਭਾਗ ਨੇ ਲਗਭਗ 2.21 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ ਇਹ 25 ਬਲੈਰੋ ਵਾਹਨ ਖਰੀਦੇ ਹਨ। ਇਹਨਾਂ ਵਾਹਨਾਂ ਨੂੰ ਵੱਖ-ਵੱਖ ਜ਼ਿਲ੍ਹਿਆਂ, ਇਨਫੋਰਸਮੈਂਟ ਵਿੰਗਾਂ ਅਤੇ ਸਾਡੀਆਂ ਮਹੱਤਵਪੂਰਨ ਮੋਬਾਈਲ ਯੂਨਿਟਾਂ ਵਿੱਚ ਤਾਇਨਾਤ ਕੀਤਾ ਜਾਵੇਗਾ।

## ਸਿਆਸੀ ਸੂਝ ਵਾਲੇ ...

ਪ੍ਰਵਿਰਤੀ ਦੀ ਸ਼ਖਤ ਸ਼ਬਦਾਂ ਵਿੱਚ ਨਿੰਦਾ ਕੀਤੀ।ਉਹਨਾਂ ਸਿਆਸਤਦਾਨਾਂ ਨੂੰ ਬਾਬਾ ਫਰੀਦ ਦੀ ਰਚਨਾ ਦਰਵੇਸਾਂ ਨੋ ਲੋੜੀਐ ਰੁੱਖਾਂ ਦੀ ਜੀਰਾਂਦ ਵੱਲ ਗੌਰ ਕਰਨ ਦੀ ਸਲਾਹ ਦਿੱਤੀ।ਉਨ੍ਹਾਂ ਕਿਹਾ ਕਿ ਜਿਹੜੇ ਨੌਜਵਾਨ ਸਿੰਥੈਟਿਕ ਨਸ਼ਿਆਂ ਦੇ ਆਦੀ ਹੋ ਚੁੱਕੇ ਹਨ, ਉਨ੍ਹਾਂ ਦਾ ਪਿੱਛੇ ਮੁੜਨਾ ਮੁਸ਼ਕਿਲ ਹੈ। ਉਨ੍ਹਾਂ ਦਾ ਚਿਕਿਤਸਕ ਤੇ ਸਮਾਜੀ ਤੌਰ 'ਤੇ ਇਲਾਜ ਹੋਣਾ ਚਾਹੀਦਾ ਹੈ। ਉਨ੍ਹਾਂ ਪਿਛਲੇ ਸਮੇਂ ਤੋਂ ਪੰਜਾਬ ਅੰਦਰ ਵਧ ਰਹੇ ਸਮਾਜਿਕ ਨਿਘਾਰ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ। ਸੰਤ ਸੀਚੇਵਾਲ ਨੇ ਇੱਕ ਪਿੰਡ ਦੇ ਹਵਾਲੇ ਨਾਲ ਕਿਹਾ ਕਿ ਉੱਥੇ ਪਹਿਲਾਂ ਚੋਰੀਆਂ ਦੀ ਮਾਰ ਸੀ, ਫਿਰ ਉਹ ਅਫੀਮ ਡੋਡਿਆਂ ਲਈ ਮਸ਼ਹੂਰ ਰਿਹਾ ਤੇ ਅੱਜ ਕੱਲ੍ਹ 'ਚਿੱਟੇ' ਦਾ ਦੌਰ ਦੌਰਾ ਹੈ। ਸਿਆਸਤ ਵਿੱਚ ਆਏ ਨਿਘਾਰ ਸਬੰਧੀ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦਿੰਦਿਆਂ ਰਾਜ ਸਭਾ ਮੈਂਬਰ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਸਿਆਸਤ ਵਿੱਚ ਸਿਆਸੀ ਸੂਝ ਤੋਂ ਊਣੇ ਲੋਕਾਂ ਦਾ ਸ਼ਾਮਲ ਹੋਣਾ ਵੀ ਹੋਰ ਕਾਰਨਾਂ ਵਿੱਚੋਂ ਇੱਕ ਹੈ। ਇਸ ਲਈ ਇਮਾਨਦਾਰ ਤੇ ਸਿਆਸੀ ਸਮਝ ਵਾਲੇ ਲੋਕਾਂ ਨੂੰ ਸਿਆਸਤ ਵਿੱਚ ਆਉਣਾ ਚਾਹੀਦਾ ਹੈ। ਪਾਰਲੀਮੈਂਟ ਵਿੱਚ ਕਈ ਵਾਰ ਕਾਵਾਂਰੌਲੀ ਦਾ ਮਾਹੌਲ ਬਣ ਜਾਣ ਬਾਰੇ ਸੰਤ ਸੀਚੇਵਾਲ ਨੇ ਕਿਹਾ ਕਿ ਸਿਆਸੀ ਸੂਝ ਦੀ ਘਾਟ ਹੀ ਇਸ ਦਾ ਕਾਰਨ ਬਣਦੀ ਹੈ। ਦੋਨਾ ਇਲਾਕੇ ਵਿੱਚ ਖਰਬੂਜ਼ੇ ਦੀ ਫਸਲ ਦੀ ਘਟ ਹੋ ਰਹੀ ਪੈਦਾਵਾਰ ਬਾਰੇ ਸੰਤ ਸੀਚੇਵਾਲ ਨੇ ਖੇਤੀ ਮਾਹਰਾਂ ਵਾਂਗ ਗੱਲ ਕਰਦਿਆਂ ਕਿਹਾ ਕਿ ਇਸ ਇਲਾਕੇ ਵਿੱਚ ਮੱਕੀ ਦੀ ਬਹੁਤ ਜਿਆਦਾ ਖੇਤੀ ਹੋਣ ਲੱਗ ਪਈ ਹੈ।

ਇਹ ਵੱਧ ਪਾਣੀ ਪੀਂਦੀ ਹੈ। ਇਸ ਨਾਲ ਨਮੀ ਤੇ ਹੁੰਮਸ ਪੈਦਾ ਹੁੰਦੀ ਹੈ। ਖਰਬੂਜ਼ੇ ਦੀ ਫਸਲ ਖੁਸ਼ਕ ਵਾਤਾਵਰਣ ਵਿੱਚ ਵਧੇਰੇ ਵਧਦੀ ਫੁੱਲਦੀ ਹੈ। ਹੁੰਮਸ ਤੇ ਨਮੀ ਕਾਰਨ ਖਰਬੂਜ਼ੇ ਦੀ ਫਸਲ ਤੋਂ ਕਿਸਾਨ ਪਾਸਾ ਵੱਟ ਰਹੇ ਹਨ। ਗੱਲਬਾਤ ਦੌਰਾਨ ਏਕ ਓਕਾਂਰ ਚੈਰੀਟੇਬਲ ਟਰੱਸਟ ਨਿਰਮਲ ਕੁਟੀਆ ਦੇ ਸਕੱਤਰ ਸੁਰਜੀਤ ਸਿੰਘ ਸ਼ੈਂਟੀ ਵੀ ਮੌਜੂਦ ਸਨ।

## 21 ਨੂੰ ਮੋਦੀ ਤੇ ...

ਅਤੇ ਤਾਨਾਸ਼ਾਹੀ ਵਰਤਾਰਾ ਕਰਾਰ ਦਿੱਤਾ ਹੈ। ਪੰਜਾਬ ਏਟਕ ਉਤਰ ਪ੍ਰਦੇਸ਼ ਦੀ ਯੋਗੀ ਸਰਕਾਰ ਅਤੇ ਹਰਿਆਣਾ ਸਰਕਾਰ ਦੇ ਮਜ਼ਦੂਰਾਂ ਵਿਰੁੱਧ ਅਪਣਾਏ ਗਏ ਦਮਨਕਾਰੀ ਰਵੱਈਏ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਮਜ਼ਦੂਰਾਂ ਦੇ ਮਸਲੇ ਹੱਲ ਕੀਤੇ ਜਾਣ ਅਤੇ ਮਜ਼ਦੂਰਾਂ 'ਤੇ ਬਣਾਏ ਫੌਜਦਾਰੀ ਕੇਸ ਵਾਪਸ ਲੈ ਕੇ ਉਨ੍ਹਾਂ ਨੂੰ ਡਿਊਟੀਆਂ 'ਤੇ ਪਾਇਆ ਜਾਵੇ। ਪੰਜਾਬ ਏਟਕ ਵੱਲੋਂ ਦੂਸਰੇ ਟਰੇਡ ਯੂਨੀਅਨਾਂ ਸੰਗਠਨਾਂ ਨਾਲ ਸਾਂਝੇ ਤੌਰ 'ਤੇ 21 ਅਪ੍ਰੈਲ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਾ ਹੈਡਕੁਆਟਰਾਂ ਅਤੇ ਸਨਅਤੀ ਕੇਂਦਰਾਂ 'ਤੇ ਵੱਖ-ਵੱਖ ਤਰੀਕਿਆਂ ਨਾਲ ਰੈਲੀਆਂ ਮੁਜ਼ਾਹਰੇ ਕਰਕੇ ਰੋਸ ਪ੍ਰਗਟ ਕੀਤਾ ਜਾਵੇਗਾ।

ਬਰਾੜ ਅਤੇ ਧਾਲੀਵਾਲ ਨੇ ਪੰਜਾਬ ਸਰਕਾਰ ਨੂੰ ਵੀ ਚਿਤਾਵਨੀ ਦਿੱਤੀ ਹੈ ਕਿ ਪਿਛਲੇ 12 ਸਾਲਾਂ ਤੋਂ ਘੱਟੋ-ਘੱਟ ਉਜਰਤਾਂ ਵਿੱਚ ਕੋਈ ਵਾਧਾ ਨਾ ਕੀਤੇ ਜਾਣ ਦੇ ਵਿਰੋਧ ਵਿੱਚ ਮੁਹਾਲੀ ਦੇ ਕਿਰਤ ਭਵਨ ਦੇ ਸਾਹਮਣੇ ਘੱਟੋ-ਘੱਟ ਉਜਰਤਾਂ 26000 ਰੁਪਏ ਪ੍ਰਤੀ ਮਹੀਨਾ ਕਰਨ ਦੀ ਮੰਗ ਨੂੰ ਲੈ ਕੇ 14 ਮਈ ਨੂੰ ਵਿਸ਼ਾਲ ਰੈਲੀ ਕੀਤੀ ਜਾਵੇਗੀ। ਆਗੂਆਂ ਨੇ ਸਮੁੱਚੇ ਪੰਜਾਬ ਦੇ ਮਜ਼ਦੂਰਾਂ ਨੂੰ ਅਪੀਲ ਕੀਤੀ ਹੈ ਕਿ ਇਸ ਰੈਲੀ ਵਿੱਚ ਵੱਡੀ ਪੱਧਰ 'ਤੇ ਸ਼ਿਰਕਤ ਕੀਤੀ ਜਾਵੇ। ਪੰਜਾਬ ਏਟਕ ਵਲੋਂ ਪੰਜਾਬ ਦੀਆਂ ਸਮੁੱਚੀਆਂ ਸੰਬੰਧਤ ਜਥੇਬੰਦੀਆਂ ਨੂੰ ਕਿਹਾ ਗਿਆ ਹੈ ਕਿ 21 ਅਪ੍ਰੈਲ ਨੂੰ ਨੋਇਡਾ ਅਤੇ ਮਾਨੇਸਰ ਦੀਆਂ ਘਟਨਾਵਾਂ ਦੇ ਵਿਰੁੱਧ ਹੋਣ ਵਾਲੇ ਐਕਸ਼ਨਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇ।

# ਗੰਗਾ ਇੰਟਰਨੈਸ਼ਨਲ ਸਕੂਲ ਦੇ ਨਤੀਜੇ ਸ਼ਾਨਦਾਰ ਰਹੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸੀਬੀਐੱਸਈ ਵੱਲੋਂ ਦਸਵੀਂ ਦੀ ਪ੍ਰੀਖਿਆ ਦੇ ਨਤੀਜੇ ਐਲਾਨੇ ਸਾਲਾਨਾ ਨਤੀਜਿਆਂ ਵਿੱਚ ਗੰਗਾ ਇੰਟਰਨੈਸ਼ਨਲ ਸਕੂਲ ਢਾਬੀ ਗੁੱਜਰਾਂ ਦੇ ਵਿਦਿਆਰਥੀਆਂ ਨੇ ਕਾਮਯਾਬੀ ਦੇ ਝੰਡੇ ਗੱਡੇ।ਸਕੂਲ ਦੀ ਵਾਈਸ ਚੇਅਰਪਰਸਨ ਮੈਡਮ ਗੀਨਾ ਚੀਮਾ ਨੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਸਫਲਤਾ ਲਈ ਵਧਾਈਆਂ ਦਿੱਤੀਆਂ।ਉਨ੍ਹਾਂ ਦੱਸਿਆ ਕਿ ਪਹਿਲੇ ਸਥਾਨ 'ਤੇ ਸੁਜਲ ਦੇਵੀ ਨੇ 97.2 ਪ੍ਰਤੀਸ਼ਤ, ਦੂਜੇ ਸਥਾਨ 'ਤੇ ਐਸ਼ਮੀਨ ਕੌਰ ਨੇ 96.6 ਫੀਸਦੀ, ਜਦਕਿ ਤੀਜੇ ਸਥਾਨ 'ਤੇ ਐਸ਼ਮੀਨ ਕੌਰ ਤੇ ਅਭਿਜੋਤ ਕੌਰ ਨੇ 96.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਚੌਥੇ ਸਥਾਨ 'ਤੇ ਹਰਮੋਲ ਸਿੰਘ ਨੇ 95.8 ਪ੍ਰਤੀਸ਼ਤ ਤੇ ਪੰਜਵੇਂ ਸਥਾਨ 'ਤੇ ਅਵਨੀਤ ਕੌਰ ਨੇ 94.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਮੈਰਿਟ ਸੂਚੀ ਵਿੱਚ ਆਪਣੀ ਥਾਂ ਬਣਾਈ।ਇਨ੍ਹਾਂ ਤੋਂ ਇਲਾਵਾ ਦਸ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਤੇ 12 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ।

## ਓਰੀਐਂਟ ਸਕੂਲ ਦਾ ਦਸਵੀਂ ਦਾ ਨਤੀਜਾ ਸੌ ਫੀਸਦੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੀ.ਬੀ.ਐੱਸ.ਈ. ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ 'ਚ ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਵਿਦਿਆਰਥਣ ਰੀਆ ਨੇ 97 ਪ੍ਰਤੀਸ਼ਤ ਅੰਕ ਪ੍ਰਾਪਤ ਕਰ ਸਕੂਲ 'ਚੋਂ ਪਹਿਲਾ, ਹਰਜੋਤ ਕੌਰ ਨੇ 94 ਪ੍ਰਤੀਸ਼ਤ ਅੰਕ ਲੈ ਕੇ ਦੂਜਾ ਤੇ ਹਰਪ੍ਰੀਤ ਸਿੰਘ ਨੇ 92.2 ਪ੍ਰਤੀਸ਼ਤ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਡਾਇਰੈਕਟਰ ਰਜਤ ਸ਼ਰਮਾ ਨੇ ਕਿਹਾ ਅਸੀਂ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਤੋਂ ਬਹੁਤ ਖੁਸ਼ ਹਾਂ। ਇਹ ਸਫਲਤਾ ਵਿਦਿਆਰਥੀਆਂ ਦੀ ਅਣਥੱਕ ਮਿਹਨਤ, ਸਟਾਫ਼ ਮੈਂਬਰਾਂ ਦੀ ਅਗਵਾਈ ਤੇ ਮਾਪਿਆਂ ਦੇ ਨਿਰੰਤਰ ਸਮਰਥਨ ਦਾ ਨਤੀਜਾ ਹੈ। ਸਕੂਲ ਪ੍ਰਿੰਸੀਪਲ ਨੇ ਸਟਾਫ਼ ਮੈਂਬਰਾਂ ਦੀ ਸ਼ਲਾਘਾ ਕੀਤੀ ਤੇ ਬੱਚਿਆਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

## ਕੇ ਐੱਸ ਬੀ ਦਾ ਨਤੀਜਾ ਸ਼ਾਨਦਾਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕੇਐੱਸਬੀ ਵਰਲਡ ਸਕੂਲ ਦੀ ਦਸਵੀਂ ਜਮਾਤ ਦਾ ਸੀਬੀਐੱਸਈ ਵੱਲੋਂ ਐਲਾਨਿਆ ਗਿਆ ਨਤੀਜਾ ਸੌ ਫੀਸਦੀ ਰਿਹਾ ਹੈ।ਸਕੂਲ ਪ੍ਰੈਜ਼ੀਡੈਂਟ ਗੁਰਲਾਡ ਸਿੰਘ ਕਾਹਲੋਂ, ਚੇਅਰਮੈਨ ਨਰੇਸ਼ ਕੁਮਾਰ ਤੇ ਚੇਅਰਪਰਸਨ ਗੀਨਾ ਚੀਮਾ ਨੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਨੂੰ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਅਨੀਤਾ ਸਹੁੰਜਾ ਨੇ ਦੱਸਿਆ ਕਿ ਵਿਦਿਆਰਥਣ ਮੰਨਤ ਨੇ ਪਹਿਲਾ, ਜਸ਼ਨਪ੍ਰੀਤ ਕੌਰ ਨੇ ਦੂਜਾ ਤੇ ਖੁਸ਼ਨੂਰ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।

## ਕੈਬਨਿਟ ਮੰਤਰੀ ਗੋਇਲ ਵੱਲੋਂ ਕਰੋੜਾਂ ਦੀ ਲਾਗਤ ਵਾਲੇ ਪੁਲ ਪ੍ਰੋਜੈਕਟਾਂ ਦੀ ਸ਼ੁਰੂਆਤ

**ਮੰਡਵੀ ਤੇ ਫੂਲਦ 'ਚ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ**



**ਸੰਗਰੂਰ/ਮੂਨਕ (ਪ੍ਰਵੀਨ ਸਿੰਘ/ਰਾਜਪਾਲ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਲੋਕਾਂ ਨੂੰ ਵਧੀਆ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸ ਤਹਿਤ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਗਭਗ 20 ਕਰੋੜ 29 ਲੱਖ ਰੁਪਏ ਦੀ ਕੁੱਲ ਲਾਗਤ ਵਾਲੇ ਦੋ ਮਹੱਤਵਪੂਰਨ ਪੁਲ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ।ਇਸ ਦੌਰਾਨ ਪਿੰਡ ਮੰਡਵੀ ਵਿਖੇ ਲਗਭਗ 11 ਕਰੋੜ 61 ਲੱਖ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਪੁਲ ਨੂੰ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ।ਮੰਤਰੀ ਨੇ ਦੱਸਿਆ ਕਿ ਇਸ ਪੁਲ ਦੇ ਚੌੜੇ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਦਿੱਕਤਾਂ ਤੋਂ ਰਾਹਤ ਮਿਲੇਗੀ ਅਤੇ ਟ੍ਰੈਫਿਕ ਦਾ ਬੋਝ ਘਟੇਗਾ।ਉਨ੍ਹਾਂ ਕਿਹਾ ਕਿ ਘੱਗਰ ਦਰਿਆ ਉੱਤੇ ਬਣਿਆ ਇਹ ਪੁਲ ਇਲਾਕੇ ਲਈ ਬਹੁਤ ਹੀ ਮਹੱਤਵਪੂਰਨ ਕੜੀ ਹੈ ਤੇ ਇਸ ਦੀ ਅਪਗ੍ਰੇਡੇਸ਼ਨ ਨਾਲ ਸੁਰੱਖਿਆ ਤੇ ਸਹੂਲਤ ਦੋਹਾਂ ਵਿੱਚ ਵਾਧਾ ਹੋਵੇਗਾ।ਇਸ ਤੋਂ ਇਲਾਵਾ ਕੈਬਨਿਟ ਮੰਤਰੀ ਵੱਲੋਂ ਪਿੰਡ ਫੂਲਦ ਵਿਖੇ ਕਰੀਬ 8 ਕਰੋੜ 68 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪੁਲ ਦਾ ਨੀਂਹ ਪੱਥਰ ਵੀ ਰੱਖਿਆ ਗਿਆ।ਉਨ੍ਹਾਂ ਕਿਹਾ ਕਿ ਇਸ ਨਵੇਂ ਪੁਲ ਦੇ ਨਿਰਮਾਣ ਨਾਲ ਆਸ-ਪਾਸ ਦੇ ਕਈ ਪਿੰਡਾਂ ਨੂੰ ਸਿੱਧੀ ਤੇ ਸੁਚੱਜੀ ਕੁਨੈਕਟੀਵਿਟੀ ਮਿਲੇਗੀ, ਜਿਸ ਨਾਲ ਲੋਕਾਂ ਦੀ ਜ਼ਿੰਦਗੀ ਹੋਰ ਸੁਖਾਲੀ ਬਣੇਗੀ।ਇਸ ਮੌਕੇ ਇਲਾਕੇ ਦੇ ਪ੍ਰਮੁੱਖ ਵਿਅਕਤੀ, ਸਰਕਾਰੀ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਅਜੀਤਵਾਲ ਦਾ ਦਸਵੀਂ ਦਾ ਨਤੀਜਾ ਸੌ ਫੀਸਦੀ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਨੇ ਇੱਕ ਵਾਰ ਫਿਰ ਆਪਣੀ ਉੱਚ ਸਿੱਖਿਆ ਦੇ ਮਿਆਰ ਨੂੰ ਸਾਬਿਤ ਕਰਦਿਆਂ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਇਸ ਸਾਲ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ, ਜੋ ਕਿ ਸਕੂਲ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਵਜੋਂ ਦਰਜ ਹੋਇਆ ਹੈ।ਇਸ ਕਾਮਯਾਬੀ ਨੇ ਨਾ ਸਿਰਫ਼ ਸਕੂਲ ਦਾ ਮਾਣ ਵਧਾਇਆ ਹੈ, ਸਗੋਂ ਪੂਰੇ ਇਲਾਕੇ ਵਿੱਚ ਖੁਸ਼ੀ ਤੇ ਗੌਰਵ ਦਾ ਮਾਹੌਲ ਪੈਦਾ ਕੀਤਾ ਹੈ।ਪਹਿਲੇ ਨੰਬਰ ਲਈ ਜਸਕੀਰਤ ਕੌਰ ਤੇ ਅਵਨੀਤ ਕੌਰ ਨੇ 91 ਪ੍ਰਤੀਸ਼ਤ ਨੰਬਰ ਹਾਸਲ ਕੀਤੇ।ਪਰਮਪ੍ਰੀਤ ਨੇ 86% ਨੰਬਰ ਹਾਸਲ ਕਰਕੇ ਦੂਜਾ ਤੇ ਹਿਮਾਂਸ਼ੂ ਚੌਧਰੀ ਨੇ 85% ਨੰਬਰ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਕਈ ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਵੱਧ ਅੰਕ ਹਾਸਲ ਕੀਤੇ, ਜਦਕਿ ਕੁਝ ਹੋਣਹਾਰ ਵਿਦਿਆਰਥੀਆਂ ਨੇ 95 ਪ੍ਰਤੀਸ਼ਤ ਤੋਂ ਵੀ ਉੱਪਰ ਅੰਕ ਪ੍ਰਾਪਤ ਕਰਕੇ ਵਿਸ਼ੇਸ਼ ਮਾਣ ਹਾਸਲ ਕੀਤਾ।ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਇਸ ਕਾਮਯਾਬੀ 'ਤੇ ਖੁਸ਼ੀ ਜਤਾਉਂਦੇ ਹੋਏ ਕਿਹਾ ਕਿ ਇਹ ਨਤੀਜੇ ਸਾਰੇ ਸਟਾਫ ਤੇ ਵਿਦਿਆਰਥੀਆਂ ਦੀ ਸਾਂਝੀ ਮਿਹਨਤ ਦਾ ਨਤੀਜਾ ਹਨ।ਉਨ੍ਹਾਂ ਕਿਹਾ ਕਿ ਸਕੂਲ ਦਾ ਮੁੱਖ ਲਕਸ਼ ਸਿਰਫ਼ ਅਕਾਦਮਿਕ ਪ੍ਰਦਰਸ਼ਨ ਹੀ ਨਹੀਂ, ਬਲਕਿ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਨੂੰ ਯਕੀਨੀ ਬਣਾਉਣਾ ਹੈ।ਇਸ ਲਈ ਸਕੂਲ ਵਿੱਚ ਸਿੱਖਿਆ ਦੇ ਨਾਲ-ਨਾਲ ਅਨੁਸ਼ਾਸਨ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਨੈਤਿਕ ਮੁੱਲਾਂ 'ਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਨੇ ਆਗਾਮੀ ਸਮੇਂ ਲਈ ਵੀ ਉੱਚ ਮਿਆਰੀ ਸਿੱਖਿਆ ਦੇਣ ਦਾ ਵਿਸ਼ਵਾਸ ਦਿਵਾਇਆ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਉਚਾਈਆਂ ਛੂਹਣ ਲਈ ਪ੍ਰੇਰਿਤ ਕੀਤਾ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜੈਮਸ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ, ਭਾਵਿਕਾ ਗਰਗ ਰਹੀ ਸਕੂਲ 'ਚੋਂ ਅੱਵਲ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਸੀ.ਬੀ.ਐੱਸ.ਈ. ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਸਥਾਨਕ ਜੈਮਸ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਆਪਣੀ ਅਕਾਦਮਿਕ ਸੇਵਾਵਾਂ ਦਾ ਲੋਹਾ ਮਨਵਾਉਂਦਿਆਂ 100 ਫੀਸਦੀ ਪਾਸ ਪ੍ਰਤੀਸ਼ਤਤਾ ਹਾਸਲ ਕੀਤੀ ਹੈ।ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸੰਸਥਾ ਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ।ਦੱਸਣਯੋਗ ਹੈ ਕਿ ਇਨ੍ਹਾਂ ਨਤੀਜਿਆਂ ਵਿੱਚ ਸਕੂਲ ਦੀ ਵਿਦਿਆਰਥਣ ਭਾਵਿਕਾ ਗਰਗ ਨੇ 94 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਪਹਿਲਾ ਤੇ ਰਸਨਮ ਕੰਬੋਜ ਨੇ 91 ਫੀਸਦੀ ਅੰਕਾਂ ਨਾਲ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਸਕੂਲ ਦੇ ਬਾਕੀ ਵਿਦਿਆਰਥੀਆਂ ਨੇ ਵੀ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਉੱਚੇ ਗ੍ਰੇਡ ਹਾਸਲ ਕੀਤੇ ਹਨ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਮੰਜਰੀ ਤੇਜਪਾਲ ਨੇ ਸਾਰੇ ਸਫਲ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੇ ਸੁਹਿਰਦ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਅਧਿਆਪਕਾਂ ਦੇ ਸਮਰਪਣ ਤੇ ਵਚਨਬੱਧਤਾ ਦੀ ਵੀ ਵਿਸ਼ੇਸ਼ ਤੌਰ 'ਤੇ ਤਾਰੀਫ਼ ਕੀਤੀ।ਸਕੂਲ ਪ੍ਰਬੰਧਕੀ ਕਮੇਟੀ ਨੇ ਇਸ ਸ਼ਾਨਦਾਰ ਪ੍ਰਾਪਤੀ 'ਤੇ ਮਾਣ ਪ੍ਰਗਟ ਕਰਦਿਆਂ ਸਮੂਹ ਸਟਾਫ ਤੇ ਮਾਪਿਆਂ ਨੂੰ ਵਧਾਈ ਦਿੱਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਵੀ ਉਚਾਈਆਂ ਛੂਹਣ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

## ਚੋਰੀ ਦੇ 3 ਮੋਟਰਸਾਈਕਲ, ਐਕਟਿਵਾ ਤੇ 5 ਮੋਬਾਇਲਾਂ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ 3 ਮੋਟਰਸਾਈਕਲ, 1 ਐਕਟਿਵਾ ਤੇ 5 ਮੋਬਾਇਲ ਫੋਨ ਸਮੇਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਇਤਲਾਹ ਮਿਲੀ ਕਿ ਦੋਸ਼ੀਆਨ ਕਾਲਾ ਉਰਫ ਸਾਜਨ ਪੁੱਤਰ ਅਨੈਤ ਵਾਸੀ ਦਾਨਾ ਮੰਡੀ ਨੇੜੇ ਮਾਰਕੀਟ ਕਮੇਟੀ ਦਫਤਰ ਫਿਰੋਜ਼ਪੁਰ ਸ਼ਹਿਰ ਤੇ ਦੀਪਕ ਉਰਫ ਖੰਡੀ ਵਾਸੀ ਬਾਰਾ ਨਾਨਕ ਮੁਹੱਲਾ ਬੋਹੜ ਐੱਮਸੀ ਵਾਲੀ ਗਲੀ, ਫਿਰੋਜ਼ਪੁਰ ਸ਼ਹਿਰ ਮੋਟਰਸਾਈਕਲ ਚੋਰੀ ਕਰਨ ਤੇ ਮੋਬਾਇਲ ਫੋਨ ਖੋਹ ਕਰਕੇ ਅੱਗੇ ਵੇਚਣ ਦੇ ਆਦੀ ਹਨ, ਜੋ ਅੱਜ ਵੀ ਬਸਤੀ ਭੱਟੀਆਂ ਵਾਲੀ ਤੋਂ ਅੱਗੇ ਝਾੜੀਆਂ ਪਾਸ ਖੜੇ ਹਨ। ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਉਹ ਮੋਟਰਸਾਈਕਲ ਤੇ ਮੋਬਾਇਲ ਫੋਨ ਸਮੇਤ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਜਦ ਉਕਤ ਜਗ੍ਹਾ 'ਤੇ ਛਾਪੇਮਾਰੀ ਕੀਤੀ ਗਈ ਤਾਂ ਦੋਸ਼ੀਆਨ ਕਾਲਾ ਉਰਫ ਸਾਜਨ ਤੇ ਦੀਪਕ ਉਰਫ ਖੰਡੀ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਚੋਰੀ ਦੇ 3 ਮੋਟਰਸਾਈਕਲ, 1 ਐਕਟਿਵਾ ਤੇ 5 ਮੋਬਾਇਲ ਫੋਨ ਬਰਾਮਦ ਕੀਤੇ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਅਮਰੀਕੀਆਂ ਦੀ ਬਦਲਦੀ ਸੋਚ

ਡੋਨਾਲਡ ਟਰੰਪ ਦੀ ਰਿਪਬਲਿਕਨ ਪਾਰਟੀ ਦੀ ਬਹੁਮਤ ਵਾਲੀ 100 ਮੈਂਬਰੀ ਸੈਨੇਟ 'ਚ ਇਜ਼ਰਾਈਲ ਨੂੰ ਮਿਲਟਰੀ ਬੁਲਡੋਜ਼ਰਾਂ ਦੀ ਸਪਲਾਈ ਰੋਕਣ ਦਾ ਬਿੱਲ ਭਾਵੇਂ ਬੀਤੇ ਦਿਨ ਪਾਸ ਨਹੀਂ ਹੋ ਸਕਿਆ, ਪਰ ਵੋਟਾਂ ਦੀ ਗਿਣਤੀ ਦਾ ਫਰਕ ਦੱਸਦਾ ਹੈ ਕਿ ਅਮਰੀਕੀਆਂ ਵਿੱਚ ਇਜ਼ਰਾਈਲੀ ਨੀਤੀਆਂ ਖਿਲਾਫ ਨਾਰਾਜ਼ਗੀ ਵਧ ਰਹੀ ਹੈ। ਅਮਰੀਕਾ ਦੀਆਂ ਦੋਨੋਂ ਰਿਪਬਲਿਕਨ ਤੇ ਡੈਮੋਕਰੇਟਿਕ ਪਾਰਟੀਆਂ ਇਜ਼ਰਾਈਲ ਦੀ ਤਰਫਦਾਰੀ ਕਰਦੀਆਂ ਰਹੀਆਂ ਹਨ, ਪਰ ਵੋਟਿੰਗ ਸਮੇਂ ਡੈਮੋਕਰੇਟਿਕ ਪਾਰਟੀ ਦੇ ਸਿਰਫ 7 ਸੈਨੇਟਰਾਂ ਨੇ ਪਾਰਟੀ ਲਾਈਨ ਦੇ ਵਿਰੁੱਧ ਜਾ ਕੇ ਸਰਕਾਰ ਦਾ ਸਾਥ ਦਿੱਤਾ ਅਤੇ ਬਿੱਲ 40 ਦੇ ਮੁਕਾਬਲੇ 59 ਵੋਟਾਂ ਨਾਲ ਡਿਗ ਗਿਆ। ਜੰਗ ਵਿਰੋਧੀ ਅਮਰੀਕੀ ਇਸ ਨੂੰ 'ਇਤਿਹਾਸਕ' ਪ੍ਰਗਤੀ ਦਾ ਚਿੰਨ੍ਹ ਮੰਨ ਰਹੇ ਹਨ। ਹਾਲਾਂਕਿ ਬਿੱਲ ਪਾਸ ਨਹੀਂ ਹੋ ਸਕਿਆ, ਪਰ ਵੋਟਿੰਗ ਤੋਂ ਸਪੱਸ਼ਟ ਹੋ ਗਿਆ ਕਿ ਸੈਨੇਟ ਦੇ ਬਹੁਗਿਣਤੀ ਡੈਮੋਕਰੇਟ ਇਜ਼ਰਾਈਲ ਨੂੰ ਬਿਨਾਂ ਸ਼ਰਤ ਮਦਦ ਦੇਣ ਦੇ ਵਿਰੁੱਧ ਹਨ। ਇਹ ਵੋਟਿੰਗ ਸਿਰਫ ਹਥਿਆਰਾਂ ਦੀ ਵਿਕਰੀ 'ਤੇ ਹੀ ਨਹੀਂ ਹੋਈ, ਸਗੋਂ ਇਹ ਈਰਾਨ ਨਾਲ ਜੰਗ ਨੂੰ ਵਧਾਉਣ ਦੀ ਵਿਰੋਧਤਾ ਵੱਲ ਵੀ ਸੰਕੇਤ ਕਰਦੀ ਹੈ।

ਅਮਰੀਕੀ ਕਾਂਗਰਸ ਦੀ ਸਹਿਮਤੀ ਤੋਂ ਬਿਨਾਂ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਵੱਲੋਂ ਕੀਤੇ ਗਏ ਹਮਲਿਆਂ ਵਿਰੁੱਧ ਵਧ ਰਹੇ ਗੁੱਸੇ ਦਰਮਿਆਨ ਅਗਾਂਹਵਧੂ ਸੈਨੇਟਰ ਬਰਨੀ ਸੈਂਡਰਸ ਨੇ ਬਿੱਲ ਪੇਸ਼ ਕੀਤਾ ਸੀ। ਐਡਮ ਸ਼ਿਫ, ਕੋਰੀ ਬੁਕਰ ਤੇ ਐਮੀ ਕਲੋਬੁਚਰ ਵਰਗੇ ਕੁਝ ਕੱਟੜ ਇਜ਼ਰਾਈਲ ਹਮਾਇਤੀ ਸੈਨੇਟਰਾਂ ਨੇ ਵੀ ਬਿੱਲ ਦੀ ਹਮਾਇਤ ਕੀਤੀ।

ਇਜ਼ਰਾਈਲੀ ਫੌਜ ਲਿਬਨਾਨ ਤੇ ਗਾਜ਼ਾ ਵਿੱਚ ਬੁਲਡੋਜ਼ਰ ਨਾਲ ਸਭ ਕੁਝ ਮਲੀਆਮੇਟ ਕਰ ਰਹੀ ਹੈ, ਜਿਸ ਨੂੰ ਅਮਰੀਕਾ ਦੇ ਮਨੁੱਖੀ ਅਧਿਕਾਰ ਕਾਰਕੁੰਨ ਨਸਲਕੁਸ਼ੀ ਦੇ ਬਰਾਬਰ ਮੰਨਦੇ ਹਨ। ਬੁਲਡੋਜ਼ਰਾਂ ਦੀ ਸਪਲਾਈ ਰੋਕਣ ਤੋਂ ਇਲਾਵਾ ਇਜ਼ਰਾਈਲ ਨੂੰ 450 ਕਿੱਲੋ ਵਾਲੇ ਬੰਬ ਦੇਣ ਦੇ ਖਿਲਾਫ ਵੀ ਬੁੱਧਵਾਰ ਬਿੱਲ ਪੇਸ਼ ਹੋਇਆ ਸੀ ਤੇ ਇਸ ਦੀ ਵੀ ਡੈਮੋਕਰੇਟਾਂ ਨੇ ਪੂਰੀ ਹਮਾਇਤ ਕੀਤੀ। ਇਸ ਤੋਂ ਪਹਿਲਾਂ ਇਜ਼ਰਾਈਲ ਨੂੰ ਹਥਿਆਰ ਸਪਲਾਈ ਰੋਕਣ ਵਾਲੇ ਬਿੱਲਾਂ ਨੂੰ ਬਹੁਤੀ ਹਮਾਇਤ ਨਹੀਂ ਮਿਲਦੀ ਸੀ। 2024 ਵਿੱਚ ਇਜ਼ਰਾਈਲ ਨੂੰ ਹਥਿਆਰ ਦੇਣ ਦਾ ਵਿਰੋਧ ਕਰਨ ਵਾਲਿਆਂ ਨਾਲੋਂ ਐਤਕੀਂ ਦੁੱਗਣਿਆਂ ਨੇ ਵਿਰੋਧ ਕੀਤਾ। ਸੈਂਡਰਸ ਨੇ ਕਿਹਾ ਹੈ ਕਿ ਇਹ ਤਬਦੀਲੀ ਅਮਰੀਕੀਆਂ ਦੀ ਸੋਚ ਵਿੱਚ ਆ ਰਹੇ ਬਦਲਾਅ ਨੂੰ ਦਰਸਾਉਂਦੀ ਹੈ। ਉਨ੍ਹਾ ਕਿਹਾ, "ਅਮਰੀਕੀ, ਚਾਹੇ ਉਹ ਡੈਮੋਕਰੇਟ ਹਨ, ਰਿਪਬਲੀਕਨ ਹਨ ਜਾਂ ਆਜ਼ਾਦ, ਸਭ ਚਾਹੁੰਦੇ ਹਨ ਕਿ ਟੈਕਸਾਂ ਨਾਲ ਇਕੱਠਾ ਕੀਤਾ ਧਨ ਅਮਰੀਕੀਆਂ ਦੀ ਜ਼ਿੰਦਗੀ ਸੁਧਾਰਨ ਲਈ ਲਾਇਆ ਜਾਵੇ, ਨਾ ਕਿ ਨੇਤਨਯਾਹੂ ਦੀ ਗੈਰਕਾਨੂੰਨੀ ਪਸਾਰਵਾਦੀ ਜੰਗ ਵਿੱਚ ਮੱਧ-ਪੂਰਬ ਵਿੱਚ ਬੇਗੁਨਾਹ ਮਹਿਲਾਵਾਂ ਤੇ ਬੱਚਿਆਂ ਨੂੰ ਕਤਲ ਕਰਨ ਲਈ।"

ਨਾਮੀ ਸੰਸਥਾ ਪਿਊ ਰਿਸਰਚ ਸੈਂਟਰ ਦੇ ਹਾਲੀਆ ਸਰਵੇ ਵਿੱਚ ਪਤਾ ਲੱਗਾ ਸੀ ਕਿ 60 ਫੀਸਦੀ ਅਮਰੀਕੀ ਬਾਲਗ ਇਜ਼ਰਾਈਲ ਪ੍ਰਤੀ ਹਮਦਰਦੀ ਨਹੀਂ ਰੱਖਦੇ। ਕੋਈ ਵੀ ਪਾਰਟੀ ਹੋਵੇ, ਉਸ ਦੇ ਨੌਜਵਾਨ ਹਮਾਇਤੀਆਂ ਵਿੱਚ ਇਜ਼ਰਾਈਲ ਲੋਕਪ੍ਰਿਯ ਨਹੀਂ।

# ਬੇਸਿੱਟਾ ਗੱਲਬਾਤ ਮਗਰੋਂ ਅਮਰੀਕੀ ਘਬਰਾਹਟ


ਡਾ. ਸੁਰਿੰਦਰ ਮੰਡ (ਪ੍ਰੋਫੈਸਰ)

ਗੋਲੀਬੰਦੀ ਤੋਂ ਬਾਅਦ ਇਸਲਾਮਾਬਾਦ ਵਿਚ ਅਮਰੀਕਾ ਅਤੇ ਈਰਾਨ ਦਰਮਿਆਨ ਜੋ ਪਹਿਲੀ ਸਿੱਧੀ ਸਮਝੌਤਾ ਵਾਰਤਾ ਦਸ ਅਪ੍ਰੈਲ ਨੂੰ 21 ਘੰਟੇ ਚੱਲੀ, ਇੰਜ ਦੇ ਕਾਰਨਾਂ ਕਰਕੇ ਬੇਨਤੀਜਾ ਰਹੀ ਅਤੇ ਬਖੇੜਾ ਵਧ ਗਿਆ ਹੈ।

ਅਮਰੀਕਾ ਵੱਲੋਂ ਵਾਈਸ ਪਰੈਜ਼ੀਡੈਂਟ ਜੇ ਡੀ ਵੈਂਸ, ਟਰੰਪ ਦਾ ਜਵਾਈ ਜੇਰਾਲਡ ਕੁਸ਼ਨਰ ਅਤੇ ਟਰੰਪ ਦੇ ਵਿਸ਼ੇਸ਼ ਦੂਤ ਵਿਟਕੌਫ਼ ਨੇ ਅਗਵਾਈ ਕੀਤੀ। ਦੂਜੇ ਪਾਸੇ ਇਰਾਨ ਵੱਲੋਂ ਵਿਦੇਸ਼ ਮੰਤਰੀ ਅਰਾਗ਼ਚੀ, ਸੰਸਦ ਦੇ ਸਪੀਕਰ ਕਾਲੀਬਾਫ਼ ਸਮੇਤ 60 ਮੈਂਬਰੀ ਡੈਲੀਗੇਸ਼ਨ ਸੀ। ਅਮਰੀਕੀ ਡੈਲੀਗੇਸ਼ਨ ਪਲ-ਪਲ ਦੀ ਜਾਣਕਾਰੀ ਟਰੰਪ ਨਾਲ ਸਾਂਝੀ ਕਰ ਰਿਹਾ ਸੀ, ਜਦਕਿ ਇਰਾਨੀ ਡੈਲੀਗੇਸ਼ਨ ਨੂੰ ਸਮਝੌਤਾ ਕਰਨ ਜਾਂ ਨਾ ਕਰਨ ਦੇ ਪੂਰੇ ਅਧਿਕਾਰ ਦੇ ਕੇ ਭੇਜਿਆ ਗਿਆ, ਤਾਂ ਕਿ ਬਾਰ-ਬਾਰ ਫੋਨ ਤੋਂ ਲੋਕੇਸ਼ਨ ਲੱਭ ਕੇ ਅਮਰੀਕਾ-ਇਜ਼ਰਾਈਲ ਮੁਜ਼ਤਬਾ ਖਾਮਨੇਈ ਉੱਤੇ ਹਮਲਾ ਨਾ ਕਰ ਦੇਣ। ਈਰਾਨ ਦਾ ਸਪੀਕਰ ਆਪਣੇ ਜਹਾਜ਼ ਦੀਆਂ 168 ਸੀਟਾਂ ਉੱਤੇ ਉਹਨਾਂ ਛੋਟੀਆਂ ਬੱਚੀਆਂ ਦੀਆਂ ਤਸਵੀਰਾਂ ਅਤੇ ਖੂਨ ਨਾਲ ਲਥਪਥ ਸਕੂਲ ਬੈਗ ਰੱਖ ਕੇ ਲਿਆਇਆ, ਜਿਨ੍ਹਾਂ ਨੂੰ ਹਮਲੇ ਦੇ ਪਹਿਲੇ ਦਿਨ ਹੀ ਮਾਰ ਦਿੱਤਾ ਗਿਆ ਸੀ। ਈਰਾਨੀ ਡੈਲੀਗੇਸ਼ਨ ਨੇ ਆਪਣਾ ਨਾਂਅ ਉਹਨਾਂ ਬੱਚੀਆਂ ਦੇ ਸਕੂਲ 'ਮੀਨਾਬ' ਦੇ ਨਾਂਅ ਉੱਤੇ 'ਮੀਨਾਬ 168' ਰੱਖਿਆ।

ਵਾਪਸੀ ਉੱਤੇ ਵੈਂਸ ਨੇ ਆਖਿਆ ਕਿ ਈਰਾਨ ਨੇ ਸਾਡੀਆਂ ਸ਼ਰਤਾਂ ਨਹੀਂ ਮੰਨੀਆਂ। ਬੁਰਾ ਹੋਇਆ, ਪਰ ਇਹ ਈਰਾਨ ਲਈ ਜ਼ਿਆਦਾ ਬੁਰਾ ਹੋਵੇਗਾ। ਇਹ ਧਮਕੀ ਸੀ। ਈਰਾਨੀ ਵਿਦੇਸ਼ ਮੰਤਰੀ ਅਰਾਗ਼ਚੀ ਨੇ ਆਖਿਆ ਕਿ ਅਮਰੀਕਾ ਜੋ ਸਾਡੇ ਕੋਲੋਂ ਹਮਲਾ ਕਰਕੇ ਨਹੀਂ ਖੋਹ ਸਕਿਆ, ਉਹ ਗੱਲਬਾਤ ਨਾਲ ਖੋਹਣਾ ਚਾਹੁੰਦਾ ਸੀ। ਇਸ ਪਹਿਲੀ ਮੀਟਿੰਗ ਵਿਚ ਦੋਵਾਂ ਨੇ ਇਕ-ਦੂਜੇ ਨੂੰ ਟੋਹਿਆ ਹੈ। ਵਿਗੜੀ ਗੱਲਬਾਤ ਤੋਂ ਇਸਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਪੂਰਾ ਖੁਸ਼ ਹੈ।

ਜਿਨ੍ਹਾਂ ਮੁੱਦਿਆਂ ਉੱਤੇ ਗੱਲਬਾਤ ਟੁੱਟੀ, ਪਹਿਲਾ ਸੀ 'ਹਾਰਮੂਜ਼ ਸਮੁੰਦਰੀ ਲਾਂਘਾ'। ਅਮਰੀਕਾ ਤੁਰੰਤ ਪੂਰੀ ਤਰ੍ਹਾਂ ਲਾਂਘਾ ਖੁਲ੍ਹਵਾਉਣਾ ਚਾਹੁੰਦਾ ਸੀ, ਆਪਣੇ ਜੰਗੀ ਬੇੜਿਆਂ ਸਮੇਤ, ਪਰ ਈਰਾਨ ਆਪਣੀ ਸੁਰੱਖਿਆ ਦਾ ਹਵਾਲਾ ਦੇ ਕੇ ਓਥੇ ਆਪਣਾ ਮੁਕੰਮਲ ਕੰਟਰੋਲ ਚਾਹੁੰਦਾ ਅਤੇ ਓਮਾਨ ਨਾਲ ਮਿਲ ਕੇ ਟੋਲ ਵਸੂਲੀ ਸਮੇਤ ਆਪਣੀਆਂ ਸ਼ਰਤਾਂ ਉੱਤੇ ਲਾਂਘਾ ਖੋਲ੍ਹਣ ਨੂੰ ਆਪਣਾ ਹੱਕ ਸਮਝਦਾ। ਵੈਸੇ ਵੀ ਲਾਂਘਾ ਤਾਂ ਖੁੱਲ੍ਹਾ ਸੀ, ਈਰਾਨ ਨੇ ਅਮਰੀਕੀ ਹਮਲੇ ਤੋਂ ਬਾਅਦ ਬੰਦ ਕੀਤਾ। ਇਰਾਨ ਦਾ ਕਹਿਣਾ ਹੈ ਕਿ ਫਿਲਹਾਲ ਦੁਸ਼ਮਣ ਦੇਸ਼ਾਂ ਅਤੇ ਉਹਨਾਂ ਦੇ ਹਮਾਇਤੀਆਂ ਨੂੰ ਛੱਡ ਕੇ ਹੋਰ ਸਭਨਾਂ ਦੇ ਵਪਾਰ ਲਈ ਹਾਰਮੂਜ਼ ਖੁੱਲ੍ਹਾ ਹੈ।ਇਸ ਜੰਗੀ ਮਹੌਲ ਵਿਚ ਕਿਸੇ ਅਮਰੀਕੀ ਯੁੱਧਪੋਤ ਨੂੰ ਹਾਰਮੂਜ਼ (ਜੋ ਈਰਾਨੀ ਹੱਦ ਹੈ) ਦੇ ਨੇੜੇ ਆਉਣ ਦੀ ਇਜਾਜ਼ਤ ਨਹੀਂ ਦੇਵੇਗਾ।

ਈਰਾਨ ਪ੍ਰਮਾਣੂ ਬੰਬ ਨਾ ਬਣਾਵੇ, ਇਸ ਮੁੱਦੇ ਉੱਤੇ ਸਮਝੌਤਾ ਤਾਂ ਪਿਛਲੀ ਜੂਨ ਵਾਲੀ ਗੱਲਬਾਤ ਵਿਚ ਵੀ ਸੰਭਵ ਸੀ। ਇਕ ਤਾਂ ਈਰਾਨ ਨੇ 'ਪ੍ਰਮਾਣੂ ਅਪਸਾਰ ਸੰਧੀ' ਉੱਤੇ ਪਹਿਲਾਂ ਤੋਂ ਹੀ ਦਸਤਖ਼ਤ ਕੀਤੇ ਹੋਏ ਹਨ, ਦੂਜਾ ਇਸ ਬਾਰੇ ਇੰਗਲੈਂਡ ਦੇ ਪ੍ਰਧਾਨ ਮੰਤਰੀ ਦੇ ਕਹਿਣ ਮੁਤਾਬਕ ਉਹ ਪਿਛਲੀ ਗੱਲਬਾਤ ਵਿਚ ਵੀ ਸਹਿਮਤ ਸੀ, ਪਰ ਸ਼ਾਂਤਮਈ ਮਕਸਦ ਲਈ ਪ੍ਰਮਾਣੂ ਖੋਜ ਵਿਕਾਸ ਦਾ ਤਾਂ ਹਰ ਅਜ਼ਾਦ ਮੁਲਕ ਨੂੰ ਅਧਿਕਾਰ ਹੈ। ਆਪਣੇ ਪ੍ਰਮਾਣੂ ਸੰਸਥਾਨਾਂ ਉੱਤੇ 'ਇੰਟਰਨੈਸ਼ਨਲ ਅਟੌਮਿਕ ਐਨਰਜੀ ਏਜੰਸੀ' ਦੀ ਨਿਗਰਾਨੀ ਰੱਖਣ ਨੂੰ ਵੀ ਈਰਾਨ ਤਿਆਰ ਸੀ।

ਪ੍ਰਮਾਣੂ ਬੰਬ ਦਾ ਮੁੱਦਾ ਈਰਾਨ ਉੱਤੇ ਹਮਲਾ ਕਰਨ ਦਾ ਮਹਿਜ਼ ਬਹਾਨਾ ਹੈ। ਇਰਾਕ, ਲਿਬੀਆ, ਸੀਰੀਆ, ਵੀਅਤਨਾਮ, ਅਫ਼ਗਾਨਿਸਤਾਨ ਕੋਲ ਤਾਂ ਐਟਮ ਬੰਬ ਨਹੀਂ ਸੀ, ਫਿਰ ਕਿਉਂ ਅਮਰੀਕਾ ਨੇ ਬਰਬਾਦ ਕੀਤੇ ? ਕਿਊਬਾ, ਗਰੀਨਲੈਂਡ, ਕੈਨੇਡਾ, ਮੈਕਸੀਕੋ, ਕੋਲੰਬੀਆ ਕੋਲ ਕਿਹੜਾ ਐਟਮ ਬੰਬ, ਜਿਨ੍ਹਾਂ ਉੱਤੇ ਅਮਰੀਕਾ ਕਬਜਾ ਕਰਨ ਨੂੰ ਫਿਰਦਾ ? ਕੀ ਫ਼ਲਸਤੀਨ ਕੋਲ ਐਟਮ ਬੰਬ ਸੀ ? ਵੈਸੇ ਵੀ ਜੇ ਢਾਈ ਸੌ ਸਾਲ ਪਹਿਲਾਂ ਹੋਂਦ ਵਿਚ ਆਏ ਅਮਰੀਕਾ-ਇਜ਼ਰਾਈਲ ਵਰਗੇ ਪ੍ਰਮਾਣੂ ਸੰਪੰਨ ਦੁਸ਼ਮਣ ਦੇਸ਼ ਹਜ਼ਾਰਾਂ ਸਾਲ ਪੁਰਾਣੀ ਸਭਿਅਤਾ ਵਾਲੇ ਈਰਾਨ ਦੁਆਲੇ 17 ਫੌਜੀ ਅੱਡੇ ਬਣਾ ਕੇ ਘੇਰਾ ਪਾਉਣ ਤਾਂ ਅੱਗੋਂ ਬਰਾਬਰ ਦੇ ਹਥਿਆਰ ਨਾਲ ਬਚਾਅ ਕਰਨ ਤੋਂ ਸਿਵਾ ਉਸ ਕੋਲ ਚਾਰਾ ਵੀ ਕੀ ਹੈ ? ਅਸਲ ਕਹਾਣੀ ਸਾਮਰਾਜੀ ਧੌਂਸ, ਵਿਸਥਾਰ ਅਤੇ ਦੂਜਿਆਂ ਦੀ ਦੌਲਤ ਉੱਤੇ ਕਬਜ਼ਾ ਕਰਨ ਦੀ ਹੈ।

ਗੱਲਬਾਤ ਦੌਰਾਨ ਲੈਬਨਾਨ ਉੱਤੇ ਇਜ਼ਰਾਈਲੀ ਹਮਲਾ ਬੰਦ ਕਰਨ ਨੂੰ ਅਮਰੀਕਾ ਨੇ ਇਹ ਆਖ ਕੇ ਖਾਰਜ ਕੀਤਾ ਕਿ ਗੋਲੀਬੰਦੀ ਵਿਚ ਲੈਬਨਾਨ ਦਾ ਜ਼ਿਕਰ ਨਹੀਂ। ਅਸਲ ਵਿਚ ਇਸ ਜੰਗ ਦੀ ਆੜ ਵਿਚ ਇਸਰਾਈਲ ਦਾ 'ਗਰੇਟਰ ਇਜ਼ਰਾਈਲ' ਯੋਜਨਾ ਤਹਿਤ ਲੈਬਨਾਨ ਦੇ ਲਿਤਾਨੀ ਦਰਿਆ ਤੱਕ ਕਬਜਾ ਕਰਨ ਦਾ ਮਨਸੂਬਾ ਹੈ। ਇਸੇ ਲਈ ਟਰੰਪ ਦੇ ਯਹੂਦੀ ਜਵਾਈ ਕੁਸ਼ਨਰ ਨੇ ਗੱਲਬਾਤ ਦੌਰਾਨ ਨੇਤਨਯਾਹੂ ਨਾਲ ਸਲਾਹ ਕਰਕੇ ਜ਼ਿੱਦ ਫੜੀ ਰੱਖੀ ਕਿ ਲੈਬਨਾਨ ਉੱਤੇ ਹਮਲਾ ਤਾਂ ਜਾਰੀ ਰਹੇਗਾ। ਇਹ ਵੀ ਖ਼ਬਰਾਂ ਹਨ ਕਿ ਜਿੱਦਣ ਜੰਗ ਰੁਕੀ, ਓਸੇ ਦਿਨ ਨੇਤਨਯਾਹੂ ਉੱਤੇ ਕੁਰੱਪਸ਼ਨ ਵਾਲਾ ਮੁਕੱਦਮਾ ਸ਼ੁਰੂ ਹੋ ਜਾਣਾ।

ਵਾਰਤਾ ਦੌਰਾਨ ਈਰਾਨ ਦੇ ਫਰੀਜ਼ ਕੀਤੇ ਕਈ ਲੱਖ ਕਰੋੜ ਡਾਲਰ ਦੇ ਅਸਾਸੇ ਮੋੜਨ ਨੂੰ ਅਮਰੀਕਾ ਨੇ ਪੂਰਨ ਸਮਝੌਤਾ ਹੋ ਜਾਣ ਨਾਲ ਜੋੜਿਆ। ਈਰਾਨ ਨੇ ਨਿਹੱਥਾ ਹੋਣ (ਲੰਮੀ ਦੂਰੀ ਤੱਕ ਮਾਰ ਕਰਨ ਵਾਲੀਆਂ ਮਿਜ਼ਾਈਲਾਂ ਨਾ ਬਣਾਉਣ) ਵਰਗੀ ਕੋਈ ਗ਼ੈਰ-ਕਨੂੰਨੀ ਸ਼ਰਤ ਨਹੀਂ ਸੀ ਮੰਨਣੀ।

ਇਸਲਾਮਾਬਾਦ ਤੋਂ ਵਾਪਸ ਪਹੁੰਚ ਕੇ ਈਰਾਨ ਨੇ ਆਖਿਆ ਹੈ ਕਿ ਸਮਝੌਤਾ ਹੋਣ ਹੀ ਵਾਲਾ ਸੀ, ਅਮਰੀਕਾ ਨੇ ਜਾਣਬੁੱਝ ਕੇ ਨਵੀਆਂ ਸ਼ਰਤਾਂ ਲਾ ਕੇ ਸਾਬੋਤਾਜ ਕੀਤਾ। ਅਮਰੀਕੀ ਧਿਰ ਉੱਤੇ ਇਜ਼ਰਾਈਲ ਦਾ ਦਬਾਅ ਵੀ ਸੀ, ਜੋ ਅਮਰੀਕਾ ਨੂੰ ਹਰ ਹਾਲਤ ਵਿਚ ਈਰਾਨ ਨਾਲ ਲੜਾਈ ਰੱਖਣਾ ਚਹੁੰਦਾ।

ਇੰਜ ਟਰੰਪ ਨੇ 13 ਅਪ੍ਰੈਲ ਸ਼ਾਮ ਤੋਂ ਈਰਾਨ ਦੀ ਮੁਕੰਮਲ ਸਮੁੰਦਰੀ ਨਾਕਾਬੰਦੀ ਕਰ ਦਿੱਤੀ ਹੈ।ਇਹ ਕਿਹਾ ਕਿ ਈਰਾਨੀ ਬੰਦਰਗਾਹਾਂ ਤੋਂ ਜਾਂ ਟੋਲ ਦੇ ਕੇ ਆਉਣ ਜਾਣ ਵਾਲੇ ਕਿਸੇ ਜਹਾਜ਼ ਨੂੰ ਫਾਰਸ,ਉਮਾਨ ਜਾਂ ਅਰਬ ਸਾਗਰ ਤੋਂ ਨਹੀਂ ਲੰਘਣ ਦਿੱਤਾ ਜਾਵੇਗਾ। ਟਰੰਪ ਦਾ ਫੁਰਮਾਨ ਹੈ ਕਿ ਨਾਕਾਬੰਦੀ ਦਾ ਉਲੰਘਣ ਕਰਨ ਵਾਲੇ ਜਹਾਜ਼ ਉੱਤੇ ਅਮਰੀਕਾ ਹਮਲਾ ਕਰੇਗਾ। ਇਸ ਨਾਲ ਜੰਗ ਦਾ ਦਾਇਰਾ ਵਧਣ ਦੀ ਸੰਭਾਵਨਾ ਬਣ ਗਈ ਹੈ। ਇਉਂ ਚੀਨ ਨਾਲ ਵੀ ਉਲਝਣ ਦੇ ਅਸਾਰ ਹਨ। ਰੂਸ ਨੇ ਤੀਜੀ ਸੰਸਾਰ ਜੰਗ ਲੱਗ ਜਾਣ ਦਾ ਖ਼ਦਸ਼ਾ ਪ੍ਰਗਟ ਕੀਤਾ ਹੈ। ਅਮਰੀਕਾ ਦੀਆਂ ਬੇਨਤੀਆਂ ਦੇ ਬਾਵਜੂਦ ਇਜ਼ਰਾਈਲ ਤੋਂ ਸਿਵਾ ਕਿਸੇ ਮੁਲਕ ਨੇ ਨਾਕਾਬੰਦੀ ਦੀ ਹਮਾਇਤ ਨਹੀਂ ਕੀਤੀ।

ਈਰਾਨ ਅਤੇ ਯਮਨ ਦੇ ਹੂਤੀ ਨੇ ਇਸ ਨਾਕੇਬੰਦੀ ਵਿਰੁੱਧ ਜਵਾਬੀ ਕਾਰਵਾਈ ਕਰਨ ਦਾ ਐਲਾਨ ਕੀਤਾ ਹੈ। ਹੋ ਸਕਦਾ ਇਸ ਵਧੇ ਬਖੇੜੇ ਵਿਚ ਯਮਨ ਦੇ ਕੋਲ 'ਬਾਬ ਅਲ ਮੰਦੇਬ' ਸਮੁੰਦਰੀ ਲਾਂਘਾ ਵੀ ਬੰਦ ਹੋ ਜਾਵੇ। ਦਸ ਫੀਸਦੀ ਤੇਲ ਦਾ ਇਹ ਲਾਂਘਾ ਸੁਏਜ਼ ਨਹਿਰ ਰਾਹੀਂ ਲਾਲ ਸਾਗਰ ਨੂੰ ਅਰਬ ਸਾਗਰ ਨਾਲ ਜੋੜਦਾ।

ਨੇਤਨਯਾਹੂ ਨੇ ਤਾਂ ਈਰਾਨ, ਇਰਾਕ, ਯਮਨ, ਲਿਬਨਾਨ, ਸੀਰੀਆ ਨੂੰ ਆਪਣੇ ਦੁਸ਼ਮਣ ਦੇਸ਼ ਐਲਾਨਦਿਆਂ ਇਹਨਾਂ ਪ੍ਰਤੀ ਹੋਰ ਹਮਲਾਵਰ ਹੋਣ ਦਾ ਅਹਿਦ ਦੁਹਰਾਇਆ ਹੈ। ਟਕਰਾਅ ਸਿਖ਼ਰ 'ਤੇ ਹੈ। ਇਕ ਪਾਸੇ ਦੋ ਫੌਜੀ ਮਹਾਂਸ਼ਕਤੀਆਂ ਹਨ ਤੇ ਦੂਜੇ ਪਾਸੇ ਈਰਾਨ। ਟਰੰਪ ਈਰਾਨ ਨੂੰ ਛੇਤੀ ਢਾਹੁਣ ਲਈ ਨਾਟੋ ਦੇਸ਼ਾਂ, ਯੂਰਪੀ ਮੁਲਕਾਂ, ਗਵਾਂਢੀ ਅਰਬ ਦੇਸ਼ਾਂ, ਜਪਾਨ, ਕੋਰੀਆ, ਆਸਟਰੇਲੀਆ ਵਰਗੇ ਤੇਲ ਖਰੀਦਦਾਰਾਂ ਸਭ ਨੂੰ ਮਦਦ ਲਈ ਆਵਾਜ਼ਾਂ ਮਾਰ ਰਿਹਾ। ਟਰੰਪ ਨੇ ਨਾਟੋ ਦੇਸ਼ਾਂ ਨੂੰ ਨਾਲ ਘੜੀਸਣ ਵਾਲੀ ਆਸ ਹਾਲੇ ਛੱਡੀ ਨਹੀਂ, ਪਰ ਇਸ ਅਸਾਵੀਂ ਜੰਗ ਵਿਚ ਈਰਾਨ ਇਕੱਲਾ ਡਟਿਆ ਹੌਸਲੇ ਨਾਲ। ਬਾਕੀ ਸੰਸਾਰ ਦੇ ਲੋਕ ਈਰਾਨ ਨੂੰ ਫੱਟੜ ਹੋ ਕੇ ਡਿੱਗ ਪੈਣ ਦੀ ਸੰਭਾਵਨਾ ਵਾਲੇ ਸੂਰਮੇ ਵਜੋਂ ਹਮਦਰਦੀ ਨਾਲ ਵੇਖ ਰਹੇ ਹਨ। ਸੰਕਟ ਵਿਚ ਈਰਾਨ ਨੂੰ ਰੂਸ, ਚੀਨ, ਉੱਤਰੀ ਕੋਰੀਆ ਦਾ ਸਹਾਰਾ ਹੈ।

ਇਸ ਗੋਲੀਬੰਦੀ ਅਤੇ ਸਮਝੌਤਾ ਵਾਰਤਾ ਨਾਲ ਬਾਕੀ ਸਾਰੀ ਦੁਨੀਆਂ ਨੇ ਸੁੱਖ ਦਾ ਸਾਹ ਲਿਆ ਸੀ, ਪਰ ਹੁਣ ਅਮਰੀਕੀ ਨਾਕਾਬੰਦੀ ਅਤੇ ਜੰਗ ਦੇ ਮੁੜ ਭੜਕਣ ਦੀ ਸੰਭਾਵਨਾ ਨਾਲ ਸੰਸਾਰ ਭਰ ਵਿਚ ਤੇਲ, ਗੈਸ ਅਤੇ ਮਹਿੰਗਾਈ ਦਾ ਵੱਡਾ ਸੰਕਟ ਆਉਣਾ ਤੈਅ ਹੈ। ਹਾਲਾਤ ਵਿਸਫੋਟਕ ਹਨ, ਕਿਉਂਕਿ ਈਰਾਨ ਨੇ ਵੀ ਅੱਗੋਂ ਢੁਕਵਾਂ ਜਵਾਬ ਦੇਣ ਦਾ ਐਲਾਨ ਕਰ ਦਿੱਤਾ ਹੈ। ਭਾਵੇਂ ਕਿ ਸਮਝੌਤਾ ਵਾਰਤਾ ਦੁਬਾਰਾ ਸ਼ੁਰੂ ਕਰਵਾਉਣ ਵਾਲੇ ਵੀ ਫਿਰ ਸਰਗਰਮ ਹੋ ਗਏ ਹਨ।

ਭਾਵੇਂ ਈਰਾਨ ਨੇ ਮਾਰੂ ਹਮਲੇ ਦਾ ਜੁਰਅਤ ਨਾਲ ਮੁਕਾਬਲਾ ਕੀਤਾ ਤੇ ਭਾਵੇਂ ਸਮਝੌਤਾ ਵਾਰਤਾ ਦੀ ਗੱਲਬਾਤ ਦੌਰਾਨ ਨਿੱਡਰ ਨਿਆਈਂ ਪੈਂਤੜਾ ਲੈ ਕੇ ਯਰਕਣ ਤੋਂ ਇਨਕਾਰ ਕੀਤਾ, ਪਰ ਦੁਨੀਆ ਨੂੰ ਇਹ ਤਾਂ ਫਿਰ ਸਾਬਤ ਕਰ ਕੇ ਦੱਸ ਦਿੱਤਾ ਹੈ ਕਿ ਇਤਿਹਾਸ ਵਿਚ ਈਰਾਨ ਕਿਉਂ ਕਦੀ ਵੀ ਕਿਸੇ ਦਾ ਗ਼ੁਲਾਮ ਨਹੀਂ ਸੀ ਹੋਇਆਤੇ ਅੱਜ ਵੀ ਬਾਕੀ ਦੁਨੀਆਂ ਨੂੰ ਵੀ ਸਿਰ ਉੱਚਾ ਕਰਕੇ ਜਿਉਣ ਦਾ ਰਸਤਾ ਵਿਖਾ ਰਿਹਾ ਹੈ।

**# ਸੰਪਰਕ : 94173-24543**

# ਪੰਜਾਬ ਤੋਂ ਨੌਜਵਾਨਾਂ ਦਾ ਵਧਦਾ ਪਰਵਾਸ

**ਜਗਰੂਪ ਕੌਰ**

ਪੰਜਾਬ ਇਹੋ ਧਰਤੀ ਸੀ, ਜਿਸ ਨੂੰ ਅੰਨ ਦਾ ਭੰਡਾਰ ਕਿਹਾ ਜਾਂਦਾ ਸੀ—ਇੱਕ ਹਰਿਆ-ਭਰਿਆ, ਖੁਸ਼ਹਾਲ ਅਤੇ ਚੜ੍ਹਦੀ ਕਲਾ ਨਾਲ ਭਰਪੂਰ ਇਲਾਕਾ, ਜਿੱਥੇ ਨਾ ਸਿਰਫ਼ ਖੇਤ ਸੋਨੇ ਵਾਂਗ ਲਹਿਰਾਉਂਦੇ ਸਨ, ਸਗੋਂ ਸੱਭਿਆਚਾਰ ਦੀ ਰੌਣਕ, ਸਧਾਰਨ ਜੀਵਨ-ਜੀਣ ਦਾ ਢੰਗ, ਸੁਆਦਲੇ ਖਾਣੇ ਅਤੇ ਲੋਕਾਂ ਦੀ ਮਿਲਣਸਾਰ ਫਿਤਰਤ ਪੰਜਾਬ ਦੀ ਅਸਲੀ ਪਹਿਚਾਣ ਬਣਦੀ ਸੀ, ਪਰ ਅੱਜ ਇਹੀ ਧਰਤੀ ਇੱਕ ਅਜਿਹੇ ਸੰਕਟ ਨਾਲ ਜੂਝ ਰਹੀ ਹੈ, ਜੋ ਹੌਲੀ-ਹੌਲੀ ਇਸਦੀ ਰੂਹ ਨੂੰ ਖਾਲੀ ਕਰ ਰਿਹਾ ਹੈ। ਇਹ ਸੰਕਟ ਹੈ ਨੌਜਵਾਨਾਂ ਦਾ ਵਧਦਾ ਪਰਵਾਸ।ਅੱਜ ਪੰਜਾਬ ਦਾ ਨੌਜਵਾਨ ਆਪਣੇ ਸੁਪਨਿਆਂ ਨੂੰ ਆਪਣੇ ਪਿੰਡਾਂ ਜਾਂ ਸ਼ਹਿਰਾਂ ਵਿੱਚ ਨਹੀਂ, ਸਗੋਂ ਵਿਦੇਸ਼ਾਂ ਵਿੱਚ ਵੇਖਦਾ ਹੈ। ਘਰ ਸੁੰਨੇ ਹੋ ਰਹੇ ਹਨ, ਖੇਤਾਂ ਵਿੱਚ ਬਜ਼ੁਰਗ ਹੀ ਰਹਿ ਗਏ ਹਨ ਅਤੇ ਮਾਪੇ ਆਪਣੇ ਬੱਚਿਆਂ ਦੀ ਉਡੀਕ ਵਿੱਚ ਦਰਵਾਜ਼ਿਆਂ ਵੱਲ ਤੱਕਦੇ ਰਹਿੰਦੇ ਹਨ। ਇਹ ਸਿਰਫ਼ ਲੋਕਾਂ ਦਾ ਜਾਣਾ ਨਹੀਂ, ਸਗੋਂ ਇੱਕ ਅਜਿਹੀ ਚੁੱਪ ਪੀੜ ਹੈ, ਜੋ ਲਗਭਗ ਹਰ ਘਰ ਵਿੱਚ ਮਹਿਸੂਸ ਕੀਤੀ ਜਾ ਸਕਦੀ ਹੈ।

ਇਸ ਸਮੱਸਿਆ ਦਾ ਸਭ ਤੋਂ ਵੱਡਾ ਕਾਰਨ ਬੇਰੁਜ਼ਗਾਰੀ ਅਤੇ ਘੱਟ ਆਮਦਨ ਹੈ। ਅੰਕੜਿਆਂ ਮੁਤਾਬਕ ਪੰਜਾਬ ਵਿੱਚ ਕੁੱਲ ਬੇਰੁਜ਼ਗਾਰੀ ਦੀ ਦਰ 6 ਤੋਂ 8.6 ਫੀਸਦੀ ਰਹੀ ਹੈ, ਪਰ ਨੌਜਵਾਨਾਂ ਵਿੱਚ ਇਹ ਦਰ 17 ਤੋਂ 19 ਫੀਸਦੀ ਤੱਕ ਪਹੁੰਚ ਜਾਂਦੀ ਹੈ। ਪੇਂਡੂ ਖੇਤਰਾਂ ਵਿੱਚ ਇਹ ਦਰ 22 ਫੀਸਦੀ ਤੋਂ ਵੀ ਵੱਧ ਹੈ। ਇਸ ਦਾ ਅਰਥ ਹੈ ਕਿ ਹਰ ਪੰਜਵਾਂ ਨੌਜਵਾਨ ਆਪਣੇ ਲਾਇਕ ਕੰਮ ਤੋਂ ਵਾਂਝਾ ਹੈ।

ਰੁਜ਼ਗਾਰ ਦੀ ਗੁਣਵੱਤਾ ਵੀ ਚਿੰਤਾ ਦਾ ਵਿਸ਼ਾ ਹੈ। ਇੱਕ ਅਧਿਐਨ ਅਨੁਸਾਰ ਲਗਭਗ 80 ਫੀਸਦੀ ਨੌਜਵਾਨ ਆਪਣੀਆਂ ਨੌਕਰੀਆਂ ਨਾਲ ਅਸੰਤੁਸ਼ਟ ਹਨ। ਪ੍ਰਾਈਵੇਟ ਨੌਕਰੀਆਂ ਵਿੱਚ ਤਨਖਾਹ 10 ਤੋਂ 15 ਹਜ਼ਾਰ ਰੁਪਏ ਮਹੀਨਾ ਹੈ, ਜੋ ਮੌਜੂਦਾ ਮਹਿੰਗਾਈ ਵਿੱਚ ਕਾਫ਼ੀ ਨਹੀਂ। ਇਸ ਦੇ ਉਲਟ ਵਿਦੇਸ਼ਾਂ ਵਿੱਚ ਨੌਜਵਾਨ ਛੋਟੇ ਕੰਮ ਕਰਕੇ ਵੀ ਵਧੀਆ ਕਮਾਈ ਕਰ ਲੈਂਦੇ ਹਨ।

ਹਰ ਸਾਲ ਲਗਭਗ 2 ਤੋਂ 3 ਲੱਖ ਪੰਜਾਬੀ ਨੌਜਵਾਨ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ। ਇਨ੍ਹਾਂ ਵਿੱਚੋਂ ਲਗਭਗ 65 ਫੀਸਦੀ 21 ਤੋਂ 25 ਸਾਲ ਦੀ ਉਮਰ ਦੇ ਹੁੰਦੇ ਹਨ ਅਤੇ ਕਰੀਬ 81 ਫੀਸਦੀ ਪੇਂਡੂ ਖੇਤਰਾਂ ਨਾਲ ਸੰਬੰਧਤ ਹਨ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਇੱਕ ਅਧਿਐਨ ਮੁਤਾਬਕ 2021 ਤੋਂ 2023 ਦੇ ਵਿਚਕਾਰ ਪੰਜਾਬ ਵਿੱਚ ਪਰਵਾਰਾਂ ਜਾਇਦਾਦ ਵੇਚੀ ਅਤੇ ਕਰਜ਼ਾ ਲੈ ਕੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜਿਆ। ਇਹ ਸਰਵੇ ਦਰਸਾਉਂਦੇ ਹਨ ਕਿ ਮਾਪੇ ਆਪਣੇ ਬੱਚਿਆਂ ਦੇ ਭਵਿੱਖ ਲਈ ਕਿੰਨੀ ਵੱਡੀ ਆਰਥਿਕ ਕੁਰਬਾਨੀ ਦੇ ਰਹੇ ਹਨ।ਇਸ ਰੁਝਾਨ ਨੂੰ ਹੋਰ ਭੜਕਾਉਣ ਵਿੱਚ ਅੱਜਕੱਲ੍ਹ ਦੇ ਕਈ ਗਾਣਿਆਂ ਅਤੇ ਸੋਸ਼ਲ ਮੀਡੀਆ ਦੀ ਵੀ ਵੱਡੀ ਭੂਮਿਕਾ ਹੈ। ਵਿਦੇਸ਼ਾਂ ਦੀ ਜ਼ਿੰਦਗੀ ਨੂੰ ਡਾਲਰਾਂ ਦੀ ਚਮਕ, ਮਹਿੰਗੀਆਂ ਗੱਡੀਆਂ ਅਤੇ ਆਰਾਮਦਾਇਕ ਜੀਵਨ ਨਾਲ ਇਸ ਤਰ੍ਹਾਂ ਪੇਸ਼ ਕੀਤਾ ਜਾਂਦਾ ਹੈ, ਜਿਵੇਂ ਉੱਥੇ ਕੋਈ ਮੁਸ਼ਕਲ ਹੀ ਨਾ ਹੋਵੇ। ਇਹ ਸਿਰਫ਼ ਫੋਕੀ ਵਾਹ-ਵਾਹ ਹੈ, ਜੋ ਨੌਜਵਾਨਾਂ ਨੂੰ ਹਕੀਕਤ ਤੋਂ ਦੂਰ ਲੈ ਜਾਂਦੀ ਹੈ। ਗਾਣਿਆਂ ਵਿੱਚ ਵਿਦੇਸ਼ੀ ਜੀਵਨ ਨੂੰ ਇਕ ਸੁਪਨੇ ਵਾਂਗ ਦਿਖਾਇਆ ਜਾਂਦਾ ਹੈ, ਪਰ ਉਥੋਂ ਦੀ ਕਰੜੀ ਮਿਹਨਤ, ਇਕੱਲਾਪਣ ਅਤੇ ਕਰਜ਼ਿਆਂ ਦਾ ਬੋਝ ਨਹੀਂ ਦਿਖਾਇਆ ਜਾਂਦਾ।ਪੰਜਾਬ ਦੀ ਆਰਥਿਕ ਹਾਲਤ ਵੀ ਇਸ ਸਮੱਸਿਆ ਨੂੰ ਵਧਾ ਰਹੀ ਹੈ। ਅੰਦਾਜ਼ਾ ਹੈ ਕਿ 2025-26 ਤੱਕ ਰਾਜ ਦਾ ਕਰਜ਼ਾ ਲਗਭਗ 4.17 ਲੱਖ ਕਰੋੜ ਰੁਪਏ ਤੱਕ ਪਹੁੰਚ ਸਕਦਾ ਹੈ ਅਤੇ ਵਿਆਜ ਦੀ ਅਦਾਇਗੀ ਹੀ ਆਮਦਨ ਦਾ ਲਗਭਗ 24 ਫੀਸਦੀ ਖਰਚ ਕਰ ਜਾਂਦੀ ਹੈ। ਇਸ ਨਾਲ ਨਵੇਂ ਰੁਜ਼ਗਾਰ ਪੈਦਾ ਕਰਨ ਵਿੱਚ ਰੁਕਾਵਟ ਪੈਂਦੀ ਹੈ।ਖੇਤੀਬਾੜੀ ਖੇਤਰ ਵਿੱਚ ਵੀ ਸੰਕਟ ਹੈ। ਲਗਭਗ 93 ਫੀਸਦੀ ਜ਼ਮੀਨ ਲਗਾਤਾਰ ਕਾਸ਼ਤ ਹੇਠ ਹੈ ਅਤੇ ਪਾਣੀ ਦਾ ਲੈਵਲ ਤੇਜ਼ੀ ਨਾਲ ਡਿੱਗ ਰਿਹਾ ਹੈ। ਲਗਭਗ 54 ਫੀਸਦੀ ਕਿਸਾਨ ਕਰਜ਼ੇ ਵਿੱਚ ਹਨ, ਜਿਸ ਕਾਰਨ ਨੌਜਵਾਨ ਖੇਤੀਬਾੜੀ ਤੋਂ ਦੂਰ ਹੋ ਰਹੇ ਹਨ।

ਵਿਦੇਸ਼ਾਂ ਦੀ ਚਮਕ ਦੇ ਪਿੱਛੇ ਹਕੀਕਤ ਵੀ ਕਾਫ਼ੀ ਕਠਿਨ ਹੈ। ਵਿਦੇਸ਼ਾਂ ਵਿੱਚ ਜਾ ਕੇ ਵੀ ਹਕੀਕਤ ਕਈ ਵਾਰ ਉਮੀਦਾਂ ਤੋਂ ਬਿਲਕੁਲ ਵੱਖਰੀ ਹੁੰਦੀ ਹੈ। ਬਹੁਤ ਸਾਰੇ ਨੌਜਵਾਨ 20 ਤੋਂ 40 ਲੱਖ ਰੁਪਏ ਤੱਕ ਕਰਜ਼ਾ ਲੈ ਕੇ ਜਾਂਦੇ ਹਨ ਅਤੇ ਉੱਥੇ ਜਾ ਕੇ ਉਹਨਾਂ ਦੀ ਜ਼ਿੰਦਗੀ ਇੱਕ ਮਸ਼ੀਨ ਵਾਂਗ ਬਣ ਜਾਂਦੀ ਹੈ। ਸਵੇਰੇ ਤੋਂ ਰਾਤ ਤੱਕ ਕੰਮ, ਨਾ ਪੂਰੀ ਨੀਂਦ, ਨਾ ਢੰਗ ਦਾ ਖਾਣਾ, ਇਸ ਕਾਰਨ ਉਹਨਾਂ ਦੀ ਸਿਹਤ 'ਤੇ ਬੁਰਾ ਅਸਰ ਪੈਂਦਾ ਹੈ। ਤਣਾਅ, ਡਿਪ੍ਰੈਸ਼ਨ ਅਤੇ ਦਿਲ ਦੇ ਰੋਗਾਂ ਦੇ ਮਾਮਲੇ ਵੀ ਵਧ ਰਹੇ ਹਨ।

ਇੱਕ ਹੋਰ ਗੰਭੀਰ ਪੱਖ ਇਹ ਵੀ ਸਾਹਮਣੇ ਆ ਰਿਹਾ ਹੈ ਕਿ ਕਈ ਨੌਜਵਾਨ ਵਿਦੇਸ਼ਾਂ ਵਿੱਚ ਜਾ ਕੇ ਉੱਥੇ ਦੀ ਚਮਕ-ਧਮਕ ਦੇਖਣ ਤੋਂ ਬਾਅਦ ਹਕੀਕਤ ਨਾਲ ਟਕਰਾ ਕੇ ਨਿਰਾਸ਼ ਹੋ ਰਹੇ ਹਨ। ਲੰਮੇ ਘੰਟੇ, ਮਹਿੰਗਾ ਜੀਵਨ ਅਤੇ ਇਕੱਲਾਪਣ ਉਹਨਾਂ ਨੂੰ ਅੰਦਰੋਂ ਤੋੜ ਦਿੰਦਾ ਹੈ। ਕੁਝ ਨੌਜਵਾਨ ਨਿਰਾਸ਼ ਹੋ ਕੇ ਭਾਰਤ ਵਾਪਸ ਆਉਣ ਲਈ ਮਜਬੂਰ ਹੋ ਜਾਂਦੇ ਹਨ, ਪਰ ਵਾਪਸੀ ਵੀ ਆਸਾਨ ਨਹੀਂ ਹੁੰਦੀ, ਕਿਉਂਕਿ ਉਹ ਕਰਜ਼ੇ ਹੇਠ ਹੁੰਦੇ ਹਨ ਅਤੇ ਸਮਾਜਕ ਦਬਾਅ ਵੀ ਉਹਨਾਂ ਨੂੰ ਘੇਰ ਲੈਂਦਾ ਹੈ।

ਇਹ ਹਾਲਾਤ ਦਰਸਾਉਂਦੇ ਹਨ ਕਿ ਪਰਵਾਸ ਸਿਰਫ਼ ਇੱਕ ਸੁਪਨਾ ਨਹੀਂ, ਸਗੋਂ ਇੱਕ ਖ਼ਤਰਨਾਕ ਦੌੜ ਬਣ ਗਿਆ ਹੈ, ਜਿਸ ਵਿੱਚ ਕਈ ਨੌਜਵਾਨ ਆਪਣੀ ਸਿਹਤ, ਮਨ ਦੀ ਸ਼ਾਂਤੀ ਅਤੇ ਪਰਵਾਰਕ ਸੰਬੰਧ ਗੁਆ ਰਹੇ ਹਨ।ਇਸ ਦੇ ਨਤੀਜੇ ਵੀ ਗੰਭੀਰ ਹਨ। ਪੰਜਾਬ ਆਪਣੇ ਪੜ੍ਹੇ-ਲਿਖੇ ਅਤੇ ਹੋਣਹਾਰ ਨੌਜਵਾਨ ਗੁਆ ਰਿਹਾ ਹੈ, ਜਿਸ ਨੂੰ ਦਿਮਾਗੀ ਨਿਕਾਸ ਕਿਹਾ ਜਾਂਦਾ ਹੈ। ਇਸ ਦੇ ਨਾਲ ਹੀ ਪੈਸਾ ਵੀ ਬਾਹਰ ਜਾ ਰਿਹਾ ਹੈ, ਜਿਸ ਨਾਲ ਅਰਥ ਵਿਵਸਥਾ ਕਮਜ਼ੋਰ ਹੋ ਰਹੀ ਹੈ।

ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਪੰਜਾਬ ਤੋਂ ਨੌਜਵਾਨਾਂ ਦਾ ਵਧਦਾ ਪਰਵਾਸ ਸਿਰਫ਼ ਇੱਕ ਆਰਥਿਕ ਮਸਲਾ ਨਹੀਂ, ਸਗੋਂ ਇੱਕ ਸਮਾਜਕ ਅਤੇ ਮਾਨਸਿਕ ਸੰਕਟ ਬਣ ਚੁੱਕਾ ਹੈ। ਜੇਕਰ ਸਮੇਂ ਸਿਰ ਰੁਜ਼ਗਾਰ ਦੇ ਮੌਕੇ ਨਹੀਂ ਬਣਾਏ ਗਏ, ਉਦਯੋਗਿਕ ਵਿਕਾਸ ਨਹੀਂ ਵਧਾਇਆ ਗਿਆ ਅਤੇ ਖੇਤੀਬਾੜੀ ਨੂੰ ਮਜ਼ਬੂਤ ਨਹੀਂ ਕੀਤਾ ਗਿਆ, ਤਾਂ ਇਹ ਰੁਝਾਨ ਹੋਰ ਤੇਜ਼ ਹੋ ਜਾਵੇਗਾ, ਕਿਉਂਕਿ ਜਦੋਂ ਕਿਸੇ ਧਰਤੀ ਦੇ ਨੌਜਵਾਨ ਆਪਣੇ ਸੁਪਨੇ ਉਸੇ ਧਰਤੀ 'ਤੇ ਨਹੀਂ ਵੇਖਦੇ, ਤਾਂ ਉਹ ਧਰਤੀ ਹੌਲੀ-ਹੌਲੀ ਆਪਣੀ ਰੂਹ ਖੋ ਬੈਠਦੀ ਹੈ।

**# ਸੰਪਰਕ : 70095-29882**

# ਤਕੜੇ ਨਹੀਂ ਮੰਨਦੇ ਯੁੱਧ ਸੰਬੰਧੀ ਅੰਤਰਰਾਸ਼ਟਰੀ ਨਿਯਮਾਂ ਨੂੰ


ਜਗਤਾਰ ਲਾਡੀ

ਅੱਜ ਦਾ ਯੁੱਗ ਵਿਗਿਆਨਕ ਉਪਲੱਬਧੀਆਂ, ਤਕਨੀਕੀ ਤਰੱਕੀ ਅਤੇ ਆਰਥਿਕ ਵਿਕਾਸ ਦਾ ਯੁੱਗ ਮੰਨਿਆ ਜਾਂਦਾ ਹੈ। ਮਨੁੱਖ ਨੇ ਚੰਦ ਤੇ ਮੰਗਲ ਤੱਕ ਆਪਣੀ ਪਹੁੰਚ ਬਣਾਈ ਹੈ, ਪਰ ਇਸੇ ਮਨੁੱਖੀ ਸੱਭਿਆਚਾਰ ਦੇ ਅੰਦਰ ਜੰਗਾਂ ਅਤੇ ਹਥਿਆਰਬੰਦ ਟਕਰਾਅ ਦੀ ਕਰੜੀ ਹਕੀਕਤ ਅਜੇ ਵੀ ਮੌਜੂਦ ਹੈ। ਇਹ ਇਕ ਡੂੰਘਾ ਵਿਰੋਧਾਭਾਸ ਹੈ, ਜਿੱਥੇ ਇੱਕ ਪਾਸੇ ਤਰੱਕੀ ਦੀ ਚਮਕ ਹੈ, ਉੱਥੇ ਦੂਜੇ ਪਾਸੇ ਤਬਾਹੀ ਦਾ ਹਨੇਰਾ ਵੀ ਹੈ।

ਇਸ ਪਿਛੋਕੜ ਵਿੱਚ ਅੰਤਰਰਾਸ਼ਟਰੀ ਕਾਨੂੰਨਾਂ ਦਾ ਰੋਲ ਬਹੁਤ ਮਹੱਤਵਪੂਰਨ ਬਣ ਜਾਂਦਾ ਹੈ। ਜੰਗਾਂ ਨੂੰ ਪੂਰੀ ਤਰ੍ਹਾਂ ਰੋਕਣਾ ਭਾਵੇਂ ਸੰਭਵ ਨਹੀਂ ਹੋ ਸਕਿਆ, ਪਰ ਉਨ੍ਹਾਂ ਨੂੰ ਮਨੁੱਖੀ ਹੱਦਾਂ ਵਿੱਚ ਰੱਖਣ ਲਈ ਵਿਸ਼ਵ ਭਰ ਵਿੱਚ ਕਈ ਨਿਯਮ ਬਣਾਏ ਗਏ ਹਨ। ਜਨੇਵਾ ਕਨਵੈਨਸ਼ਨ ਅਤੇ ਹੇਗ ਕਨਵੈਨਸ਼ਨ ਵਰਗੀਆਂ ਸੰਧੀਆਂ ਨੇ ਜੰਗ ਦੇ ਸਮੇਂ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਇੱਕ ਮਜ਼ਬੂਤ ਢਾਂਚਾ ਦਿੱਤਾ ਹੈ। ਇਹ ਨਿਯਮ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੇ ਹਨ ਕਿ ਜੰਗ ਦੇ ਦੌਰਾਨ ਵੀ ਨਾਗਰਿਕਾਂ, ਬੀਮਾਰਾਂ ਅਤੇ ਕੈਦੀਆਂ ਨਾਲ ਮਨੁੱਖਤਾ ਭਰਿਆ ਵਤੀਰਾ ਕੀਤਾ ਜਾਵੇ।

ਅੰਤਰਰਾਸ਼ਟਰੀ ਮਾਨਵਤਾ ਕਾਨੂੰਨ ਦੀਆਂ ਜੜ੍ਹਾਂ ਮਨੁੱਖੀ ਦੁੱਖਾਂ ਵਿੱਚ ਹਨ। 19ਵੀਂ ਸਦੀ ਵਿੱਚ ਹੈਨਰੀ ਦੁਨਾਂਟ ਵੱਲੋਂ ਜੰਗੀ ਮੈਦਾਨਾਂ ਵਿੱਚ ਜ਼ਖ਼ਮੀਆਂ ਦੀ ਦਰਦਨਾਕ ਹਾਲਤ ਦੇਖਣ ਤੋਂ ਬਾਅਦ ਮਨੁੱਖਤਾ ਲਈ ਇੱਕ ਅੰਦੋਲਨ ਸ਼ੁਰੂ ਕੀਤਾ ਗਿਆ। ਇਸ ਅੰਦੋਲਨ ਨੇ ਅੰਤਰਰਾਸ਼ਟਰੀ ਰੈੱਡ ਕਰਾਸ ਕਮੇਟੀ ਦੀ ਸਥਾਪਨਾ ਨੂੰ ਜਨਮ ਦਿੱਤਾ, ਜਿਸ ਨੇ ਬਾਅਦ ਵਿੱਚ ਜਨੇਵਾ ਕਨਵੈਨਸ਼ਨਾਂ ਦੀ ਰਚਨਾ ਲਈ ਮਜ਼ਬੂਤ ਆਧਾਰ ਤਿਆਰ ਕੀਤਾ। ਇਹ ਕਾਨੂੰਨ ਭੇਦਭਾਵ ਤੋਂ ਰਹਿਤ ਸਲੂਕ, ਸਮੁਚਿਤਤਾ, ਜ਼ਰੂਰਤ ਅਤੇ ਮਨੁੱਖਤਾ ਦੇ ਅਸੂਲਾਂ 'ਤੇ ਅਧਾਰਿਤ ਹਨ।ਇਤਿਹਾਸ ਦੇ ਪੰਨਿਆਂ 'ਤੇ ਨਜ਼ਰ ਮਾਰੀਏ ਤਾਂ ਜੰਗਾਂ ਨੇ ਮਨੁੱਖਤਾ ਨੂੰ ਵਾਰ-ਵਾਰ ਝੰਜੋੜਿਆ ਹੈ। ਦੂਜੀ ਵਿਸ਼ਵ ਜੰਗ, ਇਸ ਦਾ ਸਭ ਤੋਂ ਵੱਡਾ ਉਦਾਹਰਣ ਹੈ, ਜਿਸ ਵਿੱਚ ਲਗਭਗ 7 ਤੋਂ 8 ਕਰੋੜ ਲੋਕ ਮਾਰੇ ਗਏ। ਇਸ ਦੌਰਾਨ ਜਪਾਨ ਦੇ ਹੀਰੋਸ਼ੀਮਾ ਅਤੇ ਨਾਗਾਸਾਕੀ 'ਤੇ ਪਰਮਾਣੂ ਬੰਬ ਗਿਰਾਏ ਗਏ, ਜਿਸ ਨਾਲ ਲੱਖਾਂ ਲੋਕ ਤੁਰੰਤ ਮਾਰੇ ਗਏ ਅਤੇ ਬਾਕੀਆਂ ਨੂੰ ਲੰਮੇ ਸਮੇਂ ਤੱਕ ਰੇਡੀਏਸ਼ਨ ਦੇ ਪ੍ਰਭਾਵ ਸਹਿਣੇ ਪਏ। ਇਹ ਘਟਨਾ ਮਨੁੱਖਤਾ ਵਿਰੁੱਧ ਸਭ ਤੋਂ ਵੱਡੇ ਅਪਰਾਧਾਂ ਵਿੱਚੋਂ ਇੱਕ ਮੰਨੀ ਜਾਂਦੀ ਹੈ। ਇਸ ਤੋਂ ਬਾਅਦ ਵੀ ਕੋਰੀਆ, ਵੀਅਤਨਾਮ, ਇਰਾਕ ਅਤੇ ਅਫ਼ਗਾਨਿਸਤਾਨ ਵਰਗੇ ਸੰਘਰਸ਼ਾਂ ਨੇ ਵਿਸ਼ਵ ਸ਼ਾਂਤੀ ਨੂੰ ਚੁਣੌਤੀ ਦਿੱਤੀ। ਹਰ ਜੰਗ ਨੇ ਮਨੁੱਖੀ ਜੀਵਨ ਦੇ ਨਾਲ-ਨਾਲ ਸਮਾਜਕ ਅਤੇ ਆਰਥਿਕ ਢਾਂਚੇ ਨੂੰ ਵੀ ਹਿਲਾ ਕੇ ਰੱਖ ਦਿੱਤਾ।

1945 ਵਿੱਚ ਸੰਯੁਕਤ ਰਾਸ਼ਟਰ ਦੀ ਸਥਾਪਨਾ ਇਸ ਉਮੀਦ ਨਾਲ ਕੀਤੀ ਗਈ ਸੀ ਕਿ ਇਹ ਸੰਸਾਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਏਗਾ। ਇਸ ਦੇ ਚਾਰਟਰ ਅਨੁਸਾਰ ਕਿਸੇ ਦੇਸ਼ ਵੱਲੋਂ ਬਿਨਾਂ ਜਾਇਜ਼ ਕਾਰਨ ਦੇ ਦੂਜੇ ਦੇਸ਼ 'ਤੇ ਹਮਲਾ ਕਰਨਾ ਗੈਰਕਾਨੂੰਨੀ ਹੈ, ਪਰ ਹਕੀਕਤ ਵਿੱਚ ਕਈ ਵਾਰ ਇਹ ਨਿਯਮ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੇ ਹਨ। ਉਦਾਹਰਨ ਵਜੋਂ 2003 ਦਾ ਇਰਾਕ ਯੁੱਧ ਕਾਫ਼ੀ ਵਿਵਾਦਿਤ ਰਿਹਾ, ਕਿਉਂਕਿ ਬਾਅਦ ਵਿੱਚ ਇਹ ਸਾਬਤ ਨਹੀਂ ਹੋ ਸਕਿਆ ਕਿ ਉੱਥੇ ਨਸ਼ਟ ਕਰਨ ਵਾਲੇ ਹਥਿਆਰ ਮੌਜੂਦ ਸਨ। ਇਸੇ ਤਰ੍ਹਾਂ 2022 ਤੋਂ ਚੱਲ ਰਹੀ ਰੂਸ-ਯੂਕਰੇਨ ਜੰਗ ਵਿੱਚ ਨਾਗਰਿਕ ਢਾਂਚਿਆਂ 'ਤੇ ਹਮਲੇ ਹੋਏ, ਜਿਸ ਨਾਲ ਅੰਤਰ-ਰਾਸ਼ਟਰੀ ਨਿਯਮਾਂ ਦੀ ਉਲੰਘਣਾ ਸਾਫ਼ ਦਿਖਾਈ ਦਿੰਦੀ ਹੈ।ਜਨੇਵਾ ਅਤੇ ਹੇਗ ਸੰਧੀਆਂ ਦੇ ਬਾਵਜੂਦ ਜੰਗਾਂ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਲਗਾਤਾਰ ਜਾਰੀ ਹੈ। ਸੀਰੀਆ ਵਿੱਚ ਰਸਾਇਣਕ ਹਥਿਆਰਾਂ ਦੀ ਵਰਤੋਂ ਨੇ ਮਨੁੱਖਤਾ ਨੂੰ ਹਿਲਾ ਦਿੱਤਾ। ਯਮਨ ਵਿੱਚ ਹਸਪਤਾਲਾਂ ਅਤੇ ਸਕੂਲਾਂ 'ਤੇ ਹਮਲੇ ਹੋਏ, ਜਿਸ ਨਾਲ ਉੱਥੇ ਭੁੱਖਮਰੀ ਅਤੇ ਬਿਮਾਰੀਆਂ ਵਧ ਗਈਆਂ। ਗਾਜ਼ਾ ਖੇਤਰ ਵਿੱਚ ਵਾਰ-ਵਾਰ ਹੋਣ ਵਾਲੇ ਟਕਰਾਅ ਦੌਰਾਨ ਵੀ ਨਾਗਰਿਕ ਸਭ ਤੋਂ ਵੱਧ ਪ੍ਰਭਾਵਤ ਹੁੰਦੇ ਹਨ। ਇਹ ਸਾਰੀਆਂ ਘਟਨਾਵਾਂ ਸਿਰਫ਼ ਕਾਨੂੰਨਾਂ ਦੀ ਨਾਕਾਮੀ ਨਹੀਂ, ਸਗੋਂ ਮਨੁੱਖੀ ਮੁੱਲਾਂ ਦੀ ਵੀ ਹਾਰ ਦਰਸਾਉਂਦੀਆਂ ਹਨ।ਆਧੁਨਿਕ ਯੁੱਧਾਂ ਦਾ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਇਨ੍ਹਾਂ ਦਾ ਸਭ ਤੋਂ ਵੱਧ ਨੁਕਸਾਨ ਨਾਗਰਿਕਾਂ ਨੂੰ ਹੁੰਦਾ ਹੈ। ਅੰਕੜਿਆਂ ਅਨੁਸਾਰ ਅੱਜ ਦੇ ਯੁੱਧਾਂ ਵਿੱਚ ਮਰਨ ਵਾਲਿਆਂ ਵਿੱਚੋਂ 70 ਤੋਂ 90 ਫੀਸਦੀ ਤੱਕ ਨਾਗਰਿਕ ਹੁੰਦੇ ਹਨ। ਅਫ਼ਗਾਨਿਸਤਾਨ ਵਿੱਚ ਡਰੋਨ ਹਮਲਿਆਂ ਦੌਰਾਨ ਕਈ ਵਾਰ ਬੇਗੁਨਾਹ ਲੋਕ ਵੀ ਮਾਰੇ ਗਏ। ਬੱਚੇ, ਔਰਤਾਂ ਅਤੇ ਬਜ਼ੁਰਗ ਇਸ ਦਾ ਸਭ ਤੋਂ ਵੱਡਾ ਸ਼ਿਕਾਰ ਬਣਦੇ ਹਨ। ਯੂਨੀਸੈਫ ਦੇ ਅਨੁਸਾਰ ਜੰਗਾਂ ਕਾਰਨ ਲੱਖਾਂ ਬੱਚੇ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ, ਜਿਸ ਨਾਲ ਪੂਰੀ ਇੱਕ ਪੀੜ੍ਹੀ ਦਾ ਭਵਿੱਖ ਪ੍ਰਭਾਵਤ ਹੁੰਦਾ ਹੈ।

ਵਾਤਾਵਰਨ 'ਤੇ ਜੰਗਾਂ ਦਾ ਪ੍ਰਭਾਵ ਵੀ ਘੱਟ ਗੰਭੀਰ ਨਹੀਂ। ਗਲਫ਼ ਯੁੱਧ ਦੌਰਾਨ ਤੇਲ ਦੇ ਖੂਹਾਂ ਨੂੰ ਅੱਗ ਲਗਾਉਣ ਨਾਲ ਵੱਡੇ ਪੱਧਰ 'ਤੇ ਪ੍ਰਦੂਸ਼ਣ ਫੈਲਿਆ ਸੀ। ਇਸੇ ਤਰ੍ਹਾਂ ਦੂਜੀ ਵਿਸ਼ਵ ਜੰਗ ਦੌਰਾਨ ਹੋਏ ਪ੍ਰਮਾਣੂ ਹਮਲਿਆਂ ਨੇ ਲੰਮੇ ਸਮੇਂ ਲਈ ਵਾਤਾਵਰਨ ਨੂੰ ਨੁਕਸਾਨ ਪਹੁੰਚਾਇਆ। ਆਧੁਨਿਕ ਸਮੇਂ ਵਿੱਚ ਵੀ ਮਿਜ਼ਾਈਲਾਂ ਅਤੇ ਰਸਾਇਣਕ ਹਥਿਆਰ ਵਾਤਾਵਰਨ ਨੂੰ ਦੂਸ਼ਿਤ ਕਰ ਰਹੇ ਹਨ।ਜੰਗਾਂ ਦਾ ਸਭ ਤੋਂ ਵੱਡਾ ਮਨੁੱਖੀ ਸੰਕਟ ਬੇਘਰ ਹੋਣਾ ਹੈ। ਸੰਯੁਕਤ ਰਾਸ਼ਟਰ ਦੇ ਅਨੁਸਾਰ ਦੁਨੀਆ ਵਿੱਚ ਕਰੋੜਾਂ ਲੋਕ ਜੰਗਾਂ ਕਾਰਨ ਆਪਣੇ ਘਰਾਂ ਤੋਂ ਬੇਘਰ ਹੋ ਚੁੱਕੇ ਹਨ। ਮਿਆਂਮਾਰ ਵਿੱਚ ਰੋਹਿੰਗਿਆ ਸੰਕਟ ਇਸ ਦਾ ਤਾਜ਼ਾ ਉਦਾਹਰਣ ਹੈ, ਜਿੱਥੇ ਲੱਖਾਂ ਲੋਕ ਸ਼ਰਨਾਰਥੀ ਬਣ ਗਏ। ਇਹ ਲੋਕ ਅਜਿਹੀਆਂ ਥਾਵਾਂ 'ਤੇ ਜੀਵਨ ਬਿਤਾਉਂਦੇ ਹਨ, ਜਿੱਥੇ ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਵੀ ਮੁਸ਼ਕਲ ਨਾਲ ਮਿਲਦੀਆਂ ਹਨ।

ਆਧੁਨਿਕ ਸਮੇਂ ਵਿੱਚ ਜੰਗਾਂ ਦੀ ਪ੍ਰਕਿਰਤੀ ਵੀ ਬਦਲ ਰਹੀ ਹੈ। ਡਰੋਨ ਹਮਲੇ, ਸਾਈਬਰ ਯੁੱਧ ਅਤੇ ਆਤੰਕਵਾਦ ਨੇ ਜੰਗ ਨੂੰ ਹੋਰ ਪੇਚੀਦਾ ਬਣਾ ਦਿੱਤਾ ਹੈ। ਇਨ੍ਹਾਂ ਵਿੱਚ ਜ਼ਿੰਮੇਵਾਰੀ ਤੈਅ ਕਰਨਾ ਮੁਸ਼ਕਲ ਹੋ ਜਾਂਦਾ ਹੈ, ਜਿਸ ਨਾਲ ਅੰਤਰਰਾਸ਼ਟਰੀ ਕਾਨੂੰਨਾਂ ਦੀ ਲਾਗੂ ਕਰਨ ਦੀ ਪ੍ਰਕਿਰਿਆ ਹੋਰ ਵੀ ਕਠਿਨ ਬਣ ਜਾਂਦੀ ਹੈ।

ਇਸ ਸਥਿਤੀ ਵਿੱਚ ਇਕੋ ਇੱਕ ਸਥਾਈ ਹੱਲ ਸ਼ਾਂਤੀ ਹੈ। ਸੰਵਾਦ, ਕੂਟਨੀਤੀ ਅਤੇ ਅੰਤਰਰਾਸ਼ਟਰੀ ਸਹਿਯੋਗ ਰਾਹੀਂ ਹੀ ਸੰਘਰਸ਼ਾਂ ਦਾ ਹੱਲ ਸੰਭਵ ਹੈ। ਸਿੱਖਿਆ ਵਿੱਚ ਮਨੁੱਖੀ ਮੁੱਲਾਂ, ਸਹਿਣਸ਼ੀਲਤਾ ਅਤੇ ਸ਼ਾਂਤੀ ਦੀ ਸੰਸਕ੍ਰਿਤੀ ਨੂੰ ਵਧਾਵਾ ਦੇਣਾ ਬਹੁਤ ਜ਼ਰੂਰੀ ਹੈ।ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਜੰਗਾਂ ਵਿੱਚ ਜਿੱਤ ਕਿਸੇ ਦੀ ਵੀ ਹੋਵੇ, ਹਾਰ ਹਮੇਸ਼ਾ ਮਨੁੱਖਤਾ ਦੀ ਹੀ ਹੁੰਦੀ ਹੈ। ਜਦ ਤੱਕ ਦੁਨੀਆ ਮਨੁੱਖਤਾ ਨੂੰ ਤਾਕਤ ਤੋਂ ਉੱਪਰ ਨਹੀਂ ਰੱਖਦੀ, ਤਦ ਤੱਕ ਜੰਗਾਂ ਅਤੇ ਉਨ੍ਹਾਂ ਨਾਲ ਜੁੜੇ ਦੁੱਖਾਂ ਦਾ ਸਿਲਸਿਲਾ ਜਾਰੀ ਰਹੇਗਾ। ਇਸ ਲਈ ਲੋੜ ਹੈ ਕਿ ਜੰਗਾਂ ਨਾ ਹੋਣ ਅਤੇ ਜੇਕਰ ਹੁੰਦੀਆਂ ਵੀ ਹਨ ਤਾਂ ਕਾਨੂੰਨਾਂ ਦਾ ਪੂਰਾ ਖਿਆਲ ਰੱਖਿਆ ਜਾਵੇ, ਤਾਂ ਜੋ ਬੇਕਸੂਰ ਬੱਚੇ, ਔਰਤਾਂ, ਬਜ਼ੁਰਗ ਅਤੇ ਵਾਤਾਵਰਨ ਇਸ ਦੀ ਲਪੇਟ ਵਿੱਚ ਨਾ ਆਉਣ।

**# ਸੰਪਰਕ : 94636-03091**

# ਸਕਰੀਨ 'ਚ ਗੁਆਚਿਆ ਬਚਪਨ

**ਸੰਜੀਵ ਸੈਣੀ**

ਅੱਜ ਅਜੋਕੀ ਦੁਨੀਆ ਦਾ ਹਰ ਕੋਨਾ ਇੰਟਰਨੈੱਟ ਨਾਲ ਜੁੜਿਆ ਹੋਇਆ ਹੈ। ਸੰਚਾਰ ਮਨੁੱਖ ਦੀ ਮੁਢਲੀ ਲੋੜ ਹੈ। ਨਵੀਂ-ਨਵੀਂ ਟੈਕਨਾਲੋਜੀ ਨੇ ਰੋਜ਼ਾਨਾ ਜੀਵਨ ਨੂੰ ਬਹੁਤ ਹੀ ਸੁਖਾਲਾ ਬਣਾ ਦਿੱਤਾ ਹੈ। ਸੰਚਾਰ ਕਾਰਨ ਅੱਜ ਮਨੁੱਖ ਲਈ ਨਵੇਂ ਨਵੇਂ ਰਾਹ ਖੁੱਲ ਰਹੇ ਹਨ, ਪਰ ਇਹਨਾਂ ਦੀ ਹੱਦ ਤੋਂ ਵੱਧ ਵਰਤੋਂ ਸਾਡੇ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣਦੀ ਜਾ ਰਹੀ ਹੈ। ਗੱਲ ਕਰਦੇ ਹਾਂ ਬੱਚਿਆਂ ਦੀ, ਜਿਨ੍ਹਾਂ ਦਾ ਬਚਪਨ ਅੱਜ ਮੋਬਾਇਲਾਂ ਤੇ ਬੀਤ ਰਿਹਾ ਹੈ। ਬੱਚਾ ਖੇਡ ਮੈਦਾਨ, ਸਾਈਕਲ ਚਲਾਉਣ, ਸਰੀਰਿਕ ਕਸਰਤ ਦੀ ਥਾਂ 'ਤੇ ਮੋਬਾਇਲ ਨੂੰ ਜ਼ਿਆਦਾ ਤਰਜੀਹ ਦੇ ਰਿਹਾ ਹੈ। ਅੱਜ ਬੱਚੇ ਆਨਲਾਈਨ ਗੇਮਾਂ ਖੇਡ ਲੈਂਦੇ ਹਨ, ਜਿਸ ਕਾਰਨ ਬੱਚੇ ਦਾ ਮਾਨਸਿਕ ਵਿਕਾਸ ਪ੍ਰਭਾਵਿਤ ਹੋ ਰਿਹਾ ਹੈ। ਜਦੋਂ ਦਾ ਕੋਰੋਨਾ ਮਹਾਂਮਾਰੀ ਕਾਰਨ ਆਨਲਾਈਨ ਪੜ੍ਹਾਈ ਮੋਬਾਈਲਾਂ ਤੇ ਹੋਈ ਹੈ,ਬੱਚਿਆਂ ਦਾ ਸਕਰੀਨ ਟਾਈਮ ਵਧ ਗਿਆ ਹੈ। ਸਕੂਲੋਂ ਆ ਕੇ ਸਿੱਧਾ ਮੋਬਾਇਲ ਫੜ ਲੈਂਦੇ ਹਨ। ਉਨ੍ਹਾਂ ਵੇਲੇ ਹੋਰ ਕੋਈ ਚਾਰਾ ਵੀ ਨਹੀਂ ਸੀ, ਸਕੂਲਾਂ ਵੱਲੋਂ ਆਨਲਾਈਨ ਕਲਾਸਾਂ ਲਗਾ ਕੇ ਹੀ ਬੱਚਿਆਂ ਦੀ ਪੜ੍ਹਾਈ ਕਰਵਾਈ ਗਈ। ਆਨਲਾਈਨ ਕਲਾਸਾਂ, ਲੈਪਟਾਪ, ਮੋਬਾਇਲ ਜਾਂ ਟੈਬ 'ਤੇ ਹੀ ਹੁੰਦੀਆਂ ਸਨ। ਜੇ ਘਰ ਵਿੱਚ ਮੋਬਾਇਲ ਨਹੀਂ ਹੈ ਤਾਂ ਟੈਬ ਤੇ ਲੱਗੇ ਰਹਿੰਦੇ ਹਨ।ਵੱਡਿਆਂ ਲਈ 'ਵਰਕ ਫਰਾਮ ਹੋਮ' ਹੋ ਗਿਆ ਸੀ। ਅਜਿਹੀ ਭੈੜੀ ਆਦਤ ਬੱਚਿਆਂ ਨੂੰ ਪੈ ਗਈ ਕਿ ਬੱਚਿਆਂ ਦੀ ਰੂਹ ਕਿਤਾਬਾਂ ਖੋਲ੍ਹਣ ਨੂੰ ਬਿਲਕੁਲ ਵੀ ਨਹੀਂ ਕਰਦੀ। ਕਿਤਾਬਾਂ ਵਿੱਚੋਂ ਸੰਬੰਧੀ ਪਾਠ ਪੜ੍ਹਨ ਨੂੰ ਤਰਜੀਹ ਨਹੀਂ ਦਿੰਦੇ। ਕੁਝ ਵੀ ਦੇਖਣਾ ਹੁੰਦਾ ਹੈ ਜਾਂ ਕੋਈ ਵੀ ਜਾਣਕਾਰੀ ਲੈਣੀ ਹੁੰਦੀ ਹੈ, ਸਿੱਧਾ ਮੋਬਾਇਲ ਦੀ ਵਰਤੋਂ ਕਰਦੇ ਹਨ। ਇਹਨਾਂ ਨੂੰ ਤਾਂ ਇਹ ਵੀ ਨਹੀਂ ਪਤਾ ਕਿ ਇਹ ਜਾਣਕਾਰੀ ਦਰੁੱਸਤ ਵੀ ਹੈ ਜਾਂ ਨਹੀਂ। ਸਕਰੀਨ ਟਾਈਮ ਜ਼ਿਆਦਾ ਹੋਣ ਕਾਰਨ ਬੱਚਿਆਂ ਦਾ ਸੁਭਾਅ ਚਿੜਚਿੜਾ ਹੋ ਗਿਆ ਹੈ। ਲਗਾਤਾਰ ਮੋਬਾਇਲ ਦੇਖਣ ਨਾਲ ਅੱਖਾਂ ਦੀ ਨਜ਼ਰ ਕਮਜ਼ੋਰ ਹੋ ਚੁੱਕੀ ਹੈ, ਜਿਸ ਕਾਰਨ ਅੱਖਾਂ ਅੰਦਰ ਜਲਣ ਹੋ ਚੁੱਕੀ ਹੈ। ਖੇਡ ਮੈਦਾਨ ਵਿੱਚ ਨਾ ਜਾਣ ਕਾਰਨ ਬੱਚੇ ਮੋਟਾਪੇ ਦਾ ਸ਼ਿਕਾਰ ਹੋ ਚੁੱਕੇ ਹਨ। ਮੋਬਾਇਲ ਵਿੱਚ ਗੁਆਚੇ ਰਹਿਣ ਕਾਰਨ ਬੱਚੇ ਆਪਣੇ ਪਰਵਾਰ ਤੇ ਦੋਸਤਾਂ ਨਾਲ ਗੱਲਬਾਤ ਨਹੀਂ ਕਰਦੇ ਹਨ, ਜਿਸ ਕਾਰਨ ਉਨਾਂ ਦਾ ਸਮਾਜਿਕ ਹੁਨਰ ਵਿਕਸਤ ਨਹੀਂ ਹੁੰਦਾ ਤੇ ਭਾਸ਼ਾ ਲਿਖਣ ਵਿੱਚ ਵੀ ਦੇਰੀ ਹੋ ਸਕਦੀ ਹੈ। ਪੱਠਿਆਂ ਵਿੱਚ ਦਰਦ, ਸਰਵਾਈਕਲ ਛੋਟੇ-ਛੋਟੇ ਬੱਚਿਆਂ ਨੂੰ ਹੋ ਚੁੱਕਿਆ ਹੈ। ਮੋਬਾਇਲ ਦੀ ਜ਼ਿਆਦਾ ਲੱਤ ਕਾਰਨ ਬੱਚਿਆਂ ਦੀ ਇਕਾਗਰਤਾ ਵਿੱਚ ਕਮੀ ਆਉਂਦੀ ਹੈ, ਮਾਨਸਿਕ ਤੌਰ 'ਤੇ ਬੱਚੇ ਕਮਜ਼ੋਰ ਹੋ ਰਹੇ ਹਨ। ਬੱਚੇ ਇਕੱਲੇ ਰਹਿਣਾ ਪਸੰਦ ਕਰਨ ਲੱਗ ਗਏ ਹਨ। ਮਾਂ-ਬਾਪ ਦਾ ਕਹਿਣਾ ਵੀ ਬਿਲਕੁਲ ਨਹੀਂ ਮੰਨਦੇ।

ਨਿਮਰਤਾ, ਪ੍ਰੀਤ, ਪਿਆਰ, ਸਤਿਕਾਰ, ਸਹਿਣਸ਼ੀਲਤਾ ਬੱਚਿਆਂ ਵਿੱਚ ਬਿਲਕੁਲ ਵੀ ਨਹੀਂ ਰਹੀ। ਸਕਰੀਨ ਟਾਈਮ ਵੱਧ ਹੋਣ ਕਾਰਨ ਬੱਚੇ ਮੋਬਾਈਲ ਦੀ ਦੁਰਵਰਤੋਂ ਕਰ ਰਹੇ ਹਨ। ਆਨਲਾਈਨ ਗੇਮਾਂ ਦਾ ਰੁਝਾਨ ਵਧ ਗਿਆ ਹੈ। ਗਲਤ ਆਨਲਾਈਨ ਗੇਮ ਡਾਊਨਲੋਡ ਕਰਕੇ ਆਪਣਾ ਭਵਿੱਖ ਵੀ ਤਬਾਹ ਕਰ ਰਹੇ ਹਨ।ਹਾਲ ਹੀ ਵਿੱਚ ਗਾਜ਼ੀਆਬਾਦ ਦਾ ਕੇਸ ਸਾਨੂੰ ਸਾਰਿਆਂ ਨੂੰ ਪਤਾ ਹੈ ਕਿ ਤਿੰਨ ਸਕੀਆਂ ਭੈਣਾਂ ਕਿਸ ਤਰ੍ਹਾਂ ਮੋਬਾਇਲ ਦੀਆਂ ਆਦੀ ਸਨ। ਉਨ੍ਹਾਂ ਦੇ ਮਾਪਿਆਂ ਨੇ ਉਹਨਾਂ ਤੋਂ ਮੋਬਾਇਲ ਖੋਹ ਲਿਆ ਸੀ। ਨੌਵੀਂ ਮੰਜ਼ਲ ਤੋਂ ਤਿੰਨੋਂ ਸਕੀਆਂ ਭੈਣਾਂ ਨੇ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਇਸੇ ਤਰ੍ਹਾਂ ਹਿਮਾਚਲ ਪ੍ਰਦੇਸ਼ ਦੇ ਕਿਸੇ ਥਾਂ 'ਤੇ ਆਨਲਾਈਨ ਗੇਮ ਵਿੱਚ ਉਹ ਬੱਚਾ 15 ਲੱਖ ਰੁਪਿਆ ਗਵਾ ਬੈਠਾ ਸੀ, ਮਾਂ-ਪਿਓ ਦੇ ਡਰ ਤੋਂ ਉਸ ਨੇ ਫਾਹਾ ਲੈ ਲਿਆ। ਇਹ ਕੋਈ ਪਹਿਲੀ ਘਟਨਾ ਨਹੀਂ। ਆਨਲਾਈਨ ਗੇਮ ਦੇ ਚੱਕਰ ਵਿੱਚ ਇੱਕ ਬੱਚਾ ਜਦੋਂ ਉਸ ਦਾ ਪਿਤਾ ਰਿਟਾਇਰਡ ਹੋ ਕੇ ਆਇਆ ਸੀ ,75 ਲੱਖ ਰੁਪਿਆ ਮਿਲਿਆ ਸੀ, ਗੇਮ ਵਿੱਚ ਅੱਗੇ-ਅੱਗੇ ਕਦਮ ਰੱਖਦਾ ਗਿਆ, ਬੈਂਕ ਖਾਤਿਆਂ ਨਾਲ ਮੋਬਾਇਲ ਲਿੰਕ ਸੀ, ਪੈਸੇ ਜਾਂਦੇ ਰਹੇ। ਉਹ ਸਾਰੀ ਪੂੰਜੀ ਬੱਚੇ ਨੇ ਗਵਾ ਦਿੱਤੀ। ਅੱਜ ਕਈ ਸੂਬਿਆਂ ਵਿੱਚ ਜਿਵੇਂ ਆਂਧਰਾ ਪ੍ਰਦੇਸ਼ ਤੇ ਤੇਲੰਗਾਨਾ ਵਿੱਚ ਬਾਰ੍ਹਵੀਂ ਕਲਾਸ ਤੱਕ ਦੇ ਬੱਚਿਆਂ ਨੂੰ ਮੋਬਾਇਲ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਸਕੂਲ ਵਿੱਚ ਬੱਚੇ ਬਿਲਕੁਲ ਵੀ ਮੋਬਾਇਲ ਲੈ ਕੇ ਨਹੀਂ ਆਉਣਗੇ। ਹਿਮਾਚਲ ਪ੍ਰਦੇਸ਼ ਵਿੱਚ ਵੀ ਇਹ ਪਾਬੰਦੀ ਲਗਾ ਦਿੱਤੀ ਗਈ ਹੈ। ਜੇ ਵਿਦੇਸ਼ਾਂ ਦੀ ਗੱਲ ਕਰੀਏ ਤਾਂ ਆਸਟਰੇਲੀਆ ਵਿੱਚ 18 ਸਾਲ ਤੋਂ ਘੱਟ ਉਮਰ ਦੇ ਬੱਚੇ ਸੋਸ਼ਲ ਮੀਡੀਆ ਦੀ ਵਰਤੋਂ ਨਹੀਂ ਕਰ ਸਕਦੇ। ਇਹ ਬਹੁਤ ਹੀ ਵਧੀਆ ਫੈਸਲਾ ਹੈ। ਵਿਦਿਅਕ ਸੰਸਥਾਵਾਂ ਨੂੰ ਮੋਬਾਇਲ ਦੀ ਵਰਤੋਂ ਬਾਰੇ ਬੱਚਿਆਂ ਨੂੰ ਦੱਸਣਾ ਚਾਹੀਦਾ ਹੈ। ਨੈਤਿਕ ਕਦਰਾਂ ਕੀਮਤਾਂ ਬਾਰੇ ਬੱਚਿਆਂ ਨੂੰ ਬਿਲਕੁਲ ਵੀ ਨਹੀਂ ਪਤਾ। ਮਾਪਿਆਂ, ਸਮਾਜ ਸੇਵੀ ਸੰਸਥਾਵਾਂ, ਵਿਦਿਅਕ ਅਦਾਰਿਆਂ ਨੂੰ ਮੋਬਾਈਲ ਦੇ ਮੁੱਦੇ 'ਤੇ ਗੰਭੀਰ ਹੋਣ ਦੀ ਜ਼ਰੂਰਤ ਹੈ। ਵਰਕਸ਼ਾਪਾਂ ਦਾ ਆਯੋਜਨ ਹੋਣਾ ਚਾਹੀਦਾ ਹੈ। ਕਿਤਾਬਾਂ ਬਾਰੇ ਬੱਚਿਆਂ ਨੂੰ ਦੱਸਣਾ ਚਾਹੀਦਾ ਹੈ, ਤਾਂ ਜੋ ਬੱਚਿਆਂ ਦਾ ਰੁਝਾਨ ਕਿਤਾਬਾਂ ਵੱਲ ਵਧੇਰੇ ਹੋਵੇ। ਮਾਪੇ ਬੱਚਿਆਂ ਲਈ ਮੋਬਾਇਲ ਵਰਤਣ ਦਾ ਸਮਾਂ ਨਿਸਚਿਤ ਕਰਨ। ਬੱਚੇ ਮੋਬਾਇਲ 'ਤੇ ਕੀ ਦੇਖ ਰਹੇ ਹਨ, ਮਾਂ-ਬਾਪ ਨੂੰ ਜਾਣਕਾਰੀ ਹੋਣੀ ਚਾਹੀਦੀ ਹੈ। ਬੱਚਿਆਂ ਨਾਲ ਸਮਾਂ ਬਿਤਾਓ, ਉਨ੍ਹਾਂ ਨੂੰ ਬਾਹਰ ਲੈ ਕੇ ਜਾਓ। ਉਨ੍ਹਾਂ ਦਾ ਅੰਦਰਲਾ ਫਰੋਲੋ। ਅਜਿਹੀ ਮਿੱਤਰਤਾ ਕਰੋ ਕਿ ਉਹ ਤੁਹਾਡੇ ਵੱਲ ਜ਼ਿਆਦਾ ਆਉਣ। ਇਸ ਨਾਲ ਸਕਰੀਨ ਤੋਂ ਦੂਰੀ ਵੀ ਘਟੇਗੀ। ਮਾਂ-ਬਾਪ ਨੂੰ ਬੱਚਿਆਂ ਦੇ ਸਾਹਮਣੇ ਬਿਲਕੁਲ ਵੀ ਮੋਬਾਈਲ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਸੋਸ਼ਲ ਮੀਡੀਆ ਦੀ ਵਰਤੋਂ ਸੁਚੱਜੇ ਢੰਗ ਨਾਲ ਹੋਣੀ ਚਾਹੀਦੀ ਹੈ।ਲੋੜ ਹੈ ਅੱਜ ਸੂਬਾ ਸਰਕਾਰਾਂ, ਮਾਪੇ, ਅਧਿਆਪਕ ਤੇ ਸਮਾਜ ਸੇਵੀ ਸੰਸਥਾਵਾਂ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣ ਦੀ,ਤਾਂ ਕੁਝ ਹੱਦ ਤੱਕ ਰਾਹਤ ਮਿਲ ਸਕਦੀ ਹੈ। ਫਿਰ ਤੋਂ ਦੁਬਾਰਾ ਬੱਚੇ ਖੇਡ ਮੈਦਾਨ ਵੱਲ ਭੱਜਣਗੇ, ਭਵਿੱਖ ਵੀ ਰੁਸ਼ਨਾ ਜਾਵੇਗਾ। ਕਿਉਂਕਿ ਬੱਚੇ ਕੱਲ੍ਹ ਦਾ ਭਵਿੱਖ ਹਨ।

**ਸੰਪਰਕ : 78889-66168**

# ਸਾਂਝੇ ਥੜੇ ਦੇ ਸੱਦੇ 'ਤੇ ਪੈਨਸ਼ਨਰਾਂ ਨੇ ਬਿਜਲੀ ਮੰਤਰੀ ਦੀ ਅਰਥੀ ਫੂਕ ਕੇ ਕੀਤਾ ਰੋਸ ਮੁਜ਼ਾਹਰਾ





**ਰਾਜਪੁਰਾ (ਰਮੇਸ਼ ਕਟਾਰੀਆ)**- ਸਾਂਝੇ ਥੜੇ ਦੇ ਸੱਦੇ 'ਤੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਤੇ ਪਾਵਰਕਾਮ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ ਡਵੀਜ਼ਨ ਰਾਜਪੁਰਾ ਦੇ ਸਾਰੇ ਅਹੁਦੇਦਾਰਾਂ ਤੇ ਸੈਂਕੜੇ ਸਾਥੀਆਂ ਵੱਲੋਂ ਰਾਜਪੁਰਾ ਡਵੀਜ਼ਨ ਵਿਖੇ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਦੀ ਅਰਥੀ ਫੂਕਦੇ ਹੋਏ ਰੋਸ ਮੁਜ਼ਾਹਰਾ ਕੀਤਾ ਗਿਆ।ਬੀਤੇ 16/04/2026 ਨੂੰ ਜਥੇਬੰਦੀਆਂ ਦੀ ਬਿਜਲੀ ਮੰਤਰੀ ਨਾਲ ਮੀਟਿੰਗ ਬੇਸਿੱਟਾ ਰਹੀ।ਕੋਈ ਵੀ ਮੰਗ ਸਹੀ ਢੰਗ ਨਾਲ ਨਹੀਂ ਵਿਚਾਰੀ ਗਈ ਤੇ ਨਾ ਹੀ ਮੰਤਰੀ ਅਰੋੜਾ ਵੱਲੋਂ ਜਥੇਬੰਦੀਆਂ ਦੇ ਆਗੂਆਂ ਨਾਲ ਗੱਲਬਾਤ ਸਹੀ ਢੰਗ ਨਾਲ ਕੀਤੀ ਗਈ।ਸਾਂਝੇ ਥੜੇ ਦੀਆਂ ਜਥੇਬੰਦੀਆਂ ਦੇ ਫੈਸਲੇ ਅਨੁਸਾਰ ਬਿਜਲੀ ਮੰਤਰੀ ਪੰਜਾਬ ਸ੍ਰੀ ਸੰਜੀਵ ਅਰੋੜਾ ਦੇ ਵਿਰੋਧ ਵਿੱਚ ਅੱਜ ਰਾਜਪੁਰਾ ਡਵੀਜ਼ਨ ਵਿਖੇ ਮੇਨ ਗੇਟ 'ਤੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ।ਇਸ ਮੁਜ਼ਾਹਰੇ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਧੀਮਾਨ, ਸਰਕਲ ਪਟਿਆਲਾ ਦੇ ਪ੍ਰਧਾਨ ਸਾਥੀ ਗੁਰਦਿਆਲ ਸਿੰਘ, ਬੱਬੂ ਸਾਥੀ ਚਰਨ ਸਿੰਘ ਜੰਡੋਲੀ ਸ਼ਾਮਲ ਹੋਏ।ਬੁਲਾਰੇ ਸਾਥੀਆਂ ਵੱਲੋਂ ਪੈਨਸ਼ਨਰਾਂ ਤੇ ਰੈਗੂਲਰ ਸਾਥੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਗਈ ਕਿ ਆਉਣ ਵਾਲਾ ਸਮਾਂ ਬਹੁਤ ਹੀ ਖਤਰਨਾਕ ਹੈ, ਕਿਉਂਕਿ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨਿੱਜੀਕਰਨ ਵੱਲ ਬਹੁਤ ਤੇਜ਼ੀ ਨਾਲ ਵਧ ਰਹੀ ਹੈ।ਨਵੀਂ ਭਰਤੀ ਵੱਲ ਸਰਕਾਰ ਦਾ ਬਿਲਕੁਲ ਧਿਆਨ ਨਹੀਂ ਹੈ।ਪੰਜਾਬ ਸਰਕਾਰ ਹਾਈ ਕੋਰਟ ਦੇ ਡੀ ਏ ਦੇਣ ਵਾਲੇ ਫੈਸਲੇ ਨੂੰ ਵੀ ਲਾਗੂ ਕਰਨ ਤੋਂ ਗੁਰੇਜ਼ ਕਰ ਰਹੀ ਹੈ। ਇਸ ਰੋਸ ਮੁਜ਼ਾਹਰੇ ਵਿੱਚ ਸਰਕਲ ਆਗੂ ਸਾਥੀ ਸੁਖਦੇਵ ਸਿੰਘ, ਹਰਦੀਪ ਸਿੰਘ, ਜਗਜੀਤ ਸਿੰਘ, ਬਲਵੀਰ ਸਿੰਘ, ਜਸਪਾਲ ਸਿੰਘ, ਜੁਗਿੰਦਰ ਸਿੰਘ ਚੱਠਾ, ਕੰਵਲਜੀਤ ਸਿੰਘ, ਜਿਸਤਾ ਨੰਦ, ਦੇਵੀ ਸਿੰਘ, ਜਗਤਾਰ ਸਿੰਘ ਮੁਹਾਲੀ ਅਤੇ ਹੋਰ ਆਗੂਆਂ ਤੇ ਵਰਕਰਾਂ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ।ਆਏ ਸਾਥੀਆਂ ਦਾ ਧੰਨਵਾਦ ਕਰਦਿਆਂ ਡਵੀਜ਼ਨ ਸਕੱਤਰ ਜਗਜੀਤ ਸਿੰਘ ਨੇ ਦੱਸਿਆ ਕਿ ਜੇਕਰ ਮੰਨੀਆਂ ਮੰਗਾਂ ਨਾ ਲਾਗੂ ਕੀਤੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ ਦੀਆਂ ਸਮੂਹ ਜਥੇਬੰਦੀਆਂ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਪੰਜਾਬ ਸਰਕਾਰ ਤੇ ਪਾਵਰ ਕਾਰਪੋਰੇਸ਼ਨ ਦੀ ਮੈਨੇਜਮੈਂਟ ਵੱਲੋਂ 16/04/2026 ਨੂੰ ਜੁਆਇੰਟ ਫੋਰਮ ਏਕਤਾ ਮੰਚ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼ ਦੀ ਲੀਡਰਸ਼ਿੱਪ ਨੂੰ ਮੀਟਿੰਗ ਦੇ ਕੇ ਮੰਗਾਂ ਹੱਲ ਨਾ ਕਰਨ ਦੀ ਨਿਖੇਧੀ ਕੀਤੀ ਗਈ ਅਤੇ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੰਦੇ ਹੋਏ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਮੈਨੇਜਮੈਂਟ ਤੇ ਸਰਕਾਰ ਨੇ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਸੰਘਰਸ਼ ਤੇਜ ਕੀਤਾ ਜਾਵੇਗਾ ਜੀ, ਜਿਸ ਦੀ ਸਾਰੀ ਜ਼ੁੰਮੇਵਾਰੀ ਮੈਨੇਜਮੈਂਟ ਤੇ ਸਰਕਾਰ ਦੀ ਹੋਵੇਗੀ ਜੀ। ਇਸ ਰੈਲੀ ਨੂੰ ਸਾਥੀ ਰਾਣਾ ਸਿੰਘ ਸਿਟੀ ਸਬ ਡਵੀਜ਼ਨ, ਸਾਥੀ ਗੁਰਸੇਵਕ ਸਿੰਘ ਮਦਰੱਸਾ ਸਾਥੀ ਲਾਲਾ ਰਾਮ, ਸਾਥੀ ਗੁਰਮੇਲ ਸਿੰਘ ਤੇ ਸਾਥੀ ਬਰਜਿੰਦਰ ਕੁਮਾਰ ਸ਼ਰਮਾ ਮੀਤ ਪ੍ਰਧਾਨ ਟੈਕਨੀਕਲ ਸਰਵਿਸਜ਼ ਯੂਨੀਅਨ ਪੰਜਾਬ ਨੇ ਸੰਬੋਧਨ ਕੀਤਾ।

## ਥਾਣਾ ਕੋਟਭਾਈ ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਈ, ਮੁਲਜ਼ਮ ਗ੍ਰਿਫਤਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਥਾਣਾ ਕੋਟਭਾਈ ਦੀ ਪੁਲਸ ਨੇ ਇੱਕ ਅੰਨ੍ਹੇ ਕਤਲ ਦੀ ਗੁੱਥੀ ਸੁਲਝਾ ਕੇ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਐਸ ਪੀ ਡੀ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਬੀਤੀ 16.04.2026 ਨੂੰ ਮੁਦੱਈ ਮੁਕਦੱਮਾ ਟੇਕ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਕੋਟਭਾਈ ਨੇ ਹਾਜ਼ਰ ਥਾਣਾ ਆ ਕੇ ਬਿਆਨ ਲਿਖਾਇਆ ਕਿ ਮਿਤੀ 16.04.2026 ਨੂੰ ਸੁਬਾ ਵਕਤ 10.00 ਗੁਰਜੀਤ ਮਹੰਤ ਪੁੱਤਰ ਮੱਘਰ ਸਿੰਘ ਵਾਸੀ ਮਿੱਠੜੀ (ਹਰਿਆਣਾ) ਨੇ ਦੱਸਿਆ ਕਿ ਸਰਬਜੀਤ ਮਹੰਤ ਦੇ ਘਰ ਦਾ ਗੇਟ ਨਹੀਂ ਖੋਲ੍ਹ ਰਿਹਾ ਹੈ।ਘਰ ਦੇ ਬਾਹਰਲਾ ਗੇਟ ਦਾ ਅੰਦਰੋ ਕੁੰਡਾ ਤੋੜ ਕੇ, ਕਮਰੇ ਨੂੰ ਲੱਗੇ ਗੇਟਾ ਦੇ ਤਾਲੇ ਤੋੜ ਕੇ ਦੇਖਿਆ ਤਾਂ ਕਮਰੇ ਅੰਦਰ ਸਰਬਜੀਤ ਮਹੰਤ ਉਮਰ ਕ੍ਰੀਬ 37/38 ਸਾਲ ਦੀ ਲਾਸ਼ ਪਈ ਸੀ, ਜਿਸ ਦੇ ਤੇਜ਼ਧਾਰ ਹਥਿਆਰ ਨਾਲ ਸੱਟਾਂ ਦੇ ਨਿਸ਼ਾਨ ਪਏ ਹੋਏ ਸਨ।ਉਸ ਦਾ ਕਿਸੇ ਨਾ-ਮਲੂਮ ਵਿਅਕਤੀ/ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰ ਨਾਲ ਸੱਟਾਂ ਮਾਰ ਕੇ ਕਤਲ ਕਰ ਦਿੱਤਾ ਹੈ।ਪੁਲਸ ਵੱਲੋਂ ਮਦਾਈ ਦੇ ਬਿਆਨਾਂ 'ਤੇ ਮੁਕਦੱਮਾ ਬੀਐਨਐਸ ਥਾਣਾ ਕੋਟਭਾਈ ਬਰਖਿਲਾਫ ਨਾ-ਮਲੂਮ ਵਿਅਕਤੀ/ਵਿਅਕਤੀਆ ਦੇ ਦਰਜ ਰਜਿਸਟਰ ਕੀਤਾ ਗਿਆ ਤੇ ਤਫਤੀਸ਼ ਸ਼ੁਰੂ ਕੀਤੀ ਗਈ।ਮੁਕਦੱਮਾ ਦੀ ਤਫਤੀਸ਼ ਦੌਰਾਨ ਟੈਕਨੀਕਲ ਅਤੇ ਪੁਲਿਸ ਵੱਲੋਂ ਆਪਣੇ ਸੋਰਸਾਂ ਰਾਹੀਂ ਪਤਾ ਲਗਾਇਆ ਕਿ ਇਹ ਸਰਬਜੀਤ ਮਹੰਤ ਦਾ ਕਤਲ ਗੁਰਮੀਤ ਸਿੰਘ ਉਰਫ ਗੁੱਗ ਪੁੱਤਰ ਸੁਖਦੇਵ ਸਿੰਘ ਪੁੱਤਰ ਬੰਤਾ ਸਿੰਘ ਵਾਸੀ ਪਿੰਡ ਕੋਟਭਾਈ ਨੇ ਕੀਤਾ ਹੈ, ਜਿਸ 'ਤੇ ਮੁਕਦੱਮਾ ਵਿੱਚ ਗੁਰਮੀਤ ਸਿੰਘ ਉਰਫ ਗੁੱਗ ਉਕਤ ਨੂੰ ਰਾਹੀ ਦੋਸ਼ੀ ਨਾਮਜ਼ਦ ਕੀਤਾ ਗਿਆ, ਜਿਸ 'ਤੇ ਕਾਰਵਾਈ ਕਰਦੇ ਹੋਏ ਅੱਜ ਮਿਤੀ 17.04.2026 ਨੂੰ ਵੱਖ-ਵੱਖ ਟੀਮਾ ਗਠਿਤ ਕਰਦੇ ਹੋਏ ਮੁਕਦੱਮਾ ਦੇ ਮੁਲਜ਼ਮ ਗੁਰਮੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ।

## ਗੈਂਗਸਟਰ ਗੋਪੀ ਲਾਹੌਰੀਆ ਦੇ ਦੋ ਸਾਥੀ ਹਥਿਆਰਾਂ ਸਮੇਤ ਕਾਬੂ

**ਵੱਡੀ ਵਾਰਦਾਤ ਨੂੰ ਦੇ ਸਕਦੇ ਸਨ ਅੰਜਾਮ : ਐੱਸ ਐੱਸ ਪੀ**



**ਜਗਰਾਉਂ (ਸੰਜੀਵ ਅਰੋੜਾ)**- ਜਗਰਾਉਂ ਸੀ. ਆਈ. ਏ. ਸਟਾਫ਼ ਵੱਲੋਂ ਗੈਂਗਸਟਰ ਗੋਪੀ ਲਾਹੌਰੀਆ ਦੇ ਦੋ ਸਾਥੀਆਂ ਨੂੰ ਹਥਿਆਰਾਂ ਸਮੇਤ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਜ਼ਿਲ੍ਹਾ ਲੁਧਿਆਣਾ (ਦਿਹਾਤੀ) ਦੇ ਐਸ. ਐਸ. ਪੀ. ਡਾ: ਅੰਕੁਰ ਗੁਪਤਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਐੱਸ. ਪੀ. ਡੀ. ਰਾਜਨ ਸ਼ਰਮਾ, ਡੀ. ਐੱਸ. ਪੀ. ਜਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਤੇ ਸੀ. ਆਈ. ਏ. ਇੰਸਪੈਕਟਰ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਹੇਠ ਸੀ. ਆਈ. ਏ. ਦੇ ਏ. ਐੱਸ. ਆਈ ਬਲਵਿੰਦਰ ਸਿੰਘ ਵੱਲੋਂ ਸਮੇਤ ਪੁਲਸ ਪਾਰਟੀ ਇਕ ਸ਼ਲਾਘਾਯੋਗ ਕਾਰਵਾਈ ਕਰਦਿਆਂ ਗੈਂਗਸਟਰ ਗੋਪੀ ਲਾਹੌਰੀਆ, ਜੋ ਕਿ ਕੈਨੇਡਾ 'ਚ ਰਹਿੰਦਾ ਹੈ, ਦੇ ਦੋ ਨਜ਼ਦੀਕੀ ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜੋ ਲੁਧਿਆਣਾ ਸ਼ਹਿਰ ਵਿਚ ਵੱਡੀ ਵਾਰਦਾਤ ਦੀ ਯੋਜਨਾ ਬਣਾ ਰਹੇ ਸਨ। ਐੱਸ. ਐੱਸ. ਪੀ. ਨੇ ਦੱਸਿਆ ਕਿ ਏ. ਐੱਸ. ਆਈ. ਬਲਵਿੰਦਰ ਸਿੰਘ ਨੂੰ ਇਕ ਭਰੋਸੇਯੋਗ ਗੁਪਤ ਸੂਚਨਾ ਪ੍ਰਾਪਤ ਹੋਈ ਕਿ ਹਰਸ਼ਦੀਪ ਸਿੰਘ ਉਰਫ਼ ਬਿੱਲਾ ਤੇ ਕੁਲਵਿੰਦਰ ਸਿੰਘ ਕਿੰਦ, ਦੋਵੇਂ ਵਾਸੀ ਪਿੰਡ ਨੰਗਰ, ਥਾਣਾ ਡੇਹਲੋਂ, ਗੈਂਗਸਟਰ ਦਵਿੰਦਰਪਾਲ ਸਿੰਘ ਉਰਫ਼ ਗੋਪੀ ਲਾਹੌਰੀਆ ਦੇ ਕਹਿਣ 'ਤੇ ਮੋਗਾ ਇਲਾਕੇ ਤੋਂ ਨਜਾਇਜ਼ ਹਥਿਆਰ ਪ੍ਰਾਪਤ ਕਰਕੇ ਇਕ ਬਿਨਾਂ ਨੰਬਰੀ ਕਾਲੇ ਰੰਗ ਦੇ ਮੋਟਰਸਾਈਕਲ 'ਤੇ ਲੁਧਿਆਣਾ ਵੱਲ ਆ ਰਹੇ ਹਨ ਅਤੇ ਸ਼ਹਿਰ ਵਿੱਚ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇ ਸਕਦੇ ਹਨ। ਇਸ ਗੁਪਤ ਸੂਚਨਾ ਦੇ ਅਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਮੁਕੱਦਮਾ ਨੰਬਰ 89 ਅਧੀਨ ਧਾਰਾ 25, 27 ਅਸਲਾ ਐਕਟ, 1959 ਤੇ 61 (2) ਬੀ.ਐੱਨ.ਐੱਸ. ਥਾਣਾ ਸਦਰ ਜਗਰਾਉਂ ਵਿਖੇ ਦਰਜ ਕਰਕੇ ਹਾਈਟੈਕ ਨਾਕਾ ਚੂਹੜਚੱਕ ਵਿਖੇ ਨਾਕਾਬੰਦੀ ਕੀਤੀ ਗਈ। ਨਾਕਾਬੰਦੀ ਦੌਰਾਨ ਦੋਵੇਂ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਦੋਸ਼ੀਆਂ ਦੇ ਕਬਜ਼ੇ ਵਿੱਚੋਂ ਇਕ ਕਾਲੇ ਰੰਗ ਦਾ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਤੇ 2 ਦੇਸੀ, 32 ਬੋਰ ਪਿਸਟਲ ਸਮੇਤ 4 ਮੈਗਜ਼ੀਨ ਤੇ 4 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ। ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਦੋਵੇਂ ਦੋਸ਼ੀ ਮੋਗਾ ਇਲਾਕੇ ਤੋਂ ਗੈਂਗਸਟਰ ਗੋਪੀ ਲਾਹੌਰੀਆ ਦੇ ਕਹਿਣ 'ਤੇ ਹਥਿਆਰਾਂ ਦੀ ਡਿਲਵਰੀ ਲੈ ਕੇ ਵਾਪਸ ਆ ਰਹੇ ਸਨ ਤੇ ਉਨ੍ਹਾਂ ਨੂੰ ਲੁਧਿਆਣਾ ਵਿੱਚ ਸ਼ੂਟਆਊਟ ਕਰਨ ਲਈ ਨਿਰਦੇਸ਼ ਦਿੱਤੇ ਗਏ ਸਨ। ਇਸ ਵਾਰਦਾਤ ਦੇ ਬਦਲੇ ਉਨ੍ਹਾਂ ਨੂੰ 20 ਹਜ਼ਾਰ ਰੁਪਏ ਦੇਣ ਦਾ ਵਾਅਦਾ ਵੀ ਕੀਤਾ ਗਿਆ ਸੀ। ਤਫਤੀਸ਼ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਦੋਸ਼ੀਆਂ ਵੱਲੋਂ ਵਰਤਿਆ ਜਾ ਰਿਹਾ ਮੋਟਰਸਾਈਕਲ ਚੋਰੀ ਦਾ ਹੈ ਤੇ ਉਸ ਦੇ ਇੰਜਨ ਤੇ ਚੈਸੀ ਨੰਬਰ ਮਿਟਾਏ ਗਏ ਸਨ। ਇਸ ਸਬੰਧੀ ਮੁਕੱਦਮੇ ਵਿਚ ਧਾਰਾ 303 (2) ਤੇ 317 (2) ਬੀ. ਐੱਨ. ਐੱਸ. ਦਾ ਵਾਧਾ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਮੁੱਖ ਦੋਸ਼ੀ ਹਰਸ਼ਦੀਪ ਸਿੰਘ ਉਰਫ਼ ਬਿੱਲਾ 20 ਮਾਰਚ 2026 ਨੂੰ ਲੁਧਿਆਣਾ ਜੇਲ੍ਹ ਤੋਂ ਧਾਰਾ 302 ਆਈ. ਪੀ. ਸੀ. ਦੇ ਮਾਮਲੇ ਵਿੱਚ ਜ਼ਮਾਨਤ 'ਤੇ ਰਿਹਾ ਹੋਇਆ ਸੀ ਤੇ ਇਸ ਬਾਅਦ ਮੁੜ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਹੋ ਗਿਆ। ਲੁਧਿਆਣਾ (ਦਿਹਾਤੀ) ਪੁਲਸ ਦੀ ਇਸ ਸ਼ਲਾਘਾਯੋਗ ਕਾਰਵਾਈ ਨਾਲ ਇਕ ਵੱਡੀ ਅਣਹੋਣੀ ਨੂੰ ਟਾਲਿਆ ਗਿਆ ਹੈ। ਪੁਲਸ ਵੱਲੋਂ ਮਾਮਲੇ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਹੋਰ ਮਹੱਤਵਪੂਰਨ ਖੁਲਾਸਿਆਂ ਦੀ ਸੰਭਾਵਨਾ ਹੈ। ਐੱਸ. ਐੱਸ. ਪੀ. ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਅਪਰਾਧਿਕ ਤੱਤਾਂ ਖਿਲਾਫ਼ ਕੜੀ ਕਾਰਵਾਈ ਜਾਰੀ ਰਹੇਗੀ।

## ਕਾਤਰਾਂ

### ਮਹਿਲਾ ਕ੍ਰਿਕਟ ਟੀਮ ਦੇ ਟਰਾਇਲ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਸੰਗਰੂਰ (ਐਫੀਲੇਟ ਪੀ ਸੀ ਏ) ਵੱਲੋਂ ਵੁਮੈਂਨ ਤੇ ਸੀਨੀਅਰ ਵੁਮੈਂਨ ਦੀ ਟੀਮ ਦੇ ਟਰਾਇਲ 18 ਅਪ੍ਰੈਲ 2026 ਨੂੰ ਕਰਵਾਏ ਜਾ ਰਹੇ ਹਨ, ਜਿਸ ਦਾ ਸਮਾਂ ਸਵੇਰੇ 10 ਵਜੇ ਤੋਂ ਸ਼ੁਰੂ ਹੋਵੇਗਾ। ਟਰਾਇਲ ਦਾ ਸਥਾਨ ਸਰਕਾਰੀ ਰਣਬੀਰ ਕਾਲਜ ਸੰਗਰੂਰ ਹੋਵੇਗਾ।ਖਿਡਾਰੀਆਂ ਨੂੰ ਆਪਣਾ ਡਿਜੀਟਲ ਜਨਮ ਸਰਟੀਫਿਕੇਟ ਤੇ ਅਧਾਰ ਕਾਰਡ ਦੀ ਕਾਪੀ ਨਾਲ ਲੈ ਕੇ ਆਉਣਾ ਜ਼ਰੂਰੀ ਹੋਵੇਗਾ ਤੇ ਰੰਗਦਾਰ ਕਿੱਟ ਵਿੱਚ ਟਰਾਇਲ ਹੋਣਗੇ।ਇਹ ਜਾਣਕਾਰੀ ਕ੍ਰਿਕਟ ਐਸੋਸੀਏਸ਼ਨ ਦੇ ਜਨਰਲ ਸਕੱਤਰ ਸ੍ਰੀ ਹਰੀਸ਼ ਕੁਮਾਰ ਨੇ ਦਿੱਤੀ।

### ਅੱਜ ਬਿਜਲੀ ਬੰਦ ਰਹੇਗੀ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-220 ਕੇਵੀ ਬਿਜਲੀ ਗਰਿੱਡ ਸਬ ਸਟੇਸ਼ਨ ਪਾਤੜਾਂ ਦੀ ਜ਼ਰੂਰੀ ਰਿਪੇਅਰ ਹੋਣ ਕਾਰਨ 18 ਅਪ੍ਰੈਲ ਸ਼ਨੀਵਾਰ ਨੂੰ ਸਵੇਰੇ 9 ਵਜੇ ਤੋਂ ਸ਼ਾਮ 6 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਜਾਣਕਾਰੀ ਦਿੰਦਿਆਂ ਐੱਸ ਡੀ ਓ ਪਾਵਰਕਾਮ ਸਿਟੀ ਪਾਤੜਾਂ ਨੇ ਦੱਸਿਆ ਕਿ ਇਸ ਕਾਰਨ ਪਾਤੜਾਂ ਸ਼ਹਿਰੀ ਫੀਡਰ ਸਿਟੀ 4, ਸਿਟੀ 7 ਤੇ ਸਿਟੀ 8 ਬੰਦ ਰਹਿਣਗੇ।ਇਸ ਦੌਰਾਨ ਸ਼ਹਿਰ ਅਧੀਨ ਪਾਵਰ ਕਲੋਨੀ, ਸਟੇਡੀਅਮ, ਢੰਡਿਆਲ ਰੋਡ, ਬੀਡੀਪੀਓ ਦਫਤਰ, ਸੰਗਰੂਰ ਰੋਡ, ਨਰਵਾਣਾ ਰੋਡ, ਨਗਰ ਕੌਂਸਲ ਦਫਤਰ, ਸਿਟੀ ਥਾਣਾ, ਸਦਰ ਥਾਣਾ, ਸਿਵਲ ਹਸਪਤਾਲ, ਤੁਲਸੀ ਨਗਰ, ਖਾਟੂ ਸ਼ਾਮ ਮੰਦਰ, ਸਕੂਟਰ ਮਾਰਕੀਟ, ਪੁਰਾਣਾ ਬੱਸ ਅੱਡਾ, ਪਰਸ਼ੂਰਾਮ ਮਾਰਕੀਟ, ਨਵਾਂ ਬਾਜ਼ਾਰ, ਜੈਨ ਮਾਰਕੀਟ, ਸਰੂਪ ਮਾਰਕੀਟ, ਜਾਖਲ ਰੋਡ, ਗੱਡਾ ਸਟੈਂਡ ਦੀ ਬਿਜਲੀ ਸਪਲਾਈ ਪ੍ਰਭਾਵਿਤ ਹੋਵੇਗੀ।

### ਅਸਲੇ ਦੀ ਵੀਡੀਓ ਅਪਲੋਡ ਕਰਨ ਦੇ ਦੋਸ਼ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਕਥਿਤ ਤੌਰ 'ਤੇ ਅਸਲੇ ਦੀ ਵੀਡੀਓ ਅਪਲੋਡ ਕਰਨ ਵਾਲੇ ਇੱਕ ਵਿਅਕਤੀ ਵਿਰੁੱਧ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਮਾਮਲਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਬਡਾਲੀ ਆਲਾ ਸਿੰਘ ਪੁਲਸ ਨੂੰ ਇੱਕ ਮੁਖਬਰ ਨੇ ਇਤਲਾਹ ਦਿੱਤੀ ਸੀ ਕਿ ਸੰਦੀਪ ਸਿੰਘ ਵਾਸੀ ਪਿੰਡ ਬੋਰਾਂ ਜੋ ਕਿ ਸੋਸ਼ਲ ਮੀਡੀਆ ਪਲੇਟਫਾਰਮ ਇੰਸਟਾਗ੍ਰਾਮ ਤੇ ਸਨੈਪਚੈਟ 'ਤੇ ਟੀਮ ਦੀਪ ਟਾਕਸ ਨਾਮਕ ਆਈ ਡੀ ਚਲਾਉਂਦਾ ਹੈ, ਜਿਸ 'ਤੇ ਸੰਦੀਪ ਸਿੰਘ ਵੱਲੋਂ ਆਪਣੀ ਵੀਡੀਓ ਸਮੇਤ ਪਿਸਟਲ/ਹਥਿਆਰ ਰੌਂਦ ਕਾਰਤੂਸ ਅਪਲੋਡ ਕਰਕੇ ਦਹਿਸ਼ਤ ਫੈਲਾਈ ਜਾ ਰਹੀ ਹੈ, ਜਦੋਂਕਿ ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਸਖ਼ਤ ਹਦਾਇਤਾਂ ਜਾਰੀ ਕਰਕੇ ਪਾਬੰਦੀ ਲਗਾਈ ਹੋਈ ਹੈ।ਮੁਖਬਰੀ ਦੇ ਅਧਾਰ 'ਤੇ ਸੰਦੀਪ ਸਿੰਘ ਵਾਸੀ ਪਿੰਡ ਬੋਰਾਂ ਵਿਰੁੱਧ ਅ/ਧ 223 ਬੀ.ਐਨ.ਐਸ. ਤਹਿਤ ਕੇਸ ਦਰਜ ਕਰਕੇ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਵਿਜੀਲੈਂਸ ਵੱਲੋਂ 15,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਰੰਗੇ ਹੱਥੀਂ ਕਾਬੂ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਮਾਲ ਦਫ਼ਤਰ ਪਾਇਲ, ਜ਼ਿਲ੍ਹਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਹਰਕਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ।ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮੁਲਜ਼ਮ ਪਟਵਾਰੀ ਨੇ ਸ਼ਿਕਾਇਤਕਰਤਾ ਤੋਂ ਉਸ ਦੀ ਜ਼ਮੀਨ ਦੇ ਇੰਤਕਾਲ ਵਿੱਚ ਸੋਧ ਕਰਨ ਬਦਲੇ 25,000 ਰੁਪਏ ਰਿਸ਼ਵਤ ਮੰਗੀ ਸੀ।ਇਸ ਸਬੰਧੀ ਮੁਲਜ਼ਮ ਪਟਵਾਰੀ ਪਹਿਲਾਂ ਹੀ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 5000 ਰੁਪਏ ਲੈ ਚੁੱਕਾ ਹੈ।ਕੋਈ ਵੀ ਗੈਰ-ਕਾਨੂੰਨੀ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ, ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਕੋਲ ਪਹੁੰਚ ਕੀਤੀ।ਉਸ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਆਮ ਲੋਕ 50 ਰੁਪਏ 'ਚ ਕਰਵਾ ਸਕਦੇ ਹਨ ਖਾਧ ਪਦਾਰਥਾਂ ਦੀ ਜਾਂਚ : ਡਾ. ਅਮਰਜੀਤ ਕੌਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸਿਹਤ ਮੰਤਰੀ ਡਾ. ਬਲਬੀਰ ਸਿੰਘ, ਫੂਡ ਸੇਫਟੀ ਕਮੀਸ਼ਨਰ ਕਮਲਪ੍ਰੀਤ ਕੌਰ ਬਰਾੜ ਤੇ ਡਿਪਟੀ ਕਮੀਸ਼ਨਰ ਰਾਹੁਲ ਚਾਬਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਖਾਧ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਫੂਡ ਸੇਫਟੀ ਵਿਭਾਗ ਵੱਲੋਂ 09 ਅਪ੍ਰੈਲ ਤੋਂ 23 ਅਪ੍ਰੈਲ ਤੱਕ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਵਿਭਾਗ ਵੱਲੋਂ ਚਲਾਏ ਜਾ ਰਹੇ ਵਿਸ਼ੇਸ਼ ਅਭਿਆਨ ਦੇ ਤਹਿਤ ਸਕੂਲਾਂ ਤੋਂ ਲੈ ਕੇ ਬਾਜ਼ਾਰਾਂ ਤੱਕ ਲੋਕਾਂ ਨੂੰ ਮਿਲਾਵਟ ਦੀ ਪਛਾਣ ਤੇ ਉਸ ਤੋਂ ਬਚਾਅ ਦੇ ਤਰੀਕੇ ਸਿਖਾਏ ਜਾ ਰਹੇ ਹਨ।ਖਾਸ ਗੱਲ ਇਹ ਹੈ ਕਿ ਇਸ ਮੁਹਿੰਮ ਦਾ ਕੇਂਦਰ ਸਕੂਲੀ ਬੱਚੇ ਹਨ, ਜਿਨ੍ਹਾਂ ਨੂੰ ਭਵਿੱਖ ਦੇ ਜਾਗਰੂਕ ਉਪਭੋਗਤਾ ਮੰਨਦੇ ਹੋਏ ਸਿਖਲਾਈ ਦਿੱਤੀ ਜਾ ਰਹੀ ਹੈ।ਫੂਡ ਸੇਫਟੀ ਵਿਭਾਗ ਦੀ ਟੀਮ ਇਨ੍ਹਾਂ ਦਿਨੀਂ 'ਫੂਡ ਸੇਫਟੀ ਆਨ ਵ੍ਹੀਲਜ਼' ਵੈਨ ਦੇ ਮਾਧਿਅਮ ਰਾਹੀਂ ਵੱਖ-ਵੱਖ ਸਕੂਲਾਂ ਵਿੱਚ ਪਹੁੰਚ ਰਹੀ ਹੈ।ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਸੈਂਪਲ ਵਿੱਚ ਮਿਲਾਵਟ ਜਾਂ ਮਾਪਦੰਡਾਂ ਦੀ ਅਣਦੇਖੀ ਪਾਈ ਜਾਂਦੀ ਹੈ, ਤਾਂ ਸਬੰਧਤ ਦੁਕਾਨਦਾਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਜਾਗਰੂਕਤਾ ਫੈਲਾਉਣਾ ਬੇਹੱਦ ਜ਼ਰੂਰੀ ਹੈ, ਕਿਉਂਕਿ ਇਹੀ ਬੱਚੇ ਅੱਗੇ ਚੱਲ ਕੇ ਸਮਾਜ ਵਿੱਚ ਸਹੀ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਤ ਕਰਨਗੇ। ਮੁਹਿੰਮ ਦੌਰਾਨ ਕੇਵਲ ਖਾਧ ਪਦਾਰਥਾਂ ਦੀ ਜਾਂਚ ਹੀ ਨਹੀਂ, ਬਲਕਿ ਸਿਹਤ ਤੇ ਸਵੱਛਤਾ ਦੇ ਨਿਯਮਾਂ 'ਤੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਰਹੀ ਹੈ।

ਉੱਧਰ ਬਾਜ਼ਾਰਾਂ ਵਿੱਚ ਵੀ ਮਿਲਾਵਟ 'ਤੇ ਨਜ਼ਰ ਰੱਖਣ ਲਈ ਵਿਭਾਗ ਸਰਗਰਮ ਹੈ।ਫੂਡ ਸੇਫਟੀ ਵੈਨ ਸ਼ਹਿਰ ਦੇ ਵਿਭਿੰਨ ਇਲਾਕਿਆਂ ਵਿੱਚ ਜਾ ਕੇ ਖਾਧ ਪਦਾਰਥਾਂ ਦੀ ਜਾਂਚ ਕਰ ਰਹੀ ਹੈ।ਆਮ ਲੋਕਾਂ ਲਈ ਰਾਹਤ ਦੀ ਗੱਲ ਇਹ ਹੈ ਕਿ ਉਹ ਕੇਵਲ 50 ਰੁਪਏ ਦੇ ਕੇ ਆਪਣੇ ਘਰ ਦੀਆਂ ਖਾਧ ਵਸਤੂਆਂ ਦੀ ਜਾਂਚ ਵੀ ਕਰਵਾ ਸਕਦੇ ਹਨ।ਵਿਭਾਗ ਦੁਆਰਾ ਲੋਕਾਂ ਨੂੰ ਘਰ 'ਤੇ ਹੀ ਮਿਲਾਵਟ ਦੀ ਮੁਢਲੀ ਜਾਂਚ ਕਰਨ ਦੇ ਆਸਾਨ ਤਰੀਕੇ ਵੀ ਦੱਸੇ ਜਾ ਰਹੇ ਹਨ।ਉਦਾਹਰਣ ਦੇ ਤੌਰ 'ਤੇ ਹਲਦੀ ਵਿੱਚ ਮਿਲਾਏ ਜਾਣ ਵਾਲੇ ਨਕਲੀ ਰੰਗ ਦੀ ਪਛਾਣ ਲਈ ਉਸ ਵਿੱਚ ਹਾਈਡ੍ਰੋਕਲੋਰਿਕ ਐਸਿਡ ਦੀਆਂ ਕੁਝ ਬੂੰਦਾਂ ਪਾਉਣ 'ਤੇ ਰੰਗ ਬਦਲਣਾ ਮਿਲਾਵਟ ਦਾ ਸੰਕੇਤ ਹੈ। ਇਸੇ ਤਰ੍ਹਾਂ ਲਾਲ ਮਿਰਚ ਪਾਊਡਰ ਨੂੰ ਪਾਣੀ ਵਿੱਚ ਪਾਉਣ 'ਤੇ ਜੇਕਰ ਪਾਣੀ ਲਾਲ ਹੋ ਜਾਵੇ ਜਾਂ ਕਣ ਉੱਪਰ ਤੈਰਨ ਲੱਗ ਜਾਣ, ਤਾਂ ਉਸ ਵਿੱਚ ਮਿਲਾਵਟ ਦੀ ਸ਼ੰਕਾ ਹੁੰਦੀ ਹੈ। ਦੁੱਧ ਦੀ ਸ਼ੁੱਧਤਾ ਜਾਂਚਣ ਲਈ ਉਸ ਦੀ ਇੱਕ ਬੂੰਦ ਚਿਕਨੀ ਸਤਹ 'ਤੇ ਗਿਰਾ ਕੇ ਦੇਖਿਆ ਜਾ ਸਕਦਾ ਹੈ, ਜੇਕਰ ਉਹ ਹੌਲੀ-ਹੌਲੀ ਵਗਦੇ ਹੋਏ ਸਫੈਦ ਲਕੀਰ ਛੱਡਦੀ ਹੈ, ਤਾਂ ਦੁੱਧ ਸ਼ੁੱਧ ਮੰਨਿਆ ਜਾਂਦਾ ਹੈ। ਪਨੀਰ ਵਿੱਚ ਸਟਾਰਚ ਦੀ ਮਿਲਾਵਟ ਜਾਂਚਣ ਲਈ ਉਸ 'ਤੇ ਆਇਓਡੀਨ ਪਾਉਣ 'ਤੇ ਨੀਲਾ ਰੰਗ ਆਉਣਾ ਮਿਲਾਵਟ ਦਾ ਸੰਕੇਤ ਹੈ।ਘਿਓ ਵਿੱਚ ਵਨਸਪਤੀ ਜਾਂ ਸਟਾਰਚ ਦੀ ਮਿਲਾਵਟ ਵੀ ਇਸੇ ਤਰ੍ਹਾਂ ਦੇ ਸਰਲ ਪ੍ਰੀਖਣਾਂ ਨਾਲ ਫੜੀ ਜਾ ਸਕਦੀ ਹੈ।ਸ਼ਹਿਦ, ਧਨੀਆ ਪਾਊਡਰ ਤੇ ਹੋਰ ਮਸਾਲਿਆਂ ਵਿੱਚ ਮਿਲਾਵਟ ਦੀ ਪਛਾਣ ਲਈ ਵੀ ਆਸਾਨ ਘਰੇਲੂ ਉਪਾਅ ਦੱਸੇ ਜਾ ਰਹੇ ਹਨ, ਤਾਂ ਜੋ ਆਮ ਲੋਕ ਖੁਦ ਸੁਚੇਤ ਰਹਿ ਸਕਣ।

## ਆਜ਼ਾਦੀ ਘੁਲਾਟੀਏ ਚਿਮਨ ਲਾਲ ਮਿੱਤਲ ਨੂੰ ਸਰਕਾਰੀ ਸਨਮਾਨਾਂ ਨਾਲ ਅੰਤਿਮ ਵਿਦਾਈ



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਦੇ ਹੋਏ ਆਪਣੀ ਜ਼ਿੰਦਗੀ ਦੇ ਕੀਮਤੀ ਸਾਲ ਸਮਰਪਤ ਕਰਨ ਵਾਲੇ ਅਜ਼ਾਦੀ ਘੁਲਾਟੀਏ ਮਾਸਟਰ ਚਿਮਨ ਲਾਲ ਮਿੱਤਲ ਦਾ 97ਵੇਂ ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ।ਅਜ਼ਾਦੀ ਘੁਲਾਟੀਏ ਮਾਸਟਰ ਚਿਮਨ ਲਾਲ ਮਿੱਤਲ ਨੂੰ ਅੱਜ ਗੋਨਿਆਣਾ ਦੇ ਸ਼ਮਸ਼ਾਨ ਘਾਟ ਵਿੱਚ ਸਰਕਾਰੀ ਸਨਮਾਨਾਂ ਨਾਲ ਅੰਤਿਮ ਵਿਦਾਈ ਦਿੱਤੀ ਗਈ।ਇਸ ਮੌਕੇ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ, ਉਪ ਮੰਡਲ ਮੈਜਿਸਟਰੇਟ ਬਠਿੰਡਾ ਬਲਕਰਨ ਸਿੰਘ ਮਾਹਲ ਹਾਜ਼ਰ ਸਨ। ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਨੇ ਅੱਜ ਅਜ਼ਾਦੀ ਘੁਲਾਟੀਏ ਮਾਸਟਰ ਚਿਮਨ ਲਾਲ ਮਿੱਤਲ ਨੂੰ ਅੰਤਿਮ ਵਿਦਾਈ ਦੇਣ ਉਪਰੰਤ ਕਿਹਾ ਕਿ ਅਸੀਂ ਇਨ੍ਹਾਂ ਆਜ਼ਾਦੀ ਘੁਲਾਟੀਆਂ ਦੇ ਦੇਸ਼ ਨੂੰ ਅਜ਼ਾਦ ਕਰਾਉਣ ਲਈ ਪਾਏ ਆਪਣੇ ਵਡਮੁੱਲੇ ਯੋਗਦਾਨ ਸਦਕਾ ਹੀ ਆਜ਼ਾਦ ਦੇਸ਼ ਵਿੱਚ ਆਪਣਾ ਜੀਵਨ ਬਤੀਤ ਕਰ ਰਹੇ ਹਾਂ।ਇਸ ਮੌਕੇ ਅਜ਼ਾਦੀ ਘੁਲਾਟੀਏ ਮਾਸਟਰ ਚਿਮਨ ਲਾਲ ਮਿੱਤਲ ਦੇ ਰਿਸ਼ਤੇਦਾਰ, ਸਾਕ ਸਬੰਧੀ, ਰਜਨੀਸ਼ ਰਾਜੂ ਸੀਨੀਅਰ ਆਗੂ ਆਮ ਆਦਮੀ ਪਾਰਟੀ, ਪ੍ਰਿਤਪਾਲ ਸਿੰਘ ਡੀ.ਐੱਸ.ਪੀ. ਭੁੱਚੋ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਆਮ ਲੋਕ ਤੇ ਮੰਡੀ ਨਿਵਾਸੀ ਆਦਿ ਹਾਜ਼ਰ ਸਨ।

## ਸਫਾਈ ਯੂਨੀਅਨ ਵੱਲੋਂ ਡਾ. ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਮੋਟਰਸਾਈਕਲ ਰੈਲੀ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਬੱਸ ਸਟੈਂਡ ਸਨੌਰ ਵਿਖੇ ਸਫਾਈ ਯੂਨੀਅਨ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਤ ਤੀਸਰੀ ਵਿਸ਼ਾਲ ਮੋਟਰਸਾਈਕਲ ਰੈਲੀ ਕੱਢੀ ਗਈ।ਇਹ ਰੈਲੀ ਸਫਾਈ ਸੇਵਕ ਐਂਡ ਅਦਰ ਵਰਕਰ ਯੂਨੀਅਨ, ਨਗਰ ਕੌਂਸਲ ਸਨੌਰ ਵੱਲੋਂ ਪ੍ਰਧਾਨ ਨੰਦ ਲਾਲ ਟਾਕ ਦੀ ਅਗਵਾਈ ਹੇਠ ਕੀਤੀ ਗਈ। ਇਸ ਰੈਲੀ ਵਿੱਚ ਹਲਕਾ ਸਨੌਰ ਦੀਆਂ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸੀਨੀਅਰ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ, ਸੀਨੀਅਰ ਕਾਂਗਰਸੀ ਆਗੂ ਬਲਿਹਾਰ ਸਿੰਘ ਸ਼ਮਸ਼ਪੁਰ, ਪ੍ਰਧਾਨ ਪ੍ਰਦੀਪ ਜੋਸ਼ਨ ਤੇ ਸਮਾਜ ਸੇਵੀ ਰਾਕੇਸ਼ ਬੱਗਾ ਖਾਸ ਤੌਰ 'ਤੇ ਮੌਜੂਦ ਰਹੇ।ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਡਾ. ਅੰਬੇਡਕਰ ਜੀ ਨੇ ਸਮਾਜ ਦੇ ਪਿੱਛੜੇ ਵਰਗਾਂ ਨੂੰ ਉੱਪਰ ਲਿਆਂਦਾ ਤੇ ਉਨ੍ਹਾਂ ਨੂੰ ਆਪਣੇ ਅਧਿਕਾਰਾਂ ਲਈ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਉਨ੍ਹਾਂ ਦੇ ਦਿਖਾਏ ਰਸਤੇ 'ਤੇ ਚੱਲਦਿਆਂ ਸਮਾਨਤਾ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਰੈਲੀਆਂ ਸਮਾਜ ਵਿੱਚ ਏਕਤਾ ਤੇ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਇਸ ਮੌਕੇ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜੀਵਨ ਸਾਨੂੰ ਹੱਕਾਂ ਲਈ ਲੜਨ ਤੇ ਸਮਾਜ ਵਿੱਚ ਬਰਾਬਰੀ ਕਾਇਮ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਵੀ ਉਨ੍ਹਾਂ ਦੇ ਵਿਚਾਰ ਬਹੁਤ ਪ੍ਰਸੰਗਿਕ ਹਨ ਤੇ ਸਾਨੂੰ ਉਨ੍ਹਾਂ ਦੇ ਸਿਧਾਂਤਾਂ 'ਤੇ ਚੱਲ ਕੇ ਸਮਾਜਿਕ ਨਿਆਂ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ। ਇਸ ਮੌਕੇ ਪ੍ਰੀਤਮ ਸਿੰਘ ਸਾਬਕਾ ਮੀਤ ਪ੍ਰਧਾਨ, ਗੁਰਚਰਨ ਸਿੰਘ ਕੌਲੀ, ਗੁਰਮੁਖ ਸਿੰਘ ਸੁਹਾਗ ਹੇੜੀ, ਅਰਜਨ ਸਿੰਘ ਸਨੌਰ ,ਆਕਰ ਸਨੌਰ, ਕ੍ਰਿਸ਼ਨ ਸਿੰਘ ਥਿੰਦ, ਜਸਵੀਰ ਸਿੰਘ ਸਨੌਰ, ਅੰਕੁਰ ਸਿੰਗਲਾ, ਸੁਖਵਿੰਦਰ ਸਿੰਘ ਪ੍ਰਧਾਨ, ਰੰਧੀਰ ਗਿੱਲ, ਸੁਰਜੀਤ ਰਾਠੀਆ, ਦਲਜੀਤ ਚਾਹਲ (ਐੱਮ.ਸੀ.), ਨਿੱਪੀ ਵਿਰਕ ਪ੍ਰਧਾਨ ਟਰੱਕ ਯੂਨੀਅਨ, ਸੁਰਿੰਦਰ ਰਾਠੀਆ, ਯੁਵਰਾਜ ਕੌਂਸਲਰ, ਬਲਜੀਤ ਕੌਂਸਲਰ, ਮਨਮੀਤ ਮੁੰਨਾ, ਸਾਗਰ, ਜਗਮੇਲ ਸਿੰਘ ਸਨੌਰ, ਕੈਪਟਨ ਖੁਸ਼ਵੰਤ ਸਿੰਘ ਤੇ ਹੋਰ ਮੌਜੂਦ ਸਨ।

## ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤ ਲੈਂਦਾ ਪ੍ਰਿੰਸੀਪਲ ਰੰਗੇ ਹੱਥੀਂ ਕਾਬੂ

**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਕੈਂਪ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅਜੀਤਸਰ ਮੋਹੀ ਜ਼ਿਲ੍ਹਾ ਲੁਧਿਆਣਾ (ਸਰਕਾਰੀ ਸਹਾਇਤਾ ਪ੍ਰਾਪਤ) ਵਿਖੇ ਤਾਇਨਾਤ ਪ੍ਰਿੰਸੀਪਲ ਗੁਰਮੀਤ ਸਿੰਘ ਨੂੰ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਮੋਹਿਤ ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਕੋਵਿਡ ਦੇ ਸਮੇਂ ਦੌਰਾਨ 10ਵੀਂ ਜਮਾਤ ਪਾਸ ਕੀਤੀ ਸੀ ਤੇ ਉਸ ਨੂੰ ਅਜੇ ਤੱਕ 10ਵੀਂ ਜਮਾਤ ਪਾਸਿੰਗ ਸਰਟੀਫਿਕੇਟ ਨਹੀਂ ਮਿਲਿਆ ਸੀ।ਉਸ ਨੇ ਡੁਪਲੀਕੇਟ ਸਰਟੀਫਿਕੇਟ ਲਈ ਵੀ ਔਨਲਾਈਨ ਅਰਜ਼ੀ ਦਿੱਤੀ ਸੀ, ਪਰ ਉਸ ਨੂੰ ਉਹ ਵੀ ਨਹੀਂ ਮਿਲਿਆ।ਇਸ ਤੋਂ ਬਾਅਦ ਉਸ ਨੇ ਆਪਣਾ ਮੈਟ੍ਰਿਕ ਸਰਟੀਫਿਕੇਟ ਲੈਣ ਲਈ ਆਪਣੇ ਸਕੂਲ ਦੇ ਪ੍ਰਿੰਸੀਪਲ ਕੋਲ ਪਹੁੰਚ ਕੀਤੀ।ਇਸ ਸਬੰਧ ਵਿੱਚ ਉਕਤ ਮੁਲਜ਼ਮ ਪ੍ਰਿੰਸੀਪਲ ਨੇ ਉਸ ਤੋਂ 15800 ਰੁਪਏ ਰਿਸ਼ਵਤ ਮੰਗੀ ਤੇ ਮੌਕੇ 'ਤੇ ਹੀ ਉਸ ਤੋਂ 10,000 ਰੁਪਏ ਰਿਸ਼ਵਤ ਲੈ ਵੀ ਲਈ।ਦੱਸਣਯੋਗ ਹੈ ਕਿ ਡੁਪਲੀਕੇਟ ਸਰਟੀਫਿਕੇਟ ਪ੍ਰਾਪਤ ਕਰਨ ਲਈ ਸਰਕਾਰੀ ਫੀਸ 900 ਰੁਪਏ ਤੇ ਤਤਕਾਲ ਸਰਕਾਰੀ ਫੀਸ 2000 ਰੁਪਏ ਹੈ।ਹੋਰ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਲੁਧਿਆਣਾ ਕੋਲ ਪਹੁੰਚ ਕੀਤੀ।ਉਸ ਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪ੍ਰਿੰਸੀਪਲ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 6,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਪੁਲਸ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਤੇ ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

## ਮਜ਼ਦੂਰਾਂ 'ਤੇ ਦਮਨ ਦੇ ਵਿਰੋਧ 'ਚ ਸਹਾਇਕ ਕਿਰਤ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ

**ਪੰਜਾਬ ਸਰਕਾਰ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਲਾਗੂ ਨਾ ਕਰਨ ਦਾ ਮਤਾ ਪਾਵੇ : ਟ੍ਰੇਡ ਯੂਨੀਅਨ ਆਗੂ**



**ਲੁਧਿਆਣਾ (ਐੱਮ ਐੱਸ ਭਾਟੀਆ)**-ਨੋਇਡਾ ਵਿੱਚ ਮਜ਼ਦੂਰਾਂ 'ਤੇ ਹੋਏ ਦਮਨ ਤੇ ਚਾਰ ਲੇਬਰ ਕੋਡ ਰੱਦ ਕਰਨ ਨੂੰ ਲੈ ਕੇ ਯੂਨਾਈਟਿਡ ਫ਼ਰੰਟ ਆਫ਼ ਟ੍ਰੇਡ ਯੂਨੀਅਨਜ਼ ਲੁਧਿਆਣਾ ਦੇ ਆਗੂਆਂ ਨੇ ਸਹਾਇਕ ਕਿਰਤ ਕਮਿਸ਼ਨਰ ਲੁਧਿਆਣਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਂਅ ਮੰਗ ਪੱਤਰ ਦਿੱਤਾ। ਮੰਗ ਪੱਤਰ ਵਿੱਚ ਕਿਹਾ ਕਿ ਘੱਟੋ-ਘੱਟ ਮਜ਼ਦੂਰੀ 26000 ਰੁਪਏ, 8 ਘੰਟਿਆਂ ਦਾ ਕੰਮ, ਵਾਧੂ ਕੰਮ ਲਈ ਕਾਨੂੰਨ ਅਨੁਸਾਰ ਦੁਗਣਾ ਓਵਰਟਾਈਮ, ਕੰਮਕਾਜ ਵਾਲੀ ਥਾਂ ਦੀ ਸੁਰੱਖਿਆ ਤੇ ਸਮਾਜਿਕ ਸੁਰੱਖਿਆ ਵਰਗੀਆਂ ਜਾਇਜ਼ ਮੰਗਾਂ ਤੁਰੰਤ ਮੰਨੀਆਂ ਜਾਣ।ਪੰਜਾਬ ਸਰਕਾਰ ਤੋਂ ਵੀ ਮੰਗ ਕੀਤੀ ਗਈ ਕਿ ਉਹ ਘੱਟੋ ਘੱਟ ਉਜ਼ਰਤ ਜੋ ਪਿਛਲੇ 14 ਸਾਲ ਤੋਂ ਰਿਵਾਈਜ਼ ਨਹੀਂ ਹੋਈ, ਉਸ ਨੂੰ ਰਿਵਾਈਜ਼ ਕਰੇ ਤੇ ਇਸ ਦੇ ਨਾਲ ਹੀ ਮਾਰਚ ਮਹੀਨੇ ਤੋਂ ਜੋ ਮਹਿੰਗਾਈ ਭੱਤਾ ਮਿਲਣਾ ਚਾਹੀਦਾ ਹੈ, ਉਸ ਨੂੰ ਲਾਗੂ ਕੀਤਾ ਜਾਵੇ। ਕੇਰਲ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਵੀ ਚਾਰ ਲੇਬਰ ਕੋਡ ਲਾਗੂ ਨਾ ਕਰਨ ਦਾ ਮਤਾ ਅਸੈਂਬਲੀ ਵਿੱਚ ਪਾਸ ਕਰੇ।ਬੁਲਾਰਿਆਂ ਨੇ ਕਿਹਾ ਕਿ ਅਸੀਂ ਤੁਰੰਤ ਭਾਰਤੀ ਮਜ਼ਦੂਰ ਕਾਨਫਰੰਸ ਬੁਲਾਉਣ ਦੀ ਮੰਗ ਕਰਦੇ ਹਾਂ।ਅਸੀਂ ਉੱਤਰ ਪ੍ਰਦੇਸ਼ ਤੇ ਹਰਿਆਣਾ ਦੀਆਂ ਸਰਕਾਰਾਂ ਤੋਂ ਮੰਗ ਕਰਦੇ ਹਾਂ ਕਿ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ, ਉਨ੍ਹਾਂ 'ਤੇ ਦਰਜ ਕੇਸ ਵਾਪਸ ਲਏ ਜਾਣ ਤੇ ਮਜ਼ਦੂਰਾਂ ਦੀਆਂ ਕੰਮਕਾਜੀ ਹਾਲਾਤਾਂ ਤੇ ਸ਼ਿਕਾਇਤਾਂ ਬਾਰੇ ਕੇਂਦਰੀ ਟ੍ਰੇਡ ਯੂਨੀਅਨਾਂ ਦੀਆਂ ਰਾਜ ਇਕਾਈਆਂ ਨਾਲ ਗੱਲਬਾਤ ਸ਼ੁਰੂ ਕੀਤੀ ਜਾਵੇ।ਮੰਗ ਪੱਤਰ ਦੇਣ ਤੋਂ ਪਹਿਲਾਂ ਕੀਤੇ ਗਏ ਰੋਸ ਪ੍ਰਦਰਸ਼ਨ ਵਿੱਚ ਜਿਨ੍ਹਾਂ ਆਗੂਆਂ ਨੇ ਸੰਬੋਧਨ ਕੀਤਾ, ਉਨ੍ਹਾਂ ਵਿੱਚ ਐੱਮ ਐੱਸ ਭਾਟੀਆ, ਜਗਦੀਸ਼ ਚੰਦ, ਰਾਮ ਲਾਲ, ਸੁਖਵਿੰਦਰ ਸਿੰਘ ਲੋਟੇ, ਵਿਜੇ ਕੁਮਾਰ, ਸਰਬਜੀਤ ਸਿੰਘ ਸਰਹਾਲੀ, ਹਰਜਿੰਦਰ ਸਿੰਘ, ਅਮਰਨਾਥ ਕੂਮ ਕਲਾਂ, ਐੱਸ ਕੇ ਤਿਵਾੜੀ, ਵਿਨੋਦ ਤਿਵਾੜੀ, ਮਹੀਪਾਲ, ਬਲਰਾਮ ਸਿੰਘ, ਅਜੀਤ ਕੁਮਾਰ, ਰਾਮ ਬ੍ਰਿਕਸ਼ ਤੇ ਹਨੂਮਾਨ ਪ੍ਰਸ਼ਾਦ ਦੂਬੇ ਸ਼ਾਮਲ ਸਨ।

## ਨੌਜਵਾਨਾਂ/ਵਿਦਿਆਰਥੀਆਂ ਵੱਲੋਂ ਲੈਨਿਨ ਦੇ ਜਨਮ ਦਿਨ ਤੋਂ ਮਾਰਕਸ ਦੇ ਜਨਮ ਦਿਨ ਤੱਕ ਸਿਧਾਂਤਕ ਪੰਦਰਵਾੜਾ ਮਨਾਉਣ ਦਾ ਫੈਸਲਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਮਹਾਨ ਲੈਨਿਨ ਦੇ ਜਨਮ ਦਿਨ 22 ਅਪ੍ਰੈਲ ਤੋਂ ਇਨਕਲਾਬ ਵਿਗਿਆਨੀ ਕਾਰਲ ਮਾਰਕਸ ਦੇ ਜਨਮ ਦਿਨ 5 ਮਈ ਤੱਕ ਵੱਖ ਵੱਖ ਜ਼ਿਲ੍ਹਾ ਇਕਾਈਆਂ ਤੇ ਵਿੱਦਿਅਕ ਅਦਾਰਿਆਂ ਵਿੱਚ ਸਿਧਾਂਤਕ ਪੰਦਰਵਾੜਾ ਮਨਾਉਣ ਦਾ ਐਲਾਨ ਕੀਤਾ ਹੈ।ਇਸ ਫੈਸਲੇ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਨੀ, ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਤੇ ਸੂਬਾ ਸਕੱਤਰ ਸੁੱਖਵਿੰਦਰ ਕੁਮਾਰ ਨੇ ਦੱਸਿਆ ਕਿ ਅਜੋਕੇ ਦੌਰ ਵਿੱਚ ਜਦੋਂ ਹਰ ਪਾਸੇ ਤੋਂ ਸਮਾਜ ਵਿੱਚ ਤਰਕਹੀਣਤਾ ਦਾ ਬੋਲਬਾਲਾ ਹੋ ਰਿਹਾ ਹੈ ਤੇ ਸੱਤਾਧਾਰੀਆਂ ਵੱਲੋਂ ਗ਼ੈਰ-ਵਿਗਿਆਨਕ ਸਮਾਜ ਵਿਰੋਧੀ ਸੰਵਾਦ ਰਚਿਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਦੀ ਲੁੱਟ ਦਾ ਰਾਜ ਜਾਰੀ ਰਹੇ, ਤੇ ਕਿਰਤੀਆਂ ਦੇ ਸੰਘਰਸ਼ ਨੂੰ ਖੁੰਡਾ ਕੀਤਾ ਜਾ ਸਕੇ, ਤਾਂ ਉਸ ਵੇਲੇ ਕਿਰਤੀ ਧਿਰ ਵੱਲੋਂ ਸਿਧਾਂਤ ਤੋਂ ਸੇਧ ਲੈਣਾ ਆਗੂਆਂ ਦਾ ਮੁੱਢਲਾ ਕੰਮ ਹੈ ਤੇ ਇਸ ਕੰਮ ਨੂੰ ਬਿਨਾਂ ਦੇਰੀ ਜ਼ੋਰ ਸ਼ੋਰ ਨਾਲ ਕਰਨਾ ਸਮੇਂ ਦੀ ਅਨਸਰਦੀ ਲੋੜ ਹੈ।ਇਸੇ ਕਾਰਜ ਲਈ ਨੌਜਵਾਨਾਂ ਤੇ ਵਿਦਿਆਰਥੀਆਂ ਵੱਲੋਂ ਇਹ ਪਹਿਲ ਕਦਮੀ ਕੀਤੀ ਜਾ ਰਹੀ ਹੈ ਤਾਂ ਜੋ ਸਿਧਾਂਤ ਤੋਂ ਅਗਵਾਈ ਲੈ ਕੇ ਸੰਘਰਸ਼ ਤਿੱਖਾ ਕੀਤਾ ਜਾ ਸਕੇ।ਆਗੂਆਂ ਨੇ ਅੱਗੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੋਨਾਂ ਜਥੇਬੰਦੀਆਂ ਵੱਲੋਂ ਇਸ ਕਾਰਜ ਲਈ ਜ਼ਿਲ੍ਹਾ ਤੇ ਬਲਾਕ ਪੱਧਰ ਅਤੇ ਵੱਖ ਵੱਖ ਵਿੱਦਿਅਕ ਅਦਾਰਿਆਂ ਵਿੱਚ 22 ਅਪ੍ਰੈਲ ਤੋਂ ਲੈ ਕੇ 5 ਮਈ ਤੱਕ ਸਿਧਾਂਤਕ ਵਿਚਾਰ ਗੋਸ਼ਟੀਆਂ, ਸੈਮੀਨਾਰ ਤੇ ਕਲਾਸਾਂ ਲਗਾਈਆਂ ਜਾਣਗੀਆਂ ਅਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਇਨਕਲਾਬੀ ਵਿਰਾਸਤ ਨਾਲ ਜੋੜਦਿਆਂ ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਊਧਮ ਸਿੰਘ, ਗ਼ਦਰੀ ਬਾਬਿਆਂ ਦੀ ਵਿਚਾਰਧਾਰਾ ਤੇ ਮਾਰਕਸਵਾਦੀ ਵਿਚਾਰਧਾਰਾ ਦੀ ਟ੍ਰੇਨਿੰਗ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਲੀਡਰਸ਼ਿਪ ਦੀਆਂ ਵੱਖ ਵੱਖ ਜ਼ਿਲ੍ਹਿਆਂ ਵਿੱਚ ਜ਼ਿੰਮੇਵਾਰੀਆਂ ਲਗਾ ਦਿੱਤੀਆਂ ਗਈਆਂ ਹਨ।ਉਨ੍ਹਾਂ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਇਸ ਸਿਧਾਂਤਕ ਪੰਦਰਵਾੜੇ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

## ਮਨੀਸ਼ ਸਸੋਦੀਆ ਵੱਲੋਂ ਚੂਹੜਚੱਕ 'ਚ ਅਵਾਰਾ ਕੁੱਤਿਆਂ ਦੇ ਆਧੁਨਿਕ ਸਰਜਰੀ ਕੇਂਦਰ ਦਾ ਉਦਘਾਟਨ

**ਨਾਸਾ ਵਿਗਿਆਨੀ ਡਾ. ਸੁਰਿੰਦਰ ਪਾਲ ਸ਼ਰਮਾ ਤੇ ਅਮਰੀਕਾ ਦੇ ਵਿਗਿਆਨੀ ਡਾ. ਇਕਵਿੰਦਰ ਸਿੰਘ ਗਿੱਲ ਦੇ ਯਤਨਾਂ ਨੂੰ ਪਿਆ ਬੂਰ**



**ਮੋਗਾ (ਇਕਬਾਲ ਸਿੰਘ ਖਹਿਰਾ)**- ਦਿੱਲੀ ਦੇ ਸਾਬਕਾ ਉੱਪ ਮੁੱਖ ਮੰਤਰੀ ਅਤੇ 'ਆਪ' ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮੁਨੀਸ਼ ਸਿਸੋਦੀਆ ਨੇ ਗਦਰੀ ਬਾਬਿਆਂ ਅਤੇ ਮਰਹੂਮ ਮੁੱਖ ਮੰਤਰੀ ਲਛਮਣ ਸਿੰਘ ਗਿੱਲ ਦੇ ਨਗਰ ਚੂਹੜਚੱਕ ਵਿਖੇ ਪ੍ਰਵਾਸੀ ਭਾਰਤੀਆਂ ਵੱਲੋਂ ਤਿਆਰ ਅਵਾਰਾ ਕੁੱਤਿਆਂ ਦੇ ਨਸਬੰਦੀ ਅਤੇ ਅਤਿ ਆਧੁਨਿਕ ਸਰਜਰੀ ਕੇਂਦਰ ਦਾ ਉਦਘਾਟਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਆਪਣੇ ਪਿੰਡ ਦੀ ਮਿੱਟੀ ਦਾ ਮੋਹ ਹਰ ਵਿਅਕਤੀ ਨੂੰ ਹਲੂਣਾ ਮਾਰਦਾ ਹੈ ਤੇ ਉਹ ਆਪਣੇ ਪਿੰਡ ਦੀ ਨੁਹਾਰ ਬਦਲਣ ਲਈ ਯਤਨਸ਼ੀਲ ਹੋ ਜਾਂਦਾ ਹੈ। ਅਜਿਹਾ ਹੀ ਕਾਰਜ ਅਮਰੀਕਾ ਦੇ ਨਾਸਾ ਵਿਗਿਆਨੀ ਡਾ. ਸੁਰਿੰਦਰ ਸ਼ਰਮਾ ਅਤੇ ਅਮਰੀਕਾ ਸਾਇੰਟਿਸਟ ਡਾ. ਅਕਵਿੰਦਰ ਸਿੰਘ ਗਿੱਲ ਵੱਲੋਂ ਕੀਤਾ ਗਿਆ। ਜਿਨ੍ਹਾਂ ਨੇ ਪੰਜਾਬ ਦਾ ਅਤਿ ਆਧੁਨਿਕ ਹਸਪਤਾਲ ਆਪਣੇ ਜੱਦੀ ਪਿੰਡ ਚੂਹੜ ਚੱਕ 'ਚ ਸਥਾਪਿਤ ਕੀਤਾ। ਸਿਸੋਦੀਆ ਨੇ ਕਿਹਾ ਕਿ ਇਹ ਪਹਿਲਾ ਪੰਜਾਬ ਦਾ ਹਸਪਤਾਲ ਹੈ ਜੋ ਇਸ ਪਿੰਡ ਦੇ ਇਨ੍ਹਾਂ ਵਿਗਿਆਨੀਆਂ ਵੱਲੋਂ ਪਹਿਲਾਂ ਖੁਦ ਵੱਡਾ ਯੋਗਦਾਨ ਪਾਇਆ ਹੈ। ਉਨ੍ਹਾਂ ਜਥੇਦਾਰ ਭਜਨ ਸਿੰਘ ਦੇ ਪੋਤਰੇ ਸਾਬਕਾ ਸਰਪੰਚ ਸਵਰਨ ਸਿੰਘ ਸਿੱਧੂ ਵੱਲੋਂ 3 ਏਕੜ ਜ਼ਮੀਨ ਮੁਫ਼ਤ ਇਸ ਕਾਰਜ ਲਈ ਦੇਣ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਨਾਸਾ ਵਿਗਿਆਨੀ ਡਾ. ਸੁਰਿੰਦਰਪਾਲ ਸ਼ਰਮਾ, ਐਨ.ਆਰ.ਆਈ. ਸਭਾ ਦੇ ਆਨਰੇਰੀ ਮੈਂਬਰ ਡਾ. ਅਕਵਿੰਦਰ ਸਿੰਘ ਗਿੱਲ ਅਤੇ ਉਨ੍ਹਾਂ ਦੀ ਟੀਮ ਦਾ ਵਿਸ਼ੇਸ਼ ਧੰਨਵਾਦ ਕੀਤਾ ਜੋ ਇਹ ਟੀਮ ਪਿੰਡ ਚੂਹੜਚੱਕ ਲਈ ਵੱਡਾ ਉਪਰਾਲਾ ਕਰ ਰਹੀ ਹੈ। ਇਸ ਸਮੇਂ ਐੱਨ ਆਰ ਆਈ ਆਲ ਇੰਡੀਆ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਦਲੀਪ ਪਾਂਡੇ ਵੀ ਮੌਜੂਦ ਸਨ।ਇਸ ਸਮੇਂ ਨਾਸਾ ਵਿਗਿਆਨੀ ਡਾ. ਸੁਰਿੰਦਰਪਾਲ ਸ਼ਰਮਾ ਨੇ ਕਿਹਾ ਕਿ ਸਾਡੀ ਪਹਿਚਾਣ ਪਿੰਡਾਂ ਕਰਕੇ ਹੀ ਹੈ, ਪਿੰਡ ਖ਼ੁਸ਼ਹਾਲ ਹੋਣਗੇ ਤਾਂ ਦੇਸ਼ ਤਰੱਕੀ ਕਰੇਗਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਅਕਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਹਿੰਦੁਸਤਾਨ ਅਜਿਹਾ ਦੇਸ਼ ਹੈ ਜਿੱਥੇ 85 ਫੀਸਦੀ ਅਵਾਰਾ ਕੁੱਤਿਆਂ ਦੇ ਕੱਟਣ ਦੀਆਂ ਘਟਨਾਵਾਂ ਵਾਪਰਦੀਆਂ ਹਨ।ਜਿਸ ਦਾ ਠੀਕ ਢੰਗ ਨਾਲ ਇਲਾਜ ਨਾ ਕੀਤਾ ਜਾਵੇ ਤਾਂ ਪੀੜਤ ਵਿਅਕਤੀ ਹਲਕਾਅ ਦਾ ਸ਼ਿਕਾਰ ਹੋ ਜਾਂਦਾ ਹੈ।ਇਸ ਲਈ ਉਨ੍ਹਾਂ ਦੀ ਇਹ ਇੱਛਾ ਬਣੀ ਕਿ ਅਜਿਹਾ ਇੱਕ ਹਸਪਤਾਲ ਪਿੰਡ ਵਿੱਚ ਬਣਾਇਆ ਜਾਵੇ ਜਿੱਥੇ ਹਰ ਸ਼ਹਿਰ ਹਰ ਪਿੰਡ ਹਰ ਜ਼ਿਲ੍ਹੇ ਵਿੱਚੋਂ ਆਉਣ ਵਾਲੇ ਕੁੱਤਿਆਂ ਦਾ ਇਲਾਜ ਕੀਤਾ ਜਾਵੇ।

ਇਸ ਸਮੇਂ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਇਹ ਐੱਨ ਆਰ ਆਈਜ਼ ਦਾ ਵੱਡਾ ਉਪਰਾਲਾ ਹੈ।ਇਹ ਮੇਰੇ ਲਈ ਮਾਣ ਵਾਲੀ ਗੱਲ ਹੈ ਕਿ ਮੇਰੇ ਹਲਕੇ 'ਚ ਪੰਜਾਬ ਦਾ ਵੱਡਾ ਕਾਰਜ ਪਿੰਡ ਚੂਹੜਚੱਕ ਤੋਂ ਆਰੰਭ ਹੋਇਆ ਹੈ।ਇਸ ਸਮੇਂ ਫੂਡ ਕਾਰਪੋਰੇਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਚੱਲ ਰਹੇ ਇਸ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜ਼ਿਕਰ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੰਮ ਪਿੰਡਾਂ 'ਚ ਜਿਗਰੇ ਨਾਲ ਹੀ ਕੀਤੇ ਜਾਂਦੇ ਹਨ। ਇਸ ਸਮੇਂ ਸਾਬਕਾ ਡਿਪਟੀ ਕਮਿਸ਼ਨਰ ਇਕਬਾਲ ਸਿੰਘ ਸਿੱਧੂ, ਏ.ਡੀ.ਸੀ. ਜਗਵਿੰਦਰ ਸਿੰਘ ਗਰੇਵਾਲ, ਚੀਫ ਇੰਜੀਨੀਅਰ ਜਗਜੀਤ ਸਿੰਘ ਗਿੱਲ, ਸਾਬਕਾ ਵਾਈਸ ਚਾਂਸਲਰ ਏ.ਸੀ. ਵਾਰਨਸੀ, ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ, ਨਿਰਮਲ ਸਿੰਘ ਜੌੜਾ, ਰਣਧੀਰ ਸਿੰਘ ਧੀਰਾ, ਪਰਮਜੀਤ ਸਿੰਘ ਸੰਧੂ, ਸਰਪੰਚ ਬਿੰਦਰ ਸਿੰਘ ਮਨੀਲਾ, ਸਰਪੰਚ ਦਰਸ਼ਵੀਰ ਸਿੰਘ, ਰਣਜੀਤ ਸਿੰਘ ਧੰਨਾ, ਸਾਬਕਾ ਮੁੱਖ ਮੰਤਰੀ ਲਛਮਣ ਸਿੰਘ ਦੇ ਸਪੁੱਤਰ ਗੁਰਮੀਤ ਸਿੰਘ ਗਿੱਲ, ਐੱਸ.ਡੀ.ਓ. ਨਵਰੂਪ ਸਿੰਘ, ਕੋਚ ਜਗਮਿੰਦਰ ਸਿੰਘ ਪੱਪੀ, ਇਕਬਾਲ ਸਿੰਘ, ਪ੍ਰੀਤਮ ਸਿੰਘ ਗਿੱਲ ਆਦਿ ਹਾਜ਼ਰ ਸਨ।

## ਲਾਰਡ ਬੁੱਧਾ ਟਰੱਸਟ ਵੱਲੋਂ ਹੋਣਹਾਰ ਵਿਦਿਆਰਥਣਾਂ ਦਾ ਸਨਮਾਨ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਵੱਲੋਂ ਮਿਡਲ ਪ੍ਰੀਖਿਆ ਵਿੱਚ ਮੱਲਾਂ ਮਾਰਨ ਵਾਲੀਆਂ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਤ ਕਰਨ ਲਈ ਸਥਾਨਕ ਜ਼ਿਲ੍ਹਾ ਸਿੱਖਿਆ ਅਫਸਰ ਵਿਖੇ ਸਮਾਗਮ ਕੀਤਾ ਗਿਆ।ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਤੇ ਜ਼ਿਲ੍ਹਾ ਚੇਅਰਮੈਨ ਰਾਸ਼ਟਰਪਤੀ ਅਵਾਰਡੀ ਪ੍ਰਿੰ. ਕ੍ਰਿਸ਼ਨ ਲਾਲ ਦੀ ਸਾਂਝੀ ਅਗਵਾਈ ਹੇਠ ਹੋਏ ਇਸ ਸਮਾਗਮ ਵਿੱਚ ਚੀਫ਼ ਪੈਟਰਨ ਹੀਰਾਵਤੀ, ਸ੍ਰੀ ਕ੍ਰਿਸ਼ਨ ਆਰ.ਏ., ਡੀ.ਪੀ.ਐੱਸ. ਭੋਲਾ, ਹਰਪਾਲ ਸਿੰਘ, ਨਰਿੰਦਰ ਕਾਕਾ, ਮੰਜੂ ਸੁਖੀਜਾ ਤੇ ਕਵਿਤਾ ਸ਼ਰਮਾ ਆਦਿ ਸਮੇਤ ਉੱਚ ਪੱਧਰੀ ਆਗੂ ਸ਼ਾਮਲ ਹੋਏ।ਇਸ ਮੌਕੇ ਨੇਕ ਦਿਲ, ਨਿਰਪੱਖ ਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਜ਼ਿਲ੍ਹਾ ਸਿੱਖਿਆ ਅਫਸਰ ਅੰਜਨਾ ਕੌਸ਼ਲ, ਉਪ ਜ਼ਿਲ੍ਹਾ ਸਿੱਖਿਆ ਅਫਸਰ ਪਵਨ ਕੁਮਾਰ, ਜ਼ਿਲ੍ਹਾ ਗਾਇਡੈਂਸ ਕੌਂਸਲਰ ਤੇ ਕਈ ਇਨਾਮ ਜੇਤੂ ਪ੍ਰਸਿੱਧ ਸਟੇਜ ਸੰਚਾਲਕ ਜਸਬੀਰ ਜੱਸੀ, ਪ੍ਰਿੰ. ਦੀਪਕ ਸਿੰਘ ਤੇ ਹੈੱਡ ਮਾਸਟਰ ਰਵਿੰਦਰ ਸਿੰਘ ਆਦਿ ਵੀ ਉਚੇਚੇ ਤੌਰ 'ਤੇ ਮੌਜੂਦ ਸਨ।ਇਸ ਤੋਂ ਇਲਾਵਾ ਪ੍ਰਿੰ. ਕੁਸਮ ਕਾਲੜਾ, ਪੂਜਾ ਰਾਣੀ, ਹਰਪ੍ਰੀਤ ਸਿੰਘ, ਸੁਖਦੀਪ ਸਿੰਘ, ਸੰਦੀਪ ਠਾਕਰ, ਨਰੇਸ਼ ਗੋਇਲ, ਬਲਜੀਤ ਕੌਰ, ਰਣਜੀਤ ਕੌਰ ਤੇ ਸੁਨੀਤਾ ਰਾਣੀ ਵੀ ਇਸ ਸਮੇਂ ਮੌਜੂਦ ਸਨ।ਸਮਾਗਮ ਮੌਕੇ ਟਰੱਸਟ ਦੇ ਜ਼ਿਲ੍ਹਾ ਚੇਅਰਮੈਨ ਪ੍ਰਿੰ. ਕ੍ਰਿਸ਼ਨ ਲਾਲ ਨੇ ਟਰੱਸਟ ਆਗੂਆਂ ਦੀ ਜਾਣ-ਪਛਾਣ ਕਰਵਾਈ ਤੇ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਸਰਸਰੀ ਜਾਣਕਾਰੀ ਦਿੱਤੀ।ਸਮਾਰੋਹ ਦੌਰਾਨ ਇਸ ਸਾਲ ਮਿਡਲ ਦੀ ਪ੍ਰਿਆ ਵਿੱਚੋਂ ਪੰਜਾਬ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀ ਤਮੰਨਾ (600/600) ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਜੈਤੋ ਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੀ ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਕੋਟ ਸੁਖੀਆ ਦੀ ਜਸ਼ਨਦੀਪ ਕੌਰ (598/600) ਨੂੰ ਟਰੱਸਟ ਵੱਲੋਂ ਮੈਡਮ ਕੌਸ਼ਲ ਨੇ ਯਾਦਗਾਰੀ ਸਨਮਾਨ ਚਿੰਨ ਭੇਟ ਕੀਤੇ ਗਏ।ਇਸੇ ਤਰ੍ਹਾਂ ਮੈਰਿਟ ਵਿਚ ਸਥਾਨ ਪ੍ਰਾਪਤ ਕਰਨ ਵਾਲੀ ਮਨਪ੍ਰੀਤ ਕੌਰ (ਸ.ਸ.ਸ.ਸ. ਪੰਜ ਗਰਾਈ) ਤੇ ਮੁਸਕਾਨ ਦੀਪ ਕੌਰ (ਸ.ਹ.ਸ. ਢੀਮਾਂਵਾਲੀ) ਨੂੰ ਵੀ ਸ਼ਾਨਦਾਰ ਮੋਮੈਂਟੋ ਦੇ ਕੇ ਨਿਵਾਜਿਆ ਗਿਆ।

ਸਨਮਾਨ ਚਿੰਨ ਭੇਟ ਕਰਨ ਦੀ ਉਪਰੰਤ ਡੀ.ਈ.ਓ. ਮੈਡਮ ਨੇ ਪੜ੍ਹਾਈ ਦੇ ਖੇਤਰ ਵਿੱਚ ਨਾਮ ਚਮਕਾਉਣ ਵਾਲੀਆਂ ਇਨ੍ਹਾਂ ਸਾਰੀਆਂ ਹੋਣਹਾਰ ਵਿਦਿਆਰਥਣਾਂ, ਸਕੂਲ ਮੁਖੀ ਤੇ ਸਟਾਫ਼ ਸਮੇਤ ਮਾਪਿਆਂਨੂੰ ਵੀ ਵਧਾਈ ਦਿੱਤੀ।ਸਮਾਰੋਹ ਦੇ ਅੰਤ ਵਿੱਚ ਟਰੱਸਟ ਸੰਸਥਾਪਕ ਸ੍ਰੀ ਢੋਸੀਵਾਲ ਨੇ ਕਿਹਾ ਕਿ ਇਨ੍ਹਾਂ ਹੋਣਹਾਰ ਵਿਦਿਆਰਥਣਾਂ ਦੀ ਸ਼ਾਨਦਾਰ ਪ੍ਰਾਪਤੀ ਦੀ ਸਫਲਤਾ ਦਾ ਸਿਹਰਾ ਡੀ.ਈ.ਓ. ਮੈਡਮ ਕੌਸ਼ਲ ਦੀ ਯੋਗ ਅਗਵਾਈ ਤੇ ਸਬੰਧਤ ਸਕੂਲਾਂ ਦੇ ਮੁਖੀ ਸਮੇਤ ਮਿਹਨਤੀ ਸਟਾਫ ਦੇ ਸਿਰ ਬੱਝਦਾ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ।

## ਗੁਰੂ ਨਾਨਕ ਲਾਅ ਕਾਲਜ ਵਿਖੇ ਮੂਟ ਕੋਰਟ ਦਾ ਆਯੋਜਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਾਈਆਂਵਾਲਾ ਸਥਿਤ ਲਾਅ ਕਾਲੇਜ ਵਿੱਚ ਅੱਜ ਇੱਕ ਮੂਟ ਕੋਰਟ ਕਰਵਾਈ ਗਈ, ਜਿਸ ਵਿੱਚ ਅਨੀਤਾ ਸ਼ਰਮਾ ਵਿ. ਗ੍ਰੀਨਫੀਲਡ ਇੰਟਰਨੈਸ਼ਨਲ ਸਕੂਲ ਕੇਸ ਪੇਸ਼ ਕੀਤਾ ਗਿਆ ਤੇ ਕਰਨਦੀਪ ਨੇ ਜੱਜ ਦੀ ਭੂਮਿਕਾ ਨਿਭਾਈ। ਵਾਦੀ ਦੀ ਭੂਮਿਕਾ ਸਾਵਨੀ ਤੇ ਪ੍ਰਤਿਵਾਦੀ ਦੀ ਭੂਮਿਕਾ ਗਗਨਦੀਪ ਕੌਰ ਨੇ ਨਿਭਾਈ। ਦੋਵੇਂ ਪੱਖਾਂ ਦੇ ਵਕੀਲਾਂ ਨੇ ਆਪਣੇ-ਆਪਣੇ ਤਰਕ ਪੇਸ਼ ਕੀਤੇ। ਵਾਦੀ ਪੱਖ ਦੇ ਵਕੀਲ ਨੇ ਕੇਸ ਦੇ ਤੱਥ ਦਰਸਾਏ ਜਦਕਿ ਪ੍ਰਤਿਵਾਦੀ ਪੱਖ ਦੇ ਵਕੀਲ ਨੇ ਆਪਣੀ ਪੱਖ ਵਿੱਚ ਦਲੀਲਾਂ ਦਿੱਤੀਆਂ। ਮੂਟ ਕੋਰਟ ਦੌਰਾਨ ਦੋਵੇਂ ਪੱਖਾਂ ਵੱਲੋਂ ਜ਼ੋਰਦਾਰ ਬਹਿਸ ਹੋਈ। ਦੋਵੇਂ ਪੱਖਾਂ ਦੇ ਵਕੀਲਾਂ ਨੇ ਕਾਨੂੰਨੀ ਧਾਰਾਵਾਂ ਤੇ ਨੁਕਤੇ ਪੇਸ਼ ਕੀਤੇ। ਜੱਜ ਬਣੀ ਕਰਨਦੀਪ ਨੇ ਧਿਆਨ ਨਾਲ ਦੋਵੇਂ ਪੱਖਾਂ ਨੂੰ ਸੁਣਿਆ ਅਤੇ ਫੈਸਲਾ ਸੁਣਾਇਆ ਕਿ ਪ੍ਰਤਿਵਾਦੀ ਆਪਣਾ ਕੇਸ ਸਾਬਿਤ ਕਰਨ ਵਿੱਚ ਅਸਫਲ ਰਿਹਾ, ਜਦਕਿ ਵਾਦੀ ਪੱਖ ਆਪਣੇ ਦਾਅਵੇ ਸਾਬਤ ਕਰਨ ਵਿੱਚ ਸਫਲ ਰਿਹਾ। ਇਸ ਲਈ ਫੈਸਲਾ ਵਾਦੀ ਦੇ ਹੱਕ ਵਿੱਚ ਦਿੱਤਾ ਗਿਆ। ਇਸ ਮੌਕੇ ਤੇ ਕਾਲਜ ਦੇ ਪ੍ਰਧਾਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੂਟ ਕੋਰਟਾਂ ਨਾਲ ਵਿਦਿਆਰਥੀਆਂ ਨੂੰ ਅਸਲ ਅਦਾਲਤੀ ਕਾਰਵਾਈ ਨੂੰ ਸਮਝਣ ਦਾ ਮੌਕਾ ਮਿਲਦਾ ਹੈ ਤੇ ਉਹ ਸਿੱਖਦੇ ਹਨ ਕਿ ਅਦਾਲਤ ਵਿੱਚ ਕੇਸ ਕਿਵੇਂ ਪੇਸ਼ ਕਰਨਾ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਅਜਵਰ ਖਾਨ ਨੇ ਵੀ ਕਿਹਾ ਕਿ ਮੂਟ ਕੋਰਟ ਦਾ ਆਯੋਜਨ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਗਿਆਨ ਦਿੰਦਾ ਹੈ। ਕਈ ਵਿਦਿਆਰਥੀਆਂ ਜਿਵੇਂ ਗਗਨਦੀਪ ਸਿੰਘ, ਅਕਸ਼ੇ, ਸਿਮਰਨ, ਪ੍ਰੀਆ ਤੇ ਅਮਰਪ੍ਰੀਤ ਸਿੰਘ, ਨਵਜੋਤ ਅਨੋਸ਼, ਖੁਸ਼ਬੂ, ਗਗਨਦੀਪ, ਸਵਨੀ, ਕਰਨਦੀਪ ਨੇ ਸਰਗਰਮੀ ਨਾਲ ਭਾਗ ਲਿਆ ਤੇ ਆਪਣੀਆਂ ਭੂਮਿਕਾਵਾਂ ਨੂੰ ਚੰਗੀ ਤਰ੍ਹਾਂ ਨਿਭਾਇਆ।

# ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਸਰਕਾਰ ਵਿਰੁੱਧ ਪ੍ਰਦਰਸ਼ਨ

### ਅਗਲੀ ਰੈਲੀ 21 ਅਪ੍ਰੈਲ ਨੂੰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੈਡਕਰ ਜੀ ਦੇ ਜਨਮ ਦਿਹਾੜੇ 'ਤੇ ਕੀਤੇ ਸਮਾਗਮ ਸਮੇਂ ਅਗਲੇ ਪੜਾਅਵਾਰ ਕੀਤੇ ਸੰਘਰਸ਼ਾਂ ਦੇ ਅਹਿਦ ਦੀ ਲੜੀ ਵਿੱਚ ਇੱਥੇ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜ਼ਮਾਂ ਕੱਚਿਆਂ ਤੇ ਪੱਕਿਆਂ ਆਵੱਸ ਵਣ ਮੰਡਲ ਦਫਤਰ ਅੱਗੇ ਇਕੱਤਰ ਹੋਏ, ਜਿੱਥੇ ਪੰਜਾਬ ਸਰਕਾਰ ਦਾ ਪਿੱਟ ਸਿਆਪਾ ਕੀਤਾ ਗਿਆ।ਅਪ੍ਰੈਲ ਮਹੀਨਾ ਮੁੱਕਣ ਵਾਲਾ ਹੈ, ਜੰਗਲਾਤ ਸਮੇਤ ਕਈ ਵਿਭਾਗਾਂ ਵਿੱਚ ਤਨਖਾਹਾਂ ਦੀ ਅਦਾਇਗੀਆਂ ਨਹੀਂ ਹੋਈਆਂ, ਜਿਸ ਕਰਕੇ ਇਸ ਮਹੀਨੇ ਮੁਲਾਜ਼ਮਾਂ ਵੱਲੋਂ ਆਪਣੇ ਬੱਚਿਆਂ ਦੇ ਦਾਖਲੇ ਵੀ ਨਹੀਂ ਕੀਤੇ ਜਾ ਰਹੇ ਤੇ ਘਰਾਂ ਦਾ ਚੁੱਲ੍ਹਾ ਚੱਲਣਾ ਵੀ ਮੁਸ਼ਕਲ ਹੋ ਗਿਆ ਹੈ।ਉਂਜ ਇਹ ਨਿਚਲੇ ਵਰਗ ਦੇ ਮੁਲਾਜ਼ਮ ਪਹਿਲਾਂ ਹੀ ਮਹਿੰਗਾਈ ਦੀ ਮਾਰ ਝਲ ਰਹੇ ਹਨ ਤੇ ਇਸ ਵਾਰ ਸਰਕਾਰ ਨੇ ਕਣਕ ਖ੍ਰੀਦਣ ਲਈ ਕਰਜ਼ਾ ਦੇਣ ਦਾ ਪੱਤਰ ਵੀ ਜਾਰੀ ਨਹੀਂ ਕੀਤਾ, ਜਦੋਂ ਕਿ ਯੂਨੀਅਨ ਨੇ ਮੰਗ ਕੀਤੀ ਕਿ ਘੱਟੋ-ਘੱਟ 25000 ਰੁਪਏ ਕਣਕ ਕਰਜ਼ਾ ਦੇਣ ਦਾ ਪੱਤਰ ਜਾਰੀ ਕਰੇ।ਮੰਗ ਕੀਤੀ ਗਈ ਕਿ ਜੰਗਲਾਤ, ਜੰਗਲੀ ਜੀਵ, ਜੰਗਲਾਤ ਨਿਗਮ ਦੇ ਕਾਮਿਆਂ ਨੂੰ ਤਨਖਾਹਾਂ ਜਾਰੀ ਕੀਤੀਆਂ ਜਾਣ।ਪਿਛਲੇ ਬਕਾਏ ਦਿੱਤੇ ਜਾਣ ਤੇ ਸੇਵਾਵਾਂ ਰੈਗੂਲਰ ਕੀਤੀਆਂ ਜਾਣ ਤੇ ਕੰਮ ਤੋਂ ਫਾਰਗ ਕੀਤੇ ਕਾਮੇ ਵਾਪਸ ਕੰਮਾਂ 'ਤੇ ਹਾਜ਼ਰ ਕੀਤੇ ਜਾਣ ਆਦਿ ਇਸ਼ੂ ਉਠਾਏ ਗਏ।

ਮੁਲਾਜਮਾਂ ਨੇ ਵਿਭਾਗ ਤੇ ਸਰਕਾਰ ਦੀ ਜ਼ੋਰਦਾਰ ਨਾਹਰੇਬਾਜ਼ੀ ਕਰਕੇ, ਇੱਥੋਂ ਵਹਿਲਕ ਮਾਰਚ ਕੱਢਦੇ ਹੋਏ ਨਾਹਰੇ ਮਾਰਦੇ ਹੋਏ ਵੱਡੀ ਗਿਣਤੀ ਵਿੱਚ ਰਾਜ ਕਰ ਕਮਿਸ਼ਨਰ (ਆਬਕਾਰੀ ਤੇ ਕਰ) ਵਿਭਾਗ ਦੇ ਮੁੱਖ ਦਫਤਰ ਪਹੁੰਚੇ ਜਿੱਥੇ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਮੁਲਾਜਮ ਪਹੁੰਚੇ ਹੋਏ ਸਨ, ਇੱਥੇ ਜ਼ੋਰਦਾਰ ਰੈਲੀ ਕੀਤੀ ਗਈ।ਰੈਲੀ ਦੌਰਾਨ ਆਬਕਾਰੀ ਤੇ ਕਰ ਕਮਿਸ਼ਨਰ ਦੇ ਆਗੂਆਂ ਨੂੰ ਸੱਦ ਕੇ ਗੱਲਬਾਤ ਕੀਤੀ ਤੇ ਮੰਗਾਂ ਆਦਿ ਇਸ਼ੂਆਂ 'ਤੇ 30 ਅਪ੍ਰੈਲ ਨੂੰ ਮੀਟਿੰਗ ਦਾ ਸਮਾਂ ਨਿਸ਼ਚਿਤ ਕੀਤਾ।

ਦੋਵੇਂ ਰੈਲੀਆਂ ਨੂੰ ਚੌਥਾ ਦਰਜਾ ਮੁਲਾਜ਼ਮਾਂ ਦੇ ਜਿਨ੍ਹਾਂ ਆਗੂਆਂ ਨੇ ਸੰਬੋਧਨ ਕੀਤਾ ਉਨ੍ਹਾਂ ਵਿੱਚ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਆਬਕਾਰੀ ਤੇ ਕਰ ਵਿਭਾਗ ਦੇ ਜਨਰਲ ਸਕੱਤਰ ਮੇਘੂ ਰਾਮ, ਸੂਬਾ ਚੇਅਰਮੈਨ ਵੇਦ ਪ੍ਰਕਾਸ਼, ਸੂਬਾ ਪ੍ਰਧਾਨ ਮੱਖਣ ਸਿੰਘ, ਜ਼ਿਲ੍ਹਾ ਫੈਡਰੇਸ਼ਲ ਦੇ ਵਰਕਿੰਗ ਪ੍ਰਧਾਨ ਸੂਰਜ ਪਾਲ ਯਾਦਵ, ਸ਼ਹਿਰੀ ਪ੍ਰਧਾਨ ਰਾਮ ਲਾਲ ਰਾਮਾ, ਰਾਮ ਪ੍ਰਸਾਦ ਸਹੋਤਾ, ਪੈਨਸ਼ਨਰਾਂ ਦੇ ਪ੍ਰਧਾਨ ਸ਼ਿਵ ਚਰਨ ਸਮੇਤ ਹੋਰ ਆਗੂ ਸ਼ਾਮਲ ਸਨ।ਆਗੂਆਂ ਨੇ ਐਲਾਨ ਕੀਤਾ ਕਿ 21 ਅਪ੍ਰੈਲ ਨੂੰ ਸਵੇਰੇ 11 ਵਜੇ ਸਟੇਟ ਕਾਲਜ ਆਫ ਐਜੂਕੇਸ਼ਨ ਵਿਖੇ ਰੈਲੀ ਕੀਤੀ ਜਾਵੇਗੀ।

## ਸੁਸ਼ੀਲ ਕੁਮਾਰ ਨੇ ਪ੍ਰਿੰਸੀਪਲ ਦਾ ਅਹੁਦਾ ਸੰਭਾਲਿਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਿੱਖਿਆ ਦੇ ਖੇਤਰ ਵਿੱਚ ਲੰਬਾ ਤਜ਼ਰਬਾ ਰੱਖਣ ਵਾਲੇ ਤੇ ਸਿੱਖਿਆ ਸ਼ਾਸਤਰੀ ਸ਼੍ਰੀ ਸੁਸ਼ੀਲ ਕੁਮਾਰ ਸ਼ਰਮਾ ਨੇ ਸਥਾਨਕ ਐੱਸ. ਡੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਸਮਾਣਾ ਵਿਖੇ ਬਤੌਰ ਪ੍ਰਿੰਸੀਪਲ ਆਪਣੀ ਸਿੱਖਿਆ ਦੀ ਦੂਜੀ ਪਾਰੀ ਦੀ ਸ਼ੁਰੂਆਤ ਕੀਤੀ ਹੈ। ?ਜ਼ਿਕਰਯੋਗ ਹੈ ਕਿ ਸ਼੍ਰੀ ਸ਼ਰਮਾ ਇਸ ਤੋਂ ਪਹਿਲਾਂ ਪੀ.ਐਮ. ਸ਼੍ਰੀ ਕੰਨਿਆਂ ਸਕੂਲ ਸਮਾਣਾ ਵਿਖੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਸ਼ਾਨਦਾਰ ਸੇਵਾਵਾਂ ਨਿਭਾ ਰਹੇ ਸਨ ਤੇ 31 ਮਾਰਚ 2026 ਨੂੰ ਸਰਕਾਰੀ ਸੇਵਾ ਤੋਂ ਸਨਮਾਨਪੂਰਵਕ ਭਾਰ ਮੁਕਤ ਹੋਏ ਸਨ।ਉਨ੍ਹਾਂ ਦੀਆਂ ਵਿਦਿਅਕ ਸੇਵਾਵਾਂ ਅਤੇ ਪ੍ਰਸ਼ਾਸਨਿਕ ਕੁਸ਼ਲਤਾ ਨੂੰ ਦੇਖਦੇ ਹੋਏ ਐੱਸ. ਡੀ. ਮਾਡਲ ਸਕੂਲ ਦੀ ਮੈਨੇਜਮੈਂਟ ਵੱਲੋਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ?। ਸਰਕਾਰੀ ਸੇਵਾ ਤੋਂ ਸੇਵਾਮੁਕਤੀ ਤੋਂ ਤੁਰੰਤ ਬਾਅਦ ਉਨ੍ਹਾਂ ਨੇ ਪ੍ਰਾਈਵੇਟ ਸਿੱਖਿਆ ਖੇਤਰ ਵਿੱਚ ਆਪਣਾ ਯੋਗਦਾਨ ਪਾਉਣਾ ਸ਼ੁਰੂ ਕਰ ਦਿੱਤਾ ਹੈ।ਕੰਨਿਆਂ ਸਕੂਲ ਵਿੱਚ ਉਨ੍ਹਾਂ ਦੇ ਕਾਰਜਕਾਲ ਦੌਰਾਨ ਸਕੂਲ ਨੇ ਕਈ ਪ੍ਰਾਪਤੀਆਂ ਹਾਸਲ ਕੀਤੀਆਂ ਸਨ। ਅਹੁਦਾ ਸੰਭਾਲਣ ਮੌਕੇ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣਾ ਤੇ ਸਕੂਲ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਣਾ ਹੋਵੇਗਾ। ?ਇਸ ਮੌਕੇ ਸ਼ਹਿਰ ਦੀਆਂ ਧਾਰਮਿਕ, ਸਮਾਜਿਕ ਜਥੇਬੰਦੀਆਂ ਤੇ ਸਿੱਖਿਆ ਜਗਤ ਨਾਲ ਜੁੜੀਆਂ ਸ਼ਖਸੀਅਤਾਂ ਨੇ ਸ੍ਰੀ ਸੁਸ਼ੀਲ ਕੁਮਾਰ ਸ਼ਰਮਾ ਨੂੰ ਉਨ੍ਹਾਂ ਦੀ ਇਸ ਨਵੀਂ ਪਾਰੀ ਲਈ ਮੁਬਾਰਕਬਾਦ ਦਿੱਤੀ ਤੇ ਉਮੀਦ ਪ੍ਰਗਟਾਈ ਕਿ ਉਨ੍ਹਾਂ ਦੇ ਆਉਣ ਨਾਲ ਸਕੂਲ ਦੀ ਸਾਖ ਵਿੱਚ ਹੋਰ ਵਾਧਾ ਹੋਵੇਗਾ।

## ਏਕਨੂਰ ਕੌਰ ਨੇ 99% ਅੰਕ ਹਾਸਲ ਕਰਕੇ ਜ਼ਿਲ੍ਹੇ ਤੇ ਸਕੂਲ ਦਾ ਨਾਂ ਕੀਤਾ ਰੌਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਸ੍ਰ. ਚੇਤਨ ਸਿੰਘ ਸਰਵਹਿਤਕਾਰੀ ਵਿੱਦਿਆ ਮੰਦਰ ਮਾਨਸਾ ਦੀ ਵਿਦਿਆਰਥਣ ਏਕਨੂਰ ਨੇ ਸੀ ਬੀ ਐੱਸ ਈ ਦਿੱਲੀ ਵੱਲੋਂ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਦੇ ਐਲਾਨੇ ਗਏ ਨਤੀਜਿਆਂ 'ਚੋਂ 99% ਅੰਕ ਹਾਸਲ ਕਰਕੇ ਆਪਣੇ ਸਕੂਲ 'ਚੋਂ ਟੌਪ ਤੇ ਜ਼ਿਲ੍ਹੇ 'ਚੋਂ ਵਧੀਆ ਸਥਾਨ ਹਾਸਲ ਕਰਕੇ ਸਕੂਲ ਤੇ ਜ਼ਿਲ੍ਹਾ ਮਾਨਸਾ ਦਾ ਨਾਂ ਰੌਸ਼ਨ ਕੀਤਾ ਹੈ।ਏਕਨੂਰ ਨੇ ਇਸ ਪ੍ਰਾਪਤੀ ਦਾ ਸਿਹਰਾ ਸਕੂਲ ਦੇ ਪ੍ਰਿੰਸੀਪਲ ਜਗਦੀਪ ਕੁਮਾਰ ਪਟਿਆਲ, ਮਿਹਨਤੀ ਸਟਾਫ਼ ਤੇ ਆਪਣੇ ਮਾਪਿਆਂ ਨੂੰ ਦਿੱਤਾ ਹੈ।ਏਕਨੂਰ ਦੇ ਮਾਪੇ ਵੀ ਅਧਿਆਪਨ ਕਿੱਤੇ ਨਾਲ ਹੀ ਸਬੰਧਤ ਹਨ।ਇਸ ਮੌਕੇ ਏਕਨੂਰ ਦੇ ਮਾਪਿਆਂ ਵੱਲੋਂ ਸਕੂਲ ਸਟਾਫ ਤੇ ਪ੍ਰਿੰਸੀਪਲ ਨੂੰ ਵਧਾਈ ਦਿੰਦਿਆਂ ਇਸ ਪ੍ਰਾਪਤੀ ਲਈ ਧੰਨਵਾਦ ਵੀ ਕੀਤਾ।ਇਸ ਸਮੇਂ ਏਕਨੂਰ ਨੇ ਕਿਹਾ ਕਿ ਉਸ ਦਾ ਸੁਪਨਾ ਹੈ ਕਿ ਪੜ੍ਹਾਈ ਪੂਰੀ ਕਰਨ ਉਪਰੰਤ ਉਹ ਆਈ ਏ ਐੱਸ ਵਰਗੇ ਵੱਕਾਰੀ ਅਹੁਦੇ ਤੱਕ ਪਹੁੰਚ ਕੇ ਆਪਣੇ ਅਧਿਆਪਕਾਂ, ਮਾਪਿਆਂ ਤੇ ਜ਼ਿਲ੍ਹੇ ਦਾ ਮਾਣ ਵਧਾਉਣ ਦਾ ਕੰਮ ਕਰੇਗੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਚਿਰੋਕਣੀ ਮੰਗ ਨੂੰ ਪਿਆ ਬੂਰ : ਗੋਇਲ

### ਹੈਲਥ ਕੇਅਰ ਪ੍ਰੋਵਾਈਡਰਜ਼ ਵਜੋਂ ਸ਼ਾਰਟ ਟਰਮ ਸਿਖਲਾਈ ਦੇ ਦਿੱਤੇ ਆਦੇਸ਼



**ਮੋਗਾ/ਮਾਨਸਾ (ਖਹਿਰਾ/ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਮੁੱਖ ਦਫ਼ਤਰ ਨੇੜੇ ਟੀਵੀ ਟਾਵਰ ਬਠਿੰਡਾ ਦਾ ਸੂਬਾਈ ਵਫ਼ਦ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸੱਦੇ 'ਤੇ ਕੈਬਨਿਟ ਸਬ ਕਮੇਟੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੂੰ ਮਿਲਿਆ।ਵਫ਼ਦ ਵਿੱਚ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਚੇਅਰਮੈਨ ਐੱਚ ਐੱਸ ਰਾਣੂ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਤੇ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬਲਵੀਰ ਸਿੰਘ ਸ਼ਾਮਲ ਹੋਏ।ਮੀਟਿੰਗ ਦੌਰਾਨ ਸਿਹਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕੁਮਾਰ ਰਾਹੁਲ ਤੇ ਸਪੈਸ਼ਲ ਸਕੱਤਰ ਫਾਇਨਾਂਸ ਅਜੈ ਅਰੋੜਾ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੀਟਿੰਗ ਬਹੁਤ ਸਦਭਾਵਨਾ ਤੇ ਸੁਖਾਵੇਂ ਮਾਹੌਲ 'ਚ ਹੋਈ। ਐਸੋਸੀਏਸ਼ਨ ਦੀ ਤਰਫੋਂ ਮੰਗ ਪੱਤਰ ਤੇ ਲੋੜੀਂਦੇ ਹਵਾਲਾ ਦਸਤਾਵੇਜ਼ਾਂ ਦੀ ਫਾਈਲ ਸਰਕਾਰ ਅੱਗੇ ਪੇਸ਼ ਕਰਦਿਆਂ ਮੰਗ ਕੀਤੀ ਕਿ ਸਰਕਾਰ ਕੋਈ ਸੰਖੇਪ ਬ੍ਰਿਜ ਕੋਰਸ ਕਰਵਾ ਕੇ ਮੁਢੱਲੀਆਂ ਸਿਹਤ ਸੇਵਾਵਾਂ ਲਈ ਹੈਲਥ ਕੇਅਰ ਪ੍ਰੋਵਾਇਡਰ ਵਜੋਂ ਅਧਿਕਾਰਤ ਕਰਨ ਦੀ ਖੇਚਲ ਕਰੇ, ਤਾਂ ਜੋ ਇਸ ਕਿੱਤੇ ਨਾਲ ਜੁੜੇ ਲੱਖਾਂ ਲੋਕਾਂ ਦਾ ਸਵੈਰੋਜ਼ਗਾਰ ਬਚ ਸਕੇ ਤੇ ਲੱਖਾਂ ਪਰਿਵਾਰਕ ਮੈਂਬਰਾਂ ਦਾ ਉਜਾੜਾ ਤੇ ਸੇਵਾਵਾਂ ਲੈਣ ਵਾਲੇ ਲੱਖਾਂ ਲੋਕਾਂ ਨੂੰ ਮਿਲ ਰਹੀਆਂ ਸਸਤੀਆਂ ਸੇਵਾਵਾਂ ਵੀ ਜਾਰੀ ਰਹਿ ਸਕਣ ਅਤੇ ਸਰਕਾਰ ਵੱਲੋਂ ਲੋਕ ਹਿੱਤ 'ਚ ਦਿੱਤੀਆਂ ਜਾ ਰਹੀਆਂ ਸਿਹਤ ਸਕੀਮਾਂ ਵੀ ਪ੍ਰਭਾਵਿਤ ਨਾ ਹੋਣ ਅਤੇ ਸਰਕਾਰ ਦੇ ਘਰ ਘਰ ਰੁਜ਼ਗਾਰ ਤੇ ਸਿਹਤ ਸੇਵਾਵਾਂ ਦੇਣ ਦੇ ਉਦੇਸ਼ ਦੀ ਪੂਰਤੀ ਵੀ ਹੋ ਸਕੇ।ਸਬ ਕਮੇਟੀ ਅੱਗੇ ਪੇਸ਼ ਕੀਤੇ ਦਸਤਾਵੇਜ਼ਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਇਸ ਸਬੰਧੀ ਸਾਰਥਿਕ ਹੁੰਗਾਰਾ ਭਰਦਿਆਂ ਜਲਦੀ ਹੀ ਇਹ ਕੋਰਸ ਸ਼ੁਰੂ ਕਰਨ ਦੀ ਯੋਜਨਾ ਨੂੰ ਪੂਰਾ ਕਰਨ ਲਈ ਹਾਜ਼ਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਤਾਂ ਜੋ ਪੰਜਾਬ 'ਚ ਸੇਵਾਵਾਂ ਨਿਭਾਅ ਰਹੇ ਡੇਢ ਲੱਖ ਹੈਲਥ ਕੇਅਰ ਪ੍ਰੋਵਾਈਡਰਾਂ ਦੇ ਰੁਜ਼ਗਾਰ ਨੂੰ ਕੋਈ ਆਂਚ ਨਾ ਆਵੇ ਤੇ ਉਨ੍ਹਾਂ ਦਾ ਮਾਨ ਸਨਮਾਨ ਵੀ ਬਰਕਰਾਰ ਰਹਿ ਸਕੇ।ਇਸ ਸਮੇਂ ਐਸੋਸੀਏਸ਼ਨ ਦੀ ਸੂਬਾਈ ਲੀਡਰਸ਼ਿਪ ਵੱਲੋਂ ਮੀਟਿੰਗ ਦੇਣ ਤੇ ਉਨ੍ਹਾਂ ਦੇ ਪੱਖ ਨੂੰ ਸੁਹਿਰਦਤਾ ਨਾਲ ਸੁਣਨ ਅਤੇ ਮੁੱਖ ਮੰਗ ਸਬੰਧੀ ਹਾਂ-ਪੱਖੀ ਹੁੰਗਾਰੇ ਲਈ ਕੈਬਨਿਟ ਸਬ ਕਮੇਟੀ ਤੇ ਵਿਭਾਗ ਦੇ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ।

# ਬੀ ਡੀ ਪੀ ਓ ਦਫਤਰ ਭੀਖੀ ਨੂੰ ਬਹਾਲ ਕਰਨ ਦੀ ਮੰਗ



**ਭੀਖੀ (ਧਰਮਵੀਰ ਸ਼ਰਮਾ)**-ਭੀਖੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਭੀਖੀ ਦੇ ਦਫਤਰ ਨੂੰ ਬਚਾਓ ਸੰਘਰਸ਼ ਕਮੇਟੀ, ਸੰਯੁਕਤ ਕਿਸਾਨ ਮੋਰਚਾ ਤੇ ਮਜ਼ਦੂਰ ਮੁਕਤੀ ਮੋਰਚਾ ਨੇ ਮਾਨਸਾ ਦੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ ਨੂੰ ਦਿੱਤੇ ਸਮੇਂ ਅਨੁਸਾਰ ਮੀਟਿੰਗ ਕੀਤੀ ਤੇ ਭੀਖੀ ਦੇ ਬੀਡੀਪੀਓ ਦਫਤਰ ਨੂੰ ਬਹਾਲ ਕਰਨ ਦੀ ਮੰਗ ਕੀਤੀ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਰੂਪ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਨੇ ਦੱਸਿਆ ਕਿ ਭੀਖੀ ਬਲਾਕ 33 ਪਿੰਡਾਂ ਨੂੰ ਸਹੂਲਤਾਂ ਦਿੰਦਾ ਸੀ, ਜਿਸ ਦੇ ਖਤਮ ਹੋਣ ਨਾਲ ਭੀਖੀ ਬਲਾਕ ਦੇ ਪਿੰਡਾਂ ਦੇ ਲੋਕਾਂ ਨੂੰ 35 ਕਿਲੋਮੀਟਰ ਦਾ ਲੰਮਾ ਸਫਰ ਤੈਅ ਕਰਕੇ ਜਾਣਾ ਪਵੇਗਾ।ਇਸ ਨਾਲ ਸਮੇਂ ਤੇ ਪੈਸੇ ਦੀ ਬਰਬਾਦੀ ਹੋਵੇਗੀ।

ਉਨ੍ਹਾਂ ਕਿਹਾ ਕਿ ਇਸ ਬਲਾਕ ਨੂੰ ਬਚਾਉਣ ਲਈ ਜਨਤਕ ਜਥੇਬੰਦੀਆਂ ਵੱਲੋਂ 45 ਦਿਨ ਪ੍ਰਦਰਸ਼ਨ ਕੀਤਾ ਗਿਆ ਸੀ, ਜਿਸ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਧਰਨੇ ਵਿੱਚ ਵਿਸ਼ਵਾਸ ਦਿਵਾਇਆ ਸੀ ਕਿ ਬਲਾਕ ਨੂੰ ਨਹੀਂ ਤੋੜਿਆ ਜਾਵੇਗਾ। ਉਨ੍ਹਾ ਕਿਹਾ ਕਿ ਹੁਣ ਭੀਖੀ ਬਲਾਕ ਦੇ ਸਾਰੇ ਮੁਲਾਜ਼ਮਾਂ ਨੂੰ ਮਾਨਸਾ ਬਲਾਕ ਵਿੱਚ ਰਲਾ ਦਿੱਤਾ ਗਿਆ ਹੈ, ਜਿਸ ਨਾਲ ਭੀਖੀ ਬਲਾਕ ਦੇ ਪਿੰਡਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮੀਟਿੰਗ 'ਚ ਡੀ ਸੀ ਸਾਹਿਬ ਨੇ ਭਰੋਸਾ ਦਿਵਾਇਆ ਕਿ ਭੀਖੀ ਦਫਤਰ ਵਿੱਚ ਕੰਮ ਜਾਰੀ ਰੱਖਿਆ ਜਾਵੇਗਾ।ਮੀਟਿੰਗ ਦੌਰਾਨ ਜਥੇਬੰਦੀਆਂ ਦੇ ਆਗੂਆਂ ਨੇ ਭੀਖੀ ਦੀ ਨਗਰ ਪੰਚਾਇਤ ਦੀਆਂ ਖਰਾਬ ਖੜੀਆਂ ਫਾਇਰ ਬ੍ਰਿਗੇਡ ਦੀ ਦੀਆਂ ਗੱਡੀਆਂ ਤੁਰੰਤ ਬਰਾਮਦ ਕਰਕੇ ਚਾਲੂ ਕਰਾਉਣ ਦੀ ਮੰਗ ਕੀਤੀ।ਇਸ ਸਮੇਂ ਡਿਪਟੀ ਕਮਿਸ਼ਨਰ ਮਾਨਸਾ ਨੇ ਤੁਰੰਤ ਕਾਰਜ ਸਾਧਕ ਅਫਸਰ ਭੀਖੀ ਨੂੰ ਮੌਕੇ 'ਤੇ ਬੁਲਾ ਕੇ ਗੱਡੀਆਂ ਠੀਕ ਕਰਾਉਣ ਦੇ ਆਦੇਸ਼ ਦਿੱਤੇ।

ਮੀਟਿੰਗ ਵਿੱਚ ਭੋਲਾ ਸਿੰਘ ਸਮਾਓਂ ਮੀਤ ਪ੍ਰਧਾਨ ਪੰਜਾਬ ਕਿਸਾਨ ਯੂਨੀਅਨ, ਗੁਰਦੀਪ ਸਿੰਘ ਦੀਪਾ, ਧੰਨਾ ਸਿੰਘ ਖੀਵਾ ਖੁਰਦ ਸਾਬਕਾ ਸਰਪੰਚ, ਅਮੋਲਕ ਸਿੰਘ ਖੀਵਾ ਖੁਰਦ, ਸੁਖਪਾਲ ਸਿੰਘ ਸਮਾਓਂ ਪੰਜਾਬ ਕਿਸਾਨ ਯੂਨੀਅਨ ਤੇ ਇਕਬਾਲ ਸਿੰਘ ਫਫੜੇ ਬੀ.ਕੇ.ਯੂ. ਡਕੌਂਦਾ, ਬਿੰਦਰ ਸਿੰਘ ਬੋਗਕਾ ਆਦਿ ਮੈਂਬਰ ਹਾਜ਼ਰ ਸਨ।

## ਕੈਂਬ੍ਰਿਜ ਦੇ ਵਿਦਿਆਰਥੀਆਂ ਨੇ ਦਸਵੀਂ ਦੀ ਪ੍ਰੀਖਿਆ 'ਚ ਮਾਰੀਆਂ ਮੱਲਾਂ



**ਕੋਟ ਈਸੇ ਖਾਂ (ਅਰੋੜਾ)**-ਸੀ.ਬੀ.ਐੱਸ.ਈ. ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਨਤੀਜਿਆਂ ਦੇ ਐਲਾਨ ਤੋਂ ਬਾਅਦ ਸਕੂਲ ਪ੍ਰਬੰਧਕਾਂ, ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਤੇ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ।ਪ੍ਰਾਪਤ ਜਾਣਕਾਰੀ ਅਨੁਸਾਰ ਸੁਖਮਨਪ੍ਰੀਤ ਕੌਰ ਨੇ 97.80% ਅੰਕ ਪ੍ਰਾਪਤ ਸਕੂਲ 'ਚੋਂ ਪਹਿਲਾ, ਰਵਨੀਤ ਕੌਰ ਨੇ 97.20% ਅੰਕਾਂ ਨਾਲ ਦੂਜਾ, ਹਰਨੂਰ ਸਿੰਘ ਨੇ 96.60% ਅੰਕਾਂ ਨਾਲ ਤੀਜਾ, ਪਵਨਪ੍ਰੀਤ ਕੌਰ ਨੇ 96.00% ਅੰਕਾਂ ਨਾਲ ਚੌਥਾ, ਲਿਪਾਕਸ਼ੀ ਨੇ 93.80% ਅੰਕਾਂ ਨਾਲ ਪੰਜਵਾਂ ਤੇ ਜਾਨਵੀ ਨੇ 93.00% ਅੰਕਾਂ ਨਾਲ ਛੇਵਾਂ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਭੂਮਿਕਾ ਅਰੋੜਾ ਨੇ 92.40% ਅੰਕਾਂ ਨਾਲ ਸੱਤਵਾਂ, ਅਰਸ਼ਪ੍ਰੀਤ ਕੌਰ ਨੇ 91.00% ਅੰਕਾਂ ਨਾਲ ਅੱਠਵਾਂ, ਜਦਕਿ ਦੂਜੀ ਅਰਸ਼ਪ੍ਰੀਤ ਕੌਰ ਤੇ ਗੁਰਸਿਮਰਨਜੀਤ ਕੌਰ ਨੇ 90.60% ਅੰਕ ਲੈ ਕੇ ਕ੍ਰਮਵਾਰ ਨੌਵਾਂ ਤੇ ਦਸਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਚੇਅਰਮੈਨ ਮਨਦੀਪ ਮਾਲੜਾ ਤੇ ਸੰਦੀਪ ਮਾਲੜਾ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਅਜਿਹੇ ਨਤੀਜੇ ਦੂਜੇ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦੇ ਹਨ।ਮਾਪਿਆਂ ਨੇ ਵੀ ਸਕੂਲ ਦੇ ਅਕਾਦਮਿਕ ਮਾਹੌਲ ਦੀ ਸ਼ਲਾਘਾ ਕੀਤੀ ਤੇ ਬੱਚਿਆਂ ਨੇ ਮਿਠਾਈ ਵੰਡ ਕੇ ਆਪਣੀ ਖੁਸ਼ੀ ਸਾਂਝੀ ਕੀਤੀ।

# ਨਹਿਰੂ ਸ਼ੌਪਿੰਗ ਸੈਂਟਰ ਦੀਆਂ ਛੱਤਾਂ ਦੇ ਨਵੀਨੀਕਰਨ ਦਾ ਕੰਮ ਜਲਦ ਸ਼ੁਰੂ ਹੋਵੇਗਾ : ਸੇਖੋਂ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਫ਼ਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਨੇ ਪ੍ਰੈੱਸ ਕਾਨਫਰੰਸ ਦੌਰਾਨ ਨਹਿਰੂ ਸ਼ੌਪਿੰਗ ਸੈਂਟਰ ਨਾਲ ਸੰਬੰਧਤ ਲੰਮੇ ਸਮੇਂ ਤੋਂ ਚੱਲ ਰਹੇ ਮਸਲੇ ਦੇ ਹੱਲ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਵਿਧਾਇਕ ਸ. ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਨਹਿਰੂ ਸ਼ੌਪਿੰਗ ਸੈਂਟਰ ਲਗਭਗ 40-45 ਸਾਲ ਪੁਰਾਣਾ ਹੈ ਅਤੇ ਸਮੇਂ ਦੇ ਨਾਲ ਸੜਕਾਂ ਉੱਚੀਆਂ ਹੋਣ ਕਾਰਨ ਦੁਕਾਨਾਂ ਵਿੱਚ ਪਾਣੀ ਭਰਨ ਦੀ ਸਮੱਸਿਆ ਬਣਦੀ ਰਹੀ ਹੈ। ਉਨ੍ਹਾਂ ਕਿਹਾ ਕਿ ਛੱਤਾਂ ਵੀ ਕਾਫੀ ਪੁਰਾਣੀਆਂ ਤੇ ਖਸਤਾ ਹਾਲਤ ਵਿੱਚ ਹਨ, ਜਿਸ ਕਰਕੇ ਦੁਕਾਨਦਾਰਾਂ ਲਈ ਖਤਰਾ ਬਣਿਆ ਹੋਇਆ ਸੀ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਸ ਮੁੱਦੇ ਨੂੰ ਗੰਭੀਰਤਾ ਨਾਲ ਲਿਆ ਗਿਆ ਹੈ ਤੇ ਹੁਣ ਇਸਦਾ ਪੱਕਾ ਹੱਲ ਕਰਦੇ ਹੋਏ ਕੰਮ ਜਲਦ ਸ਼ੁਰੂ ਕੀਤਾ ਜਾਵੇਗਾ।

ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਸਾਰੇ ਇੱਕੋ ਜਿਹੀ ਡਿਜ਼ਾਇਨ ਅਪਨਾਉਣ ਤਾਂ ਜੋ ਮਾਰਕੀਟ ਦੀ ਸੁੰਦਰਤਾ ਤੇ ਵਿਵਸਥਾ ਬਣੀ ਰਹੇ।ਉਨ੍ਹਾਂ ਕਿਹਾ ਕਿ ਨਾਲ ਹੀ ਮਾਰਕੀਟ ਵਿੱਚ ਬਾਥਰੂਮ ਤੇ ਹੋਰ ਬੁਨਿਆਦੀ ਸੁਵਿਧਾਵਾਂ ਵੀ ਸੁਧਾਰੀ ਜਾਣਗੀਆਂ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ।ਇਸ ਮੌਕੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਗਗਨਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਪਿਛਲੇ ਕਰੀਬ 50 ਸਾਲਾਂ ਤੋਂ ਇਸ ਮਾਰਕੀਟ ਦੀਆਂ ਛੱਤਾਂ ਦੀ ਮੁਰੰਮਤ ਦੀ ਮੰਗ ਚੱਲ ਰਹੀ ਸੀ, ਪਰ ਕਈ ਸਰਕਾਰਾਂ ਤੇ ਚੇਅਰਮੈਨ ਹੋਣ ਦੇ ਬਾਵਜੂਦ ਇਹ ਮਸਲਾ ਹੱਲ ਨਹੀਂ ਹੋ ਸਕਿਆ।ਉਨ੍ਹਾਂ ਕਿਹਾ ਕਿ ਹੁਣ ਟਰੱਸਟ ਵੱਲੋਂ ਮਤਾ ਪਾਸ ਕਰਕੇ ਇਸਦੀ ਪੈਰਵੀ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਦੁਕਾਨਾਂ ਦੀਆਂ ਛੱਤਾਂ ਖਸਤਾਹਾਲ ਹੋ ਚੁੱਕੀਆਂ ਹਨ ਤੇ ਜੇ ਛੱਤਾਂ ਦੀ ਮੁਰੰਮਤ ਨਾ ਕੀਤੀ ਗਈ ਤਾਂ ਕਿਸੇ ਵੀ ਵੇਲੇ ਜਾਨੀ ਜਾਂ ਮਾਲੀ ਨੁਕਸਾਨ ਹੋ ਸਕਦਾ ਹੈ।ਉਨ੍ਹਾਂ ਦੱਸਿਆ ਕਿ ਕੰਟਰੋਲ ਸ਼ੀਟ ਤਿਆਰ ਕਰਕੇ ਨਕਸ਼ੇ ਪਾਸ ਕਰਵਾਏ ਜਾਣਗੇ ਤੇ ਸਾਰੇ ਦੁਕਾਨਦਾਰਾਂ ਨੂੰ ਉਸ ਦੀ ਪਾਲਣਾ ਕਰਨੀ ਹੋਵੇਗੀ।ਇਸ ਸਬੰਧੀ ਮਾਰਕੀਟ ਦੇ ਦੁਕਾਨਦਾਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਸਹਿਯੋਗ ਲਈ ਅਪੀਲ ਕੀਤੀ ਗਈ ਹੈ ਤਾਂ ਜੋ ਕੰਮ ਇੱਕੋ ਵਾਰ ਤੇ ਤੇਜ਼ੀ ਨਾਲ ਮੁਕੰਮਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੋਂ ਲਟਕਦਾ ਆ ਰਿਹਾ, ਇਹ ਮਸਲਾ ਹੁਣ ਜਲਦੀ ਹੱਲ ਕਰ ਦਿੱਤਾ ਜਾਵੇਗਾ ਤੇ ਇਸ ਨਾਲ ਫ਼ਰੀਦਕੋਟ ਦੇ ਵਪਾਰੀਆਂ ਨੂੰ ਵੱਡੀ ਰਾਹਤ ਮਿਲੇਗੀ।

## ਡੀ ਏ ਵੀ ਕੇ ਆਰ ਬੀ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ



**ਕੋਟ ਈਸੇ ਖਾਂ (ਅਰੋੜਾ)**-ਡੀ ਏ ਵੀ ਕੇ ਆਰ ਬੀ ਪਬਲਿਕ ਸਕੂਲ ਨੇ ਇਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਹਾਸਲ ਕੀਤਾ ਹੈ।ਇਲਾਕੇ ਦੀ ਮੰਨੀ-ਪ੍ਰਮੰਨੀ ਸਿੱਖਿਆ ਸੰਸਥਾ ਦੇ ਵਿਦਿਆਰਥੀਆਂ ਨੇ ਉੱਤਮ ਅੰਕ ਪ੍ਰਾਪਤ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਇਸ ਸਾਲ ਦੇ ਨਤੀਜਿਆਂ ਵਿੱਚ ਨਵਨੀਤ ਕੌਰ ਤੇ ਗੁਰਲੀਨ ਕੌਰ ਨੇ ਸਾਂਝੇ ਤੌਰ 'ਤੇ ਪਹਿਲਾ, ਹਰਸਿਮਰਦੀਪ ਸਿੰਘ ਨੇ ਦੂਜਾ ਤੇ ਪ੍ਰਭਜੋਤ ਕੌਰ ਨੇ ਤੀਜਾ ਸਥਾਨ ਹਾਸਲ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰੀਤੂ ਅਹੂਜਾ ਨੇ ਸਾਰੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੱਤੀ।ਸਕੂਲ ਚੇਅਰਮੈਨ ਵਿਜੇ ਧੀਰ ਨੇ ਇਸ ਉਪਲਬਧੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਸ਼ਾਨਦਾਰ ਨਤੀਜਿਆਂ ਦੀ ਉਮੀਦ ਜਤਾਈ।

## ਜੀ ਬੀ ਸਕੂਲ ਨੇ ਨਾਭਾ ਸਿਟੀ 'ਚ ਟੌਪਰ ਬਣ ਕੇ ਆਪਣੀ ਕਾਮਯਾਬੀ ਦਾ ਝੰਡਾ ਲਹਿਰਾਇਆ



**ਨਾਭਾ (ਵਰਿੰਦਰ ਵਰਮਾ)**-ਸੀ ਬੀ ਐੱਸ ਈ ਵੱਲੋਂ ਦਸਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ।ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਲਈ ਇਹ ਮਾਣ ਦੀ ਗੱਲ ਰਹੀ ਕਿ ਇਸ ਸਾਲ ਸਕੂਲ ਦੀਆਂ ਵਿਦਿਆਰਥਣਾਂ ਸਿਮਰਪ੍ਰੀਤ ਕੌਰ ਤੇ ਵਾਨਿਆ ਨੇ ਕ੍ਰਮਵਾਰ ਪਹਿਲਾ ਤੇ ਦੂਜਾ ਸਿਟੀ ਟੌਪਰ ਬਣ ਕੇ ਪੂਰੇ ਨਾਭਾ ਸ਼ਹਿਰ ਵਿੱਚ ਆਪਣੀ ਕਾਮਯਾਬੀ ਦਾ ਝੰਡਾ ਲਹਿਰਾਇਆ।ਸਕੂਲ ਦੇ ਚੇਅਰਮੈਨ ਸ੍ਰੀ ਸੰਦੀਪ ਬਾਂਸਲ ਅਨੁਸਾਰ ਜੀ ਬੀ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ, ਅਨੁਸ਼ਾਸਨ ਤੇ ਲਗਨ ਨਾਲ ਇੱਕ ਵਾਰ ਫਿਰ ਸਾਬਿਤ ਕਰ ਦਿੱਤਾ ਕਿ ਕਾਮਯਾਬੀ ਲਗਾਤਾਰ ਕੋਸ਼ਿਸ਼ਾਂ ਦਾ ਨਤੀਜਾ ਹੁੰਦੀ ਹੈ। ਕੁੱਲ 37 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਤੇ ਆਪਣੇ ਪਰਵਾਰ ਦਾ ਨਾਮ ਰੌਸ਼ਨ ਕੀਤਾ।ਇਸ ਤੋਂ ਇਲਾਵਾ 57 ਵਿਦਿਆਰਥੀਆਂ ਨੇ 85%, 73 ਵਿਦਿਆਰਥੀਆਂ ਨੇ 80% ਤੇ 91 ਵਿਦਿਆਰਥੀਆਂ ਨੇ 75% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਗੌਰਤਲਬ ਹੈ ਕਿ ਸਕੂਲ ਦੀ ਵਿਦਿਆਰਥਣ ਸਿਮਰਪ੍ਰੀਤ ਕੌਰ ਨੇ 99.2% ਅੰਕਾਂ ਨਾਲ ਪਹਿਲਾ, ਵਾਨਿਆ ਨੇ 99% ਅੰਕਾਂ ਨਾਲ ਦੂਜਾ ਤੇ ਖੁਸ਼ੀ ਨੇ 98.4% ਅੰਕਾਂ ਨਾਲ ਤੀਜਾ ਸਥਾਨ ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਪ੍ਰਮਾਣ ਦਿੱਤਾ।ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਇਸ ਉਪਲਬਧੀ 'ਤੇ ਖੁਸ਼ੀ ਜ਼ਾਹਰ ਕਰਦੇ ਹੋਏ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸ਼ਾਨਦਾਰ ਨਤੀਜੇ ਦੇ ਕੇ ਸਕੂਲ ਦੀ ਮਾਣਯੋਗ ਪ੍ਰੰਪਰਾ ਨੂੰ ਕਾਇਮ ਰੱਖਿਆ ਹੈ।ਇਹ ਸਫਲਤਾ ਅਧਿਆਪਕਾਂ ਦੀ ਨਿਸ਼ਠਾ, ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਅੰਸ਼ੂ ਬਾਂਸਲ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ੍ਰੇਸ਼ਠ ਪ੍ਰਦਰਸ਼ਨ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

# ਅੱਠਵੀਂ ਦੀਆਂ ਹੋਣਹਾਰ ਵਿਦਿਆਰਥਣਾਂ ਦਾ ਡੀ ਸੀ ਵੱਲੋਂ ਸਨਮਾਨ

### ਪੰਜਾਬ 'ਚੋਂ ਪਹਿਲਾ ਤੇ ਤੀਜਾ ਸਥਾਨ ਪ੍ਰਾਪਤ ਧੀਆਂ ਨੂੰ 11-11 ਹਜ਼ਾਰ ਦੇ ਚੈੱਕ ਭੇਟ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**
ਜ਼ਿਲ੍ਹਾ ਫ਼ਰੀਦਕੋਟ ਦੀਆਂ ਹੋਣਹਾਰ ਧੀਆਂ ਨੇ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਸੂਬੇ ਭਰ ਵਿੱਚੋਂ ਜ਼ਿਲ੍ਹੇ ਦਾ ਨਾਂ ਰੌਸ਼ਨ ਕੀਤਾ ਹੈ।ਇਨ੍ਹਾਂ ਟੌਪਰ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਡਿਪਟੀ ਕਮਿਸ਼ਨਰ ਫ਼ਰੀਦਕੋਟ ਮੈਡਮ ਪੂਨਮਦੀਪ ਕੌਰ ਆਈ.ਏ.ਐੱਸ. ਨੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।ਡਿਪਟੀ ਕਮਿਸ਼ਨਰ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀ ਹਰੇਕ ਵਿਦਿਆਰਥਣ ਨੂੰ 11,000 ਰੁਪਏ ਦੀ ਰਾਸ਼ੀ ਦੇ ਚੈੱਕ ਤੇ ਪ੍ਰਸ਼ੰਸਾ ਪੱਤਰ ਭੇਟ ਕੀਤੇ ਗਏ।ਜ਼ਿਕਰਯੋਗ ਹੈ ਕਿ ਫ਼ਰੀਦਕੋਟ ਜ਼ਿਲ੍ਹੇ ਦੀਆਂ ਵਿਦਿਆਰਥਣਾਂ ਤਮੰਨਾ (ਸਰਸਵਤੀ ਸੈਕੰਡਰੀ ਸਕੂਲ, ਜੈਤੋ) ਨੇ 600 'ਚੋਂ 600 ਅੰਕ ਪ੍ਰਾਪਤ ਕਰਕੇ ਪੰਜਾਬ 'ਚੋਂ ਪਹਿਲਾ ਤੇ ਜਸ਼ਨਦੀਪ ਕੌਰ (ਸੰਤ ਮੋਹਨ ਦਾਸ ਸਕੂਲ, ਕੋਟਸੁੱਖੀਆ) ਨੇ 598 ਅੰਕਾਂ ਨਾਲ ਪੰਜਾਬ 'ਚੋਂ ਤੀਜਾ ਸਥਾਨ ਪ੍ਰਾਪਤ ਕੀਤਾ।ਮਨਪ੍ਰੀਤ ਕੌਰ (ਸਸਸਸ ਪੰਜਗਰਾਈ ਕਲਾਂ) ਤੇ ਮੁਸਕਾਨਪ੍ਰੀਤ ਕੌਰ (ਸਰਕਾਰੀ ਹਾਈ ਸਕੂਲ ਢੀਮਾਂਵਾਲੀ) ਦੋਵਾਂ ਨੇ 585 ਅੰਕ ਲੈ ਕੇ ਜ਼ਿਲ੍ਹੇ ਦਾ ਨਾਂ ਉੱਚਾ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨ੍ਹਾਂ ਬੱਚਿਆਂ ਦੀ ਸਖ਼ਤ ਮਿਹਨਤ ਤੇ ਲਗਨ ਨੇ ਸਾਬਿਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਇਹ ਹੋਣਹਾਰ ਵਿਦਿਆਰਥੀ ਦੂਜੇ ਬੱਚਿਆਂ ਲਈ ਪ੍ਰੇਰਨਾ ਸਰੋਤ ਹਨ।ਮੈਡਮ ਪੂਨਮਦੀਪ ਕੌਰ ਨੇ ਮਾਪਿਆਂ ਤੇ ਅਧਿਆਪਕਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਰਹਿਨੁਮਾਈ ਸਦਕਾ ਵਿਦਿਆਰਥੀ ਇਸ ਮੁਕਾਮ ਤੱਕ ਪਹੁੰਚੇ ਹਨ।ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਮੈਡਮ ਅੰਜਨਾ ਕੌਸ਼ਲ, ਜਸਬੀਰ ਸਿੰਘ ਜੱਸੀ, ਪ੍ਰਿੰਸੀਪਲ ਦੀਪਕ ਕੁਮਾਰ, ਹੈੱਡਮਾਸਟਰ ਰਵਿੰਦਰ ਸਿੰਘ, ਸੋਨੀ ਥਾਪਰ ਤੇ ਕੁਸਮ ਕਾਲੜਾ ਸਮੇਤ ਵਿਦਿਆਰਥੀਆਂ ਦੇ ਮਾਪੇ ਤੇ ਸਕੂਲ ਸਟਾਫ਼ ਹਾਜ਼ਰ ਸੀ।ਵਿਦਿਆਰਥੀਆਂ ਦੇ ਮਾਪਿਆਂ ਨੇ ਪ੍ਰਸ਼ਾਸਨ ਵੱਲੋਂ ਕੀਤੇ ਇਸ ਉਪਰਾਲੇ ਲਈ ਧੰਨਵਾਦ ਪ੍ਰਗਟਾਇਆ।

## ਨਗਰ ਕੌਂਸਲ ਚੋਣਾਂ ਲਈ ਕਾਂਗਰਸ ਨੇ ਸਕ੍ਰੀਨਿੰਗ ਕਮੇਟੀ ਬਣਾਈ



**ਦੋਰਾਹਾ (ਹਰਮਿੰਦਰ ਸੇਠ)**-ਆਉਣ ਵਾਲੀਆਂ ਮਿਊਂਸਪਲ ਕਮੇਟੀ ਦੋਰਾਹਾ ਚੋਣਾਂ ਨੂੰ ਲੈ ਕੇ ਸਿਆਸੀ ਗਤੀਵਿਧੀਆਂ ਨੇ ਤੇਜ਼ੀ ਫੜ ਲਈ ਹੈ।ਇਸ ਸੰਦਰਭ ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਦੇ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਵੱਲੋਂ ਉਮੀਦਵਾਰਾਂ ਦੀ ਚੋਣ ਪ੍ਰਕਿਰਿਆ ਨੂੰ ਸੁਚਾਰੂ ਤੇ ਪਾਰਦਰਸ਼ੀ ਬਣਾਉਣ ਲਈ ਇੱਕ ਵਿਸ਼ੇਸ਼ ਸਕ੍ਰੀਨਿੰਗ/ਸਿਲੈਕਸ਼ਨ ਕਮੇਟੀ ਦਾ ਗਠਨ ਕੀਤਾ ਗਿਆ ਹੈ। ਇਹ ਕਦਮ ਕਾਂਗਰਸ ਵੱਲੋਂ ਚੋਣਾਂ ਵਿੱਚ ਮਜ਼ਬੂਤ ਦਾਅਵੇਦਾਰੀ ਪੇਸ਼ ਕਰਨ ਦੀ ਯੋਜਨਾ ਦੇ ਤੌਰ 'ਤੇ ਦੇਖਿਆ ਜਾ ਰਿਹਾ ਹੈ।ਕਮੇਟੀ ਵਿੱਚ ਸਾਬਕਾ ਮੰਤਰੀ ਤੇਜ਼ ਪ੍ਰਕਾਸ਼ ਸਿੰਘ ਕੋਟਲੀ ਸਮੇਤ ਖੁਦ ਲਖਵੀਰ ਸਿੰਘ ਲੱਖਾ, ਚੇਅਰਮੈਨ ਸ. ਬੰਤ ਸਿੰਘ ਦੋਬੁਰਜੀ ਨੂੰ ਅਹਿਮ ਜ਼ਿੰਮੇਵਾਰੀਆਂ ਦਿੱਤੀਆਂ ਗਈਆਂ ਹਨ।ਇਸ ਤੋਂ ਇਲਾਵਾ ਸੁਰਿੰਦਰ ਪਾਲ ਸੂਦ, ਡਾ. ਜੇ. ਐੱਲ. ਆਨੰਦ, ਮਲਵਿੰਦਰ ਸਿੰਘ (ਸਾਬਕਾ ਐੱਮ.ਸੀ.), ਰਾਜਵੀਰ ਸਿੰਘ ਰੂਬਲ (ਸਾਬਕਾ ਪ੍ਰਧਾਨ), ਜਸਵਿੰਦਰ ਸਿੰਘ (ਸਾਬਕਾ ਚੇਅਰਮੈਨ), ਵਨੀਤ ਆਸ਼ਟ (ਸ਼ਹਿਰੀ ਪ੍ਰਧਾਨ), ਐੱਸ. ਪੀ. ਸ਼ੁਕਲਾ, ਕੁਲਜੀਤ ਸਿੰਘ ਵਿੱਕੀ (ਸਾਬਕਾ ਐੱਮ.ਸੀ.), ਨਰਿੰਦਰ ਅੰਗਰਿਸ਼ (ਸਾਬਕਾ ਪ੍ਰਧਾਨ), ਸੁਭਾਸ਼ ਸ਼ਰਮਾ (ਸਾਬਕਾ ਪ੍ਰਧਾਨ), ਤਰਵਿੰਦਰ ਕੁਮਾਰ ਬੌਬੀ, ਉਦੈ ਸ਼ਰਮਾ, ਜੋਤੀ ਸ਼ਰਮਾ, ਕੇਸ਼ਵ ਆਨੰਦ, ਰਾਜਿੰਦਰ ਸਿੰਘ (ਸਾਬਕਾ ਐੱਮ.ਸੀ.), ਨਛੱਤਰ ਸਿੰਘ, ਨਿਰੋਦਸ਼ ਕੁਮਾਰ, ਡਾ. ਆਦਿੱਤੀ ਬੈਕਟਰ, ਸੋਨੂ ਮਾਨ, ਧਰਮਿੰਦਰ ਸਿੰਘ, ਹਰਭਜਨ ਸਿੰਘ ਤੇ ਸਕਿਦਰ ਸਿੰਘ (ਦੋਵੇਂ ਸਾਬਕਾ ਐੱਮ.ਸੀ.) ਨੂੰ ਵੀ ਕਮੇਟੀ ਦਾ ਹਿੱਸਾ ਬਣਾਇਆ ਗਿਆ ਹੈ।ਪਾਰਟੀ ਸਰੋਤਾਂ ਮੁਤਾਬਕ ਕਮੇਟੀ ਵੱਲੋਂ ਉਮੀਦਵਾਰਾਂ ਦੀ ਚੋਣ ਦੌਰਾਨ ਯੋਗਤਾ, ਨਿਸ਼ਠਾ, ਪਾਰਟੀ ਪ੍ਰਤੀ ਸਮਰਪਣ ਤੇ ਜਨਤਾ ਨਾਲ ਮਜ਼ਬੂਤ ਜੁੜਾਅ ਵਰਗੇ ਮਾਪਦੰਡਾਂ ਨੂੰ ਪ੍ਰਾਥਮਿਕਤਾ ਦਿੱਤੀ ਜਾਵੇਗੀ।ਇਸ ਦੇ ਨਾਲ ਹੀ ਚੋਣ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਬਣਾਉਣ 'ਤੇ ਵੀ ਖਾਸ ਧਿਆਨ ਦਿੱਤਾ ਜਾਵੇਗਾ ਤਾਂ ਜੋ ਪਾਰਟੀ ਵਿੱਚ ਏਕਤਾ ਤੇ ਭਰੋਸਾ ਕਾਇਮ ਰਹੇ।ਰਾਜਨੀਤਕ ਵਿਸ਼ਲੇਸ਼ਕਾਂ ਅਨੁਸਾਰ ਤਜਰਬੇਕਾਰ ਤੇ ਜ਼ਮੀਨੀ ਪੱਧਰ ਦੇ ਆਗੂਆਂ ਨੂੰ ਕਮੇਟੀ ਵਿੱਚ ਸ਼ਾਮਲ ਕਰਨਾ ਕਾਂਗਰਸ ਦੀ ਇੱਕ ਸੋਚੀ-ਸਮਝੀ ਰਣਨੀਤੀ ਹੈ, ਜਿਸ ਨਾਲ ਪਾਰਟੀ ਨੂੰ ਦੋਰਾਹਾ ਨਗਰ ਕੌਂਸਲ ਚੋਣਾਂ ਵਿੱਚ ਮਜ਼ਬੂਤੀ ਮਿਲ ਸਕਦੀ ਹੈ।

# ਪੈਪਸੂ ਇੰਟਰਨੈਸ਼ਨਲ ਪਬਲਿਕ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ




**ਸਨੌਰ (ਰਾਜਿੰਦਰ ਸਿੰਘ ਥਿੰਦ)**-ਪੈਪਸੂ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸੀ ਬੀ ਐੱਸ ਸੀ ਬੋਰਡ ਦੇ ਦਸਵੀਂ ਦੇ ਇਮਤਿਹਾਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਦੀ ਜਾਣਕਾਰੀ ਦਿੰਦਿਆਂ ਸਕੂਲ ਟੀਮ ਨੇ ਦੱਸਿਆ ਕਿ ਸਕੂਲ ਦੇ ਚਮਕਦੇ ਸਿਤਾਰਿਆਂ ਵਿੱਚ ਭੂਮੀ ਨੇ 97.8% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਇਸ ਤੋਂ ਇਲਾਵਾ ਅਮਰਜੀਤ ਕੁਮਾਰ (96.2%), ਗੁਰਜੋਤ ਸਿੰਘ (95.8%), ਸਵਰਨ ਕੌਰ (95.2%), ਪ੍ਰਤੀਕ ਮਹਾਦੇਵ ਪੁਰੀ (95%), ਮਨਕੇਸ਼ ਕੁਮਾਰ (94.2%), ਅੰਸ਼ਦੀਪ ਐੱਸ. (91.4%), ਸੰਸਕਾਰ ਸਾਹੂ (91%) ਤੇ ਦਮਨਪ੍ਰੀਤ ਕੌਰ (90%) ਨੇ ਵੀ 90% ਤੋਂ ਵੱਧ ਅੰਕ ਹਾਸਲ ਕਰਕੇ ਆਪਣੀ ਯੋਗਤਾ ਦਾ ਪ੍ਰਮਾਣ ਦਿੱਤਾ 89.9% ਤੋਂ 80% ਦੇ ਦਰਮਿਆਨ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਰਿਧਿਮਾ (89.2%), ਲਵਪ੍ਰੀਤ ਕੌਰ (89.1%), ਅਰਵਿੰਦਰ ਸਿੰਘ ਤੇ ਨਿਮਰਪ੍ਰੀਤ ਕੌਰ (88.2%), ਈਸ਼ਾਨ ਜੈਸਵਾਲ (88%), ਗੁਰਜੋਤ ਕੌਰ (87.8%), ਈਸ਼ਾਨ ਜੈਨ ਤੇ ਆਕਰਸ਼ ਗੁਪਤਾ (87.6%), ਲਕਸ਼ੈ ਚੌਧਰੀ (87.4%), ਗੀਤਾਂਜਲੀ (87%), ਕੋਮਲਪ੍ਰੀਤ ਕੌਰ (86.6%), ਨਵਰੀਤ ਬਾਵਾ ਤੇ ਆਯੁਸ਼ ਰਾਜ (86.4%), ਆਯੁਸ਼ ਰੋਰ (86%), ਵਿਭੂ ਚੌਹਾਨ (85.8%), ਅਰਸ਼ਦੀਪ ਸਿੰਘ ਤੇ ਹਿਮਾਂਸ਼ੂ ਕੁਮਾਰ (85.6%), ਨਵਪ੍ਰੀਤ ਕੌਰ ਤੇ ਕਨਵ (85.4%), ਗੌਰੰਗ ਰਾਜ ਤੇ ਤਨਵੀਰ ਸਿੰਘ (85.2%), ਨਿਹਾਲ ਸਿੰਘ (84%), ਅਯੁਕਤ ਸਿੰਘ (83.2%), ਸੂਰਜ ਕੁਮਾਰ (83%), ਗੁਲਸ਼ਨ ਸਾਹੂ (82.6%), ਭੂਮਿਕਾ ਪੰਵਾਰ (82.2%), ਮੁਸਕਾਨ ਕੁਮਾਰੀ, ਵਿਗਿਆਨ ਸਾਹਬ, ਅਭੈ ਤੇ ਰਾਹੁਲ ਭਾਰਦਵਾਜ (81%), ਕਰਨਜੋਤ ਸਿੰਘ (80.6%), ਅਭਿਜੋਤ ਸਿੰਘ, ਦੀਪਕ ਟੀਓਟੀਆ ਤੇ ਪ੍ਰਣਵ ਆਨੰਦ (80.4%) ਅਤੇ ਉੱਜਵਲ ਪ੍ਰਕਾਸ਼ ਟੰਡਨ (80.2%) ਦੇ ਨਾਮ ਸ਼ਾਮਲ ਹਨ।ਇਸ ਮੌਕੇ ਸਕੂਲ ਦੇ ਚੇਅਰਮੈਨ ਬ੍ਰਿਜ ਮੋਹਨ ਗੁਪਤਾ, ਡਾਇਰੈਕਟਰ ਮੋਹਿਤ ਗੁਪਤਾ ਤੇ ਗੌਤਮ ਗੁਪਤਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਨ੍ਹਾਂ ਦੀ ਕਠੋਰ ਮਿਹਨਤ ਤੇ ਲਗਨ ਦਾ ਨਤੀਜਾ ਹੈ।ਉਨ੍ਹਾਂ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਪ੍ਰਿੰਸੀਪਲ ਸ਼੍ਰੀਮਤੀ ਪਰਮਜੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀਆਂ ਸਕੂਲ ਲਈ ਮਾਣ ਦਾ ਵਿਸ਼ਾ ਹਨ ਤੇ ਵਿਦਿਆਰਥੀਆਂ ਦੀ ਸਫਲਤਾ ਨੇ ਸੰਸਥਾ ਦੀ ਸ਼ਾਨ ਵਿੱਚ ਇਕ ਹੋਰ ਅਨਮੋਲ ਹੀਰਾ ਜੋੜ ਦਿੱਤਾ ਹੈ।


ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ
**Punjab & Sind Bank**
(A Govt. of India Undertaking)

**B/O:- International Banking Division, Gill Road, Millerganj, Ludhiana. Phone: 0161- 5068062,63**

ਮਿਤੀ : 16.04.2026

ਸੇਵਾ 'ਚ
1. ਮੈਸਰਜ਼ ਸਹਾਏ ਐਂਟਰਪ੍ਰਾਈਜ਼ਜ਼
ਰਾਹੀਂ ਇਸ ਦੇ ਭਾਈਵਾਲਾਂ ਸ੍ਰੀ ਵਿਸ਼ਾਲ ਸੂਦ ਅਤੇ ਸ੍ਰੀ ਕੁਲਬੀਰ ਸਿੰਘ, ਦੁਕਾਨ ਨੰਬਰ 5 ਸੱਤਿਆ ਕੰਪਲੈਕਸ, ਸਟੇਟ ਬੈਂਕ ਆਫ਼ ਇੰਡੀਆ ਦੇ ਸਾਹਮਣੇ, ਦੁੱਗਰੀ ਰੋਡ ਮਾਡਲ ਟਾਊਨ, ਲੁਧਿਆਣਾ-141003
2. ਸ੍ਰੀ ਕੁਲਬੀਰ ਸਿੰਘ ਪੁੱਤਰ ਲਾਲ ਸਿੰਘ ਸਰਾਂ (ਭਾਈਵਾਲ), ਪਿੰਡ ਤੇ ਡਾਕ. ਪੱਤਰੇ ਵਾਲਾ, ਖੁਈਆਂ ਸਰਵਰ, ਫ਼ਿਰੋਜ਼ਪੁਰ, ਪੰਜਾਬ 152128
3. ਸ੍ਰੀ ਵਿਸ਼ਾਲ ਸੂਦ ਪੁੱਤਰ ਸ੍ਰੀ ਵਿਨੋਦ ਸੂਦ (ਭਾਈਵਾਲ), ਮਕਾਨ ਨੰ. 109 ਆਰ, ਮਾਡਲ ਟਾਊਨ, ਲੁਧਿਆਣਾ, ਪੰਜਾਬ 141002
4. ਸ੍ਰੀਮਤੀ ਆਰਤੀ ਸੂਦ ਪਤਨੀ ਵਿਸ਼ਾਲ ਸੂਦ (ਗਾਰੰਟਰ), ਮਕਾਨ ਨੰਬਰ 109 ਆਰ, ਮਾਡਲ ਟਾਊਨ, ਲੁਧਿਆਣਾ, ਪੰਜਾਬ 141002
ਵਿਸ਼ਾ ਵਿੱਤੀ ਸਕਿਉਰਟੀਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫਸਕਿਉਰਿਟੀ ਇੰਟਰੈਸਟ 2002 (ਸਰਫੇਸੀ ਐਕਟ 2002) ਦੇ ਸੈਕਸ਼ਨ 13(2) ਅਧੀਨ ਨੋਟਿਸ
ਪਿਆਰੇ ਸਰ/ਮੈਡਮ,
1. ਕਿ ਤੁਸੀਂ ਐਡਰੈਸੀ ਨੰਬਰ 1 ਤੋਂ ਐਡਰੈਸੀ ਨੰਬਰ 2 ਅਤੇ ਐਡਰੈਸੀ ਨੰਬਰ 3, ਫੂਡ/ਐਗਰੋ ਪ੍ਰੋਸੈਸਿੰਗ ਦਾ ਕਾਰੋਬਾਰ ਕਰਦੇ ਹੋ, ਨੇ ਪੰਜਾਬ ਐਂਡ ਸਿੰਧ ਬੈਂਕ, ਆਈ ਬੀ ਡੀ ਬ੍ਰਾਂਚ ਲੁਧਿਆਣਾ ਨੂੰ ਵਿੱਤੀ ਸਹਾਇਤਾ ਲਈ ਬੇਨਤੀ ਕੀਤੀ ਅਤੇ ਬੇਨਤੀ 'ਤੇ, ਬੈਂਕ ਨੇ ਤੁਹਾਨੂੰ ਹੇਠ ਲਿਖੀਆਂ ਸਹੂਲਤਾਂ ਮਨਜ਼ੂਰ ਕੀਤੀਆਂ ਅਤੇ ਆਗਿਆ ਦਿੱਤੀ :

| ਲੜੀ ਨੰ. | ਸਹੂਲਤ | ਸੀਮਾ ਮਨਜ਼ੂਰ | ਵਿਆਜ ਦੀ ਦਰ | ਮਨਜ਼ੂਰੀ ਦੀ ਮਿਤੀ |
|---|---|---|---|---|
| ਏ | ਸੀ ਸੀ ਲਿਮਟ 05391600000171 | 50,00,000.00 | (ਐੱਮ ਸੀ ਐਲ ਆਰ) +0.50% ਜੋ ਕਿ 8.95% ਸਾਲਾਨਾ, ਮਨਜ਼ੂਰੀ ਦੇ ਸਮੇਂ ਮਾਸਿਕ ਬਕਾਇਆ ਦੇ ਨਾਲ (ਦਰ ਐੱਮ ਸੀ ਐਲ ਆਰ ਵਿੱਚ ਤਬਦੀਲੀ ਅਤੇ ਘੱਟੋ-ਘੱਟ ਦੇ ਅਧੀਨ) | 29.02.2020 |

ਕਿ ਉਪਰੋਕਤ ਕ੍ਰੈਡਿਟ ਸਹੂਲਤ ਐਡਰੈਸੀ ਨੰਬਰ 1 ਦੇ ਸਟਾਕ ਅਤੇ ਬੁੱਕ ਕਰਜ਼ਿਆਂ ਦੇ ਗਿਰਵੀਨਾਮੇ ਦੁਆਰਾ ਨਿਯਮਿਤ ਤੌਰ 'ਤੇ ਸੁਰੱਖਿਅਤ ਕੀਤੀ ਗਈ ਸੀ ਅਤੇ ਇਹ ਅਚੱਲ ਜਾਇਦਾਦ ਦੇ ਸੰਬੰਧ ਵਿੱਚ ਬਰਾਬਰੀ ਵਾਲੇ ਗਿਰਵੀਨਾਮੇ ਦੁਆਰਾ ਵੀ ਸੁਰੱਖਿਅਤ ਕੀਤੀ ਗਈ ਸੀ ਜਿਵੇਂ ਕਿ ਹੇਠਾਂ ਦਿੱਤੇ ਵੇਰਵੇ ਅਨੁਸਾਰ:
ਜਾਇਦਾਦ ਦੁਕਾਨ ਨੰਬਰ 5, ਉੱਪਰਲੀ ਜ਼ਮੀਨੀ ਮੰਜ਼ਿਲ 'ਤੇ ਸਥਿਤ ਐਮ.ਸੀ. ਨੰਬਰ ਬੀ-18-971/8, ਰਕਬਾ 44.44 ਵਰਗ ਗਜ਼, ਸੱਤਿਆ ਕੰਪਲੈਕਸ, ਦੁੱਗਰੀ ਰੋਡ, ਸਟੇਟ ਬੈਂਕ ਆਫ਼ ਇੰਡੀਆ ਦੇ ਸਾਹਮਣੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਜਾਇਦਾਦ, ਸਬ-ਰਜਿਸਟਰਾਰ, ਲੁਧਿਆਣਾ ਨਾਲ ਵਿਧੀਵਤ ਤੌਰ 'ਤੇ ਰਜਿਸਟਰਡ ਟਰਾਂਸਫਰ ਡੀਡ ਦੇ ਅਨੁਸਾਰ ਵਸੀਕਾ ਨੰਬਰ 293 ਮਿਤੀ 10/04/2017 ਨੂੰ ਅਨੁਸਾਰ ਐਡਰੈਸੀ ਨੰਬਰ 3 ਜੋ ਕਿ ਸ੍ਰੀ ਵਿਸ਼ਾਲ ਸੂਦ ਨਾਲ ਸੰਬੰਧਤ
2. ਕਿ ਤੁਸੀਂ ਐਡਰੈਸੀ ਨੰ. 1 ਰਾਹੀਂ ਐਡਰੈਸੀ ਨੰ. 2 ਅਤੇ ਐਡਰੈਸੀ ਨੰ. 3 ਨੇ ਉਪਰੋਕਤ ਸਹੂਲਤ ਨੇ ਸੰਬੰਧ 'ਚ ਵੱਖ-ਵੱਖ ਕਰਜ਼ਿਆਂ ਦੇ ਦਸਤਾਵੇਜ਼ਾਂ ਨੂੰ ਲਾਗੂ ਕੀਤਾ ਹੈ, ਜਿਵੇਂ ਕਿ ਸੀ ਸੀ ਲਿਮਟ ਦੇ ਮਾਮਲੇ 'ਚ 29.02.2020 ਨੂੰ ਉਪਰੋਕਤ ਸਹੂਲਤਾਂ ਦੇ ਸੰਬੰਧ 'ਚ ਲੜੀ ਨੰ. 1 'ਤੇ ਮਹੀਨਾਵਾਰ ਬਕਾਇਆ ਅਤੇ ਸਮੇਂ ਸਮੇਂ 'ਤੇ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਆਜ ਦਰ ਦਾ ਭੁਗਤਾਨ ਕਰਨ ਲਈ ਵੀ ਸਹਿਮਤ ਹੋਏ ਹੋ।
3. ਜਦੋਂ ਕਿ ਤੁਸੀਂ ਐਡਰੈਸੀ ਨੰ. 4 ਕ੍ਰੈਡਿਟ ਸਹੂਲਤਾਂ ਦੇ ਵਿਚਾਰ 'ਚ ਐਡਰੈਸੀ ਨੰ. 1 ਲਈ ਗਰੰਟਰਾਂ ਵਜੋਂ ਖੜ੍ਹੇ ਹੋਏ ਸੀ ਅਤੇ 29.02.2020 ਨੂੰ ਸੀ ਸੀ ਲਿਮਟ ਦੇ ਮਾਮਲੇ 'ਚ ਨਿਰੰਤਰ ਗਰੰਟੀ ਦੇ ਡੀਡਾਂ ਨੂੰ ਲਾਗੂ ਕੀਤਾ ਸੀ ਅਤੇ ਇਸ ਤਰ੍ਹਾਂ ਐਡਰੈਸੀ ਨੰ. 4 ਦੀ ਦੇਣਦਾਰੀ ਐਡਰੈਸੀ ਨੰ. 1, ਐਡਰੈਸੀ ਨੰ. 2 ਅਤੇ ਐਡਰੈਸੀ ਨੰ. 3 ਦੇ ਨਾਲ ਸਹਿ-ਵਿਆਜ ਅਤੇ ਜਾਰੀ ਹੈ। ਇਸ ਲਈ ਤੁਸੀਂ ਸਾਂਝੇ ਤੌਰ 'ਤੇ ਅਤੇ ਵੱਖਰੇ ਤੌਰ 'ਤੇ ਬੈਂਕ ਨੂੰ ਵਿਆਜ, ਲਾਗਤ ਅਤੇ ਹੋਰ ਆਮ ਬੈਂਕ ਖਰਚਿਆਂ ਸਮੇਤ ਬਕਾਏ ਦਾ ਭੁਗਤਾਨ ਕਰਨ ਲਈ ਜ਼ਿੰਮੇਵਾਰ ਹੋ।
4. ਕਿ ਤੁਸੀਂ ਐਡਰੈਸੀ ਨੰਬਰ 3 ਨੇ ਬੈਂਕ ਦੇ ਬਕਾਏ ਸੁਰੱਖਿਅਤ ਕਰਨ ਲਈ ਜਾਇਦਾਦਾਂ ਦਾ ਬਰਾਬਰ ਗਿਰਵੀਨਾਮਾ ਬਣਾਇਆ ਹੈ, 1 ਤੇ ਦੱਸੇ ਗਏ ਉਪਰੋਕਤ ਕਰਜ਼ੇ ਦੇ ਵਿਚਾਰ ਵਿੱਚ 1) ਐਡਰੈਸੀ ਨੰਬਰ 1 ਨੂੰ ਸਹੂਲਤ, ਹੇਠਾਂ ਦਿੱਤੇ ਵੇਰਵੇ ਅਨੁਸਾਰ:
ਗਿਰਵੀ ਰੱਖੀ ਗਈ ਜਾਇਦਾਦ ਦੇ ਵੇਰਵੇ ਹੇਠ ਲਿਖੇ ਅਨੁਸਾਰ ਹਨ:
ਏ. ਗਿਰਵੀ ਰੱਖਣ ਵਾਲੇ ਦਾ ਨਾਮ: ਪਤਾ ਨੰਬਰ 3 (ਸ੍ਰੀ ਵਿਸ਼ਾਲ ਸੂਦ ਪੁੱਤਰ ਵਿਨੋਦ ਕੁਮਾਰ)
ਬੀ. ਗਿਰਵੀਨਾਮਾ: ਪੰਜਾਬ ਐਂਡ ਸਿੰਧ ਬੈਂਕ, ਬ੍ਰਾਂਚ ਆਈ ਬੀ ਡੀ ਲੁਧਿਆਣਾ
ਸੀ. ਸੁਰੱਖਿਅਤ ਰਕਮ: ਸੀਸੀ ਲਿਮਟ 50,00,000.00 ਰੁਪਏ
ਡੀ. ਵਿਆਜ ਦਰ: ਏ. ਐਮ ਸੀ ਐਲ ਆਰ + ਸਪ੍ਰੈਡ (0.50%) ਜੋ ਕਿ 8.95% ਸਾਲਾਨਾ, ਮਨਜ਼ੂਰੀ ਦੇ ਸਮੇਂ ਮਾਸਿਕ ਬਕਾਇਆ ਦੇ ਨਾਲ।
(ਦਰ ਘੱਟੋ-ਘੱਟ ਅਤੇ ਬੇਸ ਰੇਟ ਵਿੱਚ ਬਦਲਾਅ ਦੇ ਅਧੀਨ ਹੈ)
ਈ. ਗਿਰਵੀ ਰੱਖੀ ਗਈ ਜਾਇਦਾਦ ਦੇ ਵੇਰਵੇ: ਦੁਕਾਨ ਨੰਬਰ 5, ਉੱਪਰਲੀ ਜ਼ਮੀਨੀ ਮੰਜ਼ਿਲ 'ਤੇ ਜਾਇਦਾਦ, ਐਮ.ਸੀ. ਨੰਬਰ ਬੀ-18-971/8, ਰਕਬਾ 44.44 ਵਰਗ ਗਜ਼, ਸੱਤਿਆ ਕੰਪਲੈਕਸ, ਦੁੱਗਰੀ ਰੋਡ, ਸਟੇਟ ਬੈਂਕ ਆਫ਼ ਇੰਡੀਆ ਦੇ ਸਾਹਮਣੇ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ, ਸਬ-ਰਜਿਸਟਰਾਰ, ਲੁਧਿਆਣਾ ਨਾਲ ਵਸੀਕਾ ਨੰ. 293 ਮਿਤੀ 10/04/2017 ਨੂੰ ਰਜਿਸਟਰਡ ਟਰਾਂਸਫਰ ਡੀਡ ਦੇ ਅਨੁਸਾਰ।
ਐਡਰੈਸੀ ਨੰਬਰ 3 ਜੋ ਕਿ ਸ੍ਰੀ ਵਿਸ਼ਾਲ ਸੂਦ ਨਾਲ ਸੰਬੰਧਤ।
ਐਫ. ਮਾਲਕੀ ਡੀਡ (ਡੀਡਾਂ) ਦੇ ਵੇਰਵੇ: ਟਰਾਂਸਫਰ ਡੀਡ ਵਸੀਕਾ ਨੰਬਰ 293 ਮਿਤੀ 10.04.2017
ਜੀ. ਜਾਇਦਾਦ ਦੀਆਂ ਹੱਦਾਂ : ਉੱਤਰ : ਦੁਕਾਨ ਨੰਬਰ 7-40', ਪੂਰਬ: ਦੁੱਗਰੀ ਰੋਡ 10', ਪੱਛਮ: ਗੁਆਂਢ 10', ਦੱਖਣ: ਰਸਤਾ -40'
ਐਚ. ਮੌਜੂਦਾ ਬਕਾਇਆ ਰਕਮ (31.03.2026 ਤੱਕ ਵਿਆਜ ਸਮੇਤ) 61,98,403.02 ਰੁਪਏ ਜੋ ਕਿ (ਇੱਕਾਹਠ ਲੱਖ ਅਠਾਨਵੇਂ ਹਜ਼ਾਰ ਚਾਰ ਸੌ ਤਿੰਨ ਰੁਪਏ ਅਤੇ ਦੋ ਪੈਸੇ ਕੇਵਲ)
5. ਕਿ ਉਪਰੋਕਤ ਦੱਸੀ ਗਈ ਕ੍ਰੈਡਿਟ ਸਹੂਲਤ ਮੰਗ 'ਤੇ ਵਾਪਸ ਕਰਨ ਯੋਗ ਸੀ।
6. ਕਿ ਤੁਸੀਂ ਮਨਜ਼ੂਰੀ ਅਤੇ ਕਰਜ਼ਿਆਂ ਦੇ ਦਸਤਾਵੇਜ਼ਾਂ ਦੀਆਂ ਸ਼ਰਤਾਂ ਅਤੇ ਨਿਯਮਾਂ ਵਿੱਚ ਡਿਫਾਲਟ ਹੋਣ ਦੀ ਸੂਰਤ ਵਿੱਚ, ਮਾਸਿਕ ਬਕਾਇਆ ਦੇ ਨਾਲ ਆਮ ਸਹਿਮਤ ਵਿਆਜ ਦਰ ਤੋਂ ਇਲਾਵਾ 2% ਪ੍ਰਤੀ ਸਾਲ ਵਾਧੂ ਵਿਆਜ ਦੇਣ ਲਈ ਸਹਿਮਤ ਹੋਏ ਹੋ।
7. ਕਿ ਤੁਹਾਡੇ ਖਾਤੇ 24.08.2023 ਨੂੰ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 2(0) ਦੀ ਪਰਿਭਾਸ਼ਾ ਅਨੁਸਾਰ ਨਾਨ-ਪ੍ਰਫਾਰਮਿੰਗ ਐਸਟ ਬਣ ਗਏ ਹਨ।
8. ਕਿ ਬੈਂਕ ਨਿਯਮਤ ਖਾਤੇ ਦੀਆਂ ਕਿਤਾਬਾਂ ਰੱਖਦਾ ਹੈ ਅਤੇ ਹੁਣ 31.03.2026 ਨੂੰ 61,98,403.02 ਰੁਪਏ ਜੋ ਕਿ ਇਕਾਹਠ ਲੱਖ ਅਠਾਨਵੇਂ ਹਜ਼ਾਰ ਚਾਰ ਸੌ ਤਿੰਨ ਰੁਪਏ ਅਤੇ ਦੋ ਪੈਸੇ ਬਕਾਇਆ ਹਨ। ਤੁਸੀਂ ਉੱਪਰ ਦੱਸੇ ਗਏ ਐਡਰੈਸੀ ਅਤੇ ਤੁਸੀਂ ਸਾਰੇ ਸਾਂਝੇ ਤੌਰ 'ਤੇ ਅਤੇ ਵੱਖਰੇ ਤੌਰ 'ਤੇ ਬੈਂਕ ਨੂੰ ਵਿਆਜ, ਲਾਗਤ ਅਤੇ ਹੋਰ ਆਮ ਬੈਂਕ ਖਰਚਿਆਂ ਸਮੇਤ ਪੂਰੀ ਅਦਾਇਗੀ ਦੀ ਮਿਤੀ ਤੱਕ ਉਪਰੋਕਤ ਬਕਾਏ ਦਾ ਭੁਗਤਾਨ ਕਰਨ ਲਈ ਜ਼ਿੰਮੇਵਾਰ ਹੋ।
9. ਕਿ ਵਿਆਜ ਦੀ ਦਰ ਬੈਂਕ ਦੇ ਅੰਦਰੂਨੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮੇਂ-ਸਮੇਂ 'ਤੇ ਬਦਲਦੀ ਰਹਿੰਦੀ ਹੈ ਅਤੇ ਮੌਜੂਦਾ ਵਿਆਜ ਦਰ ਹੇਠ ਲਿਖੇ ਅਨੁਸਾਰ ਹੈ:
ਸੀਸੀ ਲਿਮਟ-ਐਮ ਸੀ ਡਬਲ ਯੂ ਸੀ ਵਾਈ (8.85%)+ ਸਪ੍ਰੈਡ (0.50%) ਜੋ ਕਿ 9.35% ਪ੍ਰਤੀ ਸਾਲ ਮਾਸਿਕ ਬਕਾਇਆ ਦੇ ਨਾਲ
ਸਮੇਤ ਰਿਜ਼ਰਵ ਬੈਂਕ ਆਫ਼ ਇੰਡੀਆ ਦੇ ਨਿਰਦੇਸ਼ਾਂ ਅਨੁਸਾਰ ਡਿਫਾਲਟ ਦੇ ਕਾਰਨ 2% ਸਾਲਾਨਾ ਜੁਰਮਾਨਾ ਵਿਆਜ ਦੇ ਨਾਲ ਮਾਸਿਕ ਬਾਕੀ ਰਕਮ।
10. ਕਿ ਤੁਸੀਂ ਬੈਂਕ ਦੇ ਬਕਾਏ ਦੀ ਅਦਾਇਗੀ ਵਿੱਚ ਡਿਫਾਲਟ ਹੋ ਜੋ ਕਿ ਉੱਪਰ ਦੱਸੇ ਅਨੁਸਾਰ ਸੁਰੱਖਿਅਤ ਹੈ।
11. ਤੁਹਾਨੂੰ ਇਹ ਵੀ ਨੋਟਿਸ ਦਿੱਤਾ ਜਾਂਦਾ ਹੈ ਕਿ ਤੁਸੀਂ ਬੈਂਕ ਦੀ ਲਿਖਤੀ ਸਹਿਮਤੀ ਤੋਂ ਬਿਨਾਂ ਇਸ ਨੋਟਿਸ 'ਚ ਦੱਸੇ ਸਕਿਉਰਡ ਐਸਟਸ ਦੇ ਵੇਰਵੇ ਸੈਕਸ਼ਨ 13 ਦੇ ਸਬ-ਸੈਕਸ਼ਨ 13 ਦੀਆਂ ਸ਼ਰਤਾਂ ਅਨੁਸਾਰ ਵਿਕਰੀ ਨੂੰ ਟਰਾਂਸਫਰ, ਲੀਜ਼ ਜਾਂ ਕਿਸੇ ਹੋਰ ਢੰਗ ਰਾਹੀਂ ਵੇਚ ਨਹੀਂ ਸਕਦੇ ।
12. ਤੁਹਾਡਾ ਧਿਆਨ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਵਾਇਆ ਜਾਂਦਾ ਹੈ ਜਿੱਥੇ ਤੁਸੀਂ ਸਮੁੱਚੀ ਬਕਾਇਆ ਰਕਮ ਸਮੇਤ ਲਾਗਤਾਂ, ਚਾਰਜਿਜ਼ ਅਤੇ ਜੋ ਕਿ ਬੈਂਕ ਦੁਆਰਾ ਸਹਿਣ ਕੀਤੇ ਗਏ ਹਨ ਸਾਰੇ ਖਰਚਿਆਂ ਦੇ ਨਾਲ ਜਨਤਕ ਜਾਂ ਨਿੱਜੀ ਸੰਧੀ ਤੋਂ ਹਵਾਲੇ ਮੰਗ ਕੇ ਟੈਂਡਰ ਮੰਗ ਸਕਦੇ ਹੋ। ਕਿਰਪਾ ਕਰਕੇ ਇਹ ਵੀ ਨੋਟ ਕੀਤਾ ਜਾਵੇ ਕਿ ਬਕਾਏ ਦੀ ਪੂਰੀ ਰਕਮ, ਲਾਗਤਾਂ, ਖਰਚਿਆਂ ਦੇ ਨਾਲ ਬੈਂਕ ਦੁਆਰਾ ਕੀਤੇ ਗਏ ਖਰਚਿਆਂ ਦੇ ਨੋਟਿਸ ਦੀ ਪ੍ਰਕਾਸ਼ਨਾ ਤੋਂ ਪਹਿਲਾਂ ਟੈਂਡਰ ਨਹੀਂ ਕੀਤੇ ਜਾਂਦੇ ਤਾਂ ਸਕਿਉਰਡ ਐਸਟਸ ਦੀ ਵਿਕਰੀ ਦੀ ਜਨਤਕ ਨਿਲਾਮੀ ਕੋਟੇਸ਼ਨਾਂ ਮੰਗ ਕੇ ਜਨਤਕ ਜਾਂ ਨਿੱਜੀ ਸੰਧੀ ਦੁਆਰਾ ਟੈਂਡਰ ਮੰਗ ਕੇ ਸਕਿਉਰਡ ਐਸਟ ਪੁਨਰ ਗ੍ਰਹਿਣ ਕਰਨ ਦੇ ਹੱਕਦਾਰ ਹੋਵੋਗੇ।
13. ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਹ ਨੋਟਿਸ ਤੁਹਾਨੂੰ ਬੈਂਕ ਵੱਲੋਂ ਉਪਲੱਬਧ ਹੋਰ ਅਧਿਕਾਰਾਂ ਅਤੇ ਉਪਚਾਰਾਂ ਪ੍ਰਤੀ ਬਿਨਾਂ ਕਿਸੇ ਪੱਖਪਾਤ ਦੇ ਭੇਜਿਆ ਗਿਆ ਹੈ ਜਿਸ 'ਚ ਢੁਕਵੀਆਂ ਅਦਾਲਤਾਂ ਅਤੇ/ਜਾਂ ਟ੍ਰਿਬਿਊਨਲਾਂ ਦੇ ਸਾਹਮਣੇ ਉਪਰੋਕਤ ਬਕਾਇਆ ਰਕਮਾਂ ਦੀ ਵਸੂਲੀ ਲਈ ਕਾਰਵਾਈ ਸ਼ੁਰੂ ਕਰਨਾ ਸ਼ਾਮਲ ਹੈ। ਇਹ ਨੋਟਿਸ ਬੈਂਕ ਦੇ ਸੋਧੇ ਹੋਏ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ 1881 ਦੇ ਸੈਕਸ਼ਨ 138 ਅਧੀਨ ਅਤੇ/ਜਾਂ ਸੋਧੇ ਹੋਏ ਭੁਗਤਾਨ ਸੈਟਲਮੈਂਟ ਐਕਟ 2007 ਦੇ ਤਹਿਤ ਦਾਇਰ ਕੀਤੀ ਗਈ ਕਿਸੇ ਵੀ ਸ਼ਿਕਾਇਤ ਦੀ ਪੈਰਵੀ ਕਰਨ ਦੇ ਅਧਿਕਾਰ ਨੂੰ ਪ੍ਰਭਾਵਿਤ ਨਹੀਂ ਕਰਦਾ।
14. ਅਸੀਂ ਇਸ ਦੁਆਰਾ ਸਰਫੇਸੀ ਐਕਟ 2002 ਦੇ ਤਹਿਤ ਜਾਰੀ ਕੀਤੇ ਗਏ ਸਾਡੇ ਸਾਰੇ ਪਿਛਲੇ ਨੋਟਿਸ ਵਾਪਸ ਲੈਂਦੇ ਹਾਂ ਜੋ ਇਸ ਨੋਟਿਸ ਤੋਂ ਪਹਿਲਾਂ ਜਾਰੀ ਕੀਤੇ ਗਏ ਸਨ।
ਇਸ ਲਈ, ਮੈਂ ਇਸ ਕਾਨੂੰਨੀ ਨੋਟਿਸ ਦੇ ਆਧਾਰ 'ਤੇ, ਤੁਹਾਨੂੰ ਸਾਰਿਆਂ ਨੂੰ, ਭਾਵ ਐਡਰੈਸ ਨੰਬਰ 1 ਤੋਂ 4 ਨੂੰ, ਸਾਂਝੇ ਤੌਰ 'ਤੇ ਅਤੇ ਵੱਖਰੇ ਤੌਰ 'ਤੇ, 31.03.2026 ਨੂੰ ਰੁਪਏ 61,98,403.02 ਜੋ ਕਿ ਕਿ (ਇੱਕਾਹਠ ਲੱਖ ਅਠਾਨਵੇਂ ਹਜ਼ਾਰ ਚਾਰ ਸੌ ਤਿੰਨ ਰੁਪਏ ਅਤੇ ਦੋ ਪੈਸੇ ਕੇਵਲ) ਪੈਸੇ + ਭਵਿੱਖੀ ਵਿਆਜ + ਚਾਰਜਿਜ਼01.04.2026 ਤੋਂ ਮਹੀਨਾਵਾਰ ਬਕਾਏ ਸਮੇਤ, ਬੈਂਕ ਨੂੰ ਇਸ ਨੋਟਿਸ ਦੀ ਪ੍ਰਾਪਤੀ ਤੋਂ 60 ਦਿਨਾਂ ਦੇ ਅੰਦਰ ਭੁਗਤਾਨ ਕਰਨ ਲਈ ਸੱਦਾ ਦਿੰਦਾ ਹਾਂ, ਨਹੀਂ ਤਾਂ ਬੈਂਕ ਉਪਰੋਕਤ ਸੁਰੱਖਿਅਤ ਬਕਾਏ ਦੀ ਵਸੂਲੀ ਲਈ ਸਰਫੇਸੀ ਐਕਟ, 2002 ਦੇ ਅਧਿਆਇ III ਦੇ ਉਪਬੰਧਾਂ ਦੇ ਤਹਿਤ ਉਪਾਅ ਕਰਨ ਲਈ ਮਜਬੂਰ ਹੋਵੇਗਾ ਅਤੇ ਉਸ ਸਥਿਤੀ ਵਿੱਚ ਤੁਸੀਂ ਸਾਂਝੇ ਤੌਰ 'ਤੇ ਅਤੇ ਵੱਖਰੇ ਤੌਰ 'ਤੇ ਇਸ ਤੋਂ ਪੈਦਾ ਹੋਣ ਵਾਲੇ ਸਾਰੇ ਖਰਚਿਆਂ ਅਤੇ ਹੋਰ ਖਰਚਿਆਂ ਦਾ ਭੁਗਤਾਨ ਕਰਨ ਲਈ ਜ਼ਿੰਮੇਵਾਰ ਹੋਵੋਗੇ। ਕਿਰਪਾ ਕਰਕੇ ਧਿਆਨ ਦਿਓ ਕਿ ਇਸ ਨੋਟਿਸ ਦੀ ਕਾਪੀ ਸਾਡੇ ਦਫ਼ਤਰ ਵਿੱਚ ਰੱਖੀ ਗਈ ਹੈ।
**ਤੁਹਾਡਾ ਸ਼ੁਭ ਚਿੰਤਕ**
**ਅਧਿਕਾਰਤ ਅਫਸਰ, ਪੰਜਾਬ ਅਤੇ ਸਿੰਧ ਬੈਂਕ**

# ਵਿਜੀਲੈਂਸ ਬਿਊਰੋ ਨੇ ਕਾਨੂੰਗੋ 33000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਕੀਤਾ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਪਣਾਈ ਗਈ



ਜ਼ੀਰੋ ਟਾਲਰੈਂਸ ਨੀਤੀ ਤਹਿਤ ਜ਼ਿਲ੍ਹਾ ਐੱਸ ਬੀ ਐੱਸ ਨਗਰ ਦੀ ਤਹਿਸੀਲ ਬਲਾਚੌਰ, ਸਰਕਲ ਕਾਠਗੜ੍ਹ ਵਿਖੇ ਤਾਇਨਾਤ ਕਾਨੂੰਗੋ ਰਮਨ ਕੁਮਾਰ ਨੂੰ 33,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਕਿਹਾ ਕਿ ਇਹ ਗ੍ਰਿਫ਼ਤਾਰੀ ਐੱਸ ਬੀ ਐੱਸ ਨਗਰ ਦੇ ਇੱਕ ਨਿਵਾਸੀ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ 'ਤੇ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਹੈ।ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਪਾਇਆ ਗਿਆ ਕਿ ਮਾਣਯੋਗ ਅਦਾਲਤ ਨੇ ਸ਼ਿਕਾਇਤਕਰਤਾ ਦੀ ਜ਼ਮੀਨ ਦੀ ਨਿਸ਼ਾਨਦੇਹੀ ਦਾ ਹੁਕਮ ਦਿੱਤਾ ਸੀ ਤੇ ਇਹ ਕੰਮ ਦੋਸ਼ੀ ਰਮਨ ਕੁਮਾਰ ਨੂੰ ਸੌਂਪਿਆ ਗਿਆ ਸੀ। ਸ਼ਿਕਾਇਤਕਰਤਾ ਦੇ ਕੰਮ ਨੂੰ ਗੁੰਝਲਦਾਰ ਦੱਸਦਿਆਂ ਮੁਲਜ਼ਮ ਨੇ ਉਸ ਕੋਲੋਂ 80,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਇਸ ਵਿੱਚੋਂ, ਉਸ ਨੇ ਸ਼ਿਕਾਇਤਕਰਤਾ ਕੋਲੋਂ 33,000 ਰੁਪਏ (15,000 ਰੁਪਏ ਨਕਦ ਅਤੇ 18,000 ਰੁਪਏ ਆਨਲਾਈਨ/ਕਿਊਆਰ ਕੋਡ ਰਾਹੀਂ) ਰਿਸ਼ਵਤ ਵਜੋਂ ਲਏ।ਰਿਸ਼ਵਤ ਲੈਣ ਸਬੰਧੀ ਆਡੀਓ ਰਿਕਾਰਡਿੰਗ, ਆਨਲਾਈਨ ਲੈਣ-ਦੇਣ ਦੇ ਵੇਰਵਿਆਂ ਸਮੇਤ ਹੋਰ ਸਬੰਧਿਤ ਸਬੂਤ ਉਪਲਬਧ ਹਨ।ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਰੋਹ ਵਿੱਚ ਆਏ ਸਰਕਾਰੀ ਮੁਲਾਜ਼ਮਾਂ ਨੇ ਕੀਤੀ ਰੈਲੀ



**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਸਿਵਲ ਸਕੱਤਰੇਤ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਪੰਜਾਬ ਸਿਵਲ ਸਕੱਤਰੇਤ-1 ਵਿਖੇ ਮੁਲਾਜ਼ਮਾਂ ਵੱਲੋਂ ਸਰਕਾਰ ਵਿਰੁੱਧ ਇਤਿਹਾਸਕ ਰੈਲੀ ਕੀਤੀ ਗਈ। ਸਕੱਤਰੇਤ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਇਸ ਰੈਲੀ ਵਿੱਚ ਡਾਇਰੈਕਟੋਰੇਜ਼ ਅਤੇ ਖੇਤਰੀ ਦਫ਼ਤਰਾਂ ਦੇ ਮੁਲਾਜ਼ਮਾਂ ਨੇ ਭਾਰੀ ਗਿਣਤੀ ਵਿੱਚ ਹਿੱਸਾ ਲਿਆ। ਇਸ ਰੈਲੀ ਦੀ ਖਾਸ ਗੱਲ ਇਹ ਰਹੀ ਕਿ ਪੰਜਾਬ ਸਿਵਲ ਸਕੱਤਰੇਤ-2 ਦੇ ਮੁਲਾਜ਼ਮਾਂ ਵੱਲੋਂ ਵੀ ਆਪਣੀ ਦਫ਼ਤਰੀ ਇਮਾਰਤ ਨੂੰ ਪੂਰੀ ਤਰ੍ਹਾਂ ਖਾਲੀ ਕਰਕੇ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਮੁੱਖ ਸਕੱਤਰੇਤ ਵਿਖੇ ਰੈਲੀ ਵਿੱਚ ਸ਼ਮੂਲੀਅਤ ਕੀਤੀ ਗਈ। ਜੁਆਇੰਟ ਐਕਸ਼ਨ ਕਮੇਟੀ ਨੇ ਮਾਣਯੋਗ ਹਾਈਕੋਰਟ ਵੱਲੋਂ ਡੀ ਏ ਦੇਣ ਦਾ ਫੈਸਲਾ ਤੱਥਾਂ ਤੇ ਨਿਯਮਾਂ ਦੇ ਆਧਾਰ 'ਤੇ ਮੁਲਾਜ਼ਮਾਂ ਦੇ ਹੱਕ ਵਿੱਚ ਕਰਨ ਸਬੰਧੀ ਧੰਨਵਾਦ ਕੀਤਾ ਗਿਆ ਅਤੇ ਕੇਸ ਲੜ ਰਹੇ ਵਕੀਲਾਂ ਤੇ ਪਟੀਸ਼ਨਰਾਂ ਦਾ ਵੀ ਸਨਮਾਨ ਕੀਤਾ ਗਿਆ। ਮੁਲਾਜ਼ਮ ਆਗੂ ਸੁਖਚੈਨ ਸਿੰਘ ਖਹਿਰਾ ਨੇ 'ਯੁੱਧ ਸਰਕਾਰ ਵਿਰੁੱਧ' ਦਾ ਨਾਅਰਾ ਦਿੰਦਿਆਂ ਆਪਣੀ ਤਕਰੀਰ ਵਿੱਚ ਕਿਹਾ ਕਿ ਸਰਕਾਰ ਇੱਕ ਸੋਚੀ ਸਮਝੀ ਨੀਤੀ ਤਹਿਤ ਮੁਲਾਜ਼ਮਾਂ ਦਾ ਘਾਣ ਕਰ ਰਹੀ ਹੈ। ਇਸ ਰੈਲੀ ਵਿੱਚ ਐਡਵੋਕੇਟਸ ਬਲਦੇਵ ਸਿੰਘ ਮਾਨ, ਸਨੀ ਸਿੰਗਲਾ, ਇਸ ਕੇਸ ਦੇ ਮੁੱਖ ਪਟੀਸ਼ਨਰ ਗੁਰਵਿੰਦਰ ਸਿੰਘ,ਪੰਜਾਬ ਸਿਵਲ ਸਕੱਤਰੇਤ ਸਟਾਫ ਐਸੋਸੀਏਸ਼ਨਦੇ ਪ੍ਰਧਾਨ ਸੁਸ਼ੀਲ ਕੁਮਾਰ ਫੌਜੀ, ਜਨਰਲ ਸਾਹਿਲ ਸ਼ਰਮਾ ਹੋਰਾਂ ਨੇ ਵੀ ਸੰਬੋਧਨ ਕੀਤਾ।

# ਵਿਸਾਖੀ ਮੌਕੇ ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਸੱਭਿਆਚਾਰਕ ਤੇ ਸਾਹਿਤਕ ਮੁਕਾਬਲੇ

**ਜਲੰਧਰ (ਸ਼ੈਲੀ ਐਲਬਰਟ)** -ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਵਿੱਚ ਵਿਸਾਖੀ ਦੇ ਪਾਵਨ ਮੌਕੇ ਵੱਖ-ਵੱਖ ਸੱਭਿਆਚਾਰਕ ਅਤੇ ਸਾਹਿਤਕ ਮੁਕਾਬਲੇ ਬੜੀ ਧੂਮਧਾਮ ਨਾਲ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਆਪਣੀ ਕਲਾ, ਰਚਨਾਤਮਕਤਾ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਸਮਾਗਮ 13 ਅਪ੍ਰੈਲ ਨੂੰ ਅਪਲਾਈਡ ਸਾਇੰਸ ਵਿਭਾਗ ਵੱਲੋਂ ਕਾਲਜ ਦੀ ਅਪਲਾਈਡ ਸਾਇੰਸ ਲੈਬ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਲਗਭਗ 40 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਨਿਬੰਧ ਲਿਖਣ, ਕਵਿਤਾ ਲਿਖਣ (ਪੰਜਾਬੀ/ਹਿੰਦੀ) ਅਤੇ ਪੋਸਟਰ ਮੇਕਿੰਗ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਕਵਿਤਾ ਲਿਖਣ ਮੁਕਾਬਲੇ ਵਿੱਚ ਯਸ਼ਿਕਾ (ਸਿਵਲ ਇੰਜਨੀਅਰਿੰਗ) ਨੇ ਪਹਿਲਾ ਸਥਾਨ, ਜਦਕਿ ਆਕਾਸ਼ਦੀਪ (ਫਾਰਮੇਸੀ) ਦੂਜੇ ਅਤੇ ਸਿਮਰਨਜੀਤ (ਅਪਲਾਈਡ ਸਾਇੰਸ) ਤੀਜੇ ਸਥਾਨ 'ਤੇ ਰਹੇ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਮਿਥਾਰਥ (ਅਪਲਾਈਡ ਸਾਇੰਸ) ਨੇ ਪਹਿਲਾ, ਆਸ਼ੀਸ਼ (ਈ.ਸੀ.ਈ.) ਨੇ ਦੂਜਾ ਅਤੇ ਅਰਸ਼ਿਤ ਸ਼ਰਮਾ (ਸੀ.ਐਸ.ਈ.) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਨਿਬੰਧ ਲਿਖਣ ਮੁਕਾਬਲੇ ਵਿੱਚ ਅਨਾਮਿਕਾ ਝਾ (ਸੀ.ਐਸ.ਈ.) ਪਹਿਲੇ ,



ਹਰਮਨਜੋਤ ਸਿੰਘ (ਮਕੈਨੀਕਲ ਇੰਜਨੀਅਰਿੰਗ) ਨੇ ਦੂਜਾ ਅਤੇ ਅਨੀਸ਼ ਕੁਮਾਰ (ਸਿਵਲ ਇੰਜਨੀਅਰਿੰਗ) ਨੇ ਤੀਜਾ ਸਥਾਨ ਹਾਸਲ ਕੀਤਾ।

ਮੁਕਾਬਲਿਆਂ ਦਾ ਮੁਲਾਂਕਣ ਮਿਸ ਰਿਚਾ ਅਰੋੜਾ (ਇੰਚਾਰਜ/ਐਚ.ਓ.ਡੀ, ਮਕੈਨੀਕਲ ਵਿਭਾਗ), ਮਿਸਟਰ ਸੰਦੀਪ ਸ਼ਰਮਾ ਅਤੇ ਮਿਸਟਰ ਪੰਕਜ ਗੁਪਤਾ ਵੱਲੋਂ ਕੀਤਾ ਗਿਆ।ਇਸ ਸਮਾਗਮ ਦੇ ਸਫਲ ਆਯੋਜਨ ਵਿੱਚ ਮੈਡਮ ਅੰਜੂ ਸ਼ਰਮਾ ਅਤੇ ਮੈਡਮ ਰੀਆ ਨੇ ਮੁੱਖ ਭੂਮਿਕਾ ਨਿਭਾਈ, ਜਦਕਿ ਮੈਡਮ ਪ੍ਰਤਿਭਾ, ਮੈਡਮ ਅਰਪਨਾ, ਮਿਸਟਰ ਕਮਲਕਾਂਤ ਅਤੇ ਮੈਡਮ ਰੇਨੂੰ ਵੱਲੋਂ ਵੀ ਮਹੱਤਵਪੂਰਨ ਯੋਗਦਾਨ ਦਿੱਤਾ ਗਿਆ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਅਪਲਾਈਡ ਸਾਇੰਸ ਵਿਭਾਗ ਦੇ ਮੁਖੀ ਮਿਸਟਰ ਅੰਕੁਸ਼ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਨਿਰਮਾਣ ਅਤੇ ਰਚਨਾਤਮਕਤਾ ਦੇ ਵਿਕਾਸ ਲਈ ਬਹੁਤ ਲਾਭਕਾਰੀ ਸਾਬਤ ਹੁੰਦੀਆਂ ਹਨ।

# ਐੱਮ ਆਰ ਸਿਟੀ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ

**ਬਲਾਚੌਰ (ਜਸਵਿੰਦਰ ਬੈਂਸ)**- ਐੱਮ ਆਰ ਸਿਟੀ ਪਬਲਿਕ ਸਕੂਲ, ਬਲਾਚੌਰ ਦੀ ਜਮਾਤ ਦਸਵੀਂ ਦਾ ਨਤੀਜਾ ਸ਼ਾਨਦਾਰ ਰਿਹਾ। ਸੀ ਬੀ ਐੱਸ ਈ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚ ਸਕੂਲ ਨੇ 100% ਨਤੀਜਾ ਹਾਸਲ ਕਰਕੇ ਇੱਕ ਮਹੱਤਵਪੂਰਨ ਉਪਲਬਧੀ ਪ੍ਰਾਪਤ ਕੀਤੀ ਹੈ। ਸਕੂਲ ਦੇ ਚੇਅਰਮੈਨ ਰਾਮਜੀ ਦਾਸ ਅਤੇ ਪ੍ਰਿੰਸੀਪਲ ਰਿਤੂ ਬਤਰਾ ਨੇ ਦੱਸਿਆ ਕਿ ਇਸ ਵਾਰ ਕੁੱਲ 217 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਤੇ ਸਾਰੇ ਹੀ ਸਫਲ ਰਹੇ। ਜਿਸ ਵਿੱਚ 95% ਤੋਂ ਉੱਪਰ 21 ਵਿਦਿਆਰਥੀ, 90% ਤੋਂ ਉੱਪਰ 25 ਵਿਦਿਆਰਥੀ, 85% ਤੋਂ ਉੱਪਰ 41 ਵਿਦਿਆਰਥੀ, 80% ਤੋਂ ਉੱਪਰ 35 ਵਿਦਿਆਰਥੀ, 70% ਤੋਂ ਉੱਪਰ 46 ਵਿਦਿਆਰਥੀ ਅਤੇ 60% ਤੋਂ ਉੱਪਰ 44 ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅਭਯ ਬਬੋਰਿਯਾ ਨੇ 99% ਅੰਕ ਹਾਸਲ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਰਵਨੀਤ ਕੌਰ ਨੇ 97.6% ਨਾਲ ਦੂਜਾ ਅਤੇ ਕਰਨਵੀਰ ਸਿੰਘ ਨੇ 97.4% ਨਾਲ ਤੀਜਾ ਸਥਾਨ ਹਾਸਲ ਕੀਤਾ।ਵੰਸ਼ਿਕਾ ਸ਼ਰਮਾ ਨੇ 96.8% ਅੰਕ ਪ੍ਰਾਪਤ ਕੀਤੇ, ਜਦਕਿ ਦੀਆ ਚੌਧਰੀ ਤੇ ਕਨਨ ਸ਼ਰਮਾ ਨੇ 96.6% ਅੰਕ ਹਾਸਲ ਕੀਤੇ। ਗੁਰਤਾਜ ਕਸਾਣਾ ਨੇ 96.2% ਅਤੇ ਅਮਨਪ੍ਰੀਤ ਕੌਰ ਨੇ 96% ਅੰਕ ਪ੍ਰਾਪਤ ਕੀਤੇ। ਹੋਰ ਪ੍ਰਮੁੱਖ ਵਿਦਿਆਰਥੀਆਂ ਵਿੱਚ ਗੁਰਲੀਨ ਕੌਰ, ਅਸ਼ਵਿੰਦਰਪ੍ਰੀਤ ਸਿੰਘ ਨਾਗਰਾ ਅਤੇ ਦੀਪਾਲੀ ਨੇ 95.8% ਅੰਕ ਪ੍ਰਾਪਤ ਕੀਤੇ। ਗੁਰਮਨ ਧੀਮਾਨ ਅਤੇ ਦਿਲਸ਼ਾਨ ਸਿੰਘ ਨੇ 95.4%, ਵਿਸ਼ਾਲੀ, ਗੁਰਸ਼ਾਨਜੋਤ ਸਿੰਘ ਅਤੇ ਸੁਖਮਨੀ ਨੇ 95.2% ਅੰਕ ਹਾਸਲ ਕੀਤੇ। ਅਨਮੋਲਪ੍ਰੀਤ ਕੌਰ, ਹਰਮਨਪ੍ਰੀਤ ਕੌਰ ਅਤੇ ਜਸਮੀਨ ਕੌਰ



ਨੇ 95% ਅੰਕ ਪ੍ਰਾਪਤ ਕੀਤੇ। ਸਮਾਈਲਦੀਪ ਕੌਰ ਸਿੰਘ ਤੇ ਹਰਸ਼ਪ੍ਰੀਤ ਚੌਂਕੜੀਆ ਨੇ 94.8%, ਤੇਗਮਨ ਕੌਰ ਨੇ 94.2% ਅੰਕ ਹਾਸਲ ਕੀਤੇ। ਅਮਿਤਪ੍ਰੀਤ ਕੌਰ, ਮਹਿਕਦੀਪ ਕੌਰ, ਰਿਧਿਮਾ ਅਤੇ ਵਿਕਟਰ ਗਿਰੀਸ਼ ਨੇ 94% ਅੰਕ ਪ੍ਰਾਪਤ ਕੀਤੇ। ਗੁਰਲੀਨ ਕੌਰ ਨੇ 93.8%, ਪਾਰੁਲ ਨੇ 93.6% ਅਤੇ ਮਨਸੀਰਤ ਕੌਰ ਤੇ ਕਸਕ ਚੌਧਰੀ ਨੇ 93.4% ਅੰਕ ਪ੍ਰਾਪਤ ਕੀਤੇ। ਚੈਤਨਿਆ ਹਰੀਸ਼ ਨੇ 92.6%, ਅਸ਼ਵਿਨ ਤੇ ਈਸ਼ਾ ਚੌਧਰੀ ਨੇ 92.2% ਅੰਕ ਹਾਸਲ ਕੀਤੇ। ਸਾਰਾ ਚੌਧਰੀ ਅਤੇ ਨਵਦੀਪ ਕੌਰ ਨੇ 92% ਅੰਕ ਪ੍ਰਾਪਤ ਕੀਤੇ। ਬਨੀਤ ਚੌਧਰੀ, ਮੰਨਤ ਚੌਧਰੀ ਅਤੇ ਅਕਸ਼ਿਤ ਚੌਧਰੀ ਨੇ 91.4% ਅੰਕ ਪ੍ਰਾਪਤ ਕੀਤੇ। ਐਨੀ, ਜਸਲੀਨ ਚੌਧਰੀ ਅਤੇ ਅੰਸ਼ਿਕਾ ਗੁਲਾਟੀ ਨੇ 91.2% ਅੰਕ ਹਾਸਲ ਕੀਤੇ। ਇਸ਼ਾਂਤ ਚੌਧਰੀ ਨੇ 90.8%, ਦੀਆ ਨੇ 90.6% ਅਤੇ ਅਸ਼ਮਿਤਾ ਨੇ 90.4% ਅੰਕ, ਪਵਨਪ੍ਰੀਤ ਸਿੰਘ 90% ਅੰਕ ਹਾਸਲ ਕੀਤੇ। ਅੰਗਰੇਜ਼ੀ ਵਿਸ਼ੇ ਵਿੱਚ ਰਵਨੀਤ ਕੌਰ, ਅਸ਼ਵਿੰਦਰਪ੍ਰੀਤ ਸਿੰਘ ਨਾਗਰਾ ਅਤੇ ਨਵਦੀਪ ਕੌਰ ਨੇ 98 ਅੰਕ, ਪੰਜਾਬੀ ਵਿਸ਼ੇ ਵਿੱਚ ਅਭਯ ਬਬੋਰਿਯਾ, ਦੀਆ ਚੋਧਰੀ, ਵਿਸ਼ਾਲੀ, ਹਰਸ਼ਪ੍ਰੀਤ ਚੌਂਕਰੀਆ, ਵਿਕਟਰ ਗੀਰਿਸ਼, ਬਨੀਤ ਚੌਧਰੀ ਅਤੇ ਗੁਰਨੀਤ ਕੌਰ ਨੇ ਪੂਰੇ 100 ਅੰਕ ਪ੍ਰਾਪਤ ਕਰਕੇ ਸ਼ਾਨਦਾਰ ਉਪਲਬਧੀ ਦਰਜ ਕੀਤੀ। ਗਣਿਤ ਵਿੱਚ ਅਭਯ ਬਬੋਰਿਯਾ ਨੇ 100 ਵਿੱਚੋਂ 100 ਅੰਕ ਪ੍ਰਾਪਤ ਕੀਤੇ, ਜਦਕਿ ਵਿਗਿਆਨ ਵਿੱਚ ਵੀ ਉਸ ਨੇ 99 ਅੰਕ ਪ੍ਰਾਪਤ ਕਰਕੇ ਆਪਣੀ ਲਗਾਤਾਰ ਉਤਕ੍ਰਿਸ਼ਟਤਾ ਸਾਬਤ ਕੀਤੀ। ਸਮਾਜਿਕ ਵਿਗਿਆਨ ਵਿੱਚ ਵੰਸ਼ਿਕਾ ਸ਼ਰਮਾ ਨੇ 99 ਅੰਕ ਹਾਸਿਲ ਕੀਤੇ। ਅਭਯ ਬਬੋਰਿਯਾ ਨੇ ਕੰਪਿਊਟਰ (ਆਈ ਟੀ) ਵਿੱਚ 100 ਅੰਕ ਪ੍ਰਾਪਤ ਕੀਤੇ, ਜਦਕਿ ਵੰਸ਼ਿਕਾ ਸ਼ਰਮਾ, ਕਨਨ ਸ਼ਰਮਾ ਅਤੇ ਮਨਸੀਰਤ ਕੌਰ ਨੇ ਫਿਜ਼ੀਕਲ ਐਕਟਿਵਿਟੀ ਟ੍ਰੇਨਰ ਵਿੱਚ 100 ਅੰਕ ਪ੍ਰਾਪਤ ਕੀਤੇ। ਕੰਪਿਊਟਰ ਵਿਸ਼ੇ ਵਿੱਚ ਕਰਨਵੀਰ ਸਿੰਘ ਨੇ 97 ਅੰਕ ਹਾਸਲ ਕੀਤੇ ਅਤੇ ਹਿੰਦੀ ਵਿੱਚ ਦਿਲਸ਼ਾਨ ਸਿੰਘ ਨੇ 94 ਅੰਕ, ਬੈਕਿੰਗ ਐਂਡ ਇੰਸ਼ੋਰੈਂਸ ਵਿਸ਼ੇ ਵਿੱਚ ਅਮਨਪ੍ਰੀਤ ਕੌਰ ਨੇ 96 ਅੰਕ ਪ੍ਰਾਪਤ ਕੀਤੇ।ਇਸ ਮੌਕੇ 'ਤੇ ਪ੍ਰਿੰਸੀਪਲ ਰਿਤੂ ਬਤਰਾ ਤੇ ਚੇਅਰਮੈਨ ਰਾਮਜੀ ਦਾਸ ਜੀ ਨੇ ਸਾਰੇ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ ਨੂੰ ਦਿਲੋਂ ਵਧਾਈ ਦਿੱਤੀ।

# ਪਰਸ਼ੂਰਾਮ ਜਨਮ ਉਤਸਵ ਦੇ ਸੱਦਾ ਪੱਤਰ ਕੀਤੇ ਰਿਲੀਜ਼

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**- ਬ੍ਰਹਮਲੀਨ ਮਹੰਤ ਸ੍ਰੀ ਸ਼ੇਰ ਗਿਰੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰੇਮਗਿਰੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਗਣਪਤੀ ਗਿਰੀ ਮਹਾਰਾਜ,



ਬ੍ਰਹਮਲੀਨ ਮਹੰਤ ਸ੍ਰੀ ਪ੍ਰਯਾਗਨਾਨੰਦ ਗਿਰੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਮਹਾਰਾਜ ਦੀ ਅਪਾਰ ਕਿਰਪਾ ਸਦਕਾ ਪ੍ਰਾਚੀਨ ਸ਼ਿਵ ਮੰਦਿਰ ਦੇ ਗੱਦੀਨਸ਼ੀਨ ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਮਹਾਰਾਜ ਦੇ ਅਸ਼ੀਰਵਾਦ ਨਾਲ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਮਹਾਰਾਜ ਦੀ ਅਗਵਾਈ ਹੇਠ ਬ੍ਰਾਹਮਣ ਸਭਾ ਲੋਹੀਆਂ ਖਾਸ ਦੀ ਭਰਵੀਂ ਮੀਟਿੰਗ ਹੋਈ। ਇਸ ਮੌਕੇ ਭਗਵਾਨ ਪਰਸ਼ੂਰਾਮ ਜਨਮਉਤਸਵ ਦੇ ਸੱਦਾ ਪੱਤਰ ਰਿਲੀਜ਼ ਕੀਤੇ ਗਏ। ਜਿਸ ਵਿੱਚ ਸਰਪ੍ਰਸਤ ਵਿਸ਼ਵਾ ਮਿੱਤਰ ਤੇ ਪ੍ਰਧਾਨ ਦਰਸ਼ਨ ਕੁਮਾਰ ਸੱਦੀ ਵੱਲੋਂ ਦੱਸਿਆ ਗਿਆ ਕਿ ਭਗਵਾਨ ਪਰਸ਼ੂਰਾਮ ਜਨਮ ਉਤਸਵ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਵਿੱਚ ਬੜੀ ਧੂਮ-ਧਾਮ ਤੇ ਸ਼ਰਧਾ ਨਾਲ ਮਨਾਇਆ ਜਾਵੇਗਾ। ਜਿਸ ਵਿੱਚ ਸਵੇਰੇ 10 ਵਜੇ ਸ੍ਰੀ ਸੁੰਦਰ ਕਾਂਡ ਦਾ ਪਾਠ ਤੇ ਕੀਰਤਨ ਸਵੇਰੇ 11:30 ਵਜੇ ਹੋਵੇਗਾ ਤੇ ਉਪਰੰਤ ਦੁਪਹਿਰ 12:00 ਵਜੇ ਲੰਗਰ ਭੰਡਾਰਾ ਹੋਵੇਗਾ। ਇਸ ਮੌਕੇ ਪ੍ਰਧਾਨ ਦਰਸ਼ਨ ਕੁਮਾਰ ਸੱਦੀ, ਕੈਸ਼ੀਅਰ ਖਜ਼ਾਨਚੀ ਦਾਸ, ਸੈਕਟਰੀ ਗੌਰਵ ਸੱਦੀ, ਪ੍ਰੈਸ ਸਕੱਤਰ ਯੋਗੇਸ਼ਵਰ, ਰਪੇਸ਼ ਕੁਮਾਰ ਸੱਦੀ, ਰਮੇਸ਼ ਸ਼ਰਮਾ, ਮਨੀਸ਼ ਕੁਮਾਰ ਮੰਗਾ, ਰਜੇਸ਼ ਕੁਮਾਰ, ਸੁਰਿੰਦਰ ਕੁਮਾਰ (ਨੀਟਾ), ਕਮਲੇਸ਼ ਰਾਣੀ, ਮੰਮਤਾ ਰਾਣੀ, ਪਰਵੀਨ ਰਾਣੀ, ਨਿਰਮਲਾ ਰਾਣੀ, ਪੂਨਮ ਰਾਣੀ ਸਮੇਤ ਮੈਂਬਰ ਹਾਜ਼ਰ ਸਨ।

## ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਾਲਾਨਾ ਸਮਾਗਮ ਦੀ ਸਫ਼ਲਤਾ ਲਈ ਸੰਤ ਸਤਵਿੰਦਰ ਹੀਰਾ ਨੇ ਸੰਗਤਾਂ ਤੇ ਮਹਾਂਪੁਰਸ਼ਾਂ ਦਾ ਕੀਤਾ ਧੰਨਵਾਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੰਡੀਆ ਆਦਿ ਧਰਮ ਮਿਸ਼ਨ ਰਜਿ ਦੇ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਇਤਿਹਾਸਿਕ ਧਰਮ ਅਸਥਾਨ ਬੇਗਮਪੁਰਾ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ



12 ਅਪ੍ਰੈਲ ਤੋਂ 14 ਅਪ੍ਰੈਲ ਤੱਕ ਕਰਵਾਏ ਗਏ ਵਿਸ਼ਾਲ ਸਮਾਗਮ ਦੀ ਸਫ਼ਲਤਾ ਤੋਂ ਬਾਅਦ, ਦੇਸ਼-ਵਿਦੇਸ਼ ਤੋਂ ਪਹੁੰਚੀਆਂ ਸੰਗਤਾਂ ਅਤੇ ਪੂਰੇ ਭਾਰਤ ਵਿੱਚੋਂ ਆਏ ਵੱਖ ਵੱਖ ਡੇਰਿਆਂ ਦੇ ਸੰਤਾਂ-ਮਹਾਂਪੁਰਸ਼ਾਂ ਦਾ ਸੰਤ ਸਤਵਿੰਦਰ ਹੀਰਾ ਨੇ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਹੈ। ਸੰਤ ਸਤਵਿੰਦਰ ਹੀਰਾ ਨੇ ਵਿਸ਼ੇਸ਼ ਤੌਰ 'ਤੇ ਕਿਹਾ ਕਿ ਇਸ ਪਵਿੱਤਰ ਅਸਥਾਨ 'ਤੇ ਨਤਮਸਤਕ ਹੋਣ ਲਈ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਇਲਾਵਾ ਵਿਦੇਸ਼ਾਂ ਤੋਂ ਵੀ ਭਾਰੀ ਗਿਣਤੀ ਵਿੱਚ ਸੰਗਤਾਂ ਪਹੁੰਚੀਆਂ, ਜਿਨ੍ਹਾਂ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸਮਾਗਮ ਦੀ ਰੌਣਕ ਵਧਾਈ। ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਖ-ਵੱਖ ਡੇਰਿਆਂ ਤੋਂ ਪਹੁੰਚੇ ਸੰਤਾਂ ਅਤੇ ਮਹਾਂਪੁਰਸ਼ਾਂ ਦੇ ਆਸ਼ੀਰਵਾਦ ਸਦਕਾ ਇਹ ਤਿੰਨ ਰੋਜ਼ਾ ਸਮਾਗਮ ਯਾਦਗਾਰੀ ਹੋ ਨਿਬੜਿਆ ਹੈ। ਉਹਨਾਂ ਕਿਹਾ ਕਿ ਸਮਾਗਮ ਦੌਰਾਨ ਅਨੁਸ਼ਾਸਨ ਬਣਾਈ ਰੱਖਣ ਅਤੇ ਸੇਵਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਸੰਗਤਾਂ ਦਾ ਸ਼ੁਕਰਾਨਾ ਕੀਤਾ ਗਿਆ। ਸੰਤ ਸਤਵਿੰਦਰ ਹੀਰਾ ਵੱਲੋਂ ਵੱਖ-ਵੱਖ ਸੰਪਰਦਾਵਾਂ ਤੇ ਡੇਰਿਆਂ ਤੋਂ ਆਏ ਮਹਾਂਪੁਰਸ਼ਾਂ ਦਾ ਉਨ੍ਹਾਂ ਦੇ ਕੀਮਤੀ ਸਮੇਂ ਅਤੇ ਮਾਰਗ ਦਰਸ਼ਨ ਲਈ ਵਿਸ਼ੇਸ਼ ਧੰਨਵਾਦ ਕੀਤਾ। ਇਸ ਮੌਕੇ ਸੰਤ ਸਤਵਿੰਦਰ ਹੀਰਾ ਵਲੋਂ ਦਿਨ-ਰਾਤ ਸੇਵਾ ਕਰਨ ਵਾਲੇ ਵਲੰਟੀਅਰਾਂ ਅਤੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ ਗਈ।ਇਸ ਮੌਕੇ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਦਿਆਂ ਇਨਸਾਨੀਅਤ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਹੀ ਸਾਡਾ ਮੁੱਖ ਉਦੇਸ਼ ਹੈ। ਇਸ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸ਼ਖਸ਼ੀਅਤਾਂ ਅਤੇ ਸੰਗਤਾਂ ਨੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਵਿੱਚ ਸੰਤ ਸਤਵਿੰਦਰ ਹੀਰਾ ਜੀ ਵੱਲੋਂ ਆਏ ਵੱਖ ਵੱਖ ਰਾਜਨੀਤਿਕ ਵਿਅਕਤੀਆਂ ਦਾ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ।

## ਮਾਪੇ-ਅਧਿਆਪਕ ਮਿਲਣੀ ਕਰਵਾਈ

**ਗੁਰਾਇਆ (ਬਿੰਦਰ ਸੁਮਨ)**- ਸ੍ਰੀ ਹਨੂਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਸਫਲ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ। ਜਿਸ ਦਾ ਮੁੱਖ ਉਦੇਸ਼ ਮਾਪਿਆਂ ਅਤੇ ਅਦਾਰੇ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਬਾਰੇ ਵਿਸਥਾਰ ਵਿੱਚ ਚਰਚਾ ਕਰਨਾ ਸੀ। ਵੱਖ-ਵੱਖ ਵਿਭਾਗਾਂ ਵਿੱਚ



ਤਕਨੀਕੀ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਦੇ ਮਾਪਿਆਂ ਨੇ ਮੀਟਿੰਗ ਵਿੱਚ ਉਤਸ਼ਾਹ ਨਾਲ ਸ਼ਿਰਕਤ ਕੀਤੀ। ਕਾਲਜ ਪ੍ਰਬੰਧਨ ਨੇ ਸਾਰਿਆਂ ਦਾ ਰਵਾਇਤੀ ਤਿਲਕ ਲਗਾ ਕੇ ਨਿੱਘਾ ਸਵਾਗਤ ਕੀਤਾ। ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਮਾਪਿਆਂ ਨਾਲ ਗੱਲਬਾਤ ਕੀਤੀ, ਉਨ੍ਹਾਂ ਦੇ ਸਵਾਲਾਂ ਦਾ ਜਵਾਬ ਦਿੱਤਾ ਅਤੇ ਉਨ੍ਹਾਂ ਨੂੰ ਬੱਚਿਆਂ ਦੀ ਸਿੱਖਿਆ, ਤਰੱਕੀ ਅਤੇ ਭਵਿੱਖ ਬਾਰੇ ਨਿੱਜੀ ਤੌਰ 'ਤੇ ਸੁਝਾਅ ਅਤੇ ਚਿੰਤਾਵਾਂ ਸਾਂਝੀਆਂ ਕਰਨ ਦਾ ਮੌਕਾ ਪ੍ਰਦਾਨ ਕੀਤਾ। ਉਨ੍ਹਾਂ ਇਹ ਵੀ ਕਿਹਾ ਕਿ ਸੰਸਥਾ ਨਾ ਸਿਰਫ਼ ਤਕਨੀਕੀ ਸਿੱਖਿਆ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਸਗੋਂ ਵਿਹਾਰਕ ਤਜ਼ਰਬੇ, ਪਲੇਸਮੈਂਟ ਦੇ ਮੌਕੇ ਅਤੇ ਵਿਦਿਆਰਥੀਆਂ ਦੇ ਬੌਧਿਕ ਗਿਆਨ ਨੂੰ ਵਧਾਉਣ ਲਈ ਵਚਨਬੱਧ ਹੈ। ਅਖੀਰ ਵਿੱਚ ਸਮੂਹ ਮਾਪਿਆਂ ਨੇ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸ੍ਰੀ ਹਨੂਮਤ ਆਈ ਐੱਮ ਟੀ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।

# ਡਾ. ਜਸਵੰਤ ਰਾਏ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਜ਼ੀਮ ਪ੍ਰੇਮਜੀ ਯੂਨੀਵਰਸਿਟੀ ਬੰਗਲੌਰ ਵਿਖੇ ਸਵਿੱਤਰੀ ਅੰਬੇਡਕਰ ਕਲਚਰਲ ਕਲੱਬ ਵੱਲੋਂ ਕਰਵਾਏ ਜਾ ਰਹੇ ਫੂਲੇ ਅੰਬੇਡਕਰ ਯਾਦਗਾਰੀ ਹਫ਼ਤਾ ਸਮਾਗਮ ਵਿੱਚ ਦਫ਼ਤਰ ਭਾਸ਼ਾ ਵਿਭਾਗ ਹੁਸ਼ਿਆਰਪੁਰ ਵਿਖੇ ਬਤੌਰ ਖੋਜ ਅਫ਼ਸਰ ਕਾਰਜ ਕਰ ਰਹੇ ਡਾ. ਜਸਵੰਤ ਰਾਏ ਦਾ ਉਨ੍ਹਾਂ ਦੇ ਬਹੁਜਨ ਨਾਇਕਾਂ ਦੇ ਅੰਦੋਲਨਾਂ 'ਤੇ ਕੀਤੇ ਖੋਜ ਭਰਪੂਰ ਕਾਰਜਾਂ ਲਈ ਸਨਮਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦਾ 'ਬਾਬੂ ਮੰਗੂ ਰਾਮ ਮੁਗੋਵਾਲੀਆ ਦਾ ਪੰਜਾਬ ਵਿੱਚ ਆਦਿ ਧਰਮ ਅੰਦੋਲਨ ਅਤੇ ਇਸ ਦਾ ਅੰਬੇਡਕਰ ਅੰਦੋਲਨ ਵਿੱਚ ਯੋਗਦਾਨ' ਵਿਸ਼ੇ 'ਤੇ ਮੁਖ ਭਾਸ਼ਣ



ਵੀ ਕਰਵਾਇਆ ਗਿਆ। ਸਮੁੱਚੇ ਸਮਾਗਮ ਦੌਰਾਨ ਸੰਯੋਜਕ ਦਾ ਕਾਰਜ ਡਾ. ਕੇ ਕਲਿਆਣੀ ਪ੍ਰੋਫੈਸਰ ਅਜ਼ੀਮ ਪ੍ਰੇਮਜੀ ਯੂਨੀਵਰਸਿਟੀ ਬੰਗਲੌਰ ਨੇ ਕੀਤਾ। ਡਾ. ਰਾਏ ਨੇ ਕਿਹਾ ਕਿ ਗ਼ਦਰੀ ਯੋਧੇ ਤੇ ਆਦਿ ਧਰਮ ਦੇ ਬਾਨੀ ਬਾਬੂ ਮੰਗੂ ਰਾਮ ਮੁਗੋਵਾਲੀਆ ਨੇ ਬਾਬਾ ਸਾਹਿਬ ਵਾਂਗ ਤਸ਼ੱਦਦ ਦਾ ਸ਼ਿਕਾਰ ਹੋ ਕੇ ਮੁਢਲੀ ਸਿੱਖਿਆ ਗ੍ਰਹਿਣ ਕੀਤੀ। ਅਮਰੀਕਾ ਜਾ ਕੇ ਗ਼ਦਰ ਪਾਰਟੀ ਵਿੱਚ ਸ਼ਾਮਿਲ ਹੋ ਗਏ। ਆਪਣੇ ਦੇਸ਼ ਨੂੰ ਅਜ਼ਾਦ ਕਰਾਉਣ ਲਈ ਅਮਰੀਕਾ ਤੋਂ ਹਥਿਆਰਾਂ ਦਾ ਜਹਾਜ਼ ਭਰ ਕੇ ਭਾਰਤ ਲਿਆਉਂਦੇ ਹੋਏ ਗ੍ਰਿਫ਼ਤਾਰ ਹੋਏ। ਦੋ ਵਾਰ ਫ਼ਾਂਸੀ ਦੀ ਸਜ਼ਾ ਤੋਂ ਬਚੇ। ਸੋਲਾਂ ਸਾਲ ਗ਼ਦਰ ਪਾਰਟੀ ਵਿੱਚ ਕਾਰਜ ਕਰਨ ਤੋਂ ਬਾਅਦ ਭਾਰਤ ਆਏ। ਡਾ. ਜਸਵੰਤ ਰਾਏ ਵੱਲੋਂ ਪੇਸ਼ ਵਿਚਾਰਾਂ 'ਤੇ ਹਾਜ਼ਰ ਵਿਦਿਆਰਥੀਆਂ ਅਤੇ ਪ੍ਰੋਫੈਸਰਾਂ ਵੱਲੋਂ ਕੀਤੇ ਸਵਾਲਾਂ 'ਤੇ ਘੰਟਾ ਭਰ ਸੰਵਾਦ ਹੋਇਆ। ਖ਼ੁਸ਼ੀ ਦੀ ਗੱਲ ਇਹ ਸੀ ਕਿ ਗ੍ਰੈਜੂਏਸ਼ਨ ਅਤੇ ਮਾਸਟਰਜ਼ ਕਰ ਰਹੇ ਭਾਰਤ ਭਰ ਤੋਂ ਵਿਦਿਆਰਥੀਆਂ ਵੱਲੋਂ ਪੁੱਛੇ ਗਏ ਤਿੱਖੇ ਸਵਾਲਾਂ ਤੋਂ ਪਤਾ ਲਗਦਾ ਸੀ ਕਿ ਇੰਟਰਨੈੱਟ ਦੇ ਯੁਗ ਵਿੱਚ ਜਦੋਂ ਅਸੀਂ ਵਿਦਿਆਰਥੀਆਂ 'ਤੇ ਇਹ ਤੁਹਮਤ ਲਗਾਉਂਦੇ ਹਾਂ ਕਿ ਇਹ ਪੜ੍ਹਦੇ ਨਹੀਂ ਤਾਂ ਇਸ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੀ ਸਾਹਿਤਕ ਅਤੇ ਇਤਿਹਾਸਕ ਪੱਖ 'ਤੇ ਗੂਹੜੀ ਪਕੜ ਦੇਖ ਕੇ ਨਾਜ਼ ਮਹਿਸੂਸ ਹੁੰਦਾ ਸੀ।

# ਮਲਾਗਰ ਸਿੰਘ ਖਮਾਣੋਂ ਇਫਟੂ ਦੇ ਜ਼ਿਲ੍ਹਾ ਜਨਰਲ ਸਕੱਤਰ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਜ਼ਿਲ੍ਹਾ ਰੋਪੜ ਦਾ ਚੋਣ ਇਜਲਾਸ ਹੋਇਆ । ਜਿਸ ਵਿੱਚ ਰਮੇਸ਼ ਕੁਮਾਰ ਨੂਰਪੁਰ ਪ੍ਰਧਾਨ ਅਤੇ ਮਲਾਗਰ ਸਿੰਘ ਖਮਾਣੋ ਨੂੰ ਜ਼ਿਲ੍ਹਾ ਸਕੱਤਰ ਚੁਣਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਵਿੰਦਰ ਸਿੰਘ ਭੈਰੋਂ ਮਾਜਰਾ ਨੇ ਦੱਸਿਆ ਕਿ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ( ਇਫਟੂ ) ਜ਼ਿਲ੍ਹਾ ਰੋਪੜ ਦਾ ਚੋਣ ਇਜਲਾਸ ਤਰਸੇਮ ਸਿੰਘ ਜੱਟਪੁਰਾ, ਬਲਵਿੰਦਰ ਸਿੰਘ ਭੈਰੋ ਮਜਰਾ ਤੇ ਰੁਪਿੰਦਰ ਸਿੰਘ ਮੋਰਿੰਡਾ ਦੀ ਪ੍ਰਧਾਨਗੀ ਹੇਠ ਹੋਇਆ। ਜਿਸ ਵਿੱਚ ਜ਼ਿਲੇ ਭਰ ਵਿਚੋਂ ਵੱਖ ਵੱਖ ਟ੍ਰੇਡ ਯੂਨੀਅਨਾਂ, ਮੁਲਾਜ਼ਮ ਜਥੇਬੰਦੀਆਂ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਸਮੇਤ ਅਨੇਕਾਂ ਮਜ਼ਦੂਰ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ। ਇਜਲਾਸ ਨੂੰ ਪੰਜਾਬ ਸਟੂਡੈਂਟ ਯੂਨੀਅਨ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਆਗੂ ਸੁਖਰਾਮ ਕਾਲੇਵਾਲ, ਠੇਕਾ ਕਾਮਿਆਂ ਦੇ ਆਗੂ ਜਗਤਾਰ ਸਿੰਘ ਰੱਤੋ ਨੇ ਸੰਬੋਧਨ ਕਰਦਿਆਂ ਕੌਮੀ ਅਤੇ ਕੌਮਾਂਤਰੀ ਹਾਲਤਾਂ ਸਮੇਤ ਸੂਬਾ ਸਰਕਾਰ ਦੀ ਨੀਤੀਆਂ ਦੀਆਂ ਚਰਚਾ ਕਰਦੇ ਹੋਏ ਕਿਹਾ ਕਿ ਸਾਮਰਾਜੀ ਮੁਲਕ ਅਮਰੀਕਾ ਇੱਕ ਧਰੁਵੀ ਬਣਨ ਲਈ ਪਛੜੇ ਮੁਲਕਾਂ ਨੂੰ ਲਤਾੜ ਕੇ ਆਪਣੀਆਂ ਪਿੱਠੂ ਸਰਕਾਰਾਂ ਬਣਾਉਣ ਲਈ ਦੁਨੀਆਂ ਨੂੰ ਨਹਕੀ ਜੰਗ ਵੱਲ ਧੱਕ ਰਿਹਾ ਹੈ। ਮਜ਼ਦੂਰਾਂ ਨੇ ਆਪਣੇ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ ਕਿਰਤ ਕਾਨੂੰਨਾਂ ਨੂੰ ਵੀ ਭਾਰਤੀ ਹਾਕਮ ਕਾਰਪੋਰੇਟ ਪੱਖੀ ਕੋਡਾਂ ਵਿੱਚ ਤਬਦੀਲ ਕਰ ਰਹੇ ਹਨ। ਇਜਲਾਸ ਦੌਰਾਨ ਜ਼ਿਲ੍ਹਾ ਕਮੇਟੀ ਵਿੱਚ ਚੇਅਰਮੈਨ ਬਲਵਿੰਦਰ ਸਿੰਘ ਭੈਰੋ



ਮਾਜਰਾ,ਪ੍ਰਧਾਨ ਰਮੇਸ਼ ਕੁਮਾਰ ਨੂਰਪੁਰ, ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਸਿੰਘ ਬਮਨਾੜਾ, ਮੀਤ ਪ੍ਰਧਾਨ ਧਰਮਪਾਲ ਨੂਰਪੁਰ, ਨਿਰਮਲ ਸਿੰਘ ਮੋਰਿੰਡਾ, ਜ਼ਿਲ੍ਹਾ ਸਕੱਤਰ ਮੁਲਾਗਰ ਸਿੰਘ ਖਮਾਣੋਂ, ਪ੍ਰੈਸ ਸਕੱਤਰ ਸਤਵਿੰਦਰ ਸਿੰਘ ਨੀਟਾ, ਵਿੱਤ ਸਕੱਤਰ ਸੰਜੀਵ ਕੁਮਾਰ ,ਸਲਾਹਕਾਰ ਹਰਵਿੰਦਰ ਸਿੰਘ, ਮੁੱਖ ਸਲਾਹਕਾਰ ਤਰਸੇਮ ਜੱਟਪੁਰਾ, ਪ੍ਰਚਾਰ ਸਕੱਤਰ ਰਣਬੀਰ ਸਿੰਘ ਕਾਂਜਰਾ ਕਾਰਜਕਾਰੀ ਮੈਂਬਰ ਸੁਖਰਾਮ ਕਾਲੇਵਾਲ ਆਦਿ ਨੂੰ ਸਰਬ ਸੰਮਤੀ ਨਾਲ ਚੁਣਿਆ ਗਿਆ।

## ਜਨਵਾਦੀ ਇਸਤਰੀ ਸਭਾ ਮੈਂਬਰਸ਼ਿਪ ਮੁਹਿੰਮ ਨੂੰ ਤੇਜ ਕਰੇਗੀ : ਮੱਟੂ



**ਮਾਹਿਲਪੁਰ (ਸ਼ਫ਼ਰੀ)**- ਜ਼ਿਲ੍ਹਾ ਜਨਵਾਦੀ ਇਸਤਰੀ ਸਭਾ ਦੀ ਜਨਰਲ ਬਾਡੀ ਮੀਟਿੰਗ ਬੀਬੀ ਸੁਰਿੰਦਰ ਚੁੰਬਰ ਦੀ ਪ੍ਰਧਾਨਗੀ ਹੇਠ ਹੋਈ।ਸਭ ਤੋਂ ਪਹਿਲਾ ਬੀਬੀ ਸੁਯੋਗਤਾ ਖੀਵਾ ਦੀ ਬੇਵਕਤ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਮੀਟਿੰਗ ਦੀ ਕਾਰਵਾਈ ਪ੍ਰੈਸ ਦੇ ਨਾਂ ਜਾਰੀ ਕਰਦਿਆਂ ਬੀਬੀ ਨੀਲਮ ਰਾਣੀ ਜਿਲਾ ਜਨਰਲ ਸਕੱਤਰ ਜਨਵਾਦੀ ਇਸਤਰੀ ਸਭਾ ਹੁਸ਼ਿਆਰਪੁਰ ਨੇ ਦਸਿਆ ਕਿ ਮੈਂਬਰਸ਼ਿਪ ਦੀ ਮੁਹਿਮ ਤੇਜ ਕੀਤੀ ਜਾਵੇਗੀ। ਮਨਰੇਗਾ ਸਕੀਮ ਮੁੜ ਬਹਾਲ ਕਰਨ ਲਈ ਚਲ ਰਹੇ ਘੋਲ ਵਿੱਚ ਵਧ ਚੜਕੇ ਸਾਮਲ ਹੋਇਆ ਜਾਵੇਗਾ। ਅਮਰੀਕਨ ਸਾਮਰਾਜ, ਇਜਰਾਇਲ ਦੀ ਧੱਕੇਸਾਹੀ ਦੀ ਨਿਖੇਧੀ ਕੀਤੀ ਅਤੇ ਇਰਾਨ ਦੇ ਲੋਕਾਂ ਨਾਲ ਹਮਦਰਦੀ ਪ੍ਰਗਟ ਕੀਤੀ।ਇਸ ਮੀਟਿੰਗ ਵਿੱਚ ਬੀਬੀ ਜਸਵਿੰਦਰ ਕੌਰ ਬੋੜਾ,ਤੇਜਿੰਦਰ ਕੌਰ, ਕਸ਼ਮੀਰ ਕੌਰ, ਕਮਲੇਸ਼, ਕਮਲਜੀਤ ਕੌਰ, ਸਿੰਦਰ, ਭੋਲੀ,ਪੂਜਾ ਮਨਪ੍ਰੀਤ ਕੌਰ, ਅੰਨੂ ਰਾਣਾ, ਪਿਆਰੋ, ਸ਼ਾਂਤੀ ਆਦਿ ਹਾਜਰ ਸਨ।

## ਬਾਰਸ਼ ਕਾਰਨ ਕਣਕ ਦੀ ਗੁਣਵੱਤਾ 'ਚ ਆਈ ਖਾਮੀਆਂ 'ਚ ਕੇਂਦਰ ਸਰਕਾਰ ਤੁਰੰਤ ਛੋਟ ਦੇਵੇ : ਲਾਚੋਵਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਕਿਸਾਨ ਇਸ ਸਮੇਂ ਗੰਭੀਰ ਸੰਕਟ ਦਾ ਸਾਹਮਣਾ ਕਰ ਰਹੇ ਹਨ ਇਸ ਸਾਲ ਮੀਂਹ ਦੇ ਦੇਰੀ ਨਾਲ ਪੈਣ ਤੇ ਅਣ ਨਿਯਮਿਤ ਹੋਣ ਕਾਰਨ ਕਣਕ ਦੀ ਗੁਣਵੱਤਾ ਤੇ ਸਿੱਧਾ ਅਸਰ ਪਿਆ ਹੈ ਜਿਸ ਨਾਲ ਦਾਣਿਆਂ ਵਿੱਚ ਦਾਗ, ਸੁੰਗੜਨ ਅਤੇ ਹੋਰ ਖਾਮੀਆਂ ਵੇਖਣ ਨੂੰ ਮਿਲ ਰਹੀਆਂ ਹਨ ਜਿਸ ਦੀ ਖਰੀਦ ਲਈ ਕੇਂਦਰ ਸਰਕਾਰ ਰਾਜਸਥਾਨ ਦੀ ਤਰਜ 'ਤੇ ਤੁਰੰਤ ਛੋਟ ਦੇਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੀ ਮਹੀਨਾ ਵਾਰ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਗੱਲਬਾਤ ਕਰਦਿਆਂ ਹੋਇਆਂ ਕੀਤਾ। ਇਸ ਸਮੇਂ ਲਾਚੋਵਾਲ ਨੇ ਕਿਹਾ ਕਿ



ਮੰਡੀਆਂ ਵਿੱਚ ਕਣਕ ਦੀ ਫਸਲ ਵੱਡੀ ਪੱਧਰ ਤੇ ਆ ਚੁੱਕੀ ਹੈ ਪਰ ਮੰਡੀਆਂ ਵਿੱਚ ਖਰੀਦ ਪ੍ਰਕਿਰਿਆ ਵਿੱਚ ਹੋ ਰਹੀ ਦੇਰੀ ਨੇ ਇਸ ਸੰਕਟ ਨੂੰ ਹੋਰ ਵਧਾ ਦਿੱਤਾ ਹੈ। ਕਿਸਾਨਾਂ ਨੂੰ ਆਪਣੀ ਫਸਲ ਤਲਾਉਣ ਵਿੱਚ ਭਾਰੀ ਦਿੱਕਤਾਂ ਆ ਰਹੀਆਂ ਹਨ। ਕੇਂਦਰ ਸਰਕਾਰ ਵੱਲੋਂ ਇਹਨਾਂ ਦਿੱਕਤਾਂ ਨੂੰ ਦੂਰ ਕਰਨ ਲਈ ਜਲਦ ਛੋਟ ਦੇ ਕੇ ਖਤਮ ਕੀਤਾ ਜਾਣਾ ਚਾਹੀਦਾ ਹੈ।ਇਸ ਸਮੇਂ ਹਰਪ੍ਰੀਤ ਸਿੰਘ ਲਾਲੀ ਪੰਡੋਰੀ ਖਜੂਰ, ਅਕਬਰ ਸਿੰਘ ਬੁਰੇ ਜੱਟਾਂ, ਜਸਪਾਲ ਸਿੰਘ ਰਾਜਾ, ਅਵਤਾਰ ਸਿੰਘ ਖੜਿਆਲਾ ਸੈਣੀਆ, ਸਤਵੰਤ ਸਿੰਘ ਮੁਰਾਦਪੁਰ, ਬਿੱਕਰ ਸਿੰਘ ਸ਼ੇਰਪੁਰ, ਉਪਕਾਰ ਸਿੰਘ ਭੱਕਲਾ, ਜਥੇਦਾਰ ਪ੍ਰੀਤਮ ਸਿੰਘ ਨੰਗਲ ਕਲਾਲ, ਕੇਹਰ ਸਿੰਘ ਸ਼ੇਰਪੁਰ, ਅਰਵਿੰਦਰ ਸਿੰਘ ਅਸਲਪੁਰ, ਲੰਬਰਦਾਰ ਜਗਤ ਸਿੰਘ, ਪਿਰਥੀਪਾਲ ਸਿੰਘ ਸ਼ੇਰਪੁਰ, ਅਮਨਦੀਪ ਸਿੰਘ ਬੈਂਸ ਖੁਰਦ ਆਦਿ ਹਾਜ਼ਰ ਸਨ।

# ਸੜਕਾਂ ਕਿਨਾਰੇ ਵੇਚਿਆ ਜਾ ਰਿਹਾ ਮਿੱਠਾ ਜ਼ਹਿਰ, ਸਰਕਾਰ ਬੇਖਬਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਡਵਿੱਡਾ ਅਹਿਰਾਣਾ ਦੇ ਨਜ਼ਦੀਕ ਫਗਵਾੜਾ-ਹੁਸ਼ਿਆਰਪੁਰ ਰੋਡ 'ਤੇ ਪ੍ਰਵਾਸੀ ਮਜ਼ਦੂਰਾਂ ਵੱਲੋਂ ਚਲਾਏ ਜਾ ਰਹੇ ਗੁੜ ਦੇ ਵੇਲਣਿਆਂ



ਤੇ ਸੜਕ ਦੇ ਕਿਨਾਰਿਆਂ 'ਤੇ ਵੇਚਿਆ ਜਾ ਰਿਹਾ ਹੈ ਮਿੱਠਾ ਜ਼ਹਿਰ ਪਰ ਪ੍ਰਸ਼ਾਸਨ ਕੁੰਭਕਰਨ ਦੀ ਨੀਂਦ ਸੁੱਤਾ ਪਿਆ ਹੈ। ਇਸ ਮੌਕੇ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ ਅਤੇ ਹਮਖਿਆਲੀ ਜਥੇਬੰਦੀਆਂ ਵੱਲੋਂ ਇਕ ਦਿਨ ਪਹਿਲਾਂ ਉਕਤ ਗੰਨੇ ਵਾਲੇ ਵੇਲਣੇ 'ਤੇ ਲਗਭਗ ਇਕ ਸੌ ਬੋਰੀ ਖੰਡ ਦੀ ਫੜ ਲਈ ਸੀ । ਜਿਸ ਦੀ ਵੀਡੀਓ ਵੀ ਇੰਟਰਨੈਟ 'ਤੇ ਲਾਈਵ ਹੋਈ । ਜਿਸ ਦੀ ਜਾਣਕਾਰੀ ਫੋਨ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਨੂੰ ਵੀ ਦਿੱਤੀ ਗਈ। ਪਰ ਉਹਨਾਂ 'ਤੇ ਤੁਰੰਤ ਕਾਰਵਾਈ ਕਰਨ ਦੀ ਬਜਾਏ ਉਸ ਖੰਡ ਨੂੰ ਖੁਰਦ -ਬੁਰਦ ਕਰਵਾ ਦਿੱਤਾ ਜਿਸ ਦੀ ਕਿ ਗੁੜ ਵਿੱਚ ਮਿਲਾਵਟ ਕੀਤੀ ਜਾਂਦੀ ਹੈ ।ਜਿਸ ਤੋਂ ਭੜਕੇ ਇਲਾਕਾ ਨਿਵਾਸੀਆਂ, ਸਮਾਜਿਕ ਜਥੇਬੰਦੀਆਂ, ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਹੁਸ਼ਿਆਰਪੁਰ-ਫਗਵਾੜਾ ਮਾਰਗ 'ਤੇ ਰੋਡ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਤੇ ਪ੍ਰਸ਼ਾਸਨ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ ਅਤੇ ਵੇਲਣੇ ਦੇ ਮਾਲਕ ਦੇ ਖਿਲਾਫ ਸਖਤ ਕਾਰਵਾਈ ਕਰਨੀ ਦੀ ਮੰਗ ਕੀਤੀ। ਇਸ ਮੌਕੇ ਧਰਨਾਕਾਰੀਆਂ ਨਾਲ ਡਾ. ਜਤਿੰਦਰ ਭਾਟੀਆ ਜ਼ਿਲ੍ਹਾ ਸਿਹਤ ਅਫਸਰ ਹੁਸ਼ਿਆਰਪੁਰ ਨੇ ਧਰਨਾਕਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਨਕਲੀ ਗੁੜ ਵੇਚਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਰੋਸ ਧਰਨੇ ਦੌਰਾਨ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਮਿਸ਼ਲ ਸ਼ਹੀਦਾਂ ਤਰਨਾ ਦਲ ਬਜਵਾੜਾ ਕਲਾਂ, ਜਥੇਦਾਰ ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਦੋਆਬਾ ਜਨਰਲ ਕੈਟਾਗਰੀ ਫਰੰਟ ਪੰਜਾਬ, ਜਥੇਦਾਰ ਸੁਰਜੀਤ ਸਿੰਘ ਮਸੂਤਾ ਭੁੰਗਰਨੀ, ਕਾਮਰੇਡ ਜਗਤਾਰ ਸਿੰਘ ਭੁੰਗਰਨੀ, ਪ੍ਰਧਾਨ ਜੈਪਾਲ ਧੀਮਾਨ, ਕਾਮਰੇਡ ਜਸਵੀਰ ਸਿੰਘ ਭਾਮ, ਗੁਰਦਿਆਲ ਸਿੰਘ ਜਲਵੇਹੜਾ, ਮਹਿੰਦਰ ਸਿੰਘ ਸਾਬਕਾ ਸਰਪੰਚ ਖਨੌੜਾ, ਮੰਗਲ ਸਿੰਘ ਜਲਵੇੜਾ ਸਤਨਾਮ ਸਿੰਘ ਸਿੱਦੂ, ਅਵਤਾਰ ਸਿੰਘ ਮਿੱਠੂ, ਦਲਵੀਰ ਸਿੰਘ ਇੰਗਲੈਂਡ, ਮਨਜਿੰਦਰ ਸਿੰਘ ਸੋਨੂ ਟੇਲਰ ਫੁਗਲਾਣਾ, ਹਰਮਨ ਸਿੰਘ ਫਗਲਾਣਾ, ਅਜੀਤ ਸਿੰਘ ਖਨੌੜਾ, ਦਵਿੰਦਰ ਸਿੰਘ ਬਿੰਦਾ ਮੇਹਟੀਆਣਾ, ਮੱਖਣ ਸਿੰਘ ਅਮਰੀਕਾ, ਹਰਜਾਪ ਸਿੰਘ ਮੱਖਣ, ਅਮਨਦੀਪ ਸਿੰਘ ਮੋਨਾ ਕਲਾਂ, ਕਰਨਜੀਤ ਸਿੰਘ ਮੋਨਾ ਕਲਾਂ, ਜਸਪ੍ਰੀਤ ਸਿੰਘ ਫਗਲਾਣਾ, ਸੁੱਖੀ ਭੁੰਗਰਨੀ ,ਕਾਲਾ ਪੰਚ ਆਦਿ ਹਾਜ਼ਰ ਸਨ। ਰਜਿੰਦਰ ਸਿੰਘ ਥਾਣਾ ਮੁਖੀ ਮੇਹਟੀਆਣਾ ਵੀ ਆਪਣੀ ਪੁਲਿਸ ਫੋਰਸ ਨਾਲ ਪਹੁੰਚੇ ਹੋਏ ਸਨ ।

# ਜ਼ਿੰਦਗੀ ਨੂੰ ਨਾਮ ਸਿਮਰਨ ਬਿਨਾ ਵਿਅਰਥ ਨਹੀਂ ਗਵਾਉਣਾ ਚਾਹੀਦਾ : ਬਾਬਾ ਸ਼ੇਰ ਸਿੰਘ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਲੱਖਾਂ ਸਾਲ ਬਾਅਦ ਮਿਲੇ ਇਸ ਇਨਸਾਨੀ ਜਾਮੇ ਨੂੰ ਬਿਨ੍ਹਾਂ ਪ੍ਰਭੂ ਦਾ ਨਾਮ ਸਿਮਰਨ ਕੀਤੇ ਵਿਅਰਥ ਨਹੀਂ ਗਵਾਉਣਾ ਚਾਹੀਦਾ ਹੈ। ਇਨਸਾਨ ਜਨਮ ਲੈਣ ਉਪਰੰਤ ਮੋਹ



ਮਾਇਆ ਦੇ ਜਾਲ ਵਿੱਚ ਫਸ ਕੇ ਚੰਗੇ ਮਾੜੇ ਹਰ ਤਰ੍ਹਾਂ ਦੇ ਫਰੇਬ ਆਦਿ ਕਰਕੇ ਮਾਇਆ ਇਕੱਠੀ ਕਰਨ ਵਿੱਚ ਹੀ ਲੱਗਿਆ ਹੋਇਆ ਹੈ ਜਦਕਿ ਆਖਰੀ ਸਮੇਂ ਸਿਰ ਪ੍ਰਭੂ ਦੇ ਨਾਮ ਸਿਮਰਨ ਤੋਂ ਇਲਾਵਾ ਹੋਰ ਕੁਝ ਵੀ ਨਾਲ ਨਹੀਂ ਜਾਣਾ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ ਤੇ ਦੂਸਰਾ ਕਲੀਅਰ ਸ਼ਰੀਫ ਦਰਬਾਰ ਅਹਿਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ 'ਚ ਹਾਜ਼ਰ ਸੰਗਤ ਦੇ ਇਕੱਠ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਘੋੜਿਆਂ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਨਿਹਾਲ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਦੁਨੀਆਂ ਦਾ ਹਰ ਇਨਸਾਨ ਕਿਸੇ ਨਾ ਕਿਸੇ ਕਾਰਨ ਦੁਖੀ ਹੈ ਅਤੇ ਇਨ੍ਹਾਂ ਦੁੱਖਾਂ ਤੋਂ ਛੁਟਕਾਰਾ ਪਾਉਣ ਲਈ ਇਨਸਾਨ ਨੂੰ ਦੁਨੀਆਂ ਦੇ ਸਵਾਰਥਾਂ ਵਿੱਚ ਭਟਕ ਰਹੇ ਮਨ ਨੂੰ ਆਪਣੇ ਕੰਟਰੋਲ ਵਿੱਚ ਕਰਕੇ ਪ੍ਰਭੂ ਦੇ ਨਾਮ ਸਿਮਰਨ ਨਾਲ ਜੋੜਨਾ ਪਵੇਗਾ।ਬਾਬਾ ਸ਼ੇਰ ਸਿੰਘ ਜੀ ਨੇ ਆਪਣੇ ਪ੍ਰਵਚਨਾਂ ਰਾਹੀਂ ਕਿਹਾ ਕਿ ਇਨਸਾਨ ਵੱਲੋਂ ਜਾਣੇ ਅਣਜਾਣੇ ਵਿੱਚ ਕੀਤੇ ਗਏ ਮਾੜੇ ਚੰਗੇ ਕਰਮਾਂ ਦਾ ਹਿਸਾਬ ਤਾਂ ਦੇਣਾ ਹੀ ਪਵੇਗਾ। ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਜੀਵਨ ਵਿੱਚ ਚੰਗੇ ਕਰਮ ਕਰਦੇ ਹੋਏ ਨਾਮ ਸਿਮਰਨ ਜਰੂਰ ਕਰਨਾ ਚਾਹੀਦਾ ਹੈ ਤਾਂ ਜੋ ਇਸ 84 ਦੇ ਗੇੜ ਤੋਂ ਹਮੇਸ਼ਾ ਲਈ ਛੁਟਕਾਰਾ ਮਿਲ ਸਕੇ। ਉਨ੍ਹਾਂ ਕਿਹਾ ਕਿ ਅਜੋਕੇ ਯੁੱਗ ਵਿੱਚ ਹਰ ਇਨਸਾਨ ਮੈਂ ਮੇਰੀ ਵਿੱਚ ਹੀ ਲੱਗਿਆ ਹੋਇਆ ਹੈ ਜਦਕਿ ਅਹੰਕਾਰ ਪ੍ਰਭੂ ਸਿਮਰਨ ਨੂੰ ਇਨਸਾਨ ਤੋਂ ਕੋਸੋ ਦੂਰ ਕਰ ਦਿੰਦਾ ਹੈ ਇਸ ਲਈ ਅੰਹਕਾਰ ਤਿਆਗ ਕੇ ਹਰ ਇਨਸਾਨ ਨੂੰ ਪ੍ਰਭੂ ਸਿਮਰਨ ਨਾਲ ਜੁੜਨਾ ਚਾਹੀਦਾ ਹੈ।

## ਡਾ. ਬੀ. ਆਰ ਅੰਬੇਡਕਰ ਵੈਲਫੇਅਰ ਸੋਸਾਇਟੀ ਨੇ ਲੰਗਰ ਲਗਾਇਆ

**ਆਦਮਪੁਰ (ਪਰਮਜੀਤ ਸਿੰਘ)**- ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਨ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਡਾ. ਬੀ ਆਰ ਅੰਬੇਡਕਰ ਵੈਲਫੇਅਰ ਸੋਸਾਇਟੀ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਜਿਸ ਦੌਰਾਨ ਹਲਕਾ ਵਿਧਾਇਕ ਆਦਮਪੁਰ ਸੁਖਵਿੰਦਰ ਸਿੰਘ ਕੋਟਲੀ ਤੇ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ



ਦੇ ਜ਼ਿਲ੍ਹਾ ਪ੍ਰਧਾਨ ਰਵੀ ਚੁੰਬਰ ਅਤੇ ਸ਼ਹਿਰੀ ਪ੍ਰਧਾਨ ਆਦਮਪੁਰ ਬੱਬੀ ਬੰਗਾ ਆਦਮਪੁਰ ਤੇ ਸਮੂਹ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਬਾਬਾ ਸਾਹਿਬ ਦੇ ਜਨਮ ਦਿਵਸ ਨੂੰ ਸਮਰਪਿਤ ਛਬੀਲ ਤੇ ਛੋਲੇ ਪੂਰੀਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਜੱਗੀ ਸਲਾਲਾ, ਸਰਪੰਚ ਰਾਕੇਸ਼ ਕੁਮਾਰ, ਹੈਪੀ ਸਲਾਲਾ, ਵਿੱਕੀ, ਵਰਿੰਦਰ ਸਲਾਲਾ, ਮੰਨੀ ਖੋਜਕੀਪੁਰ, ਬਿੱਲਾ ਸਾਲਾਲਾ, ਚੋਪੜਾ ਸਟੂਡੀਓ, ਜਸਵੀਰ ਕੈਨੇਡਾ, ਸ਼ਰਨ, ਅਮਨ, ਸੋਨੂ, ਵਿੱਕੀ, ਰਵੀ, ਬੱਬੂ, ਰਾਣਾ, ਲਵਲੀ, ਬਾਂਟੀ, ਜੋਲੀ, ਅਮਨ, ਬਿੱਲਾ ਔਜਲਾ, ਲੱਕੀ, ਇਟਲੀ, ਆਕਾਸ਼, ਅਮਨਦੀਪ ਅਤੇ ਹੋਰ ਹਾਜ਼ਰ ਸਨ।

# ਵਿਦਿਆਰਥੀਆਂ ਵੱਲੋਂ ਹਾਈਟੈਕ ਆਟੋਮੋਟਿਵ ਸਕਿੱਲ ਡਿਵੈਲਪਮੈਂਟ ਅਕੈਡਮੀ ਦਾ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਿੰਸੀਪਲ ਡਾ. ਜਗਰੂਪ ਸਿੰਘ ਤੇ ਪ੍ਰੀਤ ਕੰਵਲ, ਇੰਚਾਰਜ, ਈ ਸੀ ਈ ਵਿਭਾਗ ਦੀ ਅਗਵਾਈ ਤੇ ਯੋਗ ਅਗਵਾਈ ਹੇਠ, ਈ ਸੀ ਈ ਵਿਭਾਗ



ਦੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਹਾਈਟੈਕ ਆਟੋਮੋਟਿਵ ਸਕਿੱਲ ਡਿਵੈਲਪਮੈਂਟ ਅਕੈਡਮੀ ਖੰਨਾ ਦਾ ਦੌਰਾ ਕੀਤਾ। ਅਕੈਡਮੀ ਦੇ ਸੀ ਈ ਓ ਇੰਜੀਨੀਅਰ ਪ੍ਰਤਾਪ ਸਿੰਘ ਨੇ ਸਾਰੇ ਭਾਗੀਦਾਰਾਂ ਦਾ ਨਿੱਘਾ ਸਵਾਗਤ ਕੀਤਾ। ਈ ਸੀ ਐੱਮ/ਈ ਸੀ ਯੂ (ਇੰਜਣ ਕੰਟਰੋਲ ਯੂਨਿਟ) ਦੇ ਕੰਮਕਾਜ, ਨਿਦਾਨ ਤੇ ਮੁਰੰਮਤ ਦੇ ਨਾਲ-ਨਾਲ ਈ ਵੀ ਸੈਂਸਰਾਂ ਤੇ ਚਾਰਜਿੰਗ ਮੋਡੀਊਲਾਂ ਦੇ ਕਾਰਜਸ਼ੀਲ ਸਿਧਾਂਤਾਂ ਤੇ ਉਪਯੋਗਾਂ ਬਾਰੇ ਡੂੰਘਾਈ ਨਾਲ ਗਿਆਨ ਪ੍ਰਦਾਨ ਕਰਨ ਲਈ ਇੱਕ ਤਕਨੀਕੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਸ਼ਨ ਦੌਰਾਨ, ਐਸ. ਜਗਜੀਤ ਸਿੰਘ (ਡਾਇਰੈਕਟਰ), ਐਸ. ਗੁਰਦਰਸ਼ਨ ਸਿੰਘ (ਸਹਾਇਕ ਡਾਇਰੈਕਟਰ) ਅਤੇ ਮੈਡਮ ਸਿਮਰਨ ਨੇ ਈ ਸੀ ਐੱਮ/ਈ ਸੀ ਯੂ ਸਿਸਟਮਾਂ ਦੇ ਅੰਦਰੂਨੀ ਢਾਂਚੇ ਅਤੇ ਸੰਚਾਲਨ ਬਾਰੇ ਦੱਸਿਆ । ਸੈਮੀਨਾਰ ਤੋਂ ਬਾਅਦ, ਵਿਦਿਆਰਥੀਆਂ ਨੂੰ ਰੀਅਲ-ਟਾਈਮ ਈ ਸੀ ਐੱਮ/ ਈ ਸੀ ਯੂ ਮੁਰੰਮਤ ਪ੍ਰਕਿਰਿਆਵਾਂ, ਡਾਇਗਨੌਸਟਿਕ ਟੂਲਸ ਅਤੇ ਈ ਵੀ ਸੈਂਸਰ ਏਕੀਕਰਨ ਪ੍ਰਣਾਲੀਆਂ ਦਾ ਵਿਹਾਰਕ ਅਨੁਭਵ ਪ੍ਰਦਾਨ ਕਰਨ ਲਈ ਵਰਕਸ਼ਾਪ ਦਾ ਇੱਕ ਉਦਯੋਗਿਕ ਦੌਰਾ ਆਯੋਜਿਤ ਕੀਤਾ ਗਿਆ ਸੀ। ਇਹ ਦੌਰਾ ਬਹੁਤ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਸਾਬਤ ਹੋਇਆ ਤੇ ਇਲੈਕਟ੍ਰਿਕ ਵਾਹਨ ਖੇਤਰ ਵਿੱਚ ਭਵਿੱਖ ਦੇ ਕਰੀਅਰ ਵਿੱਚ ਲਾਗੂ ਕੀਤਾ ਜਾ ਸਕਦਾ ਹੈ।

# ਇੰਪੀਰੀਅਲ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ

**ਆਦਮਪੁਰ (ਪਰਮਜੀਤ ਸਿੰਘ)**- ਇੰਪੀਰੀਅਲ ਸਕੂਲ, ਗ੍ਰੀਨ ਕੈਂਪਸ ਦੇ ਵਿਦਿਆਰਥੀਆਂ ਨੇ ਦੀ 10ਵੀਂ ਦੀ ਬੋਰਡ ਪ੍ਰੀਖਿਆ ਦੇ ਨਤੀਜਿਆਂ ਵਿੱਚ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਇੱਕ ਵਾਰ ਫਿਰ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਾਲ, ਸਕੂਲ ਨੇ 100% ਪਾਸ ਪ੍ਰਤੀਸ਼ਤਤਾ ਪ੍ਰਾਪਤ ਕੀਤੀ, ਜੋ ਕਿ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ। ਸਕੂਲ ਦੇ ਟਾਪਰ ਅਰਪਿਤ ਸਿੰਘ ਰਾਵਤ ਅਤੇ ਵਿਸ਼ਾਖਾ ਨੇ 91% ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਪਹਿਲਾ ਸਥਾਨ ਪ੍ਰਾਪਤ ਕੀਤਾ। ਹਰਜੋਤ ਨੇ 89.4%, ਆਰੁਸ਼ ਕੁਮਾਰ ਅਤੇ ਆਯੁਸ਼ ਸ਼ਰਮਾ ਨੇ 88.6%, ਆਕਾਸ਼ਦੀਪ ਅਤੇ ਪ੍ਰਭਸਿਮਰਨ ਨੇ 87.6%, ਪ੍ਰਣਵ ਨੇ 87% ਅਤੇ ਮਨਦੀਪ ਨੇ 85.8% ਅੰਕ ਪ੍ਰਾਪਤ




ਕਰਕੇ ਸਕੂਲ ਦਾ ਮਾਣ ਵਧਾਇਆ। ਹਰਜੋਤ ਅਤੇ ਮਨਦੀਪ ਨੇ ਪੰਜਾਬੀ ਵਿੱਚ ਬਹੁਤ ਵਧੀਆ ਪ੍ਰਦਰਸ਼ਨ ਕੀਤਾ, 99% ਅੰਕ ਪ੍ਰਾਪਤ ਕੀਤੇ। ਅਰਪਿਤ ਸਿੰਘ ਰਾਵਤ ਨੇ 97% ਅਤੇ ਆਯੁਸ਼ ਨੇ ਗਣਿਤ ਵਿੱਚ 93% ਅੰਕ ਪ੍ਰਾਪਤ ਕੀਤੇ। ਆਕਾਸ਼ਦੀਪ ਨੇ ਆਈ ਟੀ ਸਟ੍ਰੀਮ ਵਿੱਚ 95% ਨਾਲ ਟਾਪ ਕੀਤਾ, ਉਸ ਤੋਂ ਬਾਅਦ ਆਰੁਸ਼ ਕੁਮਾਰ ਅਤੇ ਪ੍ਰਣਵ ਨੇ 94% ਨਾਲ। ਵਿਗਿਆਨ ਵਿੱਚ, ਅਰਪਿਤ ਸਿੰਘ ਰਾਵਤ ਨੇ 93% ਤੇ ਪ੍ਰਭਸਿਮਰਨ ਨੇ 89% ਅੰਕ ਪ੍ਰਾਪਤ ਕੀਤੇ। ਵਿਸ਼ਾਖਾ ਨੇ ਅੰਗਰੇਜ਼ੀ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, 96% ਅੰਕ ਪ੍ਰਾਪਤ ਕੀਤੇ, ਜਦੋਂ ਕਿ ਹਰਜੋਤ ਅਤੇ ਪ੍ਰਭਸਿਮਰਨ ਨੇ ਹਰੇਕ ਨੇ 93% ਅੰਕ ਪ੍ਰਾਪਤ ਕੀਤੇ। ਸਮਾਜਿਕ ਵਿਗਿਆਨ ਵਿੱਚ, ਆਰੁਸ਼ ਕੁਮਾਰ ਨੇ 90% ਤੇ ਆਯੁਸ਼ ਸ਼ਰਮਾ ਨੇ 88% ਅੰਕ ਪ੍ਰਾਪਤ ਕੀਤੇ। ਆਰੁਸ਼ ਕੁਮਾਰ ਅਤੇ ਆਯੁਸ਼ ਸ਼ਰਮਾ ਨੇ ਸੰਸਕ੍ਰਿਤ ਵਿੱਚ 81% ਅਤੇ ਆਰੁਸ਼ ਕੁਮਾਰ ਅਤੇ ਵਿਸ਼ਾਖਾ ਨੇ ਹਿੰਦੀ ਵਿੱਚ 87% ਅੰਕ ਪ੍ਰਾਪਤ ਕੀਤੇ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰਾਜਵਿੰਦਰ ਪਾਲ ਨੇ ਇਸ ਸ਼ਾਨਦਾਰ ਪ੍ਰਾਪਤੀ ਤੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੇ ਮਾਰਗਦਰਸ਼ਨ ਦਾ ਨਤੀਜਾ ਹੈ।

# ਕਮਿਸ਼ਨਰ ਵੱਲੋਂ ਸੰਗਠਿਤ ਠੋਸ ਕਚਰਾ ਪ੍ਰਬੰਧਨ ਪ੍ਰੋਜੈਕਟ ਦਾ ਮੁਆਇਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਪਿੰਡ ਸਮਗੌਲੀ ਵਿਖੇ ਸੰਗਠਿਤ ਠੋਸ ਕਚਰਾ ਪ੍ਰਬੰਧਨ ਪ੍ਰੋਜੈਕਟ ਦਾ ਮੌਕਾ ਮੁਆਇਨਾ ਕਮਿਸ਼ਨਰ, ਮਿਊਂਸਪਲ ਕਾਰਪੋਰੇਸ਼ਨ ਮੋਹਾਲੀ ਸ੍ਰੀ ਸੰਦੀਪ ਸਿੰਘ ਗਾੜ੍ਹਾ ਵੱਲੋਂ ਕੀਤਾ ਗਿਆ।ਇਸ ਮੌਕੇ



ਉਨ੍ਹਾਂ ਦੇ ਨਾਲ ਜੁਆਇੰਟ ਕਮਿਸ਼ਨਰ ਜਸਜੀਤ ਸਿੰਘ ਅਤੇ ਮੁੱਖ ਇੰਜੀਨੀਅਰ ਨਰੇਸ਼ ਬੱਤਾ ਤੋਂ ਇਲਾਵਾ ਕੁਰਾਲੀ, ਬਨੂੰੜ, ਡੇਰਾਬੱਸੀ ਤੇ ਲਾਲੜੂ ਨਗਰ ਕੌਂਸਲਾਂ ਦੇ ਕਾਰਜਕਾਰੀ ਅਧਿਕਾਰੀਆਂ ਤੋਂ ਇਲਾਵਾ ਪੀ ਐਮ ਆਈ ਡੀ ਸੀ (ਪੰਜਾਬ ਮਿਊਂਸਿਪਲ ਇੰਫਰਾਸਟ੍ਰਕਚਰ ਡਿਵੈਲਪਮੈਂਟ ਕੰਪਨੀ) ਤੋਂ ਪਰੇਸ਼ ਜਿੰਦਲ ਵੀ ਹਾਜ਼ਰ ਸਨ।ਇਹ ਪ੍ਰੋਜੈਕਟ ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ) ਦੀਆਂ ਸਾਰੀਆਂ ਅਰਬਨ ਲੋਕਲ ਬਾਡੀਜ਼ (ਨਗਰ ਨਿਗਮ ਤੇ ਨਗਰ ਕੌਂਸਲਾਂ) ਲਈ ਕਲੱਸਟਰ ਅਧਾਰਿਤ ਵਿਗਿਆਨਕ ਕਚਰਾ ਪ੍ਰਕਿਰਿਆ ਪ੍ਰਬੰਧਨ ਅਤੇ ਨਿਪਟਾਰੇ ਦੀ ਸੁਵਿਧਾ ਵਜੋਂ ਸਮਗੌਲੀ ਵਿਖੇ 39 ਏਕੜ ਵਿੱਚ ਵਿਕਸਿਤ ਕੀਤਾ ਜਾ ਰਿਹਾ ਹੈ। ਇਸ ਦਾ ਉਦੇਸ਼ ਸੰਗਠਿਤ ਪ੍ਰਣਾਲੀ ਰਾਹੀਂ ਕਚਰੇ ਨੂੰ ਇਕੱਠਾ ਕਰਨਾ, ਛਾਂਟਣਾਂ, ਬਿਜਲੀ ਉਤਪਾਦਨ, ਖਾਦ ਤਿਆਰ ਕਰਨ ਅਤੇ ਸੁਰੱਖਿਅਤ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣਾ ਹੈ।ਇਸ ਦੌਰੇ ਦੌਰਾਨ ਸਾਈਟ ਦਾ ਜਾਇਜ਼ਾ ਲਿਆ ਗਿਆ ਅਤੇ ਵੱਖ-ਵੱਖ ਸਥਾਨਕ ਸਰਕਾਰ ਸੰਸਥਾਵਾਂ (ਨਗਰ ਕੌਂਸਲਾਂ) ਨੂੰ ਸੌਂਪੇ ਗਏ ਕੰਮਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਪ੍ਰੋਜੈਕਟ ਵਿੱਚ ਸੈਕੰਡਰੀ ਕਲੈਕਸ਼ਨ ਅਤੇ ਟ੍ਰਾਂਸਪੋਰਟੇਸ਼ਨ ਪ੍ਰਣਾਲੀ, ਪ੍ਰੀ-ਪ੍ਰੋਸੈਸਿੰਗ ਯੂਨਿਟ, ਮਟੀਰੀਅਲ ਰਿਕਵਰੀ ਫੈਸਿਲਟੀ (ਐੱਮ ਆਰ ਐੱਫ), ਵੇਸਟ-ਟੂ-ਐਨਰਜੀ ਪਲਾਂਟ, ਕੰਪ੍ਰੈੱਸਡ ਬਾਇਓਗੈਸ (ਸੀ ਬੀ ਜੀ) ਯੂਨਿਟ, ਵਿੰਡ-ਰੋਅ ਕੰਪੋਸਟਿੰਗ, ਸੈਨਿਟਰੀ ਲੈਂਡਫਿੱਲ ਤੇ 'ਲੀਚੇਟ ਟ੍ਰੀਟਮੈਂਟ' ਪਲਾਂਟ ਸ਼ਾਮਲ ਹੋਣਗੇ।

# ਜਿੰਪਾ ਤੇ ਇਸ਼ਾਂਕ ਕੁਮਾਰ ਨੇ ਦਾਣਾ ਮੰਡੀ 'ਚ ਸ਼ੁਰੂ ਕਰਵਾਈ ਕਣਕ ਦੀ ਖਰੀਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਸਥਾਨਕ ਦਾਣਾ ਮੰਡੀ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ ਤੇ ਮੰਡੀਆਂ ਵਿਚ ਫ਼ਸਲ ਦੀ ਵਿਕਰੀ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਚੱਬੇਵਾਲ ਨੇ ਪਿੰਡ ਡਾਡਾ ਦੇ ਕਿਸਾਨ ਬਲਵਿੰਦਰ ਸਿੰਘ ਦੀ ਢੇਰੀ ਦੀ ਖਰੀਦ ਕਰਵਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਰਾਜ ਸਰਕਾਰ ਨੇ ਕਈ ਅਹਿਮ ਕਿਸਾਨ ਪੱਖੀ ਫੈਸਲਿਆਂ 'ਤੇ ਮੋਹਰ ਲਾਈ ਹੈ ਜਿਸ ਨਾਲ ਸੂਬੇ ਭਰ ਵਿਚ ਕਿਸਾਨਾਂ ਨੂੰ ਬੇਹੱਦ ਲਾਭ ਮਿਲ ਰਿਹਾ ਹੈ।



ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੰਜਾਬ ਨੇ ਦੇਸ਼ ਦੇ ਅੰਨ ਭੰਡਾਰ ਭਰਨ ਵਿਚ ਹਮੇਸ਼ਾ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਪੰਜਾਬ ਸਰਕਾਰ ਕਿਸਾਨਾਂ ਦੀ ਫ਼ਸਲ ਦੀ ਖਰੀਦ ਬਦਲੇ ਨਿਰਧਾਰਤ ਸਮੇਂ ਦੇ ਵਿੱਚ-ਵਿੱਚ ਅਦਾਇਗੀਆਂ ਨੂੰ ਯਕੀਨੀ ਬਣਾ ਰਹੀ ਹੈ। ਜ਼ਿਕਰਯੋਗ ਹੈ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿਚ ਹੁਣ ਤੱਕ 5200 ਮੀਟ੍ਰਿਕ ਟਨ ਤੋਂ ਵੱਧ ਕਣਕ ਦੀ ਆਮਦ ਹੋ ਚੁੱਕੀ ਹੈ ਜਿਸ ਵਿਚੋਂ 1610 ਮੀਟ੍ਰਿਕ ਟਨ ਤੋਂ ਵੱਧ ਕਣਕ ਖਰੀਦੀ ਜਾ ਚੁੱਕੀ ਹੈ। ਜ਼ਿਲ੍ਹੇ ਵਿਚ ਕੁੱਲ 78 ਮੰਡੀਆਂ ਵਿਚੋਂ 46 ਮੰਡੀਆਂ ਵਿਚ ਕਿਸਾਨਾਂ ਵਲੋਂ ਕਣਕ ਲਿਆਂਦੀ ਜਾ ਚੁੱਕੀ ਹੈ ਅਤੇ ਸਬੰਧਤ ਅਧਿਕਾਰੀ ਖਰੀਦ ਪ੍ਰਕਿਰਿਆ ਨੂੰ ਮੁਕੰਮਲ ਕਰ ਰਹੇ ਹਨ।

# ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਸ਼ਿਕਾਇਤਾਂ ਦਾ ਤੇਜੀ ਨਾਲ ਕੀਤਾ ਜਾ ਰਿਹਾ ਨਿਪਟਾਰਾ : ਗੜ੍ਹੀ

**ਫਿਲੌਰ (ਨਿਰਮਲ, ਹਰਜਿੰਦਰ ਕੌਰ ਚਾਹਲ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵੱਲੋਂ ਇਥੇ ਮਹਾਰਾਜਾ ਰਣਜੀਤ



ਸਿੰਘ ਪੰਜਾਬ ਪੁਲਿਸ ਐਕਡਮੀ ਵਿਖੇ ਐੱਸ ਸੀ/ਐੱਸ ਟੀ. ਅੱਤਿਆਚਾਰ ਰੋਕੂ ਐਕਟ-1989 ਸੰਬੰਧੀ ਪੁਲਿਸ ਅਧਿਕਾਰੀਆਂ ਦੀ ਕਰਵਾਈ ਗਈ ਟ੍ਰੇਨਿੰਗ ਵਰਕਸ਼ਾਪ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਵਰਕਸ਼ਾਪ ਉਪਰੰਤ ਗੱਲਬਾਤ ਕਰਦਿਆਂ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਪਾਸ ਸਾਲਾਨਾ ਪੱਧਰ 'ਤੇ ਵੱਡੀ ਗਿਣਤੀ ਵਿੱਚ ਸ਼ਿਕਾਇਤਾਂ ਪੁੱਜਦੀਆਂ ਹਨ, ਜਿਨ੍ਹਾਂ ਵਿੱਚ ਪੁਲਿਸ ਵਿਭਾਗ ਨਾਲ ਸਬੰਧਿਤ ਸ਼ਿਕਾਇਤਾਂ ਵੀ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਅਜਿਹੇ ਮਾਮਲਿਆਂ ਦੇ ਜ਼ਮੀਨੀ ਪੱਧਰ 'ਤੇ ਅਤੇ ਤੇਜ਼ੀ ਨਾਲ ਨਿਪਟਾਰੇ ਦੇ ਉਦੇਸ਼ ਨਾਲ ਪੰਜਾਬ ਸਰਕਾਰ, ਐੱਸ ਸੀ ਕਮਿਸ਼ਨ ਤੇ ਪੁਲਿਸ ਵਿਭਾਗ ਵੱਲੋਂ ਵਿਸਥਾਰਤ ਚਰਚਾ ਉਪਰੰਤ ਪੁਲਿਸ ਅਧਿਕਾਰੀਆਂ ਦੀ ਟ੍ਰੇਨਿੰਗ ਦਾ ਉਪਰਾਲਾ ਕੀਤਾ ਗਿਆ ਹੈ, ਜਿਸ ਤਹਿਤ ਉਨ੍ਹਾਂ ਨੂੰ ਐੱਸ ਸੀ/ਐੱਸ ਟੀ ਅੱਤਿਆਚਾਰ ਰੋਕੂ ਐਕਟ ਬਾਰੇ ਟ੍ਰੇਨਿੰਗ ਮੁਹੱਈਆ ਕਰਵਾਈ ਜਾ ਰਹੀ ਹੈ। ਗੜ੍ਹੀ ਨੇ ਕਿਹਾ ਕਿ ਇਸ ਟ੍ਰੇਨਿੰਗ ਦਾ ਮਕਸਦ ਐੱਸ ਸੀ/ਐੱਸ ਟੀ ਅੱਤਿਆਚਾਰ ਰੋਕੂ ਐਕਟ ਦੇ ਪ੍ਰਭਾਵਸ਼ਾਲੀ ਅਮਲ ਲਈ ਪੁਲਿਸ ਅਧਿਕਾਰੀਆਂ ਨੂੰ ਇਸ ਕਾਨੂੰਨ ਸਬੰਧੀ ਵਿਸਥਾਰ ਨਾਲ ਜਾਣਕਾਰੀ ਦੇਣਾ, ਸੰਵੇਦਨਸ਼ੀਲ ਮਾਮਲਿਆਂ ਵਿੱਚ ਐਕਟ ਅਨੁਸਾਰ ਕਾਰਵਾਈ ਯਕੀਨੀ ਬਣਾਉਣਾ ਤੇ ਇਸ ਐਕਟ ਪ੍ਰਤੀ ਜਾਗਰੂਕਤਾ ਵਧਾਉਣਾ ਹੈ। ਉਨ੍ਹਾਂ ਕਿਹਾ ਕਿ ਇਸ ਸਦਕਾ ਪੁਲਿਸ ਵਿਭਾਗ ਨਾਲ ਸਬੰਧਤ ਸ਼ਿਕਾਇਤਾਂ ਨੂੰ ਘੱਟ ਕਰਨ ਵਿੱਚ ਮਦਦ ਮਿਲੇਗੀ।ਉਨ੍ਹਾਂ ਦੱਸਿਆ ਕਿ ਸੈਸ਼ਨ ਵਿੱਚ 78 ਦੇ ਕਰੀਬ ਡੀ ਐੱਸ ਪੀ ਪੱਧਰ ਦੇ ਪੁਲਿਸ ਅਧਿਕਾਰੀਆਂ ਨੂੰ ਟ੍ਰੇਨਿੰਗ ਦਿੱਤੀ ਗਈ। ਇਸ ਤੋਂ ਇਲਾਵਾ ਟ੍ਰੇਨਿੰਗ ਸੈਸ਼ਨ ਵਿੱਚ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਸੀਨੀਅਰ ਵਕੀਲ ਸਾਹਿਬਾਨ ਵਲੋਂ ਵੀ ਸ਼ਮੂਲੀਅਤ ਕੀਤੀ।

# ਹਰਗੁਣ ਨੇ ਦਸਵੀਂ 'ਚ 97.8 ਫ਼ੀਸਦੀ ਅੰਕ ਪ੍ਰਾਪਤ ਕੀਤੇ



**ਕਪੂਰਥਲਾ (ਹਨੀ)**- ਸੀ ਬੀ ਐੱਸ ਈ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ 'ਚ ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਨੇ ਦੱਸਿਆ ਕਿ ਦਸਵੀਂ ਦੀ ਪ੍ਰੀਖਿਆ ਵਿੱਚ ਸਕੂਲ ਦੇ 67 ਵਿਦਿਆਰਥੀਆਂ ਨੇ ਭਾਗ ਲਿਆ ਤੇ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ। ਉਹਨਾਂ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਅਦਾਰੇ ਲਈ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਹਰਗੁਣ ਕੌਰ 97.8 ਫ਼ੀਸਦੀ ਅੰਕਾਂ ਨਾਲ ਪਹਿਲੇ, ਮਨਵੀਰ ਕੌਰ ਨੇ 95.2 ਫ਼ੀਸਦੀ ਅੰਕਾਂ ਨਾਲ ਦੂਜੇ, ਦਿਵਜੋਤ ਕੌਰ 94.8 ਫ਼ੀਸਦੀ ਅੰਕਾਂ ਨਾਲ ਤੀਜੇ, ਗੁਰਸਿਮਰਤ ਕੌਰ ਨੇ 92.6 ਫ਼ੀਸਦੀ ਅੰਕਾਂ ਨਾਲ ਚੌਥੇ ਅਤੇ ਸੋਨੀਆ ਕੁਮਾਰੀ ਨੇ 90.4 ਫ਼ੀਸਦੀ ਅੰਕਾਂ ਨਾਲ ਪੰਜਵੇਂ ਸਥਾਨ 'ਤੇ ਰਹੀ। ਉਨ੍ਹਾਂ ਦੱਸਿਆ ਕਿ 7 ਵਿਦਿਆਰਥੀਆਂ ਨੇ 90 ਫ਼ੀਸਦੀ ਤੋਂ ਵੱਧ, 17 ਵਿਦਿਆਰਥੀਆਂ 80 ਫ਼ੀਸਦੀ ਤੋਂ ਵੱਧ ਅਤੇ 19 ਵਿਦਿਆਰਥੀਆਂ ਨੇ 70 ਫ਼ੀਸਦੀ ਤੋਂ ਵੱਧ ਅੰਕ ਹਾਸਲ ਕਰਕੇ ਅਦਾਰੇ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਡਿੰਪਲ ਸ਼ਰਮਾ ਨੇ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ ਮੈਂਬਰਾਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ।

# ਅੰਬੇਡਕਰ ਟਰੱਸਟ ਵੱਲੋਂ ਬੱਚਿਆਂ ਨੂੰ ਸਟੇਸ਼ਨਰੀ ਵੰਡੀ

**ਅਲਾਵਲਪੁਰ (ਮਦਨ ਬੰਗੜ)**- ਡਾ. ਬੀ ਆਰ ਅੰਬੇਡਕਰ ਐਜੂਕੇਸ਼ਨਲ ਟਰੱਸਟ (ਰਜਿ.) ਧੋਗੜੀ ਵੱਲੋਂ ਭਾਰਤ ਦੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ



ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਕੂਲੀ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਲਈ ਉਨ੍ਹਾਂ ਨੂੰ ਕਾਪੀਆਂ ਤੇ ਹੋਰ ਸਟੇਸ਼ਨਰੀ ਵੰਡ ਕੇ ਸਨਮਾਨਤ ਕੀਤਾ ਗਿਆ।ਇਸ ਦੌਰਾਨ ਟਰੱਸਟ ਦੇ ਪ੍ਰਬੰਧਕਾਂ ਨੇ ਕਿਹਾ ਕਿ ਬਾਬਾ ਸਾਹਿਬ ਦਾ ਸੁਪਨਾ ਸੀ ਕਿ ਸਮਾਜ ਦਾ ਹਰ ਬੱਚਾ ਸਿੱਖਿਆ ਪ੍ਰਾਪਤ ਕਰਕੇ ਉੱਚੀਆਂ ਮੰਜ਼ਿਲਾਂ ਹਾਸਲ ਕਰੇ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਵੱਲ ਪ੍ਰੇਰਿਤ ਕਰਨਾ ਹੀ ਅਸਲ ਸਨਮਾਨ ਹੈ ਅਤੇ ਇਸੇ ਉਦੇਸ਼ ਨਾਲ ਇਹ ਉਪਰਾਲਾ ਕੀਤਾ ਗਿਆ ਹੈ। ਟਰੱਸਟ ਵੱਲੋਂ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ 18 ਅਪ੍ਰੈਲ ਨੂੰ ਬਾਬਾ ਸਾਹਿਬ ਦੇ ਜਨਮ ਦਿਵਸ ਦੀ ਖੁਸ਼ੀ ਵਿੱਚ ਵਿਸ਼ਾਲ ਚੇਤਨਾ ਮਾਰਚ ਕੱਢਿਆ ਜਾਵੇਗਾ, ਜਦਕਿ 19 ਅਪ੍ਰੈਲ ਨੂੰ ਮੁੱਖ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂ ਸ਼ਿਰਕਤ ਕਰਨਗੇ।ਇਸ ਮੌਕੇ ਪ੍ਰਧਾਨ ਹਰਚੰਦ ਸਿੰਘ, ਸੁਖਵਿੰਦਰ, ਵਿੱਕੀ, ਧਰਮਪਾਲ, ਅਵਤਾਰ ਚੰਦ, ਜੋਗਿੰਦਰ ਸਿੰਘ, ਹਰਦੀਪ, ਹਰਜੀਤ, ਰਾਮ ਗੋਪਾਲ, ਮਨੀਸ਼, ਪਿੰਦਰਜੀਤ, ਸੱਤਪਾਲ, ਗੋਰਖਾ, ਮਨੋਜ, ਸੰਜੀਵ ਕੁਮਾਰ, ਸੰਦੀਪ ਕੁਮਾਰ, ਰਾਮ ਕਿਸਨ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਅਤੇ ਟਰੱਸਟ ਮੈਂਬਰ ਮੌਜੂਦ ਸਨ।

# ਵਿਧਾਇਕ ਨੇ ਕਣਕ ਦੀ ਖਰੀਦ ਦਾ ਲਿਆ ਜਾਇਜ਼ਾ



**ਬੰਗਾ (ਅਵਤਾਰ ਕਲੇਰ)** ਵਿਧਾਇਕ ਬੰਗਾ ਡਾ ਸੁਖਵਿੰਦਰ ਕੁਮਾਰ ਸੁੱਖੀ ਨੇ ਦਾਣਾ ਮੰਡੀ ਬੰਗਾ ਵਿਖੇ ਚੱਲ ਰਹੇ ਕਣਕ ਦੀ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ। ਇਸ ਮੌਕੇ 'ਤੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੀ ਹਾਜ਼ਰ ਸਨ। ਡਾ. ਸੁੱਖੀ ਨੇ ਕਿਹਾ ਕਿ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਲਾਗੂ ਕੀਤੇ ਗਏ ਹਨ। ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਰਹੇਗੀ। ਡਾ. ਸੁੱਖੀ ਨੇ ਦੱਸਿਆ ਕਿ ਸੰਬੰਧਤ ਅਧਿਕਾਰੀਆਂ ਦੇ ਨਾਲ-ਨਾਲ ਖਰੀਦ ਏਜੰਸੀਆਂ ਦੇ ਮੁਖੀਆਂ ਨੂੰ ਸਮੇਂ ਸਿਰ ਭੁਗਤਾਨ ਅਤੇ ਕਣਕ ਦੀ ਤੁਰੰਤ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਵਿਸਤ੍ਰਿਤ ਨਿਰਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਸਾਨਾਂ ਦੁਆਰਾ ਲਿਆਂਦੇ ਗਏ ਹਰੇਕ ਦਾਣੇ ਦੀ ਖਰੀਦ ਲਈ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ। ਖਰੀਦ ਕੀਤੀ ਕਣਕ ਦੀ ਅਦਾਇਗੀ ਸਿੱਧੇ ਤੌਰ 'ਤੇ ਆਨਲਾਈਨ ਪ੍ਰਣਾਲੀਆਂ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਮੇਂ ਸਿਰ ਟ੍ਰਾਂਸਫਰ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਕਣਕ ਦੀ ਖਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਪ੍ਰਬੰਧ ਮੁਕੰਮਲ ਕੀਤੇ ਗਏ ਗਏ। ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਮੁਸ਼ਕਲ ਪੇਸ਼ ਨਾ ਆਉਣ ਦੇਣ।

# ਡਿਪਟੀ ਕਮਿਸ਼ਨਰ ਵੱਲੋਂ ਦਾਣਾ ਮੰਡੀਆਂ ਦਾ ਅਚਨਚੇਤ ਦੌਰਾ

**ਨਵਾਂਸ਼ਹਿਰ (ਮਨੋਜ ਲਾਡੀ)**- ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਅਨਾਜ ਮੰਡੀ ਫਾਂਬੜਾਂ, ਦੁਪਾਲਪੁਰ ਅਤੇ ਧੈਂਗੜਪੁਰ ਦਾ ਅਚਨਚੇਤ ਦੌਰਾ ਕੀਤਾ ਗਿਆ। ਦੌਰੇ ਦੌਰਾਨ ਉਨ੍ਹਾਂ ਮੰਡੀ ਵਿਚ ਚੱਲ ਰਹੀ ਕਣਕ ਦੀ ਖਰੀਦ ਪ੍ਰਕਿਰਿਆ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿਖੇ ਪ੍ਰੇਸ਼ਾਨੀ ਤੋ ਬਚਣ ਲਈ ਕੇਵਲ ਸੁੱਕੀ ਫ਼ਸਲ ਹੀ ਲਿਆਉਣ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਣਕ ਦੀ ਲਿਫ਼ਟਿੰਗ ਦੇ ਕੰਮ ਵਿੱਚ ਤੇਜ਼ੀ ਲਿਆਂਦੀ ਜਾਵੇ ਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਮੁਸ਼ਕਲ ਪੇਸ਼ ਨਾ ਆਉਣ ਦਿੱਤੀ ਜਾਵੇ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 15 ਅਪ੍ਰੈਲ ਤੱਕ ਜ਼ਿਲ੍ਹੇ ਦੀਆਂ ਵੱਖ-ਵੱਖ ਅਨਾਜ ਮੰਡੀਆਂ ਵਿੱਚ 3755 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 1079 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਸਾਲ 2026-27 ਵਿੱਚ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲਗਭਗ 300189 ਮੀਟ੍ਰਿਕ ਟਨ ਕਣਕ ਦੀ ਆਮਦ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਾਡੇ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਇਸ ਲਈ ਉਹ ਕਿਸਾਨਾਂ ਨੂੰ ਅਪੀਲ ਕਰਦੇ ਹਨ ਕਿ ਉਹ ਫਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ।

## ਬਹੁਜਨ ਸਮਾਜ ਪਾਰਟੀ ਦੀ ਮੀਟਿੰਗ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਨਕੋਦਰ ਦੇ ਜੋਨ ਨੰਬਰ 1 ਦੇ ਪਿੰਡ ਭੋਡੀ ਪੁਰ ਵਿਖੇ ਮੀਟਿੰਗ ਕੀਤੀ ਗਈ ਜਿਸ ਵਿੱਚ ਪਾਰਟੀ ਵਿਚਾਰਧਾਰਾ ਤਹਿਤ ਪਾਰਟੀ ਗਤੀਵਿਧੀਆਂ ਤੇਜ਼ ਕਰਨ ਸਬੰਧੀ, ਪੰਜਾਬ ਬਚਾਓ ਮੁਹਿੰਮ ਨੂੰ ਜਨ ਜਨ ਤੱਕ ਪਹੁਚਾਉਣ, 2027 ਵਿਚ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਵਿਚਾਰਾਂ ਕੀਤੀਆਂ ਗਈਆਂ, ਤੇ ਪੰਜਾਬ ਅੰਦਰ ਭੈਣ ਕੁਮਾਰੀ ਮਾਇਆਵਤੀ ਰਾਸ਼ਟਰੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਾਰਟੀ ਦੀ ਮੁੱਢਲੀ ਇਕਾਈ ਨੂੰ ਬੂਥ ਲੈਵਲ ਬੂਥ ਕਮੇਟੀਆਂ ਬਣਾਉਣ ਲਈ



ਵਰਕਰਾਂ ਦੀਆਂ ਜਿੰਮੇਵਾਰੀਆਂ ਤਹਿ ਕੀਤੀਆਂ ਗਈਆਂ।ਵੱਖ ਵੱਖ ਬੁਲਾਰਿਆਂ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਨੂੰ ਨਸ਼ਾ ਮੁਕਤ ਕਰਨ,ਸਿੱਖਿਆ ਦਾ ਮਿਆਰ ਉੱਚਾ ਕਰਨ, ਪੜ੍ਹੇ ਲਿਖੇ ਬੇਰੁਜਗਾਰ ਨੌਜਵਾਨਾਂ ਨੂੰ ਯੋਗਤਾ ਦੇ ਅਧਾਰ ਤੇ ਸਰਕਾਰੀ ਨੌਕਰੀਆਂ ਦੇਣ, ਬੇਰੁਜਗਾਰ ਕਾਮਿਆਂ ਨੂੰ ਪ੍ਰਾਈਵੇਟ ਸੈਕਟਰ ਵਿੱਚ ਲਾਜ਼ਮੀ ਰੋਜ਼ਗਾਰ ਦੇਣ,ਪੰਜਾਬ ਵਿੱਚ ਚੱਲ ਰਹੇ ਜੰਗਲ ਰਾਜ ਦੇ ਖਾਤਮੇ ਲਈ ਵਿਚਾਰਾਂ ਕੀਤੀਆਂ ਗਈਆਂ।ਇਸ ਸਮੇਂ ਜਗਦੀਸ਼ ਸ਼ੇਰਪੁਰੀ ਜ਼ਿਲ੍ਹਾ ਪ੍ਰਧਾਨ, ਦੇਵਰਾਜ ਸੁਮੰਨ ਪ੍ਰਧਾਨ ਵਿਧਾਨ ਸਭਾ, ਮੰਗਤ ਸਿੰਘ ਮੈਂਟੀ ਜਿਲ੍ਹਾ ਕੋਆਰਡੀਨੇਟਰ, ਰਮੇਸ਼ ਬੰਗੜ ਸਕੱਤਰ, ਪਰਮਿੰਦਰ ਸਿੰਘ ਰਿਟਾ.ਐੱਸ ਡੀ ਓ, ਕਸ਼ਮੀਰੀ ਸੰਘਾ ਬਸਪਾ ਆਗੂ, ਸੁਖਦੇਵ ਭੋਡੀਪੁਰ, ਮਨਜੀਤ ਕੌਰ ਇੰਚਾਰਜ ਲੇਡੀਜ਼ ਵਿੰਗ,ਗੁਰਪਾਲ ਪਾਲੀ ਹੁਸੈਨਪੁਰ, ਸੁੱਖਾ ਬਾਗ਼ਪੁਰ, ਅਨੰਦ ਜੱਖੂ ਅਤੇ ਵੱਡੀ ਗਿਣਤੀ ਵਿਚ ਬੀਬੀਆਂ ਮੌਜੂਦ ਸਨ।ਅੰਤ ਵਿਚ ਪਿੰਡ ਭੋਡੀ ਪੁਰ ਦੀ ਬੂਥ ਕਮੇਟੀ ਬਲਜਿੰਦਰ ਸਿੰਘ,ਤਲਵਜੀਤ ਸਿੰਘ,ਰਾਜੇਸ਼ ਕੁਮਾਰ ਅਤੇ ਦੀਪਕ ਨੂੰ ਤੇ ਲੇਡੀਜ਼ ਵਿੰਗ ਦੇ ਇੰਚਾਰਜ ਬਲਜਿੰਦਰ ਕੌਰ ਨੂੰ ਬਣਾਇਆ।

## ਦਸਵੀ ਦਾ ਨਤੀਜਾ ਰਿਹਾ 100 ਫ਼ੀਸਦੀ



**ਸੁਲਤਾਨਪੁਰ ਲੋਧੀ (ਹਨੀ)**- ਸੀ ਬੀ ਐੱਸ ਈ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ 'ਚ ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ 100 ਫ਼ੀਸਦੀ ਰਿਹਾ। ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੂਰੀ ਤਰ੍ਹਾਂ ਸਫਲਤਾ ਹਾਸਲ ਕੀਤੀ। ਸ੍ਰਿਸ਼ਟੀ ਨੇ 90 ਫ਼ੀਸਦੀ ਅੰਕਾਂ ਨਾਲ ਪਹਿਲੇ, ਕੁਸ਼ਾਗ ਨੇ 83 ਫ਼ੀਸਦੀ ਅੰਕਾਂ ਨਾਲ ਦੂਜੇ, ਜਸਲੀਨ ਕੌਰ ਨੇ 81 ਫ਼ੀਸਦੀ ਅੰਕਾਂ ਨਾਲ ਤੀਜੇ ਅਤੇ ਜਸ਼ਨਪ੍ਰੀਤ ਕੌਰ ਨੇ 80 ਫ਼ੀਸਦੀ ਅੰਕਾਂ ਨਾਲ ਚੌਥੇ ਸਥਾਨ 'ਤੇ ਰਿਹਾ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ ਲਈ ਉਨ੍ਹਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਮਿਹਨਤ, ਮਾਤਾ-ਪਿਤਾ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਲਗਨ ਦਾ ਨਤੀਜਾ ਹੈ।

## ਭਾਈ ਨੰਦ ਲਾਲ ਪਬਲਿਕ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ ਸ਼ਾਨਦਾਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸਥਾਨਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅਨੰਦਪੁਰ ਸਾਹਿਬ ਦੀ ਸਿਰਮੋਰ ਤੇ ਸੀ ਬੀ ਐੱਸ ਈ ਤੋਂ ਮਾਨਤਾ ਪ੍ਰਾਪਤ ਇਲਾਕੇ ਦੀ ਮੋਹਰੀ ਵਿੱਦਿਅਕ ਸੰਸਥਾ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦਾ ਸੀ ਬੀ ਐੱਸ ਈ ਦਿੱਲੀ ਵੱਲੋਂ ਦਸਵੀਂ ਦਾ ਨਤੀਜਾ ਐਲਾਨਿਆ ਗਿਆ।ਇਸ ਮੌਕੇ ਸਕੂਲ ਪ੍ਰਬੰਧਕਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ੈਸ਼ਨ 2025-26 ਦਾ ਨਤੀਜਾ 100% ਰਿਹਾ ਜਿਸ ਵਿੱਚ ਏਕਨੂਰ ਕੌਰ ਨੇ 92.4% ਅੰਕ ਲੈ ਕੇ ਪਹਿਲਾ ਸਥਾਨ, ਹਰਸਿਮਰਨ ਕੌਰ ਨੇ 92% ਅੰਕ ਲੈ ਕੇ ਦੂਜਾ ਸਥਾਨ , ਦੀਵਾਂਸ਼ਪ੍ਰੀਤ ਕੌਰ ਨੇ 91.2% ਅੰਕ ਲੈ ਕੇ ਤੀਜਾ ਸਥਾਨ , ਪਰਮਪ੍ਰੀਤ ਕੌਰ ਨੇ 90.4% ਲੈ ਕੇ ਚੌਥਾ ਸਥਾਨ ਅਤੇ ਜਸਪ੍ਰੀਤ ਕੌਰ ਨੇ 89% ਅੰਕ ਲੈ ਕੇ ਪੰਜਵਾਂ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਦੇ ਮੁਖੀ ਸ੍ਰ:ਸਤਨਾਮ ਸਿੰਘ ਜੀ ਨੇ ਦੱਸਿਆ ਕਿ ਦਸਵੀਂ ਦੇ ਸ਼ਾਨਦਾਰ ਨਤੀਜੇ ਲਈ ਡਾਇਰੈਕਟੋਰੇਟ ਆਫ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੁਖਮਿੰਦਰ ਸਿੰਘ ਵਿੱਦਿਆ ਸਕੱਤਰ, ਬੀਬੀ ਸਤਵੰਤ ਕੋਰ ਸਹਾਇਕ ਡਾਇਰੈਕਟਰ (ਸਕੂਲ) ਦਾ ਵਿਸ਼ੇਸ਼ ਯੋਗਦਾਨ ਹੈ।ਉਨ੍ਹਾਂ ਸਮੁੱਚੇ ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

# ਆਈ ਪੀ ਐੱਲ 2026 ਨੇ ਮਹਿੰਦਰ ਭਗਤ ਦੇ ਭਤੀਜੇ ਕ੍ਰਿਸ਼ ਭਗਤ ਨੂੰ 30 ਲੱਖ 'ਚ ਕੀਤਾ ਸਾਈਨ

**ਜਲੰਧਰ (ਸੁਰਿੰਦਰ ਕੁਮਾਰ)**- ਆਈ ਪੀ ਐੱਲ 2026 ਦੇ ਸੀਜ਼ਨ ਦੌਰਾਨ ਜਲੰਧਰ ਲਈ ਇੱਕ ਬਹੁਤ ਹੀ ਮਾਣ ਵਾਲੀ ਖ਼ਬਰ ਸਾਹਮਣੇ ਆਈ ਹੈ। ਮੁੰਬਈ ਇੰਡੀਅਨਜ਼ ਨੇ ਆਪਣੀ ਟੀਮ ਵਿੱਚ ਵੱਡਾ ਬਦਲਾਅ ਕਰਦਿਆਂ ਜ਼ਖ਼ਮੀ ਅਥਰਵ ਅੰਕੋਲੇਕਰ ਦੀ ਜਗ੍ਹਾ ਜਲੰਧਰ ਦੇ ਨੌਜਵਾਨ ਖਿਡਾਰੀ ਕ੍ਰਿਸ਼ ਭਗਤ ਨੂੰ ਟੀਮ ਵਿੱਚ ਸ਼ਾਮਲ ਕਰ ਲਿਆ ਹੈ। ਦੱਸ ਦੇਈਏ ਕਿ ਕ੍ਰਿਸ਼ ਭਗਤ ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਭਤੀਜੇ ਹਨ।ਅਥਰਵ ਅੰਕੋਲੇਕਰ ਸੱਟ ਕਾਰਨ ਪੂਰੇ ਸੀਜ਼ਨ ਤੋਂ ਬਾਹਰ ਹੋ ਗਏ ਹਨ, ਜਿਸ ਕਾਰਨ ਕ੍ਰਿਸ਼ ਨੂੰ ਮੌਕਾ ਮਿਲਿਆ ਹੈ। 21 ਸਾਲਾ ਕ੍ਰਿਸ਼ ਭਗਤ ਸੱਜੇ ਹੱਥ ਦੇ ਮੱਧਮ ਗਤੀ ਦੇ ਤੇਜ਼ ਗੇਂਦਬਾਜ਼ ਹਨ। ਉਹ ਹੁਣ ਤੱਕ ਪੰਜਾਬ ਲਈ 7 ਫਸਟ ਕਲਾਸ ਤੇ 9 ਲਿਸਟ-ਏ ਮੈਚ ਖੇਡ ਚੁੱਕੇ ਹਨ।



ਉਹ ਹੇਠਲੇ ਕ੍ਰਮ ਵਿੱਚ ਚੰਗੀ ਬੱਲੇਬਾਜ਼ੀ ਕਰਨ ਦੀ ਸਮਰੱਥਾ ਵੀ ਰੱਖਦੇ ਹਨ। ਮੁੰਬਈ ਇੰਡੀਅਨਜ਼ ਨੇ ਕ੍ਰਿਸ਼ ਭਗਤ ਨੂੰ 30 ਲੱਖ ਰੁਪਏ ਦੇ ਬੇਸ ਪ੍ਰਾਈਸ 'ਤੇ ਆਪਣੀ ਟੀਮ ਦਾ ਹਿੱਸਾ ਬਣਾਇਆ ਹੈ। ਕ੍ਰਿਸ਼ ਪਿਛਲੇ ਦੋ ਸਾਲਾਂ ਤੋਂ ਮੁੰਬਈ ਇੰਡੀਅਨਜ਼ ਦੇ ਟ੍ਰਾਇਲਜ਼ ਦਾ ਹਿੱਸਾ ਸਨ ਤੇ ਹਾਲ ਹੀ ਵਿੱਚ ਡੀ ਵਾਈ ਪਾਟਿਲ ਟੀ-20 ਕੱਪ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰ ਚੁੱਕੇ ਹਨ।

# ਅੱਠਵੀਂ ਦਾ ਨਤੀਜਾ ਰਿਹਾ 100 ਫੀਸਦੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨ ਅੱਠਵੀਂ ਸ਼੍ਰੇਣੀ ਦੇ ਨਤੀਜਿਆਂ ਵਿੱਚ ਜਿੱਥੇ ਸਰਹਾਲਾ ਮੁੰਡੀਆਂ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ ਉੱਥੇ ਸਕੂਲ ਦੇ ਵਿਦਿਆਰਥੀਆਂ ਨੇ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੋਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਅਮਨਦੀਪ ਸ਼ਰਮਾ ਨੇ ਦੱਸਿਆ ਕਿ ਇਸ ਸਾਲ ਸਕੂਲ ਦੀ ਵਿਦਿਆਰਥਣ



ਜਸਲੀਨ ਕੌਰ ਨੇ 600 ਵਿੱਚੋਂ 574 ਅੰਕ ਲੈ ਕੇ ਪਹਿਲਾ ਸਥਾਨ ਤੇ ਨਮਰਤਾ ਨੇ 544 ਅੰਕ ਲੈ ਕੇ ਦੂਸਰਾ ਤੇ ਸ਼ਗਨਦੀਪ ਕੌਰ ਨੇ 478 ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ ਮੈਂਬਰਾਂ ਵੱਲੋਂ ਬੱਚਿਆਂ ਨੂੰ ਵਧੀਆ ਅੰਕ ਹਾਸਲ ਕਰਨ ਤੇ ਮੋਮੈਂਟੋ ਅਤੇ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ। ਹਾਜ਼ਰ ਬੱਚਿਆਂ ਦੇ ਮਾਪਿਆਂ ਨੇ ਸਕੂਲ ਅਧਿਆਪਕਾਂ ਦਾ ਧੰਨਵਾਦ ਕੀਤਾ, ਬੱਚਿਆਂ ਦੀ ਸਫਲਤਾ ਤੇ ਖੁਸ਼ੀ ਵੀ ਪ੍ਰਗਟ ਕੀਤੀ। ਪ੍ਰਵਾਸੀ ਭਾਰਤੀ ਸਰਦਾਰ ਕਰਮਜੀਤ ਸਿੰਘ ਸ਼ਾਹੀ ਪਿੰਡ ਦੇ ਸਰਪੰਚ ਸੁਖਵਿੰਦਰ ਸਿੰਘ ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਗੀਟਾ ਰਾਣੀ ਤੇ ਪਿੰਡ ਦੇ ਹੋਰ ਪਤਵੰਤੇ ਸੱਜਣਾਂ ਵੱਲੋਂ ਇਹਨਾਂ ਬੱਚਿਆਂ ਅਤੇ ਸਕੂਲ ਦੇ ਸਮੂਹ ਸਟਾਫ ਨੂੰ ਵਧਾਈ ਦਿੱਤੀ। ਸਕੂਲ ਸਟਾਫ਼ ਮੈਂਬਰ ਮੈਡਮ ਰਜਨੀ ਅਰੋੜਾ, ਸਰਬਜੀਤ ਸਿੰਘ, ਅਨੀਤਾ ਕੁਮਾਰੀ, ਸ਼ਿਮਲਾ ਦੇਵੀ, ਪਰੀਆ, ਮਨਜੀਤ ਕੌਰ, ਸੋਨੀਕਾ ਵਿਰਦੀ, ਗੁਰਦੇਵ ਕੌਰ, ਨਰੇਸ਼ ਕੁਮਾਰ, ਪਰਮਿੰਦਰ ਕੁਮਾਰ, ਅਮਨਦੀਪ ਸਿੰਘ, ਜਸਪ੍ਰੀਤ ਸਿੰਘ, ਕੈਪਟਨ ਸੁਖਵਿੰਦਰ ਸਿੰਘ ,ਕਮਲਜੀਤ ਸਿੰਘ ਤੇ ਹਰਜਿੰਦਰ ਹਾਜ਼ਰ ਸਨ।

# ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਨਕੋਦਰ (ਮਨਜੀਤ ਮਾਨ)**- ਤਹਿਸੀਲ ਨਕੋਦਰ ਅਧੀਨ ਪੈਂਦੇ ਕਸਬਾ ਲੋਹੀਆਂ ਖਾਸ ਦੇ ਭਗਵਾਨ ਵਾਲਮੀਕਿ ਮੰਦਿਰ ਵਿਖੇ ਤ੍ਰਿਕਾਲ ਦਰਸ਼ੀ ਭਗਵਾਨ ਵਾਲਮੀਕਿ ਸਭਾ ਦੇ ਪ੍ਰਧਾਨ ਧਰਮਪਾਲ ਧੰਮਾ, ਹਰਭਜਨ ਲਾਲ ਫੌਜੀ ਵਾਇਸ ਪ੍ਰਧਾਨ, ਬਲਵਿੰਦਰ ਨਾਹਰ ਜਨਰਲ ਸਕੱਤਰ, ਚੂਨੀ ਲਾਲ, ਅਵਿਨਾਸ਼ ਨਾਹਰ ਵਿਸ਼ਾਲ, ਰਾਹੁਲ ਤੇਜ਼ੀ ਹਨੀ ਤੇ ਪਾਲ ਕੁਮਾਰ ਦੀ ਰਹਿਨੁਮਾਈ ਹੇਠ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਨ ਮਨਾਇਆ ਗਿਆ ਜਿਸ ਵਿੱਚ ਸ਼੍ਰੋਮਣੀ ਰੰਘਰੇਟਾ ਦਲ ਪੰਜਾਬ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਚੀਮਾ ਚੇਅਰਮੈਨ 11 ਨਿਹੰਗ ਸਿੰਘ ਜਥੇਬੰਦੀਆਂ ਭਾਰਤ, ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਰਜਿ. ਪੰਜਾਬ, ਮਹਾਨਾਥ ਦੂਲੋਵਾਲ ਭਗਵਾਨ, ਵਾਲਮੀਕਿ ਕੌਮ ਦੇ ਕੌਮੀ ਪ੍ਰਚਾਰਕ ਵੀਰ ਲਖਵੀਰ ਲੱਖਾ ਫਰੀਦ ਸਰਾਏ ਵਾਲੇ ਵਾਲਮੀਕਿ ਮੰਦਿਰ ਕਮੇਟੀ ਦੇ ਗ੍ਰੰਥੀ ਭਾਈ ਮਨਜੀਤ ਮਾਨ, ਹਰਪਾਲ ਸਿੰਘ ਪਾਲਾ, ਡਾਕਟਰ ਬਲਰਾਮ ਸ਼ਰਮਾ, ਡਾਕਟਰ ਬਲਕਾਰ ਸਿੰਘ ਲਾਲਕਾ, ਪ੍ਰੀਤਮ ਸਿੰਘ ਥਿੰਦ ਨੇ ਭਾਰਤੀ ਸੰਵਿਧਾਨ ਦੇ ਰਚੇਤਾ ਭਾਰਤ ਰਤਨ ਡਾਕਟਰ ਬੀ ਆਰ ਅੰਬੇਡਕਰ ਦੇ ਦੱਸੇ ਮਾਰਗ ਤੇ ਚੱਲਣ ਦਾ ਸੰਦੇਸ਼ ਦਿੰਦਿਆ ਕਿਹਾ ਕਿ ਡਾਕਟਰ



ਬੀ ਆਰ ਅੰਬੇਡਕਰ ਨੇ ਸਾਨੂੰ ਪੜ੍ਹਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਰਲਡ ਫੇਮਸ ਗਾਇਕ ਬਲਵੀਰ ਸ਼ੇਰਪੁਰੀ ਨੇ ਡਾ. ਬੀ ਆਰ ਅੰਬੇਡਕਰ ਦੀ ਮਹਿਮਾ ਦਾ ਗੁਣਗਾਨ ਕੀਤਾ। ਪ੍ਰੀਤ ਥਿੰਦ ਸੀਨੀਅਰ ਆਗੂ ਜਰਨਲਿਸਟ ਪ੍ਰੈੱਸ ਕਲੱਬ ਰਜਿ. ਪੰਜਾਬ, ਨਛੱਤਰ ਸਿੰਘ ਕੰਗ ਤੋਂ ਇਲਾਵਾ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।

# ਅੰਬੇਡਕਰ ਜਯੰਤੀ ਤੇ ਲੇਖ ਲਿਖਣ ਤੇ ਪੋਸਟਰ ਮੇਕਿੰਗ ਮੁਕਾਬਲੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਬਹੁ-ਰੰਗ ਕਲਾਮੰਚ ਹੁਸ਼ਿਆਰਪੁਰ ਵਲੋਂ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਦਿਹਾੜੇ ਦੇ ਪ੍ਰੋਗਰਾਮਾਂ ਦੀ ਕੜੀ ਵਿੱਚ ਦੂਸਰੇ ਪੜਾਅ ਵਿੱਚ ਮਾਈ ਭਾਰਤ ਹੁਸ਼ਿਆਰਪੁਰ ਵਲੋਂ ਲੇਖ ਲਿਖਣ ਅਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਸਥਾਨਕ ਮੈਰੀ ਗੋਲਡ ਪਬਲਿਕ ਸਕੂਲ ਵਿਖੇ ਕਰਵਾਏ ਗਏ, ਜਿਸ ਦੇ ਮੁੱਖ ਮਹਿਮਾਨ ਸਾਬਕਾ ਐੱਮ ਪੀ ਅਵਿਨਾਸ਼ ਰਾਏ ਖੰਨਾ ਤੇ ਵਿਸ਼ੇਸ਼ ਮਹਿਮਾਨ ਰਿਟਾਇਰਡ ਡਿਪਟੀ ਡਾਇਰੈਕਟਰ ਐਜੂਕੇਸ਼ਨ ਅਸ਼ਵਨੀ ਕੁਮਾਰ ਦੱਤਾ ਸਨ। ਇਸ ਮੌਕੇ ਤੇ ਸਤਿ ਸ੍ਰੀ ਅਕਾਲ ਦੁਆਬਾ ਦੇ ਪ੍ਰਧਾਨ ਰਮੇਸ਼ ਕੁਮਾਰ, ਪ੍ਰਿੰਸੀਪਲ ਰੁਪਿੰਦਰ ਕੌਰ ਤੇ ਰੰਗਕਰਮੀ ਅਸ਼ੋਕ ਪੁਰੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਪ੍ਰੋਗਰਾਮ ਦੇ ਦੂਜੇ ਪੜਾਅ ਵਿੱਚ ਬਹੁ-ਰੰਗ ਕਲਾਮੰਚ ਵਲੋਂ ਤਿਆਰ ਕੀਤਾ ਗਿਆ ਨੁਕੜ ਨਾਟਕ 'ਪਹਿਲਾ ਪੜ੍ਹੋ' ਪ੍ਰਦਸ਼ਿਤ ਕੀਤਾ ਗਿਆ। ਲੇਖ ਲਿਖਣ ਮੁਕਾਬਲੇ ਵਿੱਚ ਪਰਨੀਤ ਕੌਰ ਪਹਿਲੇ ਸਥਾਨ ਤੇ, ਸਿਮਰਤੀ ਦੂਸਰੇ ਅਤੇ ਜਸਪ੍ਰੀਤ ਕੌਰ ਤੀਸਰੇ ਸਥਾਨ ਤੇ ਰਹੇ। ਪੋਸਟਰ ਮੇਕਿੰਗ ਵਿੱਚ ਦੇਵ ਕੁਮਾਰ ਪਹਿਲੇ, ਰਣਵੀਰ ਸਿੰਘ ਧਾਮੀ ਦੂਸਰੇ ਅਤੇ ਗਗਨ ਸੂਰੀ ਤੀਸਰੇ ਸਥਾਨ ਤੇ ਰਹੇ। ਇਸ ਪ੍ਰੋਗਰਾਮ ਨੂੰ ਕਰਵਾਉਣ ਵਿੱਚ ਮੈਡਮ ਅਨੂ ਮਹਿਤਾ ਅਤੇ ਮੀਨਾ ਰਾਣੀ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਤੇ ਮੁੱਖ ਮਹਿਮਾਨ ਅਵੀਨਾਸ਼ ਰਾਏ ਖੰਨਾ ਨੇ ਭੀਮ ਰਾਓ ਅੰਬੇਡਕਰ ਦੀ ਭਾਰਤ ਨੂੰ ਦੇਣ ਅਤੇ ਦੁਨੀਆ ਦੀ ਸਭ ਤੋਂ ਵੱਡੀ ਸਮੱਸਿਆ ਬੁਲਿੰਗ ਤੋਂ ਦੂਰ ਹੋ ਕੇ ਸਕੂਲ ਸਮੇਂ ਤੋਂ ਸਾਰੇ ਵਿਦਿਆਰਥੀਆਂ ਨੂੰ ਭਾਈਚਾਰਕ ਪ੍ਰੇਮ ਬਣਾ ਕੇ ਰੱਖਣਾ ਚਾਹੀਦਾ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਸਕੂਲ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਨੂੰ ਸਨਮਾਨਤ ਕਰਨ ਤੋਂ ਪਹਿਲਾਂ ਨੁਕੜ ਨਾਟਕ 'ਪਹਿਲਾ ਪੜ੍ਹੋ' ਵਿੱਚ ਅਸ਼ੋਕ ਪੁਰੀ ਦੇ ਨਾਲ ਪਰਵੇਸ਼, ਜਸਮੀਤ, ਸੰਧਿਆ, ਦੇਵ ਕੁਮਾਰ, ਹਰਲੀਨ ਕੌਰ, ਸੁਖਮਣੀ, ਧਰਮਪ੍ਰੀਤ ਅਤੇ ਦ੍ਰਿਸ਼ਟੀ ਨੇ ਨਾਟਕ ਵਿੱਚ ਆਪਣੇ ਕਿਰਦਾਰ ਨਿਭਾਏ। ਸਾਰੇ ਪ੍ਰੋਗਰਾਮਾਂ ਵਿੱਚ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।



# ਅਮਰਨਾਥ ਯਾਤਰਾ ਲਈ ਸ਼ਰਧਾਲੂਆਂ 'ਚ ਭਾਰੀ ਉਤਸ਼ਾਹ

**ਜਲੰਧਰ (ਸੁਰਿੰਦਰ ਕੁਮਾਰ)**- ਅਮਰਨਾਥ ਯਾਤਰਾ 2026 ਲਈ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸ਼ੁਰੂ ਹੁੰਦਿਆਂ ਹੀ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਜਲੰਧਰ ਦੇ ਅਲੀ ਮੁਹੱਲਾ ਸਥਿਤ ਜੇ ਐਂਡ ਕੇ ਬੈਂਕ ਦੇ ਬਾਹਰ ਸ਼ਰਧਾਲੂਆਂ ਦੀਆਂ ਲੰਬੀਆਂ ਲਾਈਨਾਂ ਲੱਗ ਗਈਆਂ, ਜਿਸ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਹਨ।ਸ਼ਰਧਾਲੂ ਸਵੇਰੇ 7 ਵਜੇ ਤੋਂ ਹੀ ਬੈਂਕ ਦੇ ਬਾਹਰ ਪਹੁੰਚਣੇ ਸ਼ੁਰੂ ਹੋ ਗਏ ਸਨ। ਤੀਜੀ ਵਾਰ ਯਾਤਰਾ 'ਤੇ ਜਾ ਰਹੀ ਸ਼ਰਧਾਲੂ ਅਨੂ ਨੇ ਕਿਹਾ ਕਿ ਕੁਝ ਪਾਉਣ ਲਈ ਕੁਝ ਖੋਣਾ ਪੈਂਦਾ ਹੈ , ਇਸ ਲਈ ਉਹ ਲਾਈਨ ਵਿੱਚ ਖੜ੍ਹੇ ਹੋਣ ਨੂੰ ਲੈ ਕੇ ਪਰੇਸ਼ਾਨ ਨਹੀਂ ਹੈ। ਦੂਜੇ ਪਾਸੇ ਪਹਿਲੀ ਵਾਰ ਜਾ ਰਹੇ ਸ਼ਰਧਾਲੂ ਵਿਨੈ ਨੇ ਬੈਂਕ ਦੇ ਸਿਸਟਮ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਰਜਿਸਟ੍ਰੇਸ਼ਨ ਲਈ ਕਾਫੀ ਖੱਜਲ-ਖੁਆਰ ਹੋਣਾ ਪੈ ਰਿਹਾ ਹੈ। ਬ੍ਰਾਂਚ ਮੈਨੇਜਰ ਸੰਜੇ ਕੁਮਾਰ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਕੀਤੀ ਜਾ ਰਹੀ ਹੈ।ਗਰਮੀ ਨੂੰ ਦੇਖਦੇ ਹੋਏ ਸ਼ਰਧਾਲੂਆਂ ਲਈ ਪਾਣੀ ਦੀ ਵਿਵਸਥਾ ਕੀਤੀ ਗਈ ਹੈ। ਭੀੜ ਨੂੰ ਕੰਟਰੋਲ ਕਰਨ ਲਈ ਇੱਕ ਵਾਰ ਵਿੱਚ ਸਿਰਫ਼ 20 ਸ਼ਰਧਾਲੂਆਂ ਨੂੰ ਹੀ ਬੈਂਕ ਦੇ ਅੰਦਰ ਜਾਣ ਦਿੱਤਾ ਜਾ ਰਿਹਾ ਹੈ। ਮੈਨੇਜਰ ਮੁਤਾਬਕ ਭੀੜ ਨੂੰ ਦੇਖਦੇ ਹੋਏ ਰਜਿਸਟ੍ਰੇਸ਼ਨ ਦਾ ਸਮਾਂ ਵਧਾਉਣ ਅਤੇ ਸੁਰੱਖਿਆ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ ਤਾਂ ਜੋ ਬੈਂਕਿੰਗ ਸੇਵਾਵਾਂ ਵਿੱਚ ਕੋਈ ਵਿਘਨ ਨਾ ਪਵੇ।

# ਐੱਸ ਡੀ ਕਾਲਜ ਦੀ ਵਿਦਿਆਰਥਣਾਂ ਦਾ ਪੀ ਐੱਸ ਟੀ ਈ ਟੀ 'ਚ ਸ਼ਾਨਦਾਰ ਪ੍ਰਦਰਸ਼ਨ



**ਜਲੰਧਰ (ਇਕਬਾਲ ਸਿੰਘ ਉਭੀ)**- ਪੀ.ਸੀ.ਐਮ. ਐਸ.ਡੀ. ਕਾਲਜ ਫਾਰ ਵੂਮੈਨ ਨੇ ਐਲਾਨ ਕੀਤਾ ਹੈ ਕਿ ਬੀ ਏ ਬੀ ਐੱਡ (4-ਸਾਲਾ ਏਕੀਕ੍ਰਿਤ ਪ੍ਰੋਗਰਾਮ) ਦੀਆਂ ਪੰਜ ਵਿਦਿਆਰਥਣਾਂ ਡੇਜ਼ੀ, ਰਮਨਦੀਪ ਕੌਰ, ਸੁਰਚਿਕਾ ਜੱਗੀ, ਨਵਜੋਤ ਕੌਰ ਤੇ ਜੈਸਮੀਨ ਨੇ ਪੰਜਾਬ ਰਾਜ ਅਧਿਆਪਕ ਯੋਗਤਾ ਪ੍ਰੀਖਿਆ (ਪੀ ਐੱਸ ਟੀ ਈ ਟੀ) ਵਿੱਚ ਸਫਲਤਾਪੂਰਵਕ ਯੋਗਤਾ ਪ੍ਰਾਪਤ ਕੀਤੀ ਹੈ। ਇਹ ਸ਼ਾਨਦਾਰ ਪ੍ਰਾਪਤੀ ਸਿੱਖਿਆ ਵਿਭਾਗ ਦੇ ਸਮਰਪਿਤ ਯਤਨਾਂ ਦੁਆਰਾ ਸੰਭਵ ਹੋਈ ਹੈ, ਜਿਸਨੇ ਅਧਿਆਪਨ ਯੋਗਤਾ ਨੂੰ ਵਧਾਉਣ, ਵਿਸ਼ੇ ਦੇ ਗਿਆਨ ਨੂੰ ਮਜ਼ਬੂਤ ਕਰਨ ਅਤੇ ਪ੍ਰੀਖਿਆ-ਅਧਾਰਤ ਤਿਆਰੀ ਪ੍ਰਦਾਨ ਕਰਨ 'ਤੇ ਕੇਂਦ੍ਰਿਤ ਵਿਸ਼ੇਸ਼ ਕੋਚਿੰਗ ਤੇ ਮਾਰਗਦਰਸ਼ਨ ਸੈਸ਼ਨਾਂ ਦਾ ਆਯੋਜਨ ਕੀਤਾ।

ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਲਈ ਵਧਾਈ ਦਿੱਤੀ ਤੇ ਸਿੱਖਿਆ ਵਿਭਾਗ ਦੇ ਫੈਕਲਟੀ ਮੈਂਬਰਾਂ ਦੀ ਉਨ੍ਹਾਂ ਦੇ ਨਿਰੰਤਰ ਸਮਰਥਨ ਅਤੇ ਪ੍ਰੇਰਣਾ ਲਈ ਸ਼ਲਾਘਾ ਕੀਤੀ।ਇਸ ਮੌਕੇ ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਉਪ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਹੋਰ ਸਤਿਕਾਰਯੋਗ ਮੈਂਬਰਾਂ ਅਤੇ ਯੋਗ ਪ੍ਰਿੰਸੀਪਲ ਨੇ ਸੰਸਥਾ ਦਾ ਨਾਂਅ ਰੌਸ਼ਨ ਕਰਨ ਲਈ ਵਿਦਿਆਰਥੀਆਂ ਅਤੇ ਫੈਕਲਟੀ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਜ਼ਖਮੀ

**ਨਵਾਂਸ਼ਹਿਰ (ਮਨੋਜ ਲਾਡੀ)**- ਪਿੰਡ ਸੋਨਾ ਬਰਨਾਲਾ ਨੇੜੇ ਇਕ ਅਣਪਛਾਤੇ ਵਾਹਨ ਦੀ ਫੇਟ ਵੱਜਣ ਕਾਰਨ ਇਕ ਬੁਲੇਟ ਮੋਟਰਸਾਇਕਲ ਦੇ ਦੋ ਟੁਕੜੇ ਹੋ ਗਏ। ਜਦਕਿ ਮੋਟਰਸਾਈਕਲ ਸਵਾਰ ਗੰਭੀਰ ਜ਼ਖਮੀ ਹੋ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਬੁਲੇਟ ਮੋਟਰਸਾਇਕਲ ਦਾ ਚਾਲਕ ਇਕ ਧਾਰਮਿਕ ਅਸਥਾਨ ਤੇ ਮੱਥਾ ਟੇਕ ਕੇ ਵਾਪਸ ਆ ਰਿਹਾ ਸੀ ਕਿ ਉਕਤ ਥਾਂ ਤੇ ਇਕ ਅਣਪਛਾਤੇ ਵਾਹਨ ਦੀ ਫੇਟ ਵੱਜਣ ਕਾਰਨ ਬੁਲੇਟ ਮੋਟਰਸਾਇਕਲ ਦੋ ਟੋਟੇ ਹੋ ਗਿਆ ਹੈ। ਜਦੋਂਕਿ ਮੋਟਰਸਾਇਕਲ ਗੰਭੀਰ ਜ਼ਖਮੀ ਹੋ ਗਿਆ ਹੈ ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਨਵਾਂਸ਼ਹਿਰ ਦਾਖਲ ਕਰਵਾਇਆ ਗਿਆ ਹੈ। ਉਧਰ ਹਾਦਸੇ ਦੀ ਜਾਣਕਾਰੀ ਮਿਲਣ ਤੇ ਮੌਕੇ 'ਤੇ ਪੁੱਜੇ ਪੁਲਿਸ ਥਾਣਾ ਸਿਟੀ ਨਵਾਂਸ਼ਹਿਰ ਦੇ ਐੱਸ ਐੱਚ ਓ ਕੇਵਲ ਕ੍ਰਿਸ਼ਨ ਨੇ ਦੱਸਿਆ ਕਿ ਬੁਲੇਟ ਮੋਟਰਸਾਇਕਲ ਨੂੰ ਕਬਜੇ ਵਿਚ ਲੈ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਗੰਭੀਰ ਜ਼ਖਮੀ ਦਾ ਹਾਲ-ਚਾਲ ਜਾਨਣ ਲਈ ਹਸਪਤਾਲ ਜਾ ਰਹੇ ਹਨ। ਜ਼ਖਮੀ ਵਿਅਕਤੀ ਦੇ ਬਿਆਨ 'ਤੇ ਹੀ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

## ਸੜਕ ਹਾਦਸੇ 'ਚ ਦੋ ਜ਼ਖ਼ਮੀ



**ਫਿਲੌਰ, (ਨਿਰਮਲ)**- ਫਿਲੌਰ ਹਾਈਵੇ ਵਿਖੇ ਰੇਲਵੇ ਪੁਲ ਤੇ ਇੱਕ ਮੋਟਰਸਾਈਕਲ ਨੂੰ ਬੱਸ ਵੱਲੋਂ ਫੇਟ ਮਾਰਨ ਕਾਰਨ ਦੋ ਵਿਅਕਤੀ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਏ ਐੱਸ ਆਈ ਜਸਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਫਿਲੌਰ ਦੇ ਰੇਲਵੇ ਪੁਲ ਤੇ ਸੜਕ ਹਾਦਸੇ ਦੌਰਾਨ ਦੋ ਵਿਅਕਤੀ ਜ਼ਖ਼ਮੀ ਹੋਏ ਹਨ। ਜਦੋਂ ਅਸੀਂ ਮੌਕੇ ਤੇ ਆਪਣੀ ਟੀਮ ਨਾਲ ਪਹੁੰਚੇ ਤਾਂ ਦੇਖਿਆ ਕਿ ਦੋ ਵਿਅਕਤੀ ਜ਼ਖ਼ਮੀ ਹੋਏ ਸਨ। ਉਨ੍ਹਾਂ ਦੇ ਦੱਸਣ ਮੁਤਾਬਿਕ ਉਨ੍ਹਾਂ ਦੇ ਮੋਟਰਸਾਈਕਲ ਨੂੰ ਬੱਸ ਵੱਲੋਂ ਫੇਟ ਮਾਰਨ ਨਾਲ ਮੋਟਰਸਾਈਕਲ ਬੇਕਾਬੂ ਹੋ ਗਿਆ ਜਿਸ ਕਾਰਨ ਉਹ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਮੁਢਲੀ ਸਹਾਇਤਾ ਦੇਣ ਉਪਰੰਤ ਜ਼ਖ਼ਮੀ ਹਾਲਤ ਵਿੱਚ ਸਿਵਲ ਹਸਪਤਾਲ ਫਿਲੌਰ ਵਿਖੇ ਇਲਾਜ ਲਈ ਪਹੁੰਚਾਇਆ ਗਿਆ। ਮੌਕੇ ਤੇ ਏ ਐੱਸ ਆਈ ਧਰਮਿੰਦਰ ਨੇ ਪਹੁੰਚ ਕੇ ਕਾਰਵਾਈ ਸ਼ੁਰੂ ਕਰ ਦਿੱਤੀ।

# ਯੈਸਮੀਨ ਨੇ ਦਸਵੀ 'ਚ 98.4 ਫ਼ੀਸਦੀ ਅੰਕ ਪ੍ਰਾਪਤ ਕੀਤੇ



**ਸੁਲਤਾਨਪੁਰ ਲੋਧੀ (ਹਨੀ)**- ਸੀ ਬੀ ਐੱਸ ਈ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜੇ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਮਾਣ ਮਹਿਸੂਸ ਕਰਦੇ ਹੋਏ ਦੱਸਿਆ ਕਿ ਸਕੂਲ ਦੀ ਹੋਣਹਾਰ ਵਿਦਿਆਰਥਣ ਯੈਸਮੀਨ ਨੇ 98.4 ਫ਼ੀਸਦੀ ਅੰਕ ਲੈ ਕੇ ਸੁਲਤਾਨਪੁਰ ਲੋਧੀ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ, ਜਿੱਥੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਜਦਕਿ ਸਕੂਲ 'ਚੋਂ ਗੁਰਨੂਰ ਸਿੰਘ ਨੇ 95.4 ਫ਼ੀਸਦੀ ਅੰਕਾਂ ਨਾਲ ਦੂਜੇ, ਸਤਵੀਰ ਕੌਰ ਨੇ 94.4 ਫ਼ੀਸਦੀ ਅੰਕਾਂ ਨਾਲ ਤੀਜੇ, ਸਿਮਰਨਪ੍ਰੀਤ ਕੌਰ ਨੇ 89.8 ਫ਼ੀਸਦੀ ਅੰਕਾਂ ਨਾਲ ਚੌਥੇ ਤੇ ਸਿਮਰਨ ਕੌਰ ਨੇ 89.6 ਫ਼ੀਸਦੀ ਅੰਕਾਂ ਨਾਲ ਪੰਜਵੇਂ ਸਥਾਨ 'ਤੇ ਰਿਹਾ। ਉਨ੍ਹਾਂ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ 3 ਵਿਦਿਆਰਥੀਆਂ ਨੇ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, 10 ਵਿਦਿਆਰਥੀਆਂ ਨੇ 80 ਫ਼ੀਸਦੀ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦਕਿ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ।

# ਦਸਤਾਰਬੰਦੀ ਤੇ ਗੁਰਮਤਿ ਗਿਆਨ ਮੁਕਾਬਲੇ ਕਰਵਾਏ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਰਾਮਗੜ੍ਹ ਮੰਡਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਵਿਸਾਖੀ ਨੂੰ ਸਮਰਪਿਤ ਦਸਤਾਰਬੰਦੀ ਤੇ ਗੁਰਮਤਿ ਗਿਆਨ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ ਐੱਸ ਆਈ ਬਲਵਿੰਦਰ ਸਿੰਘ ਨੇ ਦੱਸਿਆ ਕਿ ਗਿਆਨੀ ਅਮਰੀਕ ਸਿੰਘ ਦੇ ਉਪਰਾਲਿਆਂ ਸਦਕਾ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 16 ਸਾਲ ਤੱਕ ਦੀ ਉਮਰ ਦੇ ਬੱਚਿਆਂ ਦੇ ਕਰਵਾਏ ਇਨਾਂ ਮੁਕਾਬਲਿਆਂ ਦੌਰਾਨ ਦਸਤਾਰਬੰਦੀ ਮੁਕਾਬਲਿਆਂ ਵਿੱਚ ਕੁੱਲ 25 ਬੱਚਿਆਂ ਨੇ ਭਾਗ ਲਿਆ ਤੇ ਗੁਰਮਤਿ ਗਿਆਨ ਮੁਕਾਬਲਿਆਂ ਵਿੱਚ 13 ਬੱਚਿਆਂ ਨੇ ਹਿੱਸਾ ਲਿਆ। ਦਸਤਾਰਬੰਦੀ ਮੁਕਾਬਲਿਆਂ ਵਿੱਚ ਏਕਮਪ੍ਰੀਤ ਸਿੰਘ ਪੁੱਤਰ ਹਰਪ੍ਰੀਤ ਸਿੰਘ ਵਾਸੀ ਕੁਰਾਲੀ ਨੇ ਪਹਿਲਾਂ ਸਥਾਨ, ਸੁਖਪ੍ਰੀਤ ਸਿੰਘ ਪੁੱਤਰ ਸ਼ਿਵਜੀਤ ਸਿੰਘ ਜਵੱਦੀ ਟਕਸਾਲ ਲੁਧਿਆਣਾ ਨੇ ਦੂਜਾ ਸਥਾਨ ਅਤੇ ਗੁਰਸੇਵਕ ਸਿੰਘ ਪੁੱਤਰ ਗੁਰਜੰਟ ਸਿੰਘ ਪਿੰਡ ਮੜੌਲੀ ਕਲਾਂ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਕ੍ਰਮਵਾਰ 3100 ਰੁਪਏ, 2100 ਰੁਪਏ ਅਤੇ 1100 ਰੁਪਏ ਇਨਾਮ ਹਾਸਲ ਕੀਤਾ। ਇਸੇ ਤਰ੍ਹਾਂ ਗੁਰਮਤਿ ਗਿਆਨ ਮੁਕਾਬਲਿਆਂ ਵਿੱਚ ਹਰਸਿਮਰਨਜੀਤ ਸਿੰਘ ਪੁੱਤਰ ਚਰਨਜੀਤ ਸਿੰਘ ਸ੍ਰੀ ਚਮਕੌਰ ਸਾਹਿਬ ਨੇ ਪਹਿਲਾਂ, ਰੂਪਰੀਤ ਕੌਰ ਪੁੱਤਰੀ ਮਨਪ੍ਰੀਤ ਕੌਰ ਪਿੰਡ ਰਾਮਗੜ੍ਹ ਮੰਡਾਂ ਨੇ ਦੂਜਾ ਅਤੇ ਪਰਮਵੀਰ ਸਿੰਘ ਪੁੱਤਰ ਦਿਲਬਾਗ ਸਿੰਘ ਪਿੰਡ ਰਾਮਗੜ੍ਹ ਮੰਡਾਂ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਬੱਚਿਆਂ ਦਾ ਵੀ ਨਕਦ ਰਾਸ਼ੀ



ਨਾਲ ਸਨਮਾਨ ਕੀਤਾ ਤੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਜੇਤੂ ਬੱਚਿਆਂ ਨੂੰ ਇਨਾਮਾਂ ਦੀ ਵੰਡ ਅਮਰੀਕ ਸਿੰਘ ਤੇ ਅਮਰੀਕ ਸਿੰਘ ਕਲਕੱਤਾ ਵਾਲਿਆਂ ਨੇ ਸਨਮਾਨ ਕੀਤਾ। ਮੁਕਾਬਲਿਆਂ ਦੌਰਾਨ ਜੱਜ ਮੈਂਟ ਦੀ ਭੂਮਿਕਾ ਸਿਮਰਨਪ੍ਰੀਤ ਸਿੰਘ ਕੁਰਾਲੀ ਤੇ ਹਰਦੀਪ ਸਿੰਘ ਨੇ ਨਿਭਾਈ। ਇਸ ਮੌਕੇ ਮਾਸਟਰ ਮੋਹਨ ਸਿੰਘ, ਮਨਿੰਦਰ ਸਿੰਘ, ਜਸਕਮਲ ਸਿੰਘ, ਅਜੀਤ ਸਿੰਘ, ਹਰਵਿੰਦਰ ਸਿੰਘ ਤੇ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।



# ਚੋਰਾਂ ਨੇ ਸੁਨਿਆਰੇ ਦੀ ਦੁਕਾਨ ਨੂੰ ਬਣਾਇਆ ਨਿਸ਼ਾਨਾ

**ਅੱਡਾ ਸਰਾਂ, (ਜਸਵੀਰ ਕਾਜਲ)**- ਚੋਰਾਂ ਨੇ ਸਥਾਨਕ ਅੱਡੇ 'ਤੇ ਕੰਧਾਲਾ ਜੱਟਾ ਰੋਡ ਤੇ ਵਿਜੇ ਜਿਊਲਰਜ਼ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੋਨੇ ਅਤੇ ਚਾਂਦੀ ਦੇ ਗਹਿਣੇ ਚੋਰੀ ਕਰ ਲਏ ਹਨ। ਚੋਰੀ ਦਾ ਸ਼ਿਕਾਰ ਹੋਏ ਵਿਜੇ ਕੁਮਾਰ ਪੁੱਤਰ ਦਰਸ਼ਨ ਲਾਲ ਵਾਸੀ ਟਾਂਡਾ ਨੇ ਦੱਸਿਆ ਕਿ ਚੋਰਾਂ ਨੇ ਗਰਿੱਲ ਅਤੇ ਗੇਟ ਤੋੜ ਕੇ ਅੰਦਰ ਦਾਖਲ ਹੋ ਕੇ ਗੈਸ ਕਟਰ ਨਾਲ ਸੇਫ ਤੋੜੀ ਹੈ। ਉਸ ਨੇ ਦੱਸਿਆ ਕਿ ਚੋਰ ਸੇਫ ਵਿੱਚੋਂ ਲਗਭਗ ਸਾਢੇ ਚਾਰ ਕਿੱਲੋ ਚਾਂਦੀ ਅਤੇ 50 ਗ੍ਰਾਮ ਦੇ ਕਰੀਬ ਸੋਨੇ ਦੇ ਗਹਿਣੇ ਚੋਰੀ ਕਰਕੇ ਲੈ ਗਏ ਹਨ।ਚੋਰੀ ਬਾਰੇ ਪਤਾ ਚੱਲਣ ਤੇ ਉਸ ਨੇ ਇਸ ਦੀ ਸੂਚਨਾ ਪੁਲਸ ਨੂੰ ਦਿੱਤੀ। ਪੁਲਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਜਨਵਾਦੀ ਇਸਤਰੀ ਸਭਾ ਦੀ ਮੀਟਿੰਗ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਜ਼ਿਲਾ ਜਨਵਾਦੀ ਇਸਤਰੀ ਸਭਾ ਦੀ ਜਨਰਲ ਬਾਡੀ ਮੀਟਿੰਗ ਬੀਬੀ ਸੁਰਿੰਦਰ ਚੁੰਬਰ ਦੀ ਪ੍ਰਧਾਨਗੀ ਹੇਠ ਹੋਈ।ਸਭ ਤੋਂ ਪਹਿਲਾ ਬੀਬੀ ਸੁਯੋਗਤਾ ਖੀਵਾ ਦੀ ਬੇਵਕਤ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਮੀਟਿੰਗ ਦੀ ਕਾਰਵਾਈ ਪ੍ਰੈੱਸ ਦੇ ਨਾਂਅ ਜਾਰੀ ਕਰਦਿਆਂ ਬੀਬੀ ਨੀਲਮ ਰਾਣੀ ਜ਼ਿਲਾ ਜਨਰਲ ਸਕੱਤਰ ਜਨਵਾਦੀ ਇਸਤਰੀ ਸਭਾ ਹੁਸ਼ਿਆਰਪੁਰ ਨੇ



ਦੱਸਿਆ ਕਿ ਮੈਂਬਰਸ਼ਿਪ ਦੀ ਮੁਹਿੰਮ ਤੇਜ ਕੀਤੀ ਜਾਵੇਗੀ। ਮਨਰੇਗਾ ਸਕੀਮ ਮੁੜ ਬਹਾਲ ਕਰਨ ਲਈ ਚਲ ਰਹੇ ਘੋਲ ਵਿੱਚ ਵਧ ਚੜ੍ਹਕੇ ਸ਼ਾਮਲ ਹੋਇਆ ਜਾਵੇਗਾ। ਅਮਰੀਕਨ ਸਾਮਰਾਜ, ਇਜ਼ਰਾਇਲ ਦੀ ਧੱਕੇਸ਼ਾਹੀ ਦੀ ਨਿਖੇਧੀ ਕੀਤੀ ਤੇ ਇਰਾਨ ਦੇ ਲੋਕਾਂ ਨਾਲ ਹਮਦਰਦੀ ਪ੍ਰਗਟ ਕੀਤੀ।ਇਸ ਮੀਟਿੰਗ ਵਿੱਚ ਬੀਬੀ ਜਸਵਿੰਦਰ ਕੌਰ ਬੋੜਾ,ਤੇਜਿੰਦਰ ਕੌਰ, ਕਸ਼ਮੀਰ ਕੌਰ, ਕਮਲੇਸ਼, ਕਮਲਜੀਤ ਕੌਰ, ਸਿੰਦਰ,ਭੋਲੀ,ਪੂਜਾ ਮਨਪ੍ਰੀਤ ਕੌਰ, ਅੰਨੂ ਰਾਣਾ, ਪਿਆਰੋ, ਸ਼ਾਂਤੀ ਆਦਿ ਹਾਜ਼ਰ ਸਨ।

## ਸੀ ਬੀ ਐੱਸ ਈ ਦੀ ਪ੍ਰੀਖਿਆ 'ਚ ਐੱਲ ਡੀ ਆਰ ਦਾ ਨਤੀਜਾ ਸ਼ਾਨਦਾਰ




ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸੀ.ਬੀ.ਐੱਸ.ਈ. ਦੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਐੱਲ.ਡੀ.ਆਰ. ਕੌਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ 100% ਅੰਕ ਹਾਸਲ ਕਰਕੇ ਐੱਲ.ਡੀ.ਆਰ. ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ।ਪ੍ਰਿੰਸੀਪਲ ਗੁੰਜਨ ਨੇ ਦੱਸਿਆ ਕਿ ਅਭੀ ਧਵਨ ਪੁੱਤਰ ਸ਼੍ਰੀ ਪਵਨ ਕੁਮਾਰ ਨੇ 100% ਅੰਕ ਪ੍ਰਾਪਤ ਕਰਕੇ ਪਹਿਲਾ, ਜਸਲੀਨ ਕੌਰ ਪੁੱਤਰੀ ਸ. ਦਲਜੀਤ ਸਿੰਘ ਨੇ 99.4% ਅੰਕ ਪ੍ਰਾਪਤ ਕਰਕੇ ਦੂਜਾ ਤੇ ਅਵਨੀਤ ਕੌਰ ਪੁੱਤਰੀ ਸ੍ਰ. ਸੁਖਜਿੰਦਰ ਸਿੰਘ ਨੇ 99% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਹੈ।ਇਸੇ ਤਰ੍ਹਾਂ ਹੀ ਸਾਡੇ ਸਕੂਲ ਦੇ ਹੋਰ ਬੱਚੇ ਏਕਮਦੀਪ ਕੌਰ ਨੇ 98%, ਰਸ਼ਨਪ੍ਰੀਤ ਕੌਰ ਨੇ 96.8%, ਕਰਨਵੀਰ ਕੌਰ ਨੇ 96.4%, ਕਿਰਨ ਨੇ 96.2%, ਗੁਰਸਿਮਰਨ ਕੌਰ ਨੇ 93.4%, ਐਸ਼ਵੀਰ ਕੌਰ ਨੇ 93%, ਮਨਦੀਪ ਕੌਰ ਨੇ 91%, ਮਹਿਕਦੀਪ ਕੌਰ ਨੇ 90.6%, ਐਸ਼ਮੀਨ ਕੌਰ ਨੇ 90%, ਨਵਦੀਪ ਕੌਰ ਨੇ 89.2%, ਮਨਿੰਦਰ ਸਿੰਘ ਨੇ 88.8%, ਸਿਮਰਤ ਕੌਰ ਨੇ 88.2% ਤੇ ਜਸ਼ਨਦੀਪ ਕੌਰ ਨੇ 85% ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੇ ਚੇਅਰਮੈਨ ਅਜੇ ਅਰੋੜਾ, ਪ੍ਰਿੰਸੀਪਲ ਗੁੰਜਨ ਤੇ ਸਮੂਹ ਸਟਾਫ਼ ਨੇ ਬੱਚਿਆਂ ਨੂੰ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਹੋਰ ਵੀ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।

## ਅਕਾਲ ਅਕੈਡਮੀ ਢੀਂਡਸਾ ਦਾ ਦਸਵੀਂ ਦਾ ਨਤੀਜਾ ਸੌ ਫ਼ੀਸਦੀ



ਸਮਰਾਲਾ (ਸੁਰਜੀਤ ਸਿੰਘ)-ਸੀਬੀਐੱਸਈ ਬੋਰਡ ਵੱਲੋਂ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜੇ ਵਿੱਚ ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਅਕਾਲ ਅਕੈਡਮੀ ਢੀਂਡਸਾ ਦੇ ਵਿਦਿਆਰਥੀਆਂ ਨੇ ਵੱਡੀਆਂ ਮੱਲਾਂ ਮਾਰ ਕੇ ਸਕੂਲ ਤੇ ਇਲਾਕੇ ਦਾ ਵੱਡਾ ਨਾਮਣਾ ਖੱਟਿਆ ਹੈ।ਪ੍ਰਾਪਤ ਸਮਾਚਾਰ ਅਨੁਸਾਰ ਅਕੈਡਮੀ ਦੇ ਵਿਦਿਆਰਥੀ ਪ੍ਰਭਜਸ ਸਿੰਘ ਨੇ ਪ੍ਰੀਖਿਆ ਵਿੱਚ ਆਪਣੇ ਹੈਰਾਨੀਜਨਕ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕਰਦਿਆਂ 98 ਫੀਸਦੀ ਅੰਕ ਪ੍ਰਾਪਤ ਕਰਕੇ ਮਿਸਾਲ ਕਾਇਮ ਕਰ ਦਿੱਤੀ।ਜਾਣਕਾਰੀ ਸਾਂਝੀ ਕਰਦਿਆਂ ਸਕੂਲ ਪ੍ਰਿੰਸੀਪਲ ਅਰਵਿੰਦਰਪਾਲ ਕੌਰ ਓਬਰਾਏ ਨੇ ਦੱਸਿਆ ਕਿ ਵਿਦਿਆਰਥੀ ਪ੍ਰਭਜਸ ਸਿੰਘ ਨੇ 98% ਅੰਕ ਲੈਂਦੇ ਹੋਏ ਸਮੁੱਚੇ ਸਕੂਲ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ।ਪਲਕਨੂਰ ਕੌਰ ਨੇ 97.6 ਫੀਸਦੀ ਅੰਕ ਲੈਂਦੇ ਹੋਏ ਦੂਜਾ ਤੇ ਗੁਰਨੂਰ ਕੌਰ ਨੇ 96.4 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਅਰਵਿੰਦਰਪਾਲ ਕੌਰ ਓਬਰਾਏ ਨੇ ਇਸ ਸ਼ਾਨਦਾਰ ਨਤੀਜੇ ਦੀ ਪ੍ਰਾਪਤੀ 'ਤੇ ਸਮੁੱਚੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਸਕੂਲ ਸਟਾਫ਼ ਨੂੰ ਮੁਬਾਰਕਬਾਦ ਦਿੱਤੀ ਤੇ ਵਿਦਿਆਰਥੀਆਂ ਦੀ ਦ੍ਰਿੜ੍ਹਤਾ ਤੇ ਲਗਨ ਦੀ ਪ੍ਰਸ਼ੰਸਾ ਕੀਤੀ ਅਤੇ ਨਾਲ ਹੀ ਸਮੂਹ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਅਤੇ ਵਧੀਆ ਮੁਕਾਮ ਤੱਕ ਪਹੁੰਚਣ ਲਈ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।

## ਵਿਵੇਕਾਨੰਦ ਵਰਲਡ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਵਿਵੇਕਾਨੰਦ ਵਰਲਡ ਸਕੂਲ ਨੇ ਇੱਕ ਵਾਰ ਫਿਰ ਸ਼ਾਨਦਾਰ ਅਕਾਦਮਿਕ ਨਤੀਜੇ ਪ੍ਰਦਾਨ ਕਰਦਿਆਂ ਹੋਇਆਂ ਕਲਾਸ ਦੱਸਵੀਂ ਦੀ ਪ੍ਰੀਖਿਆ ਵਿੱਚ 100 ਪ੍ਰਤੀਸ਼ਤ ਨਤੀਜਾ ਹਾਸਿਲ ਕੀਤਾ ਹੈ। ਇਹ ਸ਼ਾਨਦਾਰ ਉਪਲਬਧੀ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਲਗਾਤਾਰ ਸਹਿਯੋਗ ਨੂੰ ਦਰਸਾਉਂਦੀ ਹੈ। ਇਹ ਨਤੀਜਾ ਸਕੂਲ ਦੇ ਦ੍ਰਿੜ ਇਰਾਦਿਆਂ ਨੂੰ ਵੀ ਪ੍ਰਗਟ ਕਰਦਾ ਹੈ, ਜਿਸ ਵਿੱਚ ਸਿਰਫ਼ ਪੜ੍ਹਾਈ ਹੀ ਨਹੀਂ, ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ 'ਤੇ ਵੀ ਜ਼ੋਰ ਦਿੱਤਾ ਜਾਂਦਾ ਹੈ। ਉੱਚ ਅੰਕ ਪ੍ਰਾਪਤ ਕਰਨ ਵਾਲਿਆਂ ਵਿੱਚ ਚੇਤੰਨਿਆ (97 ਪ੍ਰਤੀਸ਼ਤ), ਅਰਪਨਪ੍ਰੀਤ ਕੌਰ (95 ਪ੍ਰਤੀਸ਼ਤ), ਆਕ੍ਰਿਤੀ (94 ਪ੍ਰਤੀਸ਼ਤ) ਤੇ ਮਨਰੀਤ ਕੌਰ (91 ਪ੍ਰਤੀਸ਼ਤ) ਸ਼ਾਮਲ ਹਨ। ਇਨ੍ਹਾਂ ਵਿਦਿਆਰਥੀਆਂ ਨੇ ਇਸ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਤੇ ਇਲਾਕੇ ਦਾ ਮਾਣ ਵਧਾਇਆ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਡਾ. ਐੱਸ. ਐੱਨ. ਰੁਦਰਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਇਹ ਸਫਲਤਾ ਸਾਡੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਲਗਾਤਾਰ ਸਹਿਯੋਗ ਦਾ ਸਾਂਝਾ ਨਤੀਜਾ ਹੈ। ਸਕੂਲ ਦੇ ਚੇਅਰਮੈਨ ਡਾ. ਗੌਰਵ ਸਾਗਰ ਭਾਸਕਰ ਨੇ ਵੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਉਪਲਬਧੀ ਸਾਡੇ ਵਿਦਿਆਰਥੀਆਂ ਦੇ ਅਨੁਸ਼ਾਸਨ, ਦ੍ਰਿੜ ਨਿਸ਼ਚੇ ਤੇ ਕੇਂਦ੍ਰਿਤ ਮਿਹਨਤ ਦਾ ਪ੍ਰਤੀਕ ਹੈ। ਸਾਨੂੰ ਪੂਰਾ ਭਰੋਸਾ ਹੈ ਕਿ ਸਾਡੇ ਵਿਦਿਆਰਥੀ ਭਵਿੱਖ ਵਿੱਚ ਵੀ ਉੱਚਾਈਆਂ ਹਾਸਲ ਕਰਦੇ ਹੋਏ ਸਮਾਜ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੇ।

## ਝਾੜ ਸਾਹਿਬ ਕਾਲਜ ਦਾ ਬੀ. ਕਾਮ ਸਮੈਸਟਰ ਤੀਜੇ ਦਾ ਨਤੀਜਾ ਸ਼ਾਨਦਾਰ



ਸਮਰਾਲਾ (ਸੁਰਜੀਤ ਸਿੰਘ)-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ. ਕਾਮ ਸਮੈਸਟਰ ਤੀਜੇ ਦਾ ਨਤੀਜਾ ਸ਼ਾਨਦਾਰ ਰਿਹਾ।ਬੀ. ਕਾਮ ਦੀ ਵਿਦਿਆਰਥਣ ਸਹਿਜਪ੍ਰੀਤ ਕੌਰ ਨੇ 87 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਸੰਦੀਪ ਕੌਰ ਨੇ 78.01 ਫੀਸਦੀ ਤੇ ਰੂਬਲਪ੍ਰੀਤ ਕੌਰ ਨੇ 76 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਮੂਹ ਕਾਮਰਸ ਵਿਭਾਗ, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਉੱਚ ਦਰਜੇ ਦੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਇਸ ਯੁੱਗ ਵਿੱਚ ਉਹ ਆਪਣੀ ਵਿਲੱਖਣ ਪਛਾਣ ਬਣਾਉਣ ਸਮਰੱਥ ਹੋ ਸਕਣ।ਉਨ੍ਹਾਂ ਕਿਹਾ ਕਿ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਸਾਡੀਆਂ ਵਿਦਿਆਰਥਣਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦ੍ਰਿੜ੍ਹ ਇਰਾਦੇ, ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਹਾਸਲ ਕਰਕੇ ਕਾਲਜ, ਮਾਪਿਆਂ ਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਦੀਆਂ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ



ਸਮਾਣਾ (ਗੁਰਪਿਆਰ ਸਿੰਘ ਬੱਲ)-ਸੀ.ਬੀ.ਐੱਸ.ਈ. ਬੋਰਡ ਵੱਲੋਂ ਐਲਾਨੇ ਗਏ ਦਸਵੀਂ ਜਮਾਤ ਦੇ ਨਤੀਜਿਆਂ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ ਹੈ।ਸਕੂਲ ਦੇ ਵਿਦਿਆਰਥੀਆਂ ਨੇ ਪ੍ਰੀਖਿਆ ਵਿੱਚ ਭਾਗ ਲਿਆ ਤੇ ਸਭ ਨੇ ਸਫਲਤਾ ਪ੍ਰਾਪਤ ਕਰਦੇ ਹੋਏ 100 ਫੀਸਦੀ ਨਤੀਜਾ ਦਰਜ ਕੀਤਾ।ਇਸ ਮੌਕੇ ਸਕੂਲ ਪ੍ਰਧਾਨ ਸ੍ਰ. ਪਰਦਮਨ ਸਿੰਘ ਵਿਰਕ, ਜਨਰਲ ਸਕੱਤਰ ਸ. ਬਲਵਿੰਦਰ ਸਿੰਘ, ਸੀਨੀਅਰ ਵਾਈਸ ਪ੍ਰਧਾਨ ਸ੍ਰ. ਗੁਲਜਾਰ ਸਿੰਘ, ਖਜ਼ਾਨਚੀ ਸ. ਜਸਵੰਤ ਸਿੰਘ ਤੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਦੇਵ ਸਿੰਘ, ਬਾਬਾ ਸਾਹਿਬ ਸਿੰਘ, ਸ. ਕੁਲਦੀਪ ਸਿੰਘ ਢਿੱਲੋਂ, ਸਕੂਲ ਪ੍ਰਿੰਸੀਪਲ ਸ਼੍ਰੀਮਤੀ ਸੁਨੀਤਾ ਰਾਣੀ ਤੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ।ਉਨ੍ਹਾਂ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵੀ ਇਸ ਸ਼ਾਨਦਾਰ ਸਫਲਤਾ ਲਈ ਦਿਲੋਂ ਮੁਬਾਰਕਬਾਦ ਦਿੱਤੀ ਤੇ ਭਵਿੱਖ ਵਿੱਚ ਹੋਰ ਉੱਚੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

## ਸਰਕਾਰੀ ਗਰਲਜ਼ ਕਾਲਜ ਵਿਖੇ ਭਾਸ਼ਣ ਤੇ ਕਵਿਤਾ ਮੁਕਾਬਲੇ ਕਰਵਾਏ



ਲੁਧਿਆਣਾ (ਰੈਕਟਰ ਕਥੂਰੀਆ)-ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ ਦੀ ਯੋਗ ਅਗਵਾਈ ਹੇਠ ਇਤਿਹਾਸ ਵਿਭਾਗ, ਰਾਜਨੀਤੀ ਸ਼ਾਸਤਰ ਵਿਭਾਗ, ਸਮਾਜ ਸ਼ਾਸਤਰ ਵਿਭਾਗ ਤੇ ਬਹੁਭਾਸ਼ਾਈ ਕਮੇਟੀ ਨੇ ਮਹਿਲਾ ਸਸ਼ਕਤੀਕਰਨ ਦੇ ਵਿਸ਼ੇ ਉੱਪਰ 'ਉਹ ਆਵਾਜ਼ ਜੋ ਇੱਕ ਰਾਸ਼ਟਰ ਨੂੰ ਆਕਾਰ ਦਿੰਦੀ ਹੈ' ਉਪ-ਥੀਮ 'ਤੇ ਇੱਕ ਭਾਸ਼ਣ ਤੇ ਕਵਿਤਾ ਉਚਾਰਨ ਮੁਕਾਬਲਾ ਕਰਵਾਇਆ।ਇਸ ਪ੍ਰੋਗਰਾਮ ਵਿੱਚ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ ਜੀ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਤੇ ਜੱਜਾਂ ਦਾ ਸਵਾਗਤ ਵਿਭਾਗਾਂ ਦੇ ਮੁਖੀ ਸ਼੍ਰੀਮਤੀ ਸਰਿਤਾ ਮਿਨਹਾਸ ਨੇ ਕੀਤਾ।ਸਮਾਰੋਹ ਦੀ ਸ਼ੁਰੂਆਤ ਰਾਮ ਵੰਦਨਾ (ਭਗਵਾਨ ਰਾਮ ਦੀ ਪ੍ਰਾਰਥਨਾ) ਨਾਲ ਹੋਈ।ਇਸ ਤੋਂ ਬਾਅਦ ਭਾਸ਼ਣ ਮੁਕਾਬਲਾ ਸ਼ੁਰੂ ਹੋਇਆ।ਸ੍ਰੀਮਤੀ ਨਿਰਮਲਜੀਤ ਕੌਰ ਤੇ ਡਾ. ਸਰਬਜੀਤ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਲਤਾ ਨੇ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਨੂੰ ਦਿਲੋਂ ਵਧਾਈ ਦਿੱਤੀ।ਪ੍ਰੋਗਰਾਮ ਦੇ ਅੰਤ ਵਿੱਚ ਜੇਤੂ ਵਿਦਿਆਰਥਣਾਂ ਨੂੰ ਸਰਟੀਫਿਕੇਟ ਦਿੱਤੇ ਗਏ।ਇਸੇ ਦੌਰਾਨ ਕਾਲਜ ਦੀਆਂ ਵੱਖ-ਵੱਖ ਕਮੇਟੀਆਂ, ਜਿਨ੍ਹਾਂ ਵਿੱਚ ਰਾਜਨੀਤੀ ਸ਼ਾਸਤਰ, ਇਤਿਹਾਸ, ਹਿੰਦੀ ਤੇ ਅੰਗਰੇਜ਼ੀ ਵਿਭਾਗਾਂ ਦੇ ਮੈਂਬਰ ਸ਼ਾਮਲ ਸਨ, ਦੀ ਕਲੋਜ਼ਿੰਗ ਸੈਰਾਮਨੀ ਹੋਈ ਤੇ ਵਿਦਿਆਰਥਣਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਸਾਲਾਨਾ ਕਮੇਟੀ ਦੇ ਕੰਮਾਂ ਲਈ ਸਨਮਾਨਤ ਕੀਤਾ ਗਿਆ।ਇਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਵਿਭਾਗ ਮੁਖੀ ਤੇ ਪ੍ਰੋਫੈਸਰ ਮੌਜੂਦ ਸਨ।

## ਆਂਗਣਵਾੜੀ ਸੈਂਟਰ 'ਚ ਪੋਸ਼ਣ ਪਖਵਾੜਾ ਮਨਾਇਆ




ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਆਂਗਣਵਾੜੀ ਸੈਂਟਰ ਨੰਬਰ 122 ਵਿਖੇ ਨਗਰ ਕੌਂਸਲ ਵੱਲੋਂ 'ਪੋਸ਼ਣ ਪਖਵਾੜਾ' ਤਹਿਤ ਜਾਗਰੂਕਤਾ ਸਮਾਗਮ ਕਰਵਾਇਆ ਗਿਆ, ਜਿਸ ਵਿਚ ਸੀ.ਐੱਮ.ਐੱਮ. ਯਾਦਵਿੰਦਰ ਸਿੰਘ ਤੇ ਸੀ.ਓ. ਜਰਨੈਲ ਸਿੰਘ ਪੁੱਜੇ। ਸਮਾਗਮ ਦਾ ਮੁੱਖ ਉਦੇਸ਼ ਗਰਭਵਤੀ ਔਰਤਾਂ, ਦੁੱਧ ਪਿਲਾਉਣ ਵਾਲੀਆਂ ਮਾਵਾਂ ਤੇ ਬੱਚਿਆਂ ਦੀ ਸਿਹਤ ਤੇ ਖੁਰਾਕ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਆਂਗਣਵਾੜੀ ਵਰਕਰ ਕੁਲਵੰਤ ਕੌਰ ਵੱਲੋਂ ਸਿਹਤਮੰਦ ਜੀਵਨ ਸ਼ੈਲੀ ਤੇ ਪੌਸ਼ਟਿਕ ਖੁਰਾਕ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਪੋਸ਼ਣ ਦੀ ਮਹੱਤਤਾ ਨੂੰ ਦਰਸਾਉਂਦੇ ਚਾਰਟ ਤੇ ਪੋਸਟਰਾਂ ਰਾਹੀਂ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪਰਮਜੀਤ ਨੀਲੋਂ, ਹੈਲਪਰ ਗੁਰਪ੍ਰੀਤ ਕੌਰ, ਮਲਕੀਤ ਕੌਰ, ਸੀਮਾ ਰਾਣੀ, ਬਿਮਲਾ, ਪਲਵਿੰਦਰ ਕੌਰ, ਪਰਮਜੀਤ ਕੌਰ, ਮਨਦੀਪ ਕੌਰ, ਸਵਰਨ ਕੌਰ, ਜਸਵਿੰਦਰ ਕੌਰ, ਬਿਆਸ ਚੰਦ, ਵਿਕਰਮਜੀਤ ਸਿੰਘ, ਜੀਤ ਰਾਮ ਆਦਿ ਹਾਜ਼ਰ ਸਨ।

# ਹੱਕੀ ਮੰਗਾਂ ਨੂੰ ਲੈ ਕੇ ਆਸ਼ਾ ਵਰਕਰਜ਼ ਤੇ ਫੈਸਿਲੀਟੇਟਰਜ਼ ਵੱਲੋਂ ਰੋਸ ਪ੍ਰਦਰਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਦੀਆਂ ਆਸ਼ਾ ਵਰਕਰਜ਼ ਵੱਲੋਂ ਪੰਜਾਬ ਸਰਕਾਰ ਖਿਲਾਫ਼ ਜ਼ੋਰਦਾਰ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ ਹਨ।ਇਸੇ ਕੜੀ ਤਹਿਤ ਅੱਜ ਮੋਗਾ ਦੇ ਸਿਵਲ ਹਸਪਤਾਲ ਵਿਖੇ ਆਸ਼ਾ ਵਰਕਰਜ਼ ਤੇ ਆਸ਼ਾ ਫੈਸਿਲੀਟੇਟਰ ਯੂਨੀਅਨ ਵੱਲੋਂ ਵਿਸ਼ਾਲ ਧਰਨਾ ਦਿੱਤਾ ਗਿਆ।ਇਸ ਮੌਕੇ ਆਸ਼ਾ ਵਰਕਰਜ਼ ਨੇ ਆਪਣੀਆਂ ਮੰਗਾਂ ਦੇ ਹੱਕ ਤੇ ਪੰਜਾਬ ਸਰਕਾਰ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਉਪਰੰਤ ਆਸ਼ਾ ਵਰਕਰਾਂ ਵੱਲੋਂ ਮੋਗਾ ਦੇ ਮੁੱਖ ਚੌਂਕ ਤੱਕ ਰੋਸ ਮਾਰਚ ਕਰਦੇ ਹੋਏ ਧਰਨਾ ਦਿੱਤਾ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਸਹਾਇਕ ਸਕੱਤਰ ਮਨਦੀਪ ਕੌਰ ਦੀਦਾਰੇਵਾਲਾ ਨੇ ਕਿਹਾ ਕਿ ਸਿਹਤ ਵਿਭਾਗ ਦੀ ਰੀੜ ਦੀ ਹੱਡੀ ਵੱਜੋਂ ਜਾਣੀ ਜਾਂਦੀ ਆਸ਼ਾ ਵਰਕਰ ਆਸ਼ਾ- ਫੈਸਿਲੀਟੇਟਰਾਂ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਬਣਾਉਣ ਵਿੱਚ ਅਹਿਮ ਭੂਮਿਕਾ ਹੈ।ਸਰਕਾਰ ਬਣਨ ਤੇ ਪੰਜਾਬ ਭਰ ਦੀਆਂ ਵਰਕਰਾਂ ਸਮੇਤ ਪਰਵਾਰਾਂ ਵਿੱਚ ਵੱਡੀ ਖੁਸ਼ੀ ਦੀ ਲਾਹਿਰ ਪਾਈ ਗਈ।ਮਿਤੀ 28 ਜੂਨ 2024 ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਾਡੀ ਜਥੇਬੰਦੀ ਨਾਲ ਜਲੰਧਰ ਚੋਣਾਂ ਤੋਂ ਪਹਿਲਾਂ ਪੈਨਲ ਮੀਟਿੰਗ ਕੀਤੀ, ਜਿਸ ਵਿੱਚ ਸਾਡੀਆਂ ਹੱਕੀ ਤੇ ਜਾਇਜ਼ ਮੰਗਾਂ ਮੰਨੀਆਂ, ਜਿਸ ਵਿੱਚ ਅਹਿਮ ਮੰਗ ਵਰਕਰਾਂ ਦੀ ਉਮਰ ਹੱਦ ਵਿੱਚ ਵਾਧਾ ਕੀਤਾ, ਪਰ ਅਫ਼ਸੋਸ ਕਿ 27-28 ਨਿਸ਼ਕਾਮ ਤੇ ਆਪਣੀ ਜਾਨ ਨੂੰ ਜੋਖਮ ਵਿੱਚ ਪਾ ਕੇ ਸਮਾਜ ਸੇਵਾ ਕਰਨ ਤੋਂ ਬਾਅਦ ਜਦੋਂ ਖਾਲੀ ਹੱਥ ਸੇਵਾ ਮੁਕਤੀ ਕੀਤੀ ਜਾਂਦੀ ਹੈ, ਤਾਂ ਬਹੁਤ ਜ਼ਿਆਦਾ ਨਿਰਾਸ਼ਾ ਪਾਈ ਜਾਂਦੀ ਹੈ, ਜਦਕਿ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਜਾਣੂੰ ਹੈ ਕਿ ਇਹ ਵਰਕਰਾਂ ਘਰ-ਘਰ, ਹਰ ਪਰਿਵਾਰ, ਹਰ ਵਰਗ ਤੱਕ ਸਿਹਤ ਸਹੂਲਤਾਂ, ਸਿਹਤ ਸਕੀਮਾਂ ਪਹੁੰਚਾ ਰਹੀਆਂ ਹਨ।ਪੰਜਾਬ ਭਰ ਦੀਆਂ ਇਨ੍ਹਾਂ ਵਰਕਰਾਂ 'ਤੇ 22-23 ਹਜ਼ਾਰ ਪਰਵਾਰ ਨਿਰਭਰ ਹਨ।ਇਹ ਸਭ ਲੋੜਵੰਦ ਪਰਵਾਰਾਂ ਨਾਲ ਸਬੰਧਤ ਹਨ।ਅੰਤ ਦੀ ਮਹਿੰਗਾਈ ਵਿੱਚ 2500/- ਰੁਪਏ ਪਰ ਮਹੀਨਾ (ਆਨਰੇਰੀਅਮ) ਨਾਲ ਘਰਾਂ ਦਾ ਗੁਜ਼ਾਰਾ ਕਰਨਾ ਮੁਸ਼ਕਲ ਹੀ ਨਹੀਂ ਬਲਕਿ ਚਣੌਤੀ ਹੈ।ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਨ੍ਹਾਂ ਵੱਲੋਂ ਮੰਨੀਆਂ ਮੰਗਾਂ ਤੁਰੰਤ ਲਾਗੂ ਕੀਤੀਆਂ ਜਾਣ।ਧਰਨੇ ਦੇ ਅੰਤ ਵਿੱਚ ਤਹਿਸੀਲਦਾਰ ਮੋਗਾ ਨੂੰ ਮੰਗ ਪੱਤਰ ਸੌਂਪਿਆ ਗਿਆ।

## ਐਡਵੋਕੇਟ ਜੱਸ ਸਪੈਸ਼ਲ ਇਨਵਾਇਟੀ ਮੈਂਬਰ ਨਿਯੁਕਤ

ਰਾਮਪੁਰਾ ਫੂਲ (ਦਰਸ਼ਨ ਜਿੰਦਲ)



ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਕਾਂਗਰਸੀ ਆਗੂ ਤੇ ਰਾਮਪੁਰਾ ਫੂਲ ਹਲਕੇ ਤੋਂ ਵਿਧਾਨ ਸਭਾ ਚੋਣਾਂ ਲਈ ਟਿਕਟ ਦੇ ਮਜ਼ਬੂਤ ਦਾਅਵੇਦਾਰ ਵਜੋਂ ਮੰਨੇ ਜਾਂਦੇ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੂੰ ਪਾਰਟੀ ਹਾਈ ਕਮਾਂਡ ਨੇ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਇਸ ਤੋਂ ਪਹਿਲਾਂ ਐਡਵੋਕੇਟ ਜੱਸ ਬੱਜੋਆਣਾ ਯੂਥ ਕਾਂਗਰਸ ਦੇ ਪ੍ਰਧਾਨ ਰਹਿ ਚੁੱਕੇ ਹਨ ਤੇ ਹੁਣ ਜ਼ਿਲ੍ਹਾ ਕਾਂਗਰਸ ਦੇ ਮੀਤ ਪ੍ਰਧਾਨ ਦੀਆਂ ਸੇਵਾਵਾਂ ਨਿਭਾਅ ਰਹੇ ਹਨ ਤੇ ਹੁਣ ਕਾਂਗਰਸ ਪਾਰਟੀ ਦੀ ਲੀਡਰਸ਼ਿਪ ਨੇ ਉਨ੍ਹਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਕਾਂਗਰਸ ਦਾ ਸਪੈਸ਼ਲ ਇਨਵਾਇਟੀ ਮੈਂਬਰ ਬਣਾਇਆ ਹੈ, ਜਿਸ ਵਿੱਚ ਸਾਬਕਾ ਮੰਤਰੀ ਅਤੇ ਸਾਬਕਾ ਵਿਧਾਇਕ ਤੇ ਕੁਝ ਕੁ ਸੀਨੀਅਰ ਆਗੂਆਂ ਨੂੰ ਸ਼ਾਮਲ ਕੀਤਾ ਗਿਆ ਹੈ।

## ਥਾਪਰ ਨਰਸਿੰਗ ਕਾਲਜ ਵਿਖੇ ਆਫਤ ਪ੍ਰਬੰਧਨ 'ਤੇ ਵਰਕਸ਼ਾਪ



ਮੋਗਾ (ਇਕਬਾਲ ਸਿੰਘ ਖਹਿਰਾ)-ਡਾ. ਸ਼ਾਮ ਲਾਲ ਥਾਪਰ ਕਾਲਜ ਆਫ ਨਰਸਿੰਗ ਦੇ ਬੀ ਐੱਸ ਸੀ 7ਵੇਂ ਸਮੈਸਟਰ ਦੇ ਵਿਦਿਆਰਥੀਆਂ ਵੱਲੋਂ ਡਿਜਸਟਰ ਮੈਨੇਜਮੈਂਟ ਵਿਸ਼ੇ 'ਤੇ ਇੱਕ ਵਰਕਸ਼ਾਪ ਕੀਤੀ ਗਈ, ਜਿਸ ਦੀ ਅਸਿਸਟੈਂਟ ਪ੍ਰੋਫੈਸਰ ਸੁਖਦੀਪ ਕੌਰ, ਸੁਨੇਹਾ ਸ਼ਰਮਾ ਤੇ ਕਾਲਜ ਦੇ ਪ੍ਰਿੰਸੀਪਲ ਸੁਨੀਤਾ ਜੌਸਫ ਨਿਗਰਾਨੀ ਤੇ ਸੇਧ ਹੇਠ ਕੀਤਾ ਗਿਆ।ਇਸ ਵਰਕਸ਼ਾਪ ਵਿੱਚ ਕਾਲਜ ਦੇ ਚੇਅਰਪਰਸਨ ਡਾ. ਮਾਲਤੀ ਥਾਪਰ ਤੇ ਕਾਲਜ ਦੇ ਡਾਇਰੈਕਟਰ ਡਾ. ਪਵਨ ਥਾਪਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਇਸ ਵਿਸ਼ੇ 'ਤੇ ਆਪਣੇ ਵਿਚਾਰ ਸਮੁੱਚੇ ਵਿਦਿਆਰਥੀਆਂ ਨਾਲ ਸਾਂਝੇ ਕੀਤੇ।ਇਸ ਮੌਕੇ ਡਾ. ਪਵਨ ਥਾਪਰ ਨੇ ਇਨਾਮ ਵੰਡਣ ਤੋਂ ਪਹਿਲਾਂ ਵਿਦਿਆਰਥੀਆਂ ਤੇ ਸਾਰੇ ਸਟਾਫ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਆਫਤਾਂ ਕੁਦਰਤ ਦੀ ਮਾਰ ਕਰਕੇ ਵੀ ਪੈਂਦੀਆਂ ਹਨ ਤੇ ਇਨਸਾਨਾਂ ਦੀਆਂ ਗਲਤੀਆਂ ਕਰਕੇ ਵੀ ਪੈਂਦੀਆਂ ਹਨ।ਹਰ ਛੋਟੀ ਵੱਡੀ ਲੜਾਈ ਇਨਸਾਨੀਅਤ ਲਈ ਬਹੁਤ ਖਤਰਨਾਕ ਸਾਬਤ ਹੁੰਦੀ ਹੈ, ਜਿੱਥੇ ਬੇਕਸੂਰ ਲੋਕ ਆਪਣੀਆਂ ਜਾਨਾਂ ਬੇਮਤਲਬ ਤੋਂ ਗਵਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇ ਦੇ ਅੰਦਰ ਜਦੋਂਕਿ ਦੁਨੀਆਂ ਦਾ ਬਹੁਤ ਵੱਡਾ ਹਿੱਸਾ ਜੰਗਾਂ ਨਾਲ ਪ੍ਰਭਾਵਿਤ ਹੈ ਤੇ ਹਰ ਜਗ੍ਹਾ 'ਤੇ ਹਰ ਸਮਾਜ ਦੇ ਅੰਦਰ ਇਨਸਾਨੀ ਜਾਨਾਂ ਨੂੰ ਬਚਾਉਣਾ ਇੱਕ ਬਹੁਤ ਵੱਡੀ ਚੁਨੌਤੀ ਹੈ।ਸੋ ਮੈਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਸਾਡੇ ਕਾਲਜ ਦੇ ਸਟਾਫ ਤੇ ਵਿਦਿਆਰਥੀਆਂ ਨੇ ਆਪਣੇ ਤੌਰ 'ਤੇ ਇਹ ਬਹੁਤ ਸ਼ਲਾਘਾਯੋਗ ਕਦਮ ਚੁੱਕਿਆ ਹੈ।ਇਸ ਲਈ ਸਾਰੇ ਮੁਬਾਰਕਬਾਦ ਦੇ ਹੱਕਦਾਰ ਹਨ।ਇਸ ਮੌਕੇ ਚੇਅਰਪਰਸਨ ਡਾ. ਮਾਲਤੀ ਥਾਪਰ ਸਾਬਕਾ ਮੰਤਰੀ ਪੰਜਾਬ ਨੇ ਇਸ ਵਰਕਸ਼ਾਪ ਦੇ ਸਬੰਧੀ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਤੇ ਸਟਾਫ ਨੂੰ ਅਹੁਦੇ ਦੇ ਕੇ ਸਨਮਾਨਤ ਕੀਤਾ।

## ਬੱਸੀ ਪਠਾਣਾ ਹਾਦਸੇ 'ਤੇ ਪ੍ਰਿੰਸੀਪਲ ਇੰਦਰਜੀਤ ਕੌਰ ਵੱਲੋਂ ਦੁੱਖ ਪ੍ਰਗਟ

ਲੁਧਿਆਣਾ (ਰਾਜ ਸਿੰਗਲਾ)-ਸ਼੍ਰੀ ਫ਼ਤਹਿਗੜ੍ਹ ਸਾਹਿਬ ਦੇ ਬੱਸੀ ਪਠਾਣਾਂ ਨੇੜੇ ਇਕ ਬਹੁਤ ਹੀ ਦੁਖਦਾਈ ਸੜਕ ਹਾਦਸਾ ਵਾਪਰਿਆ, ਜਦੋਂ ਸ਼੍ਰੀ ਅਨੰਦਪੁਰ ਸਾਹਿਬ ਤੋਂ ਦਰਸ਼ਨ ਕਰਕੇ ਵਾਪਸ ਆ ਰਹੀਆਂ ਸੰਗਤਾਂ ਨਾਲ ਭਰੀ ਬੱਸ ਪਲਟ ਗਈ।ਇਸ ਹਾਦਸੇ ਵਿੱਚ 6 ਯਾਤਰੀਆਂ ਦੀ ਮੌਤ ਹੋ ਗਈ, ਜਦਕਿ ਕਈ ਹੋਰ ਗੰਭੀਰ ਤੌਰ 'ਤੇ ਜ਼ਖਮੀ ਹੋਏ ਹਨ।

ਇਸ ਦੁਖਦਾਈ ਘਟਨਾ 'ਤੇ ਪ੍ਰਿੰਸੀਪਲ ਇੰਦਰਜੀਤ ਕੌਰ ਮੇਅਰ ਲੁਧਿਆਣਾ ਵੱਲੋਂ ਗਹਿਰਾ ਦੁੱਖ ਤੇ ਸੰਵੇਦਨਾ ਪ੍ਰਗਟ ਕੀਤੀ ਗਈ ਤੇ ਉਨ੍ਹਾਂ ਵੱਲੋਂ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਪ੍ਰਮਾਤਮਾ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਤੇ ਜ਼ਖਮੀਆਂ ਨੂੰ ਜਲਦੀ ਚੰਗੀ ਸਿਹਤ ਪ੍ਰਦਾਨ ਕਰੇ।ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਅਸੀਂ ਪਰਵਾਰਾਂ ਨਾਲ ਖੜੇ ਹਾਂ।

# ਦੇਵ ਸਮਾਜ ਕਾਲਜ ਵਿਖੇ 'ਵਕਤ-ਏ-ਰੁਖ਼ਸਤ' ਵਿਦਾਇਗੀ ਸਮਾਰੋਹ



ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਸ਼ਹਿਰ ਸਿੱਖਿਆ ਸਮਾਜਿਕ ਤੇ ਸੱਭਿਆਚਾਰਕ ਗਤੀਵਿਧੀਆਂ ਦੇ ਖੇਤਰ ਵਿਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨਾਲ ਸੰਬੰਧਿਤ ਏ ਪਲੱਸ ਗ੍ਰੇਡ ਪ੍ਰਾਪਤ ਕਾਲਜ ਹੈ। ਇਹ ਸੰਸਥਾ, ਕਾਲਜ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਦੇ ਆਸ਼ੀਰਵਾਦ ਤੇ ਚੇਅਰਪਰਸਨ ਡਾ. ਅਗਨੀਜ਼ ਢਿੱਲੋਂ ਦੀ ਰਹਿਨੁਮਾਈ ਸਦਕਾ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਦੇ ਉੱਦਮੀ ਯਤਨਾਂ ਨਾਲ ਸਿੱਖਿਆ ਅਤੇ ਸਮਾਜਿਕ ਗਤੀਵਿਧੀਆਂ ਵਿਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਿਹਾ ਹੈ। ਇਸ ਤਹਿਤ ਕਾਲਜ ਦੀ 'ਸੈਂਟਰਲ ਐਸੋਸੀਏਸ਼ਨ' ਵੱਲੋਂ ਵਿਦਿਆਰਥਣਾਂ ਲਈ 'ਵਕਤ-ਏ-ਰੁਖ਼ਸਤ' ਨਾਮਕ ਵਿਦਾਇਗੀ ਸਮਾਰੋਹ ਦਾ ਆਯੋਜਨ ਕਾਲਜ ਆਡੀਟੋਰੀਅਮ ਵਿਖੇ ਕੀਤਾ ਗਿਆ। ਇਸ ਸਮਾਰੋਹ ਵਿਚ ਕਾਲਜ ਦੀਆਂ ਅੰਤਿਮ ਵਰ੍ਹੇ ਦੀਆਂ ਵਿਦਿਆਰਥਣਾਂ ਨੂੰ ਸ਼ਾਨਦਾਰ ਢੰਗ ਨਾਲ ਵਿਦਾ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਵਿਦਿਆਰਥਣਾਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਅੱਜ ਦਾ ਦਿਨ ਖੁਸ਼ੀ ਅਤੇ ਵਿਛੋੜੇ ਦੇ ਮਿਲੇ-ਜੁਲੇ ਅਹਿਸਾਸਾਂ ਨਾਲ ਭਰਿਆ ਹੋਇਆ ਹੈ। ਤੁਸੀਂ ਸਾਰੇ ਇਸ ਸੰਸਥਾ ਦਾ ਅਟੁੱਟ ਹਿੱਸਾ ਰਹੇ ਹੋ ਤੇ ਤੁਹਾਡੇ ਨਾਲ ਬਿਤਾਇਆ ਹਰ ਪਲ ਸਾਡੇ ਲਈ ਯਾਦਗਾਰ ਬਣ ਗਿਆ ਹੈ। ਇਸ ਮੌਕੇ ਵਿਦਿਆਰਥਣਾਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਸ ਵਿਚ ਗੀਤ, ਨ੍ਰਿਤਯ ਤੇ ਮਨੋਰੰਜਕ ਸਕਿਟਾਂ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਵਿਦਿਆਰਥਣਾਂ ਦਾ ਫ਼ੈਸ਼ਨ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥਣ ਬਲਵੰਤ ਕੌਰ ਨੂੰ 'ਮਿਸ ਫੇਅਰਵੈੱਲ' ਚੁਣਿਆ ਗਿਆ, ਜਦਕਿ ਹਰਮਨਪ੍ਰੀਤ ਕੌਰ ਫਸਟ ਰਨਰਅੱਪ ਤੇ ਸੁਖਮਨੀ ਸੈਕਿੰਡ ਰਨਰਅੱਪ ਰਹੀ।

ਇਸ ਸਮਾਰੋਹ ਦੇ ਕੋਆਰਡੀਨੇਟਰ ਦੀ ਭੂਮਿਕਾ ਵਿਚ ਮਿਸਜ਼ ਸਿਮਰਨਪ੍ਰੀਤ ਕੌਰ ਸਨ। ਇਸ ਸਮਾਰੋਹ ਮੌਕੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਰਿਹਾ, ਉਨ੍ਹਾਂ ਦੁਆਰਾ ਵੀ ਵਿਦਿਆਰਥੀਆਂ ਨੂੰ ਅਗਲੇਰੀਆਂ ਮੰਜ਼ਿਲਾਂ ਸਰ ਕਰਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜੇ ਐੱਨ ਸਕੂਲ ਦੇ ਵਿਦਿਆਰਥੀਆਂ ਨੇ ਫਿਰ ਮਾਰੀਆਂ ਮੱਲਾਂ




ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)-ਹਾਲ ਹੀ ਵਿੱਚ ਹੋਈਆਂ ਦਸਵੀਂ ਜਮਾਤ ਦੀਆਂ ਸੀ ਬੀ ਐੱਸ ਈ ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚ ਜੇ. ਐੱਨ. ਇੰਟਰਨੈਸ਼ਨਲ ਸਕੂਲ ਸੈਦੇ ਕੇ ਮੋਹਨ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ ਰਿਹਾ।ਜੇ. ਐਨ. ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਦਸਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਅਕਾਸ਼ਦੀਪ ਸਿੰਘ 94%, ਮੁਸਕਾਨ 92.8%, ਨੀਤਿਕਾ 91.8%, ਅਨਮੋਲਦੀਪ ਸਿੰਘ 91.6%, ਪਲਕਪ੍ਰੀਤ ਕੌਰ 91%, ਸਵਿਤਾ 90.8%, ਫਿਜ਼ਾ 90%, ਸਹਿਜਪ੍ਰੀਤ ਸਿੰਘ 88.6%, ਸੁਖਮਨਦੀਪ ਕੰਬੋਜ 88.2%, ਜੰਨਤ ਸੋਢੀ 87.6%, ਲਵਸ਼ਪ੍ਰੀਤ 87%, ਨਵਦੀਪ ਸਿੰਘ 85.2% ਤੇ ਤਨਿਸ਼ਦੀਪ ਨੇ 85% ਅੰਕ ਪ੍ਰਾਪਤ ਕੀਤੇ।ਇਸ ਤਰ੍ਹਾਂ ਹੀ ਬਾਕੀ ਵਿਦਿਆਰਥੀਆਂ ਨੇ ਵੀ ਆਪਣੀ ਮਿਹਨਤ ਅਨੁਸਾਰ ਚੰਗੇ ਨੰਬਰ ਹਾਸਲ ਕੀਤੇ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਰਵਿੰਦਰ ਕੁਮਾਰ ਨੇ ਗੱਲਬਾਤ ਦੌਰਾਨ ਦੱਸਿਆ ਕਿ ਸਕੂਲ ਦਾ ਸਾਲਾਨਾ ਨਤੀਜਾ ਬਹੁਤ ਸ਼ਾਨਦਾਰ ਰਿਹਾ ਹੈ ਤੇ ਵਿਦਿਆਰਥੀ ਬਹੁਤ ਵਧੀਆ ਨੰਬਰਾ ਨਾਲ ਪਾਸ ਹੋਏ ਹਨ।ਸਕੂਲ ਪ੍ਰਿੰਸੀਪਲ ਨੇ ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਜਨਕ ਰਾਜ ਮੁੰਜਾਲ, ਮੈਨੇਜਿੰਗ ਡਰੈਕਟਰ ਅਰਜੁਨ ਮੁੰਜਾਲ, ਮੈਨੇਜਮੈਂਟ ਮੈਂਬਰ ਸ਼੍ਰੀਮਤੀ ਏਕਤਾ ਮੁੰਜਾਲ, ਸ਼੍ਰੀਮਤੀ ਅੰਜਲੀ ਚਾਨਣਾ, ਵਿਦਿਅਰਥੀਆਂ ਦੇ ਮਾਪਿਆਂ, ਅਧਿਆਪਕਾਂ ਤੇ ਸਮੂਹ ਸਕੂਲ ਸਟਾਫ਼ ਨੂੰ ਮੁਬਾਰਕਾਂ ਦਿੱਤੀਆਂ ਤੇ ਸਮੂਹ ਸਕੂਲ ਸਟਾਫ ਦਾ ਧੰਨਵਾਦ ਕੀਤਾ।

# ਡੀ ਏ ਵੀ ਕਕਰਾਲਾ ਸਕੂਲ ਦਾ 10ਵੀਂ ਦੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ

### ਅਰਸ਼ਪ੍ਰੀਤ ਨੇ 97.80% ਅੰਕ ਪ੍ਰਾਪਤ ਕਰਕੇ ਕੀਤਾ ਟਾਪ



ਸਮਾਣਾ (ਇਕਬਾਲ ਸਿੰਘ ਬੱਲ)-ਸੀ ਬੀ ਐੱਸ ਈ ਵੱਲੋਂ ਘੋਸ਼ਿਤ ਦਸਵੀਂ ਕਲਾਸ (ਸੈਸ਼ਨ 2025 26) ਦੇ ਨਤੀਜਿਆਂ ਵਿੱਚ ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ ਕਕਰਾਲਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਨਤੀਜੇ ਘੋਸ਼ਿਤ ਹੋਣ ਨਾਲ ਹੀ ਸਕੂਲ ਵਿੱਚ ਵਿਦਿਆਰਥੀਆਂ ਤੇ ਮਾਪਿਆਂ ਨੇ ਇਕੱਠੇ ਹੋ ਕੇ ਇਸ ਉਪਲਬਧੀ ਨੂੰ ਖੁਸ਼ੀ-ਖੁਸ਼ੀ ਮਨਾਇਆ। ਇਸ ਮੌਕੇ ਮਿਠਾਈਆਂ ਵੰਡੀਆਂ ਗਈਆਂ ਤੇ ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਸਟਾਫ ਵੱਲੋਂ ਸਨਮਾਨਤ ਕੀਤਾ ਗਿਆ।ਸਕੂਲ ਦੇ ਨਤੀਜਿਆਂ ਅਨੁਸਾਰ ਇਸ ਸਾਲ ਕੁੱਲ 83 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ, ਜਿਨ੍ਹਾਂ ਵਿੱਚੋਂ 11 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ।80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 19 ਰਹੀ, ਜਦਕਿ 70% ਤੋਂ ਵੱਧ ਅੰਕ ਲੈਣ ਵਾਲੇ ਵੀ 19 ਵਿਦਿਆਰਥੀ ਰਹੇ।ਇਸ ਤੋਂ ਇਲਾਵਾ 60% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 17 ਰਹੀ, ਜੋ ਸਕੂਲ ਦੇ ਸਮੁੱਚੇ ਸ਼ਾਨਦਾਰ ਨਤੀਜੇ ਨੂੰ ਦਰਸਾਉਂਦੀ ਹੈ।ਸਕੂਲ ਦੀ ਹੋਣਹਾਰ ਵਿਦਿਆਰਥਣ ਅਰਸ਼ਪ੍ਰੀਤ ਕੌਰ (ਕਕਰਾਲਾ) ਨੇ 97.80% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ।ਜਾਨਵੀ (ਸਮਾਣਾ) ਨੇ 96.60% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਅਜੈ ਕੁਮਾਰ (ਦੇਧਨਾ) ਨੇ 96.20% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਵਿਸ਼ੇਵਾਰ ਸ਼ਾਨਦਾਰ ਪ੍ਰਦਰਸ਼ਨ ਵਿੱਚ ਆਈ.ਟੀ. (ਕੰਪਿਊਟਰ) ਵਿੱਚ 100 ਅੰਕ, ਪੰਜਾਬੀ ਵਿੱਚ 99 ਅੰਕ, ਗਣਿਤ, ਸਮਾਜਿਕ ਵਿਗਿਆਨ ਅਤੇ ਹਿੰਦੀ ਵਿੱਚ 98-98 ਅੰਕ, ਵਿਗਿਆਨ ਵਿੱਚ 97 ਅੰਕ ਤੇ ਅੰਗਰੇਜ਼ੀ ਵਿੱਚ 94 ਅੰਕ ਸਭ ਤੋਂ ਵੱਧ ਰਹੇ।ਸਕੂਲ ਦੇ ਸਮੂਹ ਸਟਾਫ ਨੇ ਵਿਦਿਆਰਥੀਆਂ ਦੀ ਇਸ ਕਾਬਿਲੇ-ਤਾਰੀਫ਼ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਉਨ੍ਹਾਂ ਨੂੰ ਉਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਮਾਪਿਆਂ ਦਾ ਉਨ੍ਹਾਂ ਦੇ ਲਗਾਤਾਰ ਸਹਿਯੋਗ ਲਈ ਧੰਨਵਾਦ ਕੀਤਾ।

## ਮਾਊਂਟ ਲਿਟਰਾ ਜੀ ਸਕੂਲ ਦਾ ਨਤੀਜਾ ਸੌ ਫੀਸਦੀ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਊਂਟ ਲਿਟਰਾ ਜੀ ਸਕੂਲ ਰਾਮਪੁਰਾ ਨੇ ਇੱਕ ਵਾਰ ਫਿਰ ਆਪਣੇ ਸ਼ਾਨਦਾਰ ਅਕਾਦਮਿਕ ਪ੍ਰਦਰਸ਼ਨ ਨੂੰ ਜਾਰੀ ਰੱਖਦਿਆਂ ਸੀਬੀਐੱਸਈ ਕਲਾਸ ਦਸਵੀਂ ਬੋਰਡ ਪ੍ਰੀਖਿਆ 2025-26 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਤੀਜਿਆਂ ਵਿੱਚ ਨਵਾਂ ਮਾਪਦੰਡ ਸਥਾਪਤ ਕੀਤਾ ਤੇ 100% ਨਤੀਜਾ ਹਾਸਲ ਕੀਤਾ ਹੈ।ਕੁੱਲ 133 'ਚੋਂ ਸਾਰੇ 133 ਵਿਦਿਆਰਥੀ ਸਫਲਤਾਪੂਰਵਕ ਪਾਸ ਹੋਏ, ਜੋ ਸਕੂਲ ਦੀ ਗੁਣਵੱਤਾਪੂਰਨ ਸਿੱਖਿਆ ਤੇ ਸਰਬਪੱਖੀ ਵਿਕਾਸ ਲਈ ਵਚਨਬੱਧਤਾ ਨੂੰ ਦਰਸਾਉਂਦਾ ਹੈ।ਹਰਅੰਸ਼ ਕੌਰ ਸਿੱਧੂ ਨੇ 98.8% ਅੰਕ ਪ੍ਰਾਪਤ ਕਰਕੇ ਪਹਿਲਾ, ਅਵਿਕਾ ਨੇ 98.4% ਨਾਲ ਦੂਜਾ ਤੇ ਲਕਸ਼ਿਤਾ ਕਾਂਸਲ ਨੇ 98.0% ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਗੀਰਿਸ਼ ਤੇ ਪ੍ਰਿਯਾਂਸ਼ੀ ਨੇ 97.8%, ਪ੍ਰਭਕਰਨ ਸਿੰਘ ਨੇ 97.4%, ਰੂਪਕੰਵਲ ਤੇ ਰਿਧਮ ਨੇ 97.2%, ਦੇਵਾਂਸ਼ ਨੇ 97%, ਰਬਜੋਤ ਕੌਰ ਤੇ ਆਰੀਅਨ ਗਰਗ ਨੇ 96.8%, ਰਾਘਵ ਗਰਗ ਨੇ 96.4%, ਆਇਸ਼ਾ ਨੇ 96.2%, ਸੰਭਵ ਤੇ ਸਿਮਰ ਨੇ 96%, ਮਨਮੀਤ ਸਿੰਘ ਨੇ 95.8% ਤੇ ਸੁਖਰੀਤ, ਸੱਚਕੀਰਤ, ਪਨਵੀ ਤੇ ਦੀਪ ਇੰਦਰ ਨੇ 95.6% ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਟਾਫ ਨੂੰ ਵਧਾਈ ਦਿੱਤੀ।

## ਗੁਰੂ ਨਾਨਕ ਮਾਡਲ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦਾ ਸੀ.ਬੀ.ਐੱਸ.ਈ. ਬੋਰਡ ਦਾ ਦਸਵੀਂ ਜਮਾਤ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ।ਸਕੂਲ ਦੇ ਦਸਵੀਂ ਜਮਾਤ ਦੇ ਕੁੱਲ 155 ਵਿਦਿਆਰਥੀਆਂ ਵਿੱਚੋਂ ਤਨਜੋਤ ਕੌਰ ਨੇ 98 ਫੀਸਦੀ ਅੰਕ, ਸੁਸ਼ਾਂਤ ਸਿੰਘ ਰਾਣਾ ਤੇ ਜਪਨੀਤ ਕੌਰ ਨੇ 96.8 ਫੀਸਦੀ ਅੰਕ, ਅਭਿਨਿਊ ਨੇ 95.8 ਫੀਸਦੀ ਅੰਕ, ਸੰਜਨਾ ਕੁਸ਼ਵਾਹਾ ਨੇ 93.6 ਫੀਸਦੀ ਅੰਕ, ਲਵੰਨਿਆ ਸ਼ਰਮਾ ਨੇ 93.4 ਫੀਸਦੀ ਅੰਕ, ਸ਼ਾਈਨਪ੍ਰੀਤ ਕੌਰ ਨੇ 93.2 ਫੀਸਦੀ, ਮੰਯਕ ਸ੍ਰੀ ਭਕਤਾ ਨੇ 92.6 ਫੀਸਦੀ ਅੰਕ, ਕੋਮਲਪ੍ਰੀਤ ਕੌਰ ਨੇ 91.2 ਫੀਸਦੀ ਅੰਕ, ਨੇਹਾ ਨੇ 91 ਫੀਸਦੀ ਅੰਕ, ਗੁਰਨੂਰ ਕੌਰ ਨੇ 90.4 ਫੀਸਦੀ ਅੰਕ ਤੇ ਅਨਮੋਲਦੀਪ ਸਿੰਘ ਨੇ 90.2 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ, ਮਾਤਾ-ਪਿਤਾ, ਅਧਿਆਪਕਾਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਵੱਖ ਵੱਖ ਵਿਸ਼ਿਆਂ ਵਿੱਚੋਂ ਵਧੀਆ ਅੰਕ ਪ੍ਰਾਪਤ ਕੀਤੇ।ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਸਕੂਲ ਡਾਇਰੈਕਟਰ ਰੁਪਿੰਦਰ ਕੌਰ ਬਰਾੜ ਨੇ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਨਤੀਜਿਆਂ ਲਈ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਉਣ ਵਾਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਤੋਂ ਇਲਾਵਾ ਮੀਤ ਪ੍ਰਧਾਨ ਪਵਿੱਤਰਪਾਲ ਸਿੰਘ ਪਾਂਗਲੀ ਤੇ ਸਾਰੇ ਕਮੇਟੀ ਮੈਂਬਰਾਂ ਨੇ ਸਕੂਲ ਦੇ ਪ੍ਰਿੰਸੀਪਲ ਡੀ. ਪੀ. ਠਾਕੁਰ, ਸਮੂਹ ਸਟਾਫ, ਮਾਤਾ-ਪਿਤਾ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸ਼ਲਾਘਾ ਕੀਤੀ।ਸਕੂਲ ਪ੍ਰਿੰਸੀਪਲ ਡੀ. ਪੀ. ਠਾਕੁਰ ਨੇ ਕਿਹਾ ਕਿ ਅਧਿਆਪਕਾਂ ਦੀ ਮਿਹਨਤ ਸਦਕਾ ਹੀ ਵਿਦਿਆਰਥੀ ਹਰ ਖੇਤਰ ਵਿੱਚ ਮੱਲਾਂ ਮਾਰ ਕੇ ਪੂਰੇ ਇਲਾਕੇ ਵਿੱਚ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ ਤੇ ਇਸੇ ਤਰ੍ਹਾਂ ਭਵਿੱਖ ਵਿੱਚ ਵੀ ਨਤੀਜੇ ਬੁਲੰਦੀਆਂ ਨੂੰ ਛੂਹਦੇ ਰਹਿਣਗੇ।

## ਪਿੰਡਾਂ 'ਚ ਬਿਜਲੀ ਕੱਟਾਂ ਨੇ ਲੋਕਾਂ ਦੀ ਵਧਾਈ ਮੁਸ਼ਕਲ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਇਲਾਕੇ ਵਿੱਚ ਪੈ ਰਹੀ ਗਰਮੀ ਦੌਰਾਨ ਲਗਾਤਾਰ ਲੱਗ ਰਹੇ ਬਿਜਲੀ ਕੱਟਾਂ ਨੇ ਲੋਕਾਂ ਦੀ ਜ਼ਿੰਦਗੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਦਿੱਤਾ ਹੈ।

ਬਿਨਾਂ ਕਿਸੇ ਪੂਰਬਲੀ ਸੂਚਨਾ ਦੇ ਦਿਨ ਤੇ ਰਾਤ ਸਮੇਂ ਬਿਜਲੀ ਬੰਦ ਹੋਣ ਕਾਰਨ ਆਮ ਜਨਤਾ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਥਾਨਕ ਲੋਕਾਂ ਨੇ ਦੱਸਿਆ ਕਿ ਗਰਮੀ ਦੇ ਮੌਸਮ ਵਿੱਚ ਬਿਜਲੀ ਦੀ ਲੋੜ ਸਭ ਤੋਂ ਵੱਧ ਹੁੰਦੀ ਹੈ, ਪਰ ਇਸ ਸਮੇਂ ਹੀ ਬਿਜਲੀ ਸਪਲਾਈ ਢਿੱਲੀ ਪੈ ਰਹੀ ਹੈ।ਪੱਖੇ, ਕੂਲਰ ਤੇ ਏ. ਸੀ. ਬੰਦ ਹੋਣ ਕਾਰਨ ਘਰਾਂ ਵਿੱਚ ਬੈਠਣਾ ਵੀ ਔਖਾ ਹੋ ਗਿਆ ਹੈ।ਰਾਤ ਦੇ ਸਮੇਂ ਬਿਜਲੀ ਕੱਟਾਂ ਕਾਰਨ ਲੋਕਾਂ ਦੀ ਨੀਂਦ ਖਰਾਬ ਹੋ ਰਹੀ ਹੈ, ਜਿਸ ਨਾਲ ਸਿਹਤ 'ਤੇ ਵੀ ਅਸਰ ਪੈ ਰਿਹਾ ਹੈ।ਵਪਾਰੀ ਵਰਗ ਵੀ ਇਸ ਸਮੱਸਿਆ ਨਾਲ ਪ੍ਰਭਾਵਿਤ ਹੋ ਰਿਹਾ ਹੈ, ਕਿਉਂਕਿ ਬਿਜਲੀ ਨਾ ਹੋਣ ਕਾਰਨ ਦੁਕਾਨਦਾਰੀ ਤੇ ਕਾਰੋਬਾਰ ਵਿੱਚ ਘਾਟਾ ਪੈ ਰਿਹਾ ਹੈ।ਖਾਸ ਕਰਕੇ ਛੋਟੇ ਵਪਾਰੀਆਂ ਨੂੰ ਵੱਡੀ ਆਰਥਿਕ ਮਾਰ ਪੈ ਰਹੀ ਹੈ।ਇਲਾਕਾ ਵਾਸੀਆਂ ਨੇ ਸਰਕਾਰ ਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਹੈ ਕਿ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਇਸ ਤਪਦੀ ਗਰਮੀ ਵਿੱਚ ਰਾਹਤ ਮਿਲ ਸਕੇ।

# ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਦਾ ਨਤੀਜਾ ਸੌ ਫੀਸਦੀ



ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਓਰੀਐਂਟ ਇੰਟਰਨੈਸ਼ਨਲ ਸਕੂਲ ਤੇ ਸਪੋਰਟਸ ਅਕੈਡਮੀ ਨੇ ਇੱਕ ਵਾਰ ਫਿਰ ਅਕਾਦਮਿਕ ਸੈਸ਼ਨ 2025-2026 ਲਈ ਸੀਬੀਐੱਸਈ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਪ੍ਰਦਾਨ ਕਰਕੇ ਆਪਣੀ ਅਕਾਦਮਿਕ ਉੱਤਮਤਾ ਦੀ ਵਿਰਾਸਤ ਨੂੰ ਹੋਰ ਮਜ਼ਬੂਤ ? ?ਕੀਤਾ ਹੈ।ਸਕੂਲ ਨੇ ਮਾਣ ਨਾਲ 100% ਪਾਸ ਦਰ ਪ੍ਰਾਪਤ ਕੀਤੀ, ਜੋ ਕਿ ਇਸਦੇ ਵਿਦਿਆਰਥੀਆਂ ਤੇ ਫੈਕਲਟੀ ਦੇ ਸਮਰਪਣ ਤੇ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉੱਚ ਪ੍ਰਾਪਤੀਆਂ ਕਰਨ ਵਾਲਿਆਂ ਵਿੱਚੋਂ, ਰੀਆ ਨੇ 97% ਦੇ ਸ਼ਾਨਦਾਰ ਅੰਕਾਂ ਨਾਲ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਹਰਜੋਤ ਕੌਰ, ਜਿਸ ਨੇ ਪ੍ਰਭਾਵਸ਼ਾਲੀ 94% ਨਾਲ ਦੂਜਾ ਸਥਾਨ ਪ੍ਰਾਪਤ ਕੀਤਾ। ਤੀਜਾ ਸਥਾਨ ਹਰਪ੍ਰੀਤ ਸਿੰਘ ਨੇ ਪ੍ਰਾਪਤ ਕੀਤਾ, ਜਿਸ ਨੇ ਸ਼ਾਨਦਾਰ 92.2% ਪ੍ਰਾਪਤ ਕੀਤਾ।ਪੂਰਾ ਸਕੂਲ ਭਾਈਚਾਰਾ ਇਸ ਸ਼ਲਾਘਾਯੋਗ ਪ੍ਰਾਪਤੀ ਦਾ ਜਸ਼ਨ ਮਨਾ ਰਿਹਾ ਹੈ, ਵਿਦਿਆਰਥੀਆਂ ਦੀ ਅਣਥੱਕ ਮਿਹਨਤ ਤੇ ਅਕਾਦਮਿਕ ਯਾਤਰਾ ਦੌਰਾਨ ਅਧਿਆਪਕਾਂ ਤੇ ਮਾਪਿਆਂ ਦੁਆਰਾ ਪ੍ਰਦਾਨ ਕੀਤੇ ਗਏ ਨਿਰੰਤਰ ਸਮਰਥਨ ਨੂੰ ਮਾਨਤਾ ਦਿੰਦਾ ਹੈ।ਇਸ ਮੌਕੇ ਆਪਣੇ ਮਾਣ ਦਾ ਪ੍ਰਗਟਾਵਾ ਕਰਦੇ ਹੋਏ, ਸਕੂਲ ਡਾਇਰੈਕਟਰ ਰਜਤ ਸ਼ਰਮਾ ਨੇ ਕਿਹਾ ਕਿ ਅਸੀਂ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਤੋਂ ਬਹੁਤ ਖੁਸ਼ ਹਾਂ।ਇਹ ਸਫਲਤਾ ਉਨ੍ਹਾਂ ਦੀ ਅਣਥੱਕ ਮਿਹਨਤ, ਸਾਡੇ ਸਮਰਪਤ ਫੈਕਲਟੀ ਦੀ ਅਟੱਲ ਅਗਵਾਈ ਤੇ ਮਾਪਿਆਂ ਦੇ ਨਿਰੰਤਰ ਸਮਰਥਨ ਦਾ ਸਿੱਧਾ ਨਤੀਜਾ ਹੈ।ਅਸੀਂ ਆਪਣੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹਾਂ ਤੇ ਉਨ੍ਹਾਂ ਦੇ ਭਵਿੱਖ ਦੇ ਅਕਾਦਮਿਕ ਕੰਮਾਂ ਵਿੱਚ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹਾਂ। ਓਰੀਐਂਟ ਇੰਟਰਨੈਸ਼ਨਲ ਸਕੂਲ ਅਤੇ ਸਪੋਰਟਸ ਅਕੈਡਮੀ ਦੇ ਪ੍ਰਿੰਸੀਪਲ ਨੇ ਵੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਇੱਕ ਵਾਰ ਫਿਰ, ਸਾਡੇ ਵਿਦਿਆਰਥੀਆਂ ਨੇ ਸ਼ਾਨਦਾਰ ਵਿਅਕਤੀਗਤ ਸਕੋਰਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪ੍ਰਾਪਤ ਕੀਤੀ ਹੈ, ਜਿਸ ਦਾ ਸਮੁੱਚਾ ਪ੍ਰਦਰਸ਼ਨ ਸੱਚਮੁੱਚ ਉੱਤਮਤਾ, ਅਨੁਸ਼ਾਸਨ ਤੇ ਲਗਨ ਨੂੰ ਦਰਸਾਉਂਦਾ ਹੈ।ਸਕੂਲ ਸਾਲ ਦਰ ਸਾਲ ਸਫਲਤਾ ਦੇ ਨਵੇਂ ਮਾਪਦੰਡ ਸਥਾਪਤ ਕਰਦੇ ਹੋਏ, ਸੰਪੂਰਨ ਵਿਕਾਸ ਦੇ ਨਾਲ-ਨਾਲ ਅਕਾਦਮਿਕ ਪ੍ਰਤਿਭਾ ਨੂੰ ਪਾਲਣ ਲਈ ਆਪਣੀ ਵਚਨਬੱਧਤਾ ਨੂੰ ਬਰਕਰਾਰ ਰੱਖਦਾ ਹੈ।

## ਮੰਤਰੀ ਖੁੱਡੀਆਂ ਨੇ ਵੱਖ-ਵੱਖ ਮੰਡੀਆਂ ਦਾ ਲਿਆ ਜਾਇਜ਼ਾ



ਮਲੋਟ ਲੰਬੀ (ਓਮ ਪ੍ਰਕਾਸ਼ ਸੇਖੂ)-ਖੇਤੀਬਾੜੀ, ਪਸ਼ੂ ਪਾਲਣ ਤੇ ਡੇਅਰੀ ਵਿਕਾਸ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਹੇਠ ਪੈਂਦੀਆਂ ਦਾਣਾ ਮੰਡੀਆਂ ਪੰਨੀਵਾਲਾ, ਮਿੱਡਾ, ਆਲਮਵਾਲਾ, ਕਿੱਲਿਆਂਵਾਲੀ, ਲੰਬੀ ਤੇ ਖੁੱਡੀਆਂ ਵਿਖੇ ਚੱਲ ਰਹੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਇਨ੍ਹਾਂ ਮੰਡੀਆਂ ਵਿੱਚ ਕਣਕ ਖਰੀਦ ਦੀ ਸ਼ੁਰੂਆਤ ਕਰਵਾਈ।ਉਨ੍ਹਾਂ ਕਿਹਾ ਕਿ ਦਾਣਾ ਮੰਡੀਆਂ ਵਿੱਚ ਮੰਡੀ ਬੋਰਡ ਵੱਲੋਂ ਸਾਰੇ ਪੁਖਤਾ ਪ੍ਰਬੰਧ ਕੀਤੇ ਹੋਏ ਹਨ ਤੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦ ਏਜੰਸੀਆਂ ਦੇ ਨੁਮਾਇੰਦੇ ਵੱਲੋਂ ਕਣਕ ਦੀ ਖਰੀਦ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਦਾਣਾ ਮੰਡੀ ਪੰਨੀਵਾਲਾ ਵਿਖੇ ਕਣਕ ਦੀ ਖਰੀਦ ਦੀ ਸ਼ੁਰੂਆਤ ਕਰਵਾਉਂਦੇ ਕਿਹਾ ਕਿ ਕਿਸਾਨਾਂ ਨੂੰ ਆਪਣੀ ਕਣਕ ਵੇਚਣ ਸਬੰਧੀ ਕਿਸੇ ਵੀ ਪ੍ਰਕਾਰ ਦੀ ਕੋਈ ਪ੍ਰੇਸ਼ਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕਣਕ ਦੀ ਫਸਲ ਦਾਣਾ ਮੰਡੀਆਂ ਵਿੱਚ ਸਾਫ ਸੁਥਰੀ ਤੇ ਸੁੱਕੀ ਲੈ ਕੇ ਆਉਣ ਤਾਂ ਜੋ ਅਨਾਜ ਮੰਡੀਆਂ ਵਿੱਚ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਮੌਕੇ ਐੱਸ.ਡੀ.ਐੱਮ. ਸ੍ਰੀ ਗੁਰਕਿਰਨਦੀਪ ਸਿੰਘ ਸਿੱਧੂ, ਡਾ. ਗੁਰਦਿੱਤ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਰਛਪਾਲ ਸਿੰਘ ਚੇਅਰਮੈਨ, ਪਰਮਪਾਲ ਸਿੰਘ ਕੋਆਰਡੀਨੇਟਰ ਨਸ਼ਾਂ ਛੁਡਾਓ, ਦਿਲਬਾਗ ਸਿੰਘ ਸਰਪੰਚ ਪੰਨੀਵਾਲਾ, ਰਕੇਸ਼ ਕੁਮਾਰ ਸਰਪੰਚ ਮੋਹਲਾ, ਸਤਪਾਲ ਸਿੰਘ, ਜੋਰਾਵਰ ਸਿੰਘ, ਪੀ.ਏ. ਗੁਰਬਾਜ ਖੁੱਡੀਆ, ਮੋਹਿਤ ਸੋਨੀ ਮੀਡਆ ਇੰਚਾਰਜ, ਬਲਜਿੰਦਰ ਸ਼ਰਮਾ ਮੰਡੀ ਸੁਪਰਡੈਂਟ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਮੌਜੂਦ ਸਨ।

# ਲੋਕ ਖੇਡਾਂ ਪੰਜਾਬੀ ਮਾਨਸਿਕਤਾ ਦੀ ਚੜ੍ਹਦੀ ਕਲਾ ਦਾ ਪ੍ਰਤੀਕ : ਵੀ ਸੀ

### ਖੇਡ ਯੂਨੀਵਰਸਿਟੀ ਵੱਲੋਂ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਰਾਸ਼ਟਰੀ ਸੈਮੀਨਾਰ



ਪਟਿਆਲਾ (ਰਾਜਿੰਦਰ ਥਿੰਦ)-'ਸਾਡੀਆਂ ਲੋਕ ਖੇਡਾਂ ਸਿਰਫ਼ ਸਰੀਰਕ ਗਤੀਵਿਧੀਆਂ ਨਹੀਂ ਹਨ।ਇਹ ਸਾਡੇ ਇਤਿਹਾਸ ਦਾ ਜਿਉਂਦਾ-ਜਾਗਦਾ ਸਰਮਾਇਆ ਹੈ।ਇਹ ਖੇਡਾਂ ਪੰਜਾਬੀ ਮਾਨਸਿਕਤਾ ਦੀ 'ਚੜ੍ਹਦੀ ਕਲਾ' ਦਾ ਪ੍ਰਤੀਕ ਹਨ।ਇਨ੍ਹਾਂ ਨੂੰ ਸੰਭਾਲਣਾ ਤੇ ਪ੍ਰਫੁੱਲਿਤ ਕਰਨਾ ਸਾਡੀ ਜ਼ਰੂਰਤ ਹੈ।' ਇਹ ਪ੍ਰਗਟਾਵਾ ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਪੁਸ਼ਪਿੰਦਰ ਸਿੰਘ ਗਿੱਲ ਨੇ ਪੰਜਾਬ ਦੀਆਂ ਲੋਕ ਖੇਡਾਂ ਬਾਰੇ ਕਰਵਾਏ ਰਾਸ਼ਟਰੀ ਸੈਮੀਨਾਰ ਦੀ ਪ੍ਰਧਾਨਗੀ ਕਰਦਿਆਂ ਕੀਤਾ।ਬਾਰਾਂਦਰੀ ਸਥਿਤ ਪ੍ਰਭਾਤ ਪਰਵਾਨਾ ਮੈਮੋਰੀਅਲ ਟਰੇਡ ਯੂਨੀਅਨ ਸੈਂਟਰ ਵਿਖੇ ਕਰਵਾਏ ਇਸ ਸੈਮੀਨਾਰ ਦੌਰਾਨ ਵੀ. ਸੀ. ਪ੍ਰੋ. ਗਿੱਲ ਨੇ ਕਿਹਾ ਕਿ ਭਾਵੇਂ ਕੌਮਾਂਤਰੀ ਪੱਧਰ ਉਤੇ ਪ੍ਰਵਾਨਤ ਆਧੁਨਿਕ ਖੇਡਾਂ ਵਿਸ਼ਵ ਪੱਧਰ 'ਤੇ ਪਛਾਣ ਲਈ ਜ਼ਰੂਰੀ ਹਨ, ਪਰ ਸਾਡੀਆਂ ਸਥਾਨਕ ਲੋਕ ਖੇਡਾਂ ਉਹ ਬੁਨਿਆਦੀ ਤਾਕਤ ਤੇ ਭਾਈਚਾਰਕ ਸਾਂਝ ਪ੍ਰਦਾਨ ਕਰਦੀਆਂ ਹਨ, ਜਿਸ ਦੀ ਬਰਾਬਰੀ ਕੋਈ ਵੀ ਆਧੁਨਿਕ ਖੇਡ ਨਹੀਂ ਕਰ ਸਕਦੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਲ੍ਹਾ ਰਾਏਪੁਰ ਵਿਖੇ ਬੈਲ ਗੱਡੀਆਂ ਦੀਆਂ ਦੌੜਾਂ ਮੁੜ ਸ਼ੁਰੂ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਤੇ ਵਿਰਾਸਤੀ ਖੇਡਾਂ ਨੂੰ ਪ੍ਰਫੁੱਲਤ ਕਰਨ ਵਾਲਾ ਕਦਮ ਹੈ।ਵਾਈਸ ਚਾਂਸਲਰ ਨੇ ਕਿਹਾ ਕਿ ਅਸੀਂ ਇਨ੍ਹਾਂ ਖੇਡਾਂ ਨੂੰ ਅਕਾਦਮਿਕ ਪਾਠਕ੍ਰਮ ਦਾ ਰਸਮੀ ਹਿੱਸਾ ਬਣਾਉਣ ਲਈ ਵੀ ਕੰਮ ਕਰਾਂਗੇ, ਤਾਂ ਜੋ ਪੰਜਾਬ ਦੇ ਕਿਸੇ ਵੀ ਪਿੰਡ ਦਾ ਬੱਚਾ 'ਗੱਤਕਾ' ਸਿੱਖਣ ਵਿੱਚ ਵੀ ਓਨਾ ਹੀ ਮਾਣ ਮਹਿਸੂਸ ਕਰੇ, ਜਿੰਨਾ ਉਹ ਕਿਸੇ ਓਲੰਪਿਕ ਖੇਡ ਵਿੱਚ ਕਰਦਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਖੇਡਾਂ ਦੇ 'ਭਵਿੱਖ' ਨੂੰ ਸੁਰੱਖਿਅਤ ਕਰਨ ਲਈ ਸਾਨੂੰ ਬਹੁਤ ਸਾਰੇ ਸੰਸਥਾਗਤ ਕਦਮ ਚੁੱਕਣ ਦੀ ਲੋੜ ਹੈ।ਦਿਲ ਦੇ ਰੋਗਾਂ ਦੇ ਮਾਹਰ ਡਾ. ਮਨਮੋਹਨ ਸਿੰਘ ਨੇ ਮੁੱਖ ਮਹਿਮਾਨ ਵਜੋਂ ਬੋਲਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਆਪਣੀ ਮਿੱਟੀ ਨਾਲ ਜੋੜਦੀਆਂ ਹਨ।ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਜਿੱਤਣ ਲਈ ਨਹੀਂ ਹੁੰਦੀਆਂਸ ਬਲਕਿ ਸਿੱਖਣ ਲਈ ਹੁੰਦੀਆਂ ਹਨ।ਲੋਕ ਖੇਡਾਂ ਦੇ ਹਵਾਲੇ ਨਾਲ ਉਨ੍ਹਾਂ ਕਿਹਾ ਕਿ ਹੁਣ ਜਦੋਂ ਆਧੁਨਿਕ ਸੰਗਠਿਤ ਖੇਡਾਂ ਬਹੁਤ ਗੁੰਝਲਦਾਰ ਤੇ ਮਹਿੰਗੀਆਂ ਹੋ ਗਈਆਂ ਹਨ ਤਾਂ ਦੂਜੇ ਪਾਸੇ ਸਾਡੀਆਂ ਲੋਕ ਖੇਡਾਂ ਹਾਲੇ ਵੀ ਸਰਲ, ਸਸਤੀਆਂ ਤੇ ਪ੍ਰਭਾਵਸ਼ਾਲੀ ਹਨ।ਡਾ. ਗੁਰਭਜਨ ਗਿੱਲ ਨੇ ਸੈਮੀਨਾਰ ਦੀ ਸਨਮਾਨਤ ਸ਼ਖ਼ਸੀਅਤ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਅੱਜ ਜਦੋਂ ਏ. ਆਈ. ਦਾ ਬੋਲਬਾਲਾ ਹੋ ਰਿਹਾ ਹੈ ਤੇ ਵਿਸ਼ਵੀਕਰਨ ਨੇ ਮਨੁੱਖ 'ਤੇ ਬਹੁਤ ਜ਼ਿਆਦਾ ਮਾਰੂ ਪ੍ਰਭਾਵ ਪਾਏ ਹਨ ਤਾਂ ਸਾਨੂੰ ਲੋਕ ਖੇਡਾਂ ਸਮੇਤ ਆਪਣੇ ਸਮੁੱਚੇ ਵਿਰਸੇ ਨੂੰ ਤਰਜੀਹੀ ਅਧਾਰ 'ਤੇ ਬਚਾਉਣਾ ਪਵੇਗਾ।ਗਿੱਲ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਇੱਥੇ ਚੰਗਾ ਖੇਡ ਸੱਭਿਆਚਾਰ ਵਿਕਸਿਤ ਕੀਤੇ ਜਾਣ ਦੀ ਲੋੜ ਹੈ।ਉੱਘੇ ਲੋਕਧਾਰਾ ਸ਼ਾਸਤਰੀ ਡਾ. ਗੁਰਮੀਤ ਸਿੰਘ ਨੇ ਆਪਣਾ ਮੁੱਖ-ਸੁਰ ਭਾਸ਼ਣ ਦਿੰਦਿਆਂ ਕਿਹਾ ਕਿ ਲੋਕ ਖੇਡਾਂ ਸਾਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਵਿੱਚ ਵੱਡਾ ਯੋਗਦਾਨ ਪਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਅੱਜ ਦੇ ਦੌਰ ਦੀਆਂ ਆਧੁਨਿਕ ਖੇਡਾਂ ਦਾ ਮੂਲ ਵੀ ਸਾਡੇ ਪਿੰਡ ਪੱਧਰ 'ਤੇ ਖੇਡੀਆਂ ਜਾਂਦੀਆਂ ਬਹੁਤ ਸਾਰੀਆਂ ਲੋਕ ਖੇਡਾਂ ਵਿੱਚ ਪਿਆ ਹੈ।ਉਦਘਾਟਨੀ ਸੈਸ਼ਨ ਦਾ ਸੰਚਾਲਨ ਕਰਦੇ ਸੈਮੀਨਾਰ ਦੀ ਕਨਵੀਨਰ ਡਾ. ਮਨਪ੍ਰੀਤ ਕੌਰ ਨੇ ਵਿਸ਼ੇ ਬਾਰੇ ਅਹਿਮ ਟਿੱਪਣੀਆਂ ਕੀਤੀਆਂ ਤੇ ਯੂਨੀਵਰਸਿਟੀ ਦੇ ਰਜਿਸਟਰਾਰ ਕਰਨਲ ਪਰਮਿੰਦਰ ਸਿੰਘ ਗਿੱਲ ਨੇ ਧੰਨਵਾਦ ਕੀਤਾ।ਉਦਘਾਟਨੀ ਸੈਸ਼ਨ ਉਪਰੰਤ ਹੋਈ ਪੈਨਲ ਚਰਚਾ ਦੌਰਾਨ ਪ੍ਰੋ. ਸੁਰਜੀਤ ਸਿੰਘ ਭੱਟੀ, ਡਾ. ਹਰਜੀਤ ਕੌਰ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਡਿਪਟੀ ਡਾਇਰੈਕਟਰ ਤੇ ਖੇਡ ਲੇਖਕ ਨਵਦੀਪ ਸਿੰਘ ਗਿੱਲ ਨੇ ਆਪਣੇ ਅਹਿਮ ਵਿਚਾਰ ਪ੍ਰਗਟਾਏ।ਇਸ ਸੈਸ਼ਨ ਦਾ ਸੰਚਾਲਨ ਡਾ. ਅਮਰੀਕ ਸਿੰਘ ਨੇ ਕੀਤਾ।ਅੰਤ ਵਿੱਚ ਸਮਾਪਤੀ ਸੈਸ਼ਨ ਦਾ ਸੰਚਾਲਨ ਡਾ. ਸਨਮਾਨ ਕੌਰ ਵੱਲੋਂ ਕੀਤਾ ਗਿਆ।ਸੈਮੀਨਾਰ ਦੌਰਾਨ ਹੋਰਨਾਂ ਤੋਂ ਇਲਾਵਾ ਡਾ. ਸੁਰਜੀਤ ਸਿੰਘ, ਡਾ. ਗੁਰਮੁਖ ਸਿੰਘ, ਡਾ. ਸਤੀਸ਼ ਕੁਮਾਰ ਵਰਮਾ, ਡਾ. ਰਜਿੰਦਰਪਾਲ ਸਿੰਘ ਬਰਾੜ, ਡਾ. ਮਾਨ ਸਿੰਘ ਢੀਂਡਸਾ, ਡਾ. ਪਰਮਵੀਰ ਸਿੰਘ, ਡਾ. ਅਮਰਜੀਤ ਸਿੰਘ, ਡਾ. ਕਿਰਨਜੀਤ ਕੌਰ ਆਦਿ ਮੌਜੂਦ ਰਹੇ।

## ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਨਤੀਜਾ ਸ਼ਾਨਦਾਰ



ਭੀਖੀ (ਗੁਰਿੰਦਰ ਸਿੰਘ ਔਲਖ)-ਸੀ ਬੀ ਐੱਸ ਸੀ ਬੋਰਡ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਨਤੀਜਿਆਂ ਵਿੱਚੋਂ ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਦਾ ਨਤੀਜਾ ਸ਼ਾਨਦਾਰ ਰਿਹਾ।ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਅਕਾਦਮਿਕ 2025-26 ਵਰ੍ਹੇ ਦਾ ਨਤੀਜਾ 100 ਫੀਸਦ ਰਿਹਾ।ਉਨ੍ਹਾਂ ਦੱਸਿਆ ਕਿ ਵਿਦਿਆਰਥਣ ਮਾਲਵਿਕਾ ਸ਼ਰਮਾ ਨੇ 98.80 ਅੰਕ ਹਾਸਲ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅਰਸ਼ਦੀਪ ਕੌਰ ਗੀਤਕਾ ਜੈਨ ਨੇ 97.8% ਅੰਕ ਪ੍ਰਾਪਤ ਕਰਕੇ ਦੂਜਾ ਤੇ ਰਮਨਜੋਤ ਕੌਰ ਨੇ 97% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਇਸ ਸਫਲਤਾ 'ਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤਜਿੰਦਰ ਜਿੰਦਲ, ਵਾਈਸ ਪ੍ਰਧਾਨ ਪੁਰਸ਼ੋਤਮ ਮੱਤੀ, ਮੱਖਣ ਲਾਲ, ਪ੍ਰਬੰਧਕ ਅੰਮ੍ਰਿਤ ਲਾਲ ਤੇ ਸਮੂਹ ਮੈਂਬਰਾਂ ਨੇ ਅੱਵਲ ਬੱਚਿਆਂ ਨੂੰ ਵਧਾਈ ਦਿੱਤੀ।

## ਪੈਰਾਡਾਈਜ਼ ਦੇ ਵਿਦਿਆਰਥੀ ਨਤੀਜਿਆਂ 'ਚ ਰਹੇ ਮੋਹਰੀ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਨੇ ਸੀਬੀਐੱਸਈ ਜਮਾਤ ਦਸਵੀਂ ਦੇ ਬੋਰਡ ਇਮਤਿਹਾਨਾਂ ਵਿੱਚ ਸੌ ਪ੍ਰਤੀਸ਼ਤ ਨਤੀਜਾ ਹਾਸਲ ਕਰਕੇ ਆਪਣੀ ਅਕਾਦਮਿਕ ਕਾਬਲੀਅਤ ਦਾ ਲੋਹਾ ਮਨਵਾਇਆ ਹੈ।ਸਕੂਲ ਦੀ ਵਿਦਿਆਰਥਣ ਰਾਸ਼ੀ ਗਰਗ ਨੇ 97.8% ਅੰਕ ਹਾਸਲ ਕਰਕੇ ਸਕੂਲ 'ਚੋਂ ਪਹਿਲਾ, ਸ਼ਿਵ ਬਾਂਸਲ ਨੇ 97.2% ਅੰਕਾਂ ਨਾਲ ਦੂਜਾ ਤੇ ਹਰਮਨ ਸਿੰਘ ਨੇ 96% ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਵਿਦਿਆਰਥੀਆਂ ਤੇ ਸਟਾਫ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ।ਚੇਅਰਮੈਨ ਡਾ. ਅਮ੍ਰਿਤਪਾਲ ਸਿੰਘ ਕਲੇਕਾ ਨੇ ਵੀ ਇਸ ਸਫਲਤਾ 'ਤੇ ਖੁਸ਼ੀ ਜਤਾਈ ਤੇ ਸਕੂਲ ਪਰਵਾਰ ਦੀ ਸਾਂਝੀ ਮਿਹਨਤ ਦੀ ਪ੍ਰਸ਼ੰਸਾ ਕੀਤੀ।

# ਕਿਸਾਨਾਂ ਦਾ ਰੇਲ ਰੋਕੋ ਅੰਦੋਲਨ ਤਿੰਨ ਦਿਨਾਂ ਲਈ ਮੁਲਤਵੀ

## * ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਵੇਗਾ ਤੇਜ਼: ਸਰਵਨ ਸਿੰਘ ਪੰਧੇਰ

ਅੰਮ੍ਰਿਤਸਰ (ਵਿਜੇ ਸ਼ਰਮਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਰੇਲ ਰੋਕੋ ਅੰਦੋਲਨ ਨੂੰ ਤਿੰਨ ਦਿਨਾਂ ਲਈ ਮੁਲਤਵੀ ਕਰ ਦਿੱਤਾ ਗਿਆ।ਪਹਿਲਾਂ ਇਹ ਅੰਦੋਲਨ ਦੇਵੀ ਦਾਸਪੁਰਾ ਵਿਖੇ ਕੀਤਾ ਜਾਣਾ ਸੀ, ਪਰ ਮੁੱਖ ਮੰਤਰੀ ਭਗਵੰਤ ਮਾਨ ਦੇ ਅਟਾਰੀ ਦੌਰੇ ਨੂੰ ਦੇਖਦੇ ਹੋਏ ਕਿਸਾਨ ਜਥੇਬੰਦੀਆਂ ਨੇ ਆਪਣੀ ਰਣਨੀਤੀ ਵਿੱਚ ਤਬਦੀਲੀ ਕੀਤੀ ਹੈ।

ਕਿਸਾਨ ਜਥੇਬੰਦੀਆਂ ਦੇ ਆਗੂ ਅਤੇ ਮੈਂਬਰ ਢੋਡੀਵਿੰਡ ਪਿੰਡ ਅਤੇ ਗੁਰਦੁਆਰਾ ਬਾਬਾ ਬਖਸ਼ੀਸ਼ ਸਿੰਘ ਦੇ ਬਾਹਰ ਇਕੱਠੇ ਹੋਏ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਕਿਸਾਨਾਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦਾ ਮਕਸਦ ਕਿਸੇ ਰੈਲੀ ਨੂੰ ਭੰਗ ਕਰਨਾ ਨਹੀਂ, ਸਗੋਂ ਆਪਣੀਆਂ ਜਾਇਜ਼ ਮੰਗਾਂ ਵੱਲ ਸਰਕਾਰ ਦਾ ਧਿਆਨ ਖਿੱਚਣਾ ਹੈ।ਮੀਡੀਆ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਉਹ ਸਰਕਾਰ ਨਾਲ ਗੱਲਬਾਤ ਚਾਹੁੰਦੇ ਹਨ ਅਤੇ ਮੁੱਖ ਮੰਤਰੀ ਨੂੰ ਆਪਣੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।

ਕਿਸਾਨ ਆਗੂ ਨੇ ਕਿਹਾ ਕਿ ਮੌਸਮੀ ਮਾਰ ਕਾਰਨ ਇਸ ਵਾਰ ਫਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ, ਪਰ ਕਿਸਾਨਾਂ ਨੂੰ ਕੋਈ ਢੰਗ ਦੀ ਰਾਹਤ ਨਹੀਂ ਮਿਲੀ।ਉਨ੍ਹਾਂ ਕਿਹਾ ਕਿ ਜੇ ਕੇਂਦਰ ਸਰਕਾਰ ਵੱਲੋਂ ਖਰੀਦ ਮਾਪਦੰਡਾਂ ਵਿੱਚ ਕੋਈ ਢਿੱਲ ਦਿੱਤੀ ਜਾਂਦੀ ਹੈ ਤਾਂ ਇਹ ਕਿਸਾਨਾਂ ਦੀ ਜਿੱਤ ਹੋਵੇਗੀ, ਨਹੀਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਤਿੰਨ ਦਿਨਾਂ ਵਿੱਚ ਸਰਕਾਰ ਵੱਲੋਂ ਕੋਈ ਢੁੱਕਵਾਂ ਹੱਲ ਨਹੀਂ ਨਿਕਲਦਾ ਤਾਂ ਅਗਲਾ ਕਦਮ ਹੋਰ ਵੱਡੇ ਅੰਦੋਲਨ ਦੇ ਰੂਪ ਵਿੱਚ ਸਾਹਮਣੇ ਆ ਸਕਦਾ ਹੈ।

ਕਿਸਾਨ ਜਥੇਬੰਦੀਆਂ ਨੇ ਸਪਸ਼ਟ ਕੀਤਾ ਕਿ ਉਹ ਆਪਣੇ ਹੱਕਾਂ ਲਈ ਆਖ਼ਰੀ ਸਾਹ ਤੱਕ ਲੜਣਗੀਆਂ।

# ਕੌਮੀ ਜਾਂਚ ਏਜੰਸੀ ਮਜ਼ਦੂਰ ਕਾਰਕੁਨ ਸ਼ਿਵ ਕੁਮਾਰ ਨੂੰ ਪ੍ਰੇਸ਼ਾਨ ਕਰਨਾ ਬੰਦ ਕਰੇ: ਜਮਹੂਰੀ ਫਰੰਟ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਨੇ ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ਸ਼ੀਲ ਕਾਰਕੁਨ ਸ਼ਿਵ ਕੁਮਾਰ ਨੂੰ ਕਥਿਤ ਲਖਨਊ ਸਾਜ਼ਿਸ਼ ਕੇਸ ਵਿੱਚ ਐੱਨਆਈਏ ਵੱਲੋਂ ਨੋਟਿਸ ਜਾਰੀ ਕਰਨ ਅਤੇ ਵਾਰ-ਵਾਰ ਤੰਗ-ਪ੍ਰੇਸ਼ਾਨ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।



ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਕਿਹਾ ਕਿ ਐਡਵੋਕੇਟ ਅਜੈ ਕੁਮਾਰ, ਵਿਸ਼ਾਲ ਸਿੰਘ ਅਤੇ ਪ੍ਰਿਆਂਸ਼ੂ ਕਸ਼ਿਅਪ ਨੂੰ ਇਸੇ ਝੂਠੇ ਸਾਜ਼ਿਸ਼ ਕੇਸ ਦੇ ਤਹਿਤ ਜੇਲ੍ਹ ਵਿਚ ਡੱਕਿਆ ਹੋਇਆ ਹੈ ਅਤੇ ਹੋਰ ਜਮਹੂਰੀ ਕਾਰਕੁਨਾਂ ਨੂੰ ਪੁੱਛਗਿੱਛ ਲਈ ਬੁਲਾ ਕੇ ਅਤੇ ਨੋਟਿਸ ਜਾਰੀ ਕਰਕੇ ਵਾਰ-ਵਾਰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਕਥਿਤ ਨਕਸਲੀ ਸੰਬੰਧਾਂ ਦੀ ਪੁੱਛਗਿੱਛ ਦੇ ਬਹਾਨੇ ਇਹ ਜਾਬਰ ਮੁਹਿੰਮ ਅਸਹਿਮਤੀ ਨੂੰ ਦਬਾਉਣ ਅਤੇ ਮਜ਼ਦੂਰ ਸੰਘਰਸ਼ਾਂ ਨੂੰ ਕੁਚਲਣ ਲਈ ਕੀਤੀ ਸੋਚੀ-ਸਮਝੀ ਕਾਰਵਾਈ ਹੈ ਜੋ ਪਿਛਲੇ ਦਿਨੀਂ ਦਿੱਲੀ ਪੁਲਸ ਵੱਲੋਂ ਨੌਜਵਾਨ ਲੜਕੀਆਂ ਸਮੇਤ ਵਿਦਿਆਰਥੀ ਕਾਰਕੁਨਾਂ, ਵਕੀਲਾਂ, ਟ੍ਰੇਡ ਯੂਨੀਅਨ ਆਗੂਆਂ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਨੂੰ ਗ਼ੈਰ-ਕਾਨੂੰਨੀ ਹਿਰਾਸਤ ਵਿਚ ਲੈ ਕੇ ਤਸੀਹੇ ਦੇਣ ਦੇ ਜਾਬਰ ਹਮਲੇ ਦੇ ਰੂਪ ਵਿਚ ਸਾਹਮਣੇ ਆਈ ਸੀ।ਇਸ ਮੌਕੇ ਸੂਬਾ ਕਮੇਟੀ ਆਗੂਆਂ ਯਸ਼ ਪਾਲ ਝਬਾਲ, ਐਡਵੋਕੇਟ ਅਮਰਜੀਤ ਬਾਈ ਅਤੇ ਸੁਮੀਤ ਅੰਮ੍ਰਿਤਸਰ ਨੇ ਦੋਸ਼ ਲਾਇਆ ਕਿ ਦਿੱਲੀ-ਕੌਮੀ ਰਾਜਧਾਨੀ ਖੇਤਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿਚ ਉਜਰਤਾਂ ਵਿਚ ਵਾਧੇ ਲਈ ਮਜ਼ਦੂਰਾਂ ਦੇ ਤਾਜ਼ਾ ਸੰਘਰਸ਼ ਨੂੰ ਬਦਨਾਮ ਕਰਨ ਲਈ ਗੜਬੜ ਦੇ ਪਿੱਛੇ 'ਨਕਸਲੀ' ਅਤੇ 'ਆਈ. ਐੱਸ. ਆਈ' ਦਾ ਹੱਥ ਹੋਣ ਦਾ ਬਿਰਤਾਂਤ ਪ੍ਰਚਾਰਨ ਪਿੱਛੇ ਵੀ ਇਹੀ ਮਨੋਰਥ ਕੰਮ ਕਰ ਰਿਹਾ ਹੈ।ਸੱਤਾ ਦੇ ਇਸ਼ਾਰੇ 'ਤੇ ਪੁਲਸ-ਪ੍ਰਸ਼ਾਸਨ ਦੀ ਇਹ ਕੋਸ਼ਿਸ਼ ਹੈ ਕਿ ਨਿਰਦੋਸ਼ ਮਜ਼ਦੂਰਾਂ ਨੂੰ ਫੜ-ਫੜ ਕੇ ਝੂਠੇ ਕੇਸਾਂ ਦੇ ਤਹਿਤ ਜੇਲ੍ਹ ਵਿਚ ਡੱਕਣ ਵਿਰੁੱਧ ਕੋਈ ਵੀ ਇਨਸਾਫ਼ਪਸੰਦ ਜਮਹੂਰੀ ਕਾਰਕੁਨ ਸਾਹਮਣੇ ਆਉਣ ਦਾ ਹੌਸਲਾ ਨਾ ਕਰੇ।ਉਨ੍ਹਾਂ ਦੱਸਿਆ ਕਿ ਸ਼ਿਵ ਕੁਮਾਰ ਮਜ਼ਦੂਰ ਹੱਕਾਂ ਨੂੰ ਸਮਰਪਿਤ ਕਾਰਕੁਨ ਹੈ ਅਤੇ ਉਸਨੂੰ ਦਿੱਲੀ ਕਿਸਾਨ ਅੰਦੋਲਨ ਸਮੇਂ ਵੀ ਅਤੇ ਕੁਝ ਹਫ਼ਤੇ ਪਹਿਲਾਂ ਹੀ ਹੋਰ ਕਾਰਕੁਨਾਂ ਦੇ ਨਾਲ ਹਿਰਾਸਤ ਵਿਚ ਲੈ ਕੇ ਬੇਕਿਰਕੀ ਨਾਲ ਤਸੀਹੇ ਦਿੱਤੇ ਗਏ ਸਨ। ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਸ਼ਿਵ ਕੁਮਾਰ ਨੂੰ ਜਾਰੀ ਕੀਤਾ ਐੱਨ. ਆਈ. ਏ. ਨੋਟਿਸ ਤੁਰੰਤ ਵਾਪਸ ਲਿਆ ਜਾਵੇ।ਕਥਿਤ ਲਖਨਊ ਸਾਜ਼ਿਸ਼ ਦੀ ਝੂਠੀ ਐੱਫ. ਆਈ. ਆਰ. ਰੱਦ ਕੀਤੀ ਜਾਵੇ ਅਤੇ ਗ੍ਰਿਫ਼ਤਾਰ ਕੀਤੇ ਸਾਰੇ ਕਾਰਕੁਨਾਂ ਨੂੰ ਰਿਹਾ ਕੀਤਾ ਜਾਵੇ।ਮਜ਼ਦੂਰ ਅੰਦੋਲਨਾਂ ਅਤੇ ਜਮਹੂਰੀ ਅਸਹਿਮਤੀ ਨੂੰ ਅਪਰਾਧ ਬਣਾਉਣਾ ਬੰਦ ਕੀਤਾ ਜਾਵੇ।ਨੋਇਡਾ ਸਮੇਤ ਕੌਮੀ ਰਾਜਧਾਨੀ ਖੇਤਰ ਵਿਚ ਮਜ਼ਦੂਰ ਸੰਘਰਸ਼ਾਂ ਉੱਪਰ ਜਬਰ ਬੰਦ ਕੀਤਾ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਮਜ਼ਦੂਰਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।

# ਗਿੱਲ ਵੱਲੋਂ ਖਰੀਦ ਕੇਂਦਰਾਂ ਦਾ ਦੌਰਾ, ਕਣਕ ਦੀ ਖਰੀਦ ਸ਼ੁਰੂ ਕਰਵਾਈ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਹਲਕੇ 'ਚ ਪੈਂਦੇ ਵੱਖ-ਵੱਖ ਖਰੀਦ ਕੇਂਦਰਾਂ ਦਾ ਦੌਰਾ ਕੀਤਾ ਤੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਗਈ।ਇਸ ਦੌਰਾਨ ਗਿੱਲ ਨੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਤੇ ਤਸੱਲੀ ਪ੍ਰਗਟ ਕੀਤੀ।ਇਸ ਦੌਰਾਨ ਸ. ਤਲਬੀਰ ਸਿੰਘ ਵੱਲੋਂ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ ਗਈ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੀਆਂ ਸਮੂਹ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ।ਪੰਜਾਬ ਮੰਡੀ ਬੋਰਡ ਵੱਲੋਂ ਕਣਕ ਦੀ ਸਰਕਾਰੀ ਖਰੀਦ ਕਰਵਾਉਣ ਲਈ ਕੁੱਲ 1896 ਮੰਡੀਆਂ ਨੋਟੀਫਾਈ ਕੀਤੀਆਂ ਗਈਆਂ ਹਨ।ਇਸ ਦੇ ਨਾਲ ਹੀ ਸੀਜ਼ਨ ਦੌਰਾਨ ਫਸਲ ਦੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਆਰਜ਼ੀ ਖਰੀਦ ਕੇਂਦਰ ਘੋਸ਼ਿਤ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ।ਉਨ੍ਹਾਂ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਕਣਕ ਦੇ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਤਾਂ ਜੋ ਕਿਸਾਨ ਬਿਨਾਂ ਕਿਸੇ ਅੜਚਣ ਤੋਂ ਖੁਸ਼ੀ-ਖੁਸ਼ੀ ਆਪਣੀ ਫਸਲ ਨੂੰ ਵੇਚ ਕੇ ਘਰ ਜਾ ਸਕਣ।ਇਸ ਮੌਕੇ ਹਲਕਾ ਮਜੀਠਾ ਦੇ ਟ੍ਰੇਡ-ਵਿੰਗ ਚੇਅਰਮੈਨ ਦੀਪਕ ਭੰਡਾਰੀ, ਹਲਕਾ ਮਜੀਠਾ ਦੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹੀਜਾਦਾ, ਹਰਦੇਵ ਸਿੰਘ ਸਰਪੰਚ ਚਵਿੰਡਾ ਦੇਵੀ, ਸਿੰਦ ਸ਼ਾਹ ਮਜੀਠਾ, ਲਖਬੀਰ ਸਿੰਘ, ਨਰਿੰਦਰ ਸਿੰਘ, ਬਲਦੇਵ ਸਿੰਘ ਡੱਡੀਆਂ, ਜੰਗ ਸਿੰਘ ਜੰਗੀ ਪੰਚਾਇਤ ਮੈਂਬਰ, ਕੁਲਦੀਪ ਸਿੰਘ ਕਾਹਲੋਂ ਗੁਰਪ੍ਰੀਤ ਸਿੰਘ ਗੋਪੀ ਆੜ੍ਹਤੀਆ, ਜਸਪਾਲ ਸਿੰਘ ਢਿੱਲੋਂ ਸੈਕਟਰੀ ਮਾਰਕੀਟ ਕਮੇਟੀ ਮਜੀਠਾ, ਨਤੀਸ਼ ਅਗਨੀਹੋਤਰੀ, ਕੁਲਦੀਪ ਸਿੰਘ ਕਾਹਲੋਂ ਮੰਡੀ ਸੁਪਰਵਾਈਜ਼ਰ, ਇੰਸਪੈਕਟਰ ਅਸ਼ੀਸ਼ ਮਹਾਜਨ, ਇੰਸਪੈਕਟਰ ਮਨਪ੍ਰੀਤ ਰਾਹੀ, ਇੰਸਪੈਕਟਰ ਸਿਮਰਜੀਤ ਸਿੰਘ, ਆੜ੍ਹਤੀ ਦਿਲਬਾਗ ਸਿੰਘ, ਆੜ੍ਹਤੀ ਜੱਗਾ ਸਿੰਘ, ਆੜ੍ਹਤੀ ਸੁਖਪਾਲ ਸਿੰਘ, ਆੜ੍ਹਤੀ ਗੁਰਪ੍ਰੀਤ ਸਿੰਘ, ਆੜ੍ਹਤੀ ਸਰਹਾਲਾ ਆਦਿ ਹਾਜ਼ਰ ਸਨ।



## ਇੰਦਰ ਸਿੰਘ ਮਾਲਚੱਕ ਦੇ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਸ਼੍ਰੀ ਖਡੂਰ ਸਾਹਿਬ ਦੇ ਪਿੰਡ ਮਾਲਚੱਕ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਟਕਸਾਲੀ ਆਗੂ ਇੰਦਰ ਸਿੰਘ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਜਿਸ 'ਤੇ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਤੇ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦਲਬੀਰ ਸਿੰਘ ਜਹਾਂਗੀਰ ਨੇ ਸਵਰਗਵਾਸੀ ਇੰਦਰ ਸਿੰਘ ਦੇ ਸਪੁੱਤਰ ਗੁਰਦੀਪ ਸਿੰਘ ਤੇ ਗੁਰਜੀਤ ਸਿੰਘ ਅਤੇ ਉਨ੍ਹਾਂ ਦੇ ਭਰਾ ਜੋਗਿੰਦਰ ਸਿੰਘ ਤੇ ਲਖਵਿੰਦਰ ਸਿੰਘ ਅਤੇ ਸਮੂਹ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਬ੍ਰਹਮਪੁਰਾ ਤੇ ਜਹਾਂਗੀਰ ਨੇ ਕਿਹਾ ਕਿ ਇੰਦਰ ਸਿੰਘ ਸ਼੍ਰੋਮਣੀ ਅਕਾਲੀ ਦਲ ਦੇ ਬਹੁਤ ਮਿਹਨਤੀ ਤੇ ਇਮਾਨਦਾਰ ਆਗੂ ਸਨ ਜਿਨ੍ਹਾਂ ਦੇ ਅਕਾਲ ਚਲਾਣਾ ਕਰ ਜਾਣ ਨਾਲ ਜਿੱਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਹੈ ਉਸ ਤਰ੍ਹਾਂ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਕਦੀ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਹੈ।ਇਸ ਮੌਕੇ ਬਲਾਕ ਸੰਮਤੀ ਮੈਂਬਰ ਪਰਮਜੀਤ ਸਿੰਘ ਬਾਠ, ਬਲਵਿੰਦਰ ਸਿੰਘ ਸਾਬਕਾ ਮੈਂਬਰ ਪੰਚਾਇਤ ਅਤੇ ਸਮੂਹ ਪਰਿਵਾਰ ਹਾਜ਼ਰ ਸੀ।



# ਸੀ ਬੀ ਐੱਸ ਈ ਬੋਰਡ ਦੇ ਨਤੀਜਿਆਂ 'ਚ ਸੇਂਟ ਸੋਲਜਰ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸੇਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ 2025-26 ਦੇ ਅਕਾਦਮਿਕ ਸਾਲ ਲਈ ਦਸਵੀਂ ਜਮਾਤ ਦੇ ਸੀਬੀਐਸਈ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਸਕੂਲ ਦੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰ ਰਿਹਾ ਹੈ।ਨਤੀਜੇ ਸਕੂਲ ਦੇ ਅਧਿਆਪਕਾਂ ਦੀ ਸਖਤ ਮਿਹਨਤ, ਦ੍ਰਿੜਤਾ ਅਤੇ ਅਨੁਸ਼ਾਸਨ ਨੂੰ ਦਰਸਾਉਂਦੇ ਹਨ।ਸਾਕਸ਼ੀ ਚਤਰਥ ਨੇ 97.2%, ਨਵਰੀਨ ਕੌਰ 95.6%, ਜੈਸਮੀਨ ਕੌਰ ਹੁੰਦਲ 94.4%, ਗੁਰਸ਼ਾਨ ਸਿੰਘ 94.2%, ਗੁਰਸ਼ਰਨ ਕੌਰ 94.2%, ਸਮਰਪ੍ਰੀਤ ਕੌਰ 93.8, ਮਨਰੋਜ ਕੌਰ 93.6%, ਸੁਖਮਨਦੀਪ ਕੌਰ 93.6%, ਇੰਦਰਜੀਤ ਸਿੰਘ 93.2%, ਅੰਬਿਕਾ 92.8%, ਨਵਰੋਜ ਕੌਰ 92.2%, ਸੁਖਮਨਪ੍ਰੀਤ ਸਿੰਘ 92%, ਭੁਪਿੰਦਰ ਸਿੰਘ 91.8%, ਭਰ ਜੋਬਨ ਸਿੰਘ 91.8%, ਦਰਸ਼ਪ੍ਰੀਤ ਕੌਰ 91.8%, ਪਲਕ 91.8%, ਜਪਮੰਨਤ ਕੌਰ 91.2%, ਨਵਰੂਪ ਸਿੰਘ 90.6%, ਪ੍ਰਬਲੀਨ ਕੌਰ 90%, ਅਤੇ ਅਮਨੀਤ ਸਿੰਘ ਨੇ 90% ਅਤੇ ਰਹਿਮਤ ਪ੍ਰੀਤ ਕੌਰ ਨੇ ਵੀ 90%ਨੰਬਰ ਹਾਸਿਲ ਕੀਤੇ।ਸਕੂਲ ਦੇ 20 ਬੱਚਿਆਂ ਨੇ 90% ਤੋਂ ਉੱਪਰ ਨੰਬਰ ਹਾਸਲ ਕਰਕੇ ਮੈਰਿਟਾਂ ਹਾਸਿਲ ਕੀਤੀਆਂ।ਇੰਗਲਿਸ਼ ਦੇ ਵਿੱਚ 32 ਵਿਦਿਆਰਥੀਆਂ ਨੇ 90% ਤੋਂ ਵੀ ਜ਼ਿਆਦਾ ਨੰਬਰ ਹਾਸਲ ਕੀਤੇ।ਕੰਪਿਊਟਰ ਦੇ ਵਿੱਚ 4 ਬੱਚਿਆਂ ਨੇ 100 ਵਿੱਚੋਂ 100 ਨੰਬਰ ਹਾਸਿਲ ਕੀਤੇ।9 ਬੱਚਿਆਂ ਨੇ 100 ਵਿੱਚੋਂ 99 ਨੰਬਰ ਹਾਸਿਲ ਕੀਤੇ।ਪੰਜਾਬੀ ਵਿੱਚੋਂ ਚਾਰ ਬੱਚਿਆਂ ਨੇ 100 ਵਿੱਚ 100 ਨੰਬਰ ਅਤੇ ਛੇ ਬੱਚਿਆਂ ਨੇ 100 ਵਿੱਚੋਂ 99 ਨੰਬਰ ਹਾਸਿਲ ਕੀਤੇ।ਇਸੇ ਤਰ੍ਹਾਂ ਗਣਿਤ ਅਤੇ ਸਾਇੰਸ ਦੇ ਵਿਸ਼ਿਆਂ ਵਿੱਚੋਂ ਵੀ ਬੱਚਿਆਂ ਨੇ 90% ਤੋਂ ਜ਼ਿਆਦਾ ਨੰਬਰ ਹਾਸਿਲ ਕੀਤੇ।ਇਨ੍ਹਾਂ ਹੋਣਹਾਰ ਵਿਦਿਆਰਥੀਆਂ ਦਾ ਸਵੇਰ ਦੀ ਸਭਾ ਵਿੱਚ ਉਨ੍ਹਾਂ ਦੇ ਮਾਪਿਆਂ ਸਮੇਤ ਫੁੱਲਾਂ ਦੇ ਹਾਰ ਪਾ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ .ਮੰਗਲ ਸਿੰਘ ਕਿਸ਼ਨਪੁਰਾ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਮੂੰਹ ਮਿੱਠਾ ਕਰਵਾ ਕੇ ਖੁਸ਼ੀ ਜ਼ਹਿਰ ਕੀਤੀ।



# ਮਾਝਾ ਪ੍ਰੈੱਸ ਕਲੱਬ ਦੀ ਸਰਬਸੰਮਤੀ ਨਾਲ ਚੋਣ

## * ਗੁਰਪ੍ਰੀਤ ਸਿੰਘ ਚੰਦੀ ਨੂੰ ਪ੍ਰਧਾਨ ਥਾਪਿਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਮੀਟਿੰਗ ਜੰਡਿਅਲਾ ਗੁਰੂ ਵਿਖੇ ਭੁਪਿੰਦਰ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਹੋਈ ਜਿਸ ਵਿੱਚ ਮਾਝਾ ਪ੍ਰੈੱਸ ਕਲੱਬ ਦੀ 2026-27 ਵਾਸਤੇ ਸਰਬਸੰਤੀ ਨਾਲ ਨਵੀਂ ਵਰਕਿੰਗ ਬੌਡੀ ਤਿਆਰ ਕੀਤੀ ਗਈ।ਗੁਰਪ੍ਰੀਤ ਸਿੰਘ ਚੰਦੀ ਨੂੰ 2026-27 ਵਾਸਤੇ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦਾ ਪ੍ਰਧਾਨ ਥਾਪਿਆ ਗਿਆ।ਇਸ ਉਪਰੰਤ ਬਾਕੀ ਅਹੁਦੇਦਾਰਾਂ ਜਿਸ ਵਿੱਚ ਗੁਰਦੇਵ ਸਿੰਘ ਮਨਜੋਤਰਾ ਵਾਈਸ ਪ੍ਰਧਾਨ, ਨਰਿੰਦਰ ਸਿੰਘ ਮੀਤ ਪ੍ਰਧਾਨ, ਸਤਿੰਦਰ ਸਿੰਘ ਜਨਰਲ ਸੈਕਟਰੀ, ਜਗਤਾਰ ਸਿੰਘ ਜਨਰਲ ਸੈਕਟਰੀ, ਪਰਮਜੀਤ ਸਿੰਘ ਜਨਰਲ ਸੈਕਟਰੀ, ਰਾਜੀਵ ਕੁਮਾਰ ਭੋਲਾ ਕੈਸ਼ੀਅਰ, ਪ੍ਰਗਟ ਸਿੰਘ ਚੇਅਰਮੈਨ, ਲਖਬੀਰ ਸਿੰਘ ਗਿੱਲ ਚੇਅਰਮੈਨ ਅਤੇ ਜਸਬੀਰ ਸਿੰਘ ਭੋਲਾ ਨੂੰ ਮਾਨਾਵਾਲਾ ਯੂਨਿਟ ਦਾ ਪ੍ਰਧਾਨ ਥਾਪਿਆ ਗਿਆ।ਨਵੀਂ ਕਮੇਟੀ ਨੂੰ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ ।ਕਲੱਬ ਦੇ ਸਰਪ੍ਰਸਤ ਭੁਪਿੰਦਰ ਸਿੰਘ ਸਿੱਧੂ ਵੱਲੋਂ ਨਵੀਂ ਪ੍ਰਬੰਧਕੀ ਕਮੇਟੀ ਨੂੰ ਨਿਯੁਕਤੀ ਉਪਰੰਤ ਸਿਰੋਪਾਉ ਦੇ ਕੇ ਨਿਵਾਜਿਆ ਗਿਆ ਅਤੇ ਸ਼ੁਭ ਇਛਾਵਾਂ ਦਿੱਤੀਆ ਗਈਆਂ।ਇਸ ਮੌਕੇ ਗੁਰਪ੍ਰੀਤ ਸਿੰਘ ਚੰਦੀ ਨੇ ਕਿਹਾ ਕਿ ਮੈਂ ਅਤੇ ਮੇਰੀ ਸਮੁੱਚੀ ਟੀਮ ਆਪਣੇ ਕਲੱਬ ਦੇ ਮੈਂਬਰਾਂ ਦੀਆਂ ਇਛਾਵਾਂ 'ਤੇ ਪੂਰਾ ਉਤਰਨ ਦੀ ਕੋਸ਼ਿਸ ਕਰਾਂਗੇ ਅਤੇ ਪੱਤਰਕਾਰਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕੀਤੇ ਜਾਣਗੇ।ਇਸ ਮੌਕੇ ਪ੍ਰਬੰਧਕੀ ਟੀਮ ਤੋਂ ਇਲਾਵਾ ਅੰਗਰੇਜ਼ ਸਿੰਘ, ਡਾ. ਮਨਰਾਜ ਸਿੰਘ ਜੋਸਨ, ਅਨਿਲ ਕੁਮਾਰ, ਭੂਪਿੰਦਰ ਸਿੰਘ ਸਿੱਧੂ, ਮਨਪ੍ਰੀਤ ਸਿੰਘ ਕੰਡਾ, ਰਵਿੰਦਰ ਸਿੰਘ ਗਿੱਲ ਅਤੇ ਮਿਸ ਪੂਜਾ ਹਾਜ਼ਰ ਸਨ।




**ਬੈਂਕ ਆੱਫ਼ ਬੜੌਦਾ Bank of Baroda**

Branch:- Focal Point, B-XXX,, 1626-C, Sherpur Road, Behind Aarti Steeel, Ludhiana PB -141010

**ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ, ਨਿਮਨਹਸਤਾਖਰੀ ਨੇ ਬੈਂਕ ਆਫ ਬੜੌਦਾ, ਫੋਕਲ ਪੁਆਇੰਟ, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੱਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਧੀਨ ਸਕਿਉਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਹੇਠਾਂ ਦਰਸਾਈਆਂ ਮਿਤੀਆਂ 'ਤੇ ਨੋਟਿਸਾਂ 'ਚ ਹੇਠਾਂ ਦਰਸਾਈਆਂ ਰਕਮਾਂ, ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦੇ ਦਿੰਦੇ ਨੋਟਿਸ ਜਾਰੀ ਕੀਤੇ ਹਨ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਜ ਤਰੀਕਾਂ 'ਤੇ ਕਬਜ਼ਾ ਹਾਸਲ ਕਰ ਲਿਆ ਹੈ।

ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖਬਰਦਾਰ ਕੀਤਾ ਜਾਂਦਾ ਹੈ ਅਤੇ ਕੋਈ ਵੀ ਸੌਦੇਬਾਜ਼ੀ ਬੈਂਕ ਆਫ ਬੜੌਦਾ ਫੋਕਲ ਪੁਆਇੰਟ ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁਲ ਰਕਮ, ਉਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਉਰਡ ਐਸੱਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ | ਰਹਿਨ ਕੀਤੀਆਂ ਜਾਇਦਾਦਾਂ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਖੜ੍ਹੀ ਰਕਮ |
|---|---|---|---|---|---|
| 1. | (ਕਰਜ਼ਦਾਰ) 1. ਮੈਸਰਜ਼ ਰਬਾਨੀ ਕਾਟਨ (ਮਾਲਕ ਮੁਹੰਮਦ ਰਬਾਨੀ) 2. ਸ੍ਰੀ ਮੁਹੰਮਦ ਰਬਾਨੀ ਪੁੱਤਰ ਮੁਹੰਮਦ ਬੱਚਾ ਬਾਬੂ 3. ਸ੍ਰੀ ਬੱਚਾ ਮੀਆਂ ਪੁੱਤਰ ਇਬਰਾਹੀਮ ਮੀਆਂ (ਗਰੰਟਰ) | ਜਾਇਦਾਦ ਦਾ ਸਮੁੱਚਾ ਅਟੁੱਟ ਹਿੱਸਾ, ਰਕਬਾ 28.88 ਵਰਗ ਗਜ਼, ਖਸਰਾ ਨੰ. 19//2/1, ਖਾਤਾ ਨੰ. 719/736, ਜਮ੍ਹਾਂਬੰਦੀ ਸਾਲ 2012-13 ਅਨੁਸਾਰ ਪਤਾ ਪਿੰਡ ਢੁਲਨਵਾਲਾ, ਹਦਬਸਤ ਨੰ. 278, ਪਾਸੀ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 6196 ਮਿਤੀ 01.09.2017 ਅਨੁਸਾਰ । ਹੱਦਬੰਦੀ : ਉੱਤਰ : ਹਰਸ਼ਦੀਪ ਸਿੰਘ 26'-0", ਦੱਖਣ : ਇੰਦਰਪਾਲ ਸਿੰਘ 26'-0", ਪੂਰਬ : ਇੰਦਰਪਾਲ ਸਿੰਘ 10'-0", ਪੱਛਮ : ਸੜਕ 10'-0" | 22.01.2025 | 16.04.2026 | ਸੰਕੇਤਕ ਕਬਜ਼ਾ / 22.01.2025 ਨੂੰ ਰੁਪਏ 17,50,899.84 (ਸਤਾਰਾਂ ਲੱਖ ਪੰਜਾਹ ਹਜ਼ਾਰ ਅੱਠ ਸੌ ਨੜਿਨਵੇਂ ਰੁਪਏ ਅਤੇ ਚੁਰਾਸੀ ਪੈਸੇ ਕੇਵਲ) ਸਮੇਤ 30.04.2024 ਤੱਕ ਇਸ 'ਤੇ ਅਣ-ਲਾਗੂਯੋਗ ਵਿਆਜ ਅਣ-ਸਰਵਿਸ ਵਿਆਜ ਅਤੇ ਚਾਰਜਿਜ਼ |
| 2. | (ਕਰਜ਼ਦਾਰ) 1. ਸ੍ਰੀ ਮੁਹੰਮਦ ਰਬਾਨੀ ਪੁੱਤਰ ਮੁਹੰਮਦ ਬੱਚਾ ਬਾਬੂ 2. (ਸਹਿ-ਕਰਜ਼ਦਾਰ) ਸ੍ਰੀ ਬੱਚਾ ਮੀਆਂ ਪੁੱਤਰ ਇਬਰਾਹੀਮ ਮੀਆਂ, 3. (ਗਰੰਟਰ) ਸ੍ਰੀ ਆਮਿਰ ਖਾਨ ਪੁੱਤਰ ਮੋਸੀਬਤ ਖਾਨ | ਜਾਇਦਾਦ ਦਾ ਸਮੁੱਚਾ ਹਿੱਸਾ, ਰਕਬਾ 28.88 ਵਰਗ ਗਜ਼, ਖਸਰਾ ਨੰ. 19//2/1, ਖਾਤਾ ਨੰ. 719/736, ਜਮ੍ਹਾਂਬੰਦੀ ਸਾਲ 2012-13 ਪਿੰਡ ਢੁਲਨਵਾਲਾ ਵਿਖੇ ਸਥਿਤ, ਹਦਬਸਤ ਨੰ. 278, ਪਾਸੀ ਨਗਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 6196 ਮਿਤੀ 01.09.2017 । ਹੱਦਬੰਦੀ : ਉੱਤਰ : ਹਰਸ਼ਦੀਪ ਸਿੰਘ 26'-0", ਦੱਖਣ : ਇੰਦਰਪਾਲ ਸਿੰਘ 26'-0", ਪੂਰਬ : ਇੰਦਰਪਾਲ ਸਿੰਘ 10'-0", ਪੱਛਮ : ਸੜਕ 10'-0" | 22.01.2025 | 16.04.2026 | ਸੰਕੇਤਕ ਕਬਜ਼ਾ / 22.01.2025 ਨੂੰ ਰੁਪਏ 72,259.29 (ਬਹੱਤਰ ਹਜ਼ਾਰ ਦੋ ਸੌ ਉਨਾਹਠ ਰੁਪਏ ਤੇ ਉਨੱਤੀ ਪੈਸੇ ਕੇਵਲ) ਸਮੇਤ 30.04.2024 ਤੱਕ ਇਸ 'ਤੇ ਅਣ-ਲਾਗੂਯੋਗ ਵਿਆਜ, ਅਣਸਰਵਿਸ ਵਿਆਜ ਅਤੇ ਚਾਰਜਿਜ਼ |

ਮਿਤੀ : 17.04.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ


# ਮੂਲੋਵਾਲੀ ਦੇ ਕਿਸਾਨਾਂ ਦੀ ਚਾਰ ਏਕੜ ਕਣਕ ਸੜ ਕੇ ਸਵਾਹ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਪਿੰਡ ਮੂਲੋਵਾਲੀ ਦੇ ਕਿਸਾਨਾਂ ਦੀ ਪੁੱਤਾਂ ਵਾਂਗੂ ਪਾਲੀ ਕਣਕ ਦੀ ਖੜ੍ਹੀ ਫਸਲ ਨੂੰ ਅੱਗ ਲੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮੌਕੇ 'ਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਟਰੈਕਟਰਾਂ ਨਾਲ ਪੈਲੀ ਵਾਹ ਕੇ ਅਤੇ ਪਹੁੰਚੇ ਫ਼ਾਇਰ ਬ੍ਰਿਗੇਡ ਦੇ ਅਧਿਕਾਰੀਆਂ ਵੱਲੋਂ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਮੀਡੀਆ ਨੂੰ ਜਾਣਕਾਰੀ ਦਿੰਦਿਆਂ ਪੀੜਤ ਕਿਸਾਨ ਮਹਿੰਦਰ ਸਿੰਘ, ਜੋਗਿੰਦਰ ਸਿੰਘ, ਕੰਵਲਜੀਤ ਸਿੰਘ, ਹਰਪਾਲ ਸਿੰਘ ਅਤੇ ਪ੍ਰਿਤਪਾਲ ਸਿੰਘ ਨੇ ਦੱਸਿਆ ਨੇ ਕਿ ਪਿੰਡ ਦੇ ਇੱਕ ਕਿਸਾਨ ਨੇ ਬੀਤੇ ਕੱਲ ਆਪਣੀ ਫਸਲ ਕੰਬਾਈਨ ਨਾਲ ਵਾਢੀ ਕੀਤੀ ਸੀ। ਅੱਜ ਰੀਪਰ ਨਾਲ ਤੂੜੀ ਬਣਾਉਂਦੇ ਸਮੇਂ ਰੀਪਰ ਵਿੱਚੋਂ ਨਿਕਲੀ ਚੰਗਿਆੜੀ ਨਾਲ ਕਣਕ ਨੂੰ ਅੱਗ ਲੱਗ ਗਈ ਤੇ ਹਵਾ ਤੇਜ਼ ਹੋਣ ਕਾਰਨ ਸਾਡੀ ਕਰੀਬ ਚਾਰ ਏਕੜ ਕਣਕ ਸੜ ਕੇ ਸਵਾਹ ਹੋਈ ਹੈ।ਉਨ੍ਹਾਂ ਦੱਸਿਆ ਕਿ ਪਿੰਡ ਦੇ ਕਿਸਾਨਾਂ ਵੱਲੋਂ ਟਰੈਕਟਰਾਂ ਦੀ ਮਦਦ ਨਾਲ ਕਾਫੀ ਜੱਦੋਜਹਿਦ ਕੀਤੀ ਗਈ ਤੇ ਆਖਿਰ ਮੌਕੇ 'ਤੇ ਫਾਇਰ ਬ੍ਰਗੇਡ ਦੇ ਅਧਿਕਾਰੀਆਂ ਵੱਲੋਂ ਅੱਗ 'ਤੇ ਕਾਬੂ ਪਾਇਆ ਗਿਆ।ਕਿਸਾਨਾਂ ਨੇ ਕਿਹਾ ਕਿ ਪ੍ਰਤੀ ਏਕੜ 20 ਕੁਇੰਟਲ ਤੋਂ ਉੱਪਰ ਕਣਕ ਦਾ ਝਾੜ ਨਿਕਲ ਰਿਹਾ ਹੈ ਤੇ ਇਸ ਲਈ ਸਾਡੀ ਮੰਗ ਹੈ ਕਿ ਉਸ ਦੀ ਐਵਰੇਜ ਨਾਲ ਸਾਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇ ਨਹੀਂ ਤਾਂ ਰੀਪਰ ਮਾਲਕ ਉਪਰ ਸਖਤ ਤੋਂ ਸਖਤ ਕਾਰਵਾਈ ਕਰਕੇ ਮਾਮਲਾ ਦਰਜ ਕੀਤਾ ਜਾਵੇ।ਜਦੋਂ ਪੱਤਰਕਾਰਾਂ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਸਾਨੂੰ ਪਤਾ ਲੱਗਣ 'ਤੇ ਫੌਰਨ ਸਾਡੀ ਟੀਮ ਨੇ ਜਾਂਚ ਆਰੰਭ ਦਿੱਤੀ ਹੈ ਤੇ ਜੋ ਵੀ ਕਿਸਾਨ ਆਪਣੇ ਬਿਆਨ ਦਰਜ ਕਰਵਾਉਣਗੇ ਉਸ ਅਨੁਸਾਰ ਬਣਦੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# 10ਵੀਂ ਦੇ ਮਾਣਮੱਤੇ ਨਤੀਜੇ ਸਦਕਾ ਗੁਰਦਾਸਪੁਰ ਪਬਲਿਕ ਸਕੂਲ ਦਾ ਨਾਂਅ ਚਮਕਿਆ

ਗੁਰਦਾਸਪੁਰ (ਦਿਨੇਸ਼ ਕੁਮਾਰ)-ਗੁਰਦਾਸਪੁਰ ਪਬਲਿਕ ਸਕੂਲ ਗੁਰਦਾਸਪੁਰ ਦਾ 10ਵੀਂ ਜਮਾਤ ਦਾ ਨਤੀਜਾ ਇਸ ਵਾਰ ਵੀ ਬਹੁਤ ਹੀ ਸ਼ਾਨਦਾਰ ਰਿਹਾ ਜਿਸ 'ਚ ਸੰਯਮ ਮਹਾਜਨ ਪੁੱਤਰ ਵਿਨਯ ਕੁਮਾਰ 92 ਫੀਸਦੀ ਅੰਕ ਲੈ ਕੇ ਸਕੂਲ ਵਿਚੋਂ ਪਹਿਲੇ ਸਥਾਨ 'ਤੇ ਰਿਹਾ ।ਹਰਗੁਣਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ 90 ਫੀਸਦੀ ਅੰਕ ਲੈ ਕੇ ਦੂਜੇ ਸਥਾਨ 'ਤੇ ਰਹੀ।ਮਾਨਯਾ ਸ਼ਰਮਾ ਪੁੱਤਰੀ ਸੰਜੀਵ ਕੁਮਾਰ 89 ਫੀਸਦੀ ਅੰਕ ਲੈ ਕੇ ਤੀਜੇ ਸਥਾਨ 'ਤੇ ਰਹੀ।ਲਕਸ਼ ਅੱਤਰੀ ਪੁੱਤਰ ਸਲਵਿੰਦਰ ਕੁਮਾਰ ਨੇ 87 ਫੀਸਦੀ ਅੰਕ ਲੈ ਕੇ ਚੌਥੇ ਸਥਾਨ ਤੇ ਰਿਹਾ।

ਮਹਿਕਪ੍ਰੀਤ ਕੌਰ ਪੁੱਤਰੀ ਜਸਪਾਲ ਸਿੰਘ ਨੇ 84 ਫੀਸਦੀ ਅੰਕ ਲੈ ਕੇ ਪੰਜਵਾਂ ਸਥਾਨ ਹਾਸਿਲ ਕੀਤਾ ਅਤੇ ਲਵਿਸ਼ ਕੌਰ ਪੁੱਤਰੀ ਰਜਿੰਦਰ ਸਿੰਘ ਨੇ 83 ਫੀਸਦੀ ਅੰਕ ਲੈ ਕੇ ਛੇਵਾਂ ਸਥਾਨ ਹਾਸਿਲ ਕੀਤਾ।ਬਾਕੀ ਵਿਦਿਆਰਥੀਆਂ ਨੇ ਵੀ ਸ਼ਾਨਦਾਰ ਅੰਕ ਹਾਸਿਲ ਕੀਤੇ ਹਨ।ਇਸ ਮੌਕੇ ਸਕੂਲ ਡਾਇਰੈਕਟਰ ਅਰਚਨਾ, ਚੇਅਰਮੈਨ ਰਮਨ ਬਹਿਲ ਅਤੇ ਪ੍ਰਿੰਸੀਪਲ ਸੰਦੀਪ ਅਰੋੜਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਲਗਨ ਸਦਕਾ ਹੀ ਸਕੂਲ ਸ਼ਾਨਦਾਰ ਨਤੀਜੇ ਦਿੰਦਾ ਹੈ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀ ਤੰਦਰੁਸਤੀ ਨੂੰ ਮੁੱਖ ਰੱਖਦਿਆਂ ਖੇਡਾਂ ਜਿਵੇਂ ਕਰਾਟੇ, ਬੈਡਮਿੰਟਨ, ਬਾਸਕਿਟਬਾਲ, ਵਾਲੀਬਾਲ ਆਦਿ ਖੇਡਾਂ ਕਰਵਾਈਆਂ ਜਾਂਦੀਆਂ ਹਨ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਕਰਵਾਈਆਂ ਜਾਂਦੀਆਂ ਹਨ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਨੂੰ ਉਜਾਗਰ ਕੀਤਾ ਜਾਂਦਾ ਹੈ।




**ਉੱਤਰ ਰੇਲਵੇ**

**ਖੁਲੀ ਟੈਂਡਰ ਸੂਚਨਾ**

ਸੀਨੀ. ਮੰਡਲ ਵਿਦੁਤ ਇੰਜੀਨੀਅਰ/ਟੀ.ਆਰ., ਉ.ਰੇ. ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 11.05.2026 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ । ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 11.05.2026 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|---|
| 801-ਟੀ.ਆਰ.ਡੀ. ਫ਼ਿਰੋਜ਼ਪੁਰ 2026-27 | ਫਿਰੋਜ਼ਪੁਰ ਡਵੀਜਨ ਦੇ ਅੰਤਰਗਤ ADEE/ TRD /JUC ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ ਲੁਧਿਆਣਾ (LDH), ਜਲੰਧਰ ਕੈਂਟ (JRC) ਲੋਹਿਯਾ ਖਾਸ (LNK) ਅਤੇ ਨਵਾਂ ਸ਼ਹਿਰ (NSS) ਸਥਿਤ ਟੀਆਰਡੀ ਡਿਪੋ ਦੀ PSI ਅਤੇ OHE ਸੰਪਤੀਆਂ ਦੇ ਰੱਖ-ਰੱਖਾਵ ਕੰਮਾਂ ਦੀ 02 ਸਾਲਾਂ ਦੇ ਲਈ ਆਊਟਸੋਰਸਿੰਗ । | ₹ 3,20,47,569. 78 | 11.05.2026 15:00 ਵਜੇ ਤਕ | 6,41,000/- | (02 ਸਾਲ) (24 ਮਹੀਨੇ) | 11.05.2026 15:00 ਵਜੇ ਦੇ ਬਾਦ | www.ireps.gov.in |
| 802-ਟੀ.ਆਰ.ਡੀ. ਫ਼ਿਰੋਜ਼ਪੁਰ 2026-27 | ਫਿਰੋਜ਼ਪੁਰ ਡਵੀਜਨ ਦੇ ਅੰਤਰਗਤ ADEE/ TR/ASR ਦੇ ਅਧਿਕਾਰ ਖੇਤਰ ਵਿਚ ਆਉਣ ਵਾਲੇ ਅੰਮ੍ਰਿਤਸਰ (ASR) ਅਤੇ ਤਰਨ ਤਾਰਨ (TTO) ਸਥਿਤ ਟੀਆਰਡੀ ਡਿਪੋ ਦੀ PSI ਅਤੇ OHE ਸੰਪਤੀਆਂ ਦੇ ਰੱਖ-ਰੱਖਾਵ ਕੰਮਾਂ ਦੀ 02 ਸਾਲਾਂ ਦੇ ਲਈ ਆਊਟਸੋਰਸਿੰਗ । | ₹ 2,26,21,151. 30 | 11.05.2026 15:00 ਵਜੇ ਤਕ | 4,52,400/- | (02 ਸਾਲ) (24 ਮਹੀਨੇ) | 11.05.2026 15:00 ਵਜੇ ਦੇ ਬਾਦ | www.ireps.gov.in |

ਉਪਰੋਕਤ ਟੈਂਡਰਾਂ ਦੇ ਲਈ ਕੰਮ ਦੀ ਸਮਾਨ ਪ੍ਰਕ੍ਰਿਤੀ :

(i) 50 ਹਰਟਜ, ਸਿੰਗਲ ਫੇਜ 25 ਕੇਵੀ ਏਸੀ ਓਐਚਈ ਦਾ ਰੱਖ-ਰੱਖਾਵ/ਮੁਰੰਮਤ/ਪੁਨਰਵਾਸ/ਡਿਜਾਇਨ ਆਪੂਰਤੀ, ਸਥਾਪਨਾ, ਪਰੀਖਸ਼ਣ ਅਤੇ ਕਮੀਸ਼ਨਿੰਗ ।

ਜਾਂ

(ii) 50 ਹਰਟਜ, ਸਿੰਗਲ ਫੇਜ 25 ਕੇਵੀ ਏਸੀ ਟ੍ਰੈਕਸ਼ਨ ਸਬ ਸਟੇਸ਼ਨ/ਸਵਿਚਿੰਗ ਸਬ ਸਟੇਸ਼ਨ ਦਾ ਰੱਖ-ਰੱਖਾਵ/ਮੁਰੰਮਤ/ਪੁਨਰਵਾਸ/ਡਿਜਾਇਨ ਆਪੂਰਤੀ, ਸਥਾਪਨਾ, ਪਰੀਖਸ਼ਣ ਅਤੇ ਕਮੀਸ਼ਨਿੰਗ ।

ਜਾਂ

(iii) 132 ਕੇਵੀ ਜਾਂ ਉਸਤੋਂ ਜ਼ਿਆਦਾ ਵੋਲਟੇਜ ਦੇ ਸਬ ਸਟੇਸ਼ਨ ਦੀ ਮੁਰੰਮਤ/ ਰੱਖ-ਰੱਖਾਵ//ਡਿਜਾਇਨ ਆਪੂਰਤੀ, ਸਥਾਪਨਾ, ਪਰੀਖਸ਼ਣ ਅਤੇ ਕਮੀਸ਼ਨਿੰਗ ।

(ਸੰਦਰਭ : Pr.CEE/NRs ਦੇ ਪੱਤਰ ਨੰਬਰ 181-ਇਲੇਕਟ/ਟੀਆਰਡੀ/189/ਭਾਗ II, ਮਿਤੀ 29.07.2021 ਦੀ ਪੀਐਸਆਈ ਕੰਮ ਦਾ ਲੜੀ ਨੰਬਰ 2.2)

ਨੰ: 801- ਅਤੇ 802-ਟੀ.ਆਰ.ਡੀ.ਫ਼ਿਰੋਜ਼ਪੁਰ-2026-27 ਮਿਤੀ : 15.04.2026 1271/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਗੁਰੂ ਸਾਗਰ ਪਬਲਿਕ ਸਕੂਲ ਪੰਧੇਰ ਦੇ ਵਿਦਿਆਰਥੀਆਂ ਨੇ ਗੱਡੇ ਸਫਲਤਾ ਦੇ ਝੰਡੇ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਕੇਂਦਰੀ ਮਾਧਿਮਿਕ ਸਿੱਖਿਆ ਬੋਰਡ ਵੱਲੋਂ 10ਵੀਂ ਕਲਾਸ ਦੇ ਐਲਾਨੇ ਗਏ ਨਤੀਜਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ 100 ਫੀਸਦੀ ਨਤੀਜਾ ਹਾਸਿਲ ਕਰਕੇ ਇਲਾਕੇ ਵਿੱਚ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਿੱਧੀ ਸ਼ਰਮਾ ਨੇ 87 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋ ਪਹਿਲਾ ਸਥਾਨ ਹਾਸਲ ਕੀਤਾ ਹੈ, ਜਦਕਿ ਭਾਵਿਸ਼ਿਆ ਚੱਢਾ ਨੇ 85 ਫੀਸਦੀ ਨਾਲ ਦੂਜਾ ਸਥਾਨ ਅਤੇ ਪਾਰਸ ਨੰਦਾ ਨੇ 82 ਫੀਸਦੀ ਨਾਲ ਤੀਜਾ ਸਥਾਨ ਹਾਸਿਲ ਕੀਤਾ ਹੈ।ਸਕੂਲ ਦੇ ਡਾਇਰੈਕਟਰ ਡਾ. ਅਨੰਦਜੀਤ ਕੌਰ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਫਲਤਾ ਵਿਦਿਆਰਥੀਆਂ ਦੀ ਲਗਨ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹੈ ਅਤੇ ਸੰਸਥਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਵਚਨਬੱਧ ਹੈ।ਸਕੂਲ ਦੇ ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ ਅਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਵੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਵੱਲੋਂ ਕੀਤੀ ਮਿਹਨਤ ਰੰਗ ਲਿਆਈ ਹੈ।ਡਾ ਗੁਲਵਤਨ ਸਿੰਘ ਕੰਹ ਨੇ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਆਧੁਨਿਕ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਵਿਦਿਆਰਥੀ ਆਪਣੇ ਟੀਚਿਆਂ ਨੂੰ ਹਾਸਲ ਕਰ ਸਕਣ।ਉਨ੍ਹਾਂ ਕਿਹਾ ਕਿ ਚੇਅਰਪਰਸਨ ਮੈਡਮ ਅਤੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਵੱਲੋਂ ਸਕੂਲ ਨੂੰ ਹਰ ਤਰ੍ਹਾਂ ਦੀ ਆਧੁਨਿਕ ਤਕਨੀਕ ਮੁਹਈਆਂ ਕਰਵਾਈ ਜਾ ਰਹੀ ਹੈ ਤਾਂ ਜੋ ਬੱਚੇ ਸਮੇ ਦੇ ਹਾਣੀ ਬਣ ਸਕਣ।

ਉਨ੍ਹਾਂ ਕਿਹਾ ਕੇ ਇਲਾਕਾ ਨਿਵਾਸੀਆਂ ਦੀ ਮੰਗ ਤੇ ਜੀ. ਪੀ. ਐੱਸ. ਸਪੋਰਟਸ ਅਕੈਡਮੀ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਵਿੱਚ ਹਰ ਤਰ੍ਹਾਂ ਦੀ ਖੇਡ ਨਾਲ ਸਬੰਧਿਤ ਖੇਡ ਮੈਦਾਨ ਆਧੁਨਿਕ ਕਿਸਮ ਦੇ ਤਿਆਰ ਕਰਵਾਏ ਗਏ ਹਨ ਅਤੇ ਉੱਚ ਯੋਗਤਾ ਤੇ ਹੁਨਰ ਮੰਦ ਕੋਚ ਖਿਡਾਰੀਆਂ ਨੂੰ ਸਿਖਲਾਈ ਦੇਣਗੇ।ਸਕੂਲ ਪ੍ਰਬੰਧਕਾਂ ਨੇ ਅਧਿਆਪਕਾਂ ਅਤੇ ਮਾਪਿਆਂ ਦੇ ਯੋਗਦਾਨ ਦੀ ਵੀ ਸਰਾਹਨਾ ਕੀਤੀ।

# ਦੋਆਬਾ ਪਬਲਿਕ ਸਕੂਲ ਦੀ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ



ਧਾਰੀਵਾਲ (ਮਨਦੀਪ ਵਿੱਕੀ)-ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ ਦੀ ਦਸਵੀਂ ਜਮਾਤ ਦਾ ਨਤੀਜਾ 100 ਫੀਸਦੀ ਅਤੇ ਬਹੁਤ ਹੀ ਸ਼ਾਨਦਾਰ ਰਿਹਾ। ਵਿਦਿਆਰਥੀਆਂ ਨੇ ਨਵੇਂ ਮਾਪਦੰਡ ਸਥਾਪਿਤ ਕੀਤੇ ਹਨ।

ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਅਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਇਸ ਨਤੀਜੇ ਵਿੱਚ ਏਕਮਜੋਤ ਕੌਰ ਨੇ 98.6%, ਅੰਤਿਮਾ 97.6%, ਹਰਗੁਨ ਕੌਰ 97.6%, ਅਰਸ਼ਪ੍ਰੀਤ ਕੌਰ 97.6%, ਨਿਸ਼ਠਾ 97.6%, ਵਰਿਧੀ 96.8%, ਵਰੁਨ ਸ਼ਰਮਾ 95.8% ਅਤੇ ਮੇਘਨ ਮਹਾਜਨ ਨੇ 95.4% ਅੰਕਾਂ ਨਾਲ ਕਰਮਵਾਰ ਪਹਿਲਾ ਦੂਜਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ, ਜਦਕਿ 21 ਬੱਚਿਆਂ ਨੇ 90% ਤੋਂ ਵੱਧ ਅਤੇ 36 ਬੱਚਿਆਂ ਨੇ 80% ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੋਸ਼ਨ ਕੀਤਾ ਹੈ।ਸਕੂਲ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਅਤੇ ਪ੍ਰਿੰਸੀਪਲ ਬਰਿੰਦਰ ਕੌਰ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਇਸ ਸਫਲਤਾ ਦੇ ਪਿੱਛੇ ਵਿਦਿਆਰਥੀਆਂ ਦੀ ਨਿਰੰਤਰ ਮਿਹਨਤ ਅਧਿਆਪਕਾਂ ਦੀ ਰਣਮਾਈ ਅਤੇ ਮਾਪਿਆਂ ਦਾ ਸਹਿਯੋਗ ਮੁੱਖ ਕਾਰਨ ਹੈ। ਸਕੂਲ ਦਾ ਵਧੀਆ ਅੰਕਾਂ ਨਾਲ ਸੌ ਫ਼ੀਸਦੀ ਨਤੀਜਾ ਆਉਣਾ ਸਕੂਲ ਲਈ ਬੜੇ ਮਾਣ ਵਾਲੀ ਗੱਲ ਹੈ। ਪ੍ਰਬੰਧਕਾਂ ਨੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਉਹਨਾਂ ਨੂੰ ਭਵਿੱਖ ਵਿੱਚ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਆ।

## ਅਣਪਛਾਤੇ ਵਾਹਨ ਦੀ ਟੱਕਰ ਵੱਜਣ ਨਾਲ ਵਿਅਕਤੀ ਦੀ ਮੌਤ, ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)-ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਮੋਟਰਸਾਈਕਲ ਸਵਾਰ ਨੂੰ ਸਾਈਡ ਮਾਰਨ ਵਾਲੇ ਇਕ ਅਣਪਛਾਤੇ ਵਹੀਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸੈਮੁਅਲ ਸਹੋਤਾ ਪੁੱਤਰ ਡੈਨੀਅਲ ਮਸੀਹ ਵਾਸੀ ਧਾਰੀਵਾਲ ਨੇ ਦੱਸਿਆ ਕਿ ਮਿਤੀ 16 ਅਪ੍ਰੈਲ ਨੂੰ ਉਸ ਦਾ ਭਰਾ ਸਮਸੁਨ (26) ਆਪਣੇ ਮੋਟਰਸਾਈਕਲ ਨੰਬਰ ਪੀ.ਬੀ.06-ਬੀ.ਡੀ.-1171 ਮਾਰਕਾ ਸਪਲੈਂਡਰ 'ਤੇ ਸਵਾਰ ਹੋ ਕੇ ਧਾਰੀਵਾਲ ਤੋਂ ਵਾਇਆ ਗੁਰਦਾਸਪੁਰ ਆਪਣੇ ਨਾਨਕੇ ਪਿੰਡ ਕਾਦੀਆਂ ਨੂੰ ਜਾ ਰਿਹਾ ਸੀ ਕਿ ਦੁਪਹਿਰ 12.30 ਵਜੇ ਦੇ ਕਰੀਬ ਜਦ ਉਹ ਡੇਰਾ ਬਾਬਾ ਨਾਨਕ ਰੋਡ ਅੱਡਾ ਗਜਨੀਪੁਰ ਪੁੱਜਾ ਤਾਂ ਕਲਾਨੌਰ ਸਾਇਡ ਤੋਂ ਕਿਸੇ ਨਾ-ਮਾਲੂਮ ਵਹੀਕਲ ਦੇ ਨਾ-ਮਾਲੂਮ ਡਰਾਇਵਰ ਨੇ ਆਪਣਾ ਵਹੀਕਲ ਗਲਤ ਸਾਇਡ ਤੋਂ ਲਾਪ੍ਰਵਾਹੀ ਨਾਲ ਚਲਾ ਕੇ ਸਮਸੁਨ ਦੇ ਮੋਟਰਸਾਈਕਲ ਵਿਚ ਮਾਰ ਦਿੱਤਾ ਜਿਸ ਨਾਲ ਸੜਕ 'ਤੇ ਡਿੱਗਣ ਕਰਕੇ ਉਸ ਦੇ ਕਾਫੀ ਗੰਭੀਰ ਸੱਟਾਂ ਲੱਗ ਗਈਆਂ ਜਿਸ ਨਾਲ ਉਸ ਦੀ ਮੌਤ ਹੋ ਗਈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਅਣਪਛਾਤੇ ਵਹੀਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਅੱਜ ਬਿਜਲੀ ਬੰਦ ਰਹੇਗੀ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਣ)-ਅੱਜ 11 ਕੇਵੀ ਨਿਊ ਅਰਬਨ ਤੇ ਅੱਡਾ ਭਿੱਖੀਵਿੰਡ ਫੀਡਰ ਦੀ ਬਾਈਫਰਕੇਸ਼ਨ ਕਰਨ ਦੇ ਚੱਲਦਿਆਂ ਨਿਊ ਅਰਬਨ ਫੀਡਰ ਤੋਂ ਇਲਾਵਾ 11 ਕੇਵੀ ਨਿਊ ਅੱਡਾ ਭਿੱਖੀਵਿੰਡ, ਪੁਰਾਣਾ ਅੱਡਾ ਭਿੱਖੀਵਿੰਡ,11 ਕੇਵੀ ਮਾੜੀ ਗੌੜ ਸਿੰਘ,11 ਕੇਵੀ ਮੱਖੀ ਕਲਾਂ,11 ਕੇਵੀ ਸਾਂਧਰਾ,11 ਕੇਵੀ ਦਰਾਜਕਾ,11 ਕੇਵੀ ਅਲਗੋਂ ਐਗਰੋ,11 ਕੇਵੀ ਨਾਰਲਾ ਏਪੀ ਫੀਡਰ,11 ਕੇਵੀ ਕਲਸੀਆਂ ਕਲ੍ਹਾਂ ਫੀਡਰ ਤੇ ਬੀਐੱਸਐੱਫ਼ ਹੈੱਡਕੁਆਰਟਰ ਫੀਡਰ ਦੀ ਬਿਜਲੀ ਸਪਲਾਈ ਸਵੇਰੇ 11 ਤੋਂ ਦੁਪਹਿਰ 3 ਵਜੇ ਤੱਕ ਬੰਦ ਰਹੇਗੀ। ਇਹ ਜਾਣਕਾਰੀ ਸਬ-ਡਵੀਜ਼ਨ ਭਿੱਖੀਵਿੰਡ ਤੋਂ ਸਹਾਇਕ ਕਾਰਜਕਾਰੀ ਇੰਜੀਨੀਅਰ ਹਰਪ੍ਰੀਤ ਸਿੰਘ ਨੇ ਪ੍ਰੈੱਸ ਨਾਲ ਸਾਂਝੀ ਕੀਤੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਮੌਕੇ ਅਹਿਮ ਵਿਚਾਰਾਂ

ਬਿਆਸ (ਪਰਮਜੀਤ ਸਿੰਘ ਰੱਖੜਾ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ:) ਨੰਬਰ 295 ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਡਾ: ਸਰਬਜੀਤ ਸਿੰਘ ਧੂਲਕਾ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਸਰ ਡਾ: ਮਲਕੀਤ ਸਿੰਘ ਰੰਧਾਵਾ ਰਈਆ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਮਹਿਲ ਕਲਾਂ (ਲੁਧਿਆਣਾ) ਤੋਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਮੀਡੀਆ ਇੰਚਾਰਜ ਪੰਜਾਬ ਡਾ: ਮਿੱਡੂ ਮੁਹੰਮਦ ਮਹਿਲ ਕਲਾਂ ਦੀ ਧੀ ਨੂੰਹ ਨਾਜ਼ੀਆ ਪ੍ਰਵੀਨ ਜਿਨ੍ਹਾਂ ਦੀ ਸੀਰਤ ਹਸਪਤਾਲ ਲੁਧਿਆਣਾ ਦੇ ਡਾਕਟਰਾਂ ਦੀ ਅਣਗਹਿਲੀ ਕਾਰਨ ਜਣੇਪੇ ਦੌਰਾਨ ਮੌਤ ਹੋ ਗਈ, ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ ਅਤੇ ਮੌਤ ਲਈ ਜ਼ਿੰਮੇਵਾਰ ਡਾਕਟਰ ਨੂੰ ਸਜ਼ਾ ਦਿਵਾਉਣ ਲਈ ਪਰਿਵਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜਨ ਦਾ ਵਿਸ਼ਵਾਸ ਦਿਵਾਇਆ ਗਿਆ। ਡਾ: ਸਰਬਜੀਤ ਸਿੰਘ ਧੂਲਕਾ ਤੇ ਡਾ: ਮਲਕੀਤ ਸਿੰਘ ਰੰਧਾਵਾ ਸੂਬਾ ਮੀਤ ਪ੍ਰਧਾਨ ਪੰਜਾਬ ਨੇ ਪੰਜਾਬ ਵਿੱਚ ਨਸ਼ਿਆਂ ਨਾਲ ਗ੍ਰਸਤ ਨੌਜਵਾਨੀ ਨੂੰ ਬਚਾਉਣ ਲਈ ਪਿੰਡਾਂ 'ਚ ਕੰਮ ਕਰਦੇ ਡਾਕਟਰ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਜੋ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚ ਫਸ ਚੁੱਕੇ ਹਨ, ਨੂੰ ਪ੍ਰੇਰ ਕੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜਿਆ ਜਾਵੇ।

ਅਖੀਰ 'ਚ ਚੇਅਰਮੈਨ ਡਾ: ਗੁਰਜੀਤ ਸਿੰਘ ਮਾਨ ਤੇ ਜ: ਸਕੱਤਰ ਡਾ: ਅਮਨਦੀਪ ਸਿੰਘ ਬੁਟਾਰੀ ਨੇ ਆਏ ਹੋਏ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਡਾਕਟਰ ਸਾਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਚਰਚਾ ਕੀਤੀ। ਇਸ ਮੌਕੇ ਡਾ: ਜੋਗਿੰਦਰ ਸਿੰਘ ਦੌਲੋਨੰਗਲ, ਡਾ: ਬਲਦੇਵ ਸਿੰਘ ਸਠਿਆਲਾ, ਸੀਨੀਅਰ ਮੀਤ ਪ੍ਰਧਾਨ ਡਾ: ਨਿਸ਼ਾਨ ਸਿੰਘ ਮਹਿਸਮਪੁਰ, ਕਮੇਟੀ ਮੈਂਬਰ ਡਾ: ਸੁਖਦੇਵ ਸਿੰਘ ਲੋਹਗੜ੍ਹ, ਪ੍ਰੈੱਸ ਸਕੱਤਰ ਡਾ: ਬਲਜਿੰਦਰ ਸਿੰਘ ਰਈਆ, ਡਾ: ਰਾਮਾ ਨੰਦ ਕੋਟ ਮਹਿਤਾਬ, ਡਾ: ਪ੍ਰਭਦਿਆਲ ਸਿੰਘ ਬੁੱਟਰ, ਡਾ: ਅੰਮ੍ਰਿਤਪਾਲ ਸਿੰਘ ਰਈਆ, ਡਾ: ਅਜੇ ਕੁਮਾਰ ਬਿਆਸ, ਡਾ: ਲਾਲ ਚੰਦ ਬਿਆਸ, ਡਾ: ਗੁਰਮੇਲ ਸਿੰਘ ਭਲੋਜਲਾ, ਡਾ: ਕੁਲਦੀਪ ਸਿੰਘ ਫੱਤੂਵਾਲ, ਡਾ: ਰਾਜਵਿੰਦਰ ਸਿੰਘ ਪੱਡੇ, ਡਾ: ਸਰਦੂਲ ਸਿੰਘ, ਡਾ: ਦੀਪਕ ਕੁਮਾਰ ਧੂਲਕਾ, ਡਾ: ਸ਼ਰਨਜੀਤ ਸਿੰਘ ਖਾਨਪੁਰ, ਡਾ: ਜਸ਼ਨਪ੍ਰੀਤ ਸਿੰਘ ਸਠਿਆਲਾ, ਡਾ: ਰੋਹਿਤ ਅਰੋੜਾ ਤੇ ਡਾ: ਵਿਪਨ ਸ਼ਰਮਾ ਅੰਮ੍ਰਿਤਸਰ, ਡਾ: ਤਜਿੰਦਰ ਸਿੰਘ ਸੱਤੋਵਾਲ, ਡਾ: ਅਮਨਦੀਪ ਸਿੰਘ ਟਪਿਆਲਾ ਡਾ: ਅਰੁਣ ਕੁਮਾਰ ਮੱਧ, ਡਾ: ਆਕਾਸ਼ਦੀਪ ਸਿੰਘ ਬੁਤਾਲਾ, ਡਾ: ਤਜਿੰਦਰ ਸਿੰਘ ਰਈਆ ਆਦਿ ਮੌਜੂਦ ਸਨ ।




**PUNJAB NATIONAL BANK**

BRANCH:- Basti Jodhewal, Ludhiana, Punjab. Email:-bo3457@pnb.co.in

**ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐਸੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਇਸ ਦੁਆਰਾ ਇੱਕ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤਾਂ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐਸੱਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐਸੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਨੋਟਿਸ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਸੇਵਾਵਾਂ ਦੇ ਵਾਪਸ ਆ ਗਏ, ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ ਹਨ। ਅਜਿਹੇ ਵਿੱਚ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਜਾਇਦਾਦ ਦੇ ਕਰਜ਼ਦਾਰ/ਗਰੰਟਰ/ ਭਾਈਵਾਲ/ਗਿਰਵੀਕਾਰ | ਜਾਇਦਾਦ/ਜਾਇਦਾਦਾਂ ਦਾ ਵੇਰਵਾ | ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|
| (ਕਰਜ਼ਦਾਰ) 1. ਮੈਸਰਜ਼ ਰਾਇਲ ਸਰਵਸਿਜ਼ # ਮਕਾਨ ਨੰ. 2892, ਫੇਸ ਨੰ. 1, ਸੀ ਆਰ ਪੀ ਐੱਫ ਕਾਲੋਨੀ, ਦੁੱਗਰੀ ਰੋਡ, ਲੁਧਿਆਣਾ-141008 (2) ਸ੍ਰੀ ਜਗਸੀਰ ਸਿੰਘ ਪੁੱਤਰ ਮਹਿੰਦਰ ਸਿੰਘ ਰਾਹੀਂ ਇਸ ਦੇ ਮਾਲਕ ਮੈਸਰਜ਼ ਰਾਇਲ ਸਰਵਸਿਜ਼ # ਮਕਾਨ ਨੰ. 2892, ਫੇਸ ਨੰ. 1, ਸੀ ਆਰ ਪੀ ਐੱਫ ਕਾਲੋਨੀ, ਦੁੱਗਰੀ ਰੋਡ, ਲੁਧਿਆਣਾ-141008 | ਹਾਈਪੋਥੀਕੇਸ਼ਨ ਸਟਾਕ ਆਫ ਮੈਨੂਫੈਕਚਰਿੰਗ ਮਟਰੀਅਲ, ਰਾਅ ਮਟੀਰੀਅਲ, ਸਟਾਕਸ ਇਨ ਪ੍ਰਾਸੈਸ, ਸੈਮੀ ਫਿਨਿਸ਼ਡ ਗੁੱਡਜ਼, ਫਿਨਿਸ਼ਡ ਗੁੱਡਜ਼, ਟਰੇਡਿੰਗ ਐਂਡ ਸਰਵਿਸਜ਼ ਆਫ ਏਅਰ ਕੰਡੀਸ਼ਨ, ਸਪੇਅਰਜ਼ ਐਂਡ ਰਿਸੀਵੇਬਲ ਆਫ ਮੈਸਰਜ਼ ਰਾਇਲ ਸਰਵਿਸਜ਼। | 26-01-2026 | 24-03-2026 | ਰੁਪਏ 40,99,023.59/- (ਚਾਲੀ ਲੱਖ ਨੜਿਨਵੇਂ ਹਜ਼ਾਰ ਤੇਈ ਰੁਪਏ ਅਤੇ ਉਨਾਹਠ ਪੈਸੇ ਕੇਵਲ) 22.03.2026 ਨੂੰ ਸਮੇਤ ਅਚਾਨਕ ਖਰਚੇ, ਲਾਗਤ, ਚਾਰਜਿਜ਼, ਹੋਰ ਵਿਆਜ ਆਦਿ। |

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐਸੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 17.04.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ.) | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251- ਬਿਜਲੀ – T-22-R2-2025-26 | ਫਿਰੋਜ਼ਪੁਰ ਡਵੀਜਨ ਵਿਚ ਮੌਜੂਦਾ ਸਬਸਟੇਸ਼ਨ ਵਿਚ ਟ੍ਰਾਂਸਫਾਰਮਰ ਐਚਟੀ, ਐਲਟੀ ਅਤੇ ਏਪੀਐਫਐਸ ਪੈਨਲਾਂ ਦੇ ਸੰਵਰਧਨ/ਅਪਗ੍ਰੇਡੇਸ਼ਨ ਨਾਲ ਸਬੰਧਿਤ ਬਿਜਲੀ ਕੰਮ ਅਤੇ ਹੋਰ ਸਬੰਧਿਤ ਕੰਮ। | Rs. 1,36,26,912.02/- | Rs. 272500.00/- | 06 ਮਹੀਨੇ | 08.05.2026 15:00ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 24-ਆਰ2-ਬਿਜਲੀ-2025-26 ਮਿਤੀ 17.04.2026 1273/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਕੌਮੀ ਜਾਂਚ ਏਜੰਸੀ ਮਜ਼ਦੂਰ ਕਾਰਕੁਨ ਸ਼ਿਵ ਕੁਮਾਰ ਨੂੰ ਪ੍ਰੇਸ਼ਾਨ ਕਰਨਾ ਬੰਦ ਕਰੇ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਸੂਬਾ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋ. ਏ .ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਮਜ਼ਦੂਰਾਂ ਦੇ ਹੱਕਾਂ ਲਈ ਸੰਘਰਸ਼ਸ਼ੀਲ ਕਾਰਕੁਨ ਸ਼ਿਵ ਕੁਮਾਰ ਨੂੰ ਕਥਿਤ ਲਖਨਊ ਸਾਜ਼ਿਸ਼ ਕੇਸ ਵਿੱਚ ਐੱਨ.ਆਈ.ਏ. ਵੱਲੋਂ ਨੋਟਿਸ ਜਾਰੀ ਕਰਨ ਅਤੇ ਵਾਰ-ਵਾਰ ਤੰਗ-ਪ੍ਰੇਸ਼ਾਨ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਅਜੈ ਕੁਮਾਰ, ਵਿਸ਼ਾਲ ਸਿੰਘ ਅਤੇ ਪ੍ਰਿਆਂਸ਼ੂ ਕਸ਼ਿਅਪ ਨੂੰ ਇਸੇ ਝੂਠੇ ਸਾਜ਼ਿਸ਼ ਕੇਸ ਦੇ ਤਹਿਤ ਜੇਲ੍ਹ ਵਿਚ ਡੱਕਿਆ ਹੋਇਆ ਹੈ ਅਤੇ ਹੋਰ ਜਮਹੂਰੀ ਕਾਰਕੁਨਾਂ ਨੂੰ ਪੁੱਛਗਿੱਛ ਲਈ ਬੁਲਾ ਕੇ ਅਤੇ ਨੋਟਿਸ ਜਾਰੀ ਕਰਕੇ ਵਾਰ-ਵਾਰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਕਥਿਤ ਨਕਸਲੀ ਸੰਬੰਧਾਂ ਦੀ ਪੁੱਛਗਿੱਛ ਦੇ ਬਹਾਨੇ ਇਹ ਜਾਬਰ ਮੁਹਿੰਮ ਅਸਹਿਮਤੀ ਨੂੰ ਦਬਾਉਣ ਅਤੇ ਮਜ਼ਦੂਰ ਸੰਘਰਸ਼ਾਂ ਨੂੰ ਕੁਚਲਣ ਲਈ ਕੀਤੀ ਸੋਚੀ-ਸਮਝੀ ਕਾਰਵਾਈ ਹੈ ਜੋ ਪਿਛਲੇ ਦਿਨੀਂ ਦਿੱਲੀ ਪੁਲਸ ਵੱਲੋਂ ਨੌਜਵਾਨ ਲੜਕੀਆਂ ਸਮੇਤ ਵਿਦਿਆਰਥੀ ਕਾਰਕੁਨਾਂ, ਵਕੀਲਾਂ, ਟ੍ਰੇਡ ਯੂਨੀਅਨ ਆਗੂਆਂ ਅਤੇ ਮਨੁੱਖੀ ਅਧਿਕਾਰ ਕਾਰਕੁਨਾਂ ਨੂੰ ਗ਼ੈਰ ਕਾਨੂੰਨੀ ਹਿਰਾਸਤ ਵਿਚ ਲੈ ਕੇ ਤਸੀਹੇ ਦੇਣ ਦੇ ਜਾਬਰ ਹਮਲੇ ਦੇ ਰੂਪ ਵਿਚ ਸਾਹਮਣੇ ਆਈ ਸੀ। ਦਿੱਲੀ-ਕੌਮੀ ਰਾਜਧਾਨੀ ਖੇਤਰ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿਚ ਉਜ਼ਰਤਾਂ ਵਿਚ ਵਾਧੇ ਲਈ ਮਜ਼ਦੂਰਾਂ ਦੇ ਤਾਜ਼ਾ ਸੰਘਰਸ਼ ਨੂੰ ਬਦਨਾਮ ਕਰਨ ਲਈ ਗੜਬੜ ਦੇ ਪਿੱਛੇ 'ਨਕਸਲੀ' ਅਤੇ 'ਆਈ.ਐੱਸ.ਆਈ' ਦਾ ਹੱਥ ਹੋਣ ਦਾ ਬਿਰਤਾਂਤ ਪ੍ਰਚਾਰਨ ਪਿੱਛੇ ਵੀ ਇਹੀ ਮਨੋਰਥ ਕੰਮ ਕਰ ਰਿਹਾ ਹੈ। ਸੱਤਾ ਦੇ ਇਸ਼ਾਰੇ 'ਤੇ ਪੁਲਸ-ਪ੍ਰਸ਼ਾਸਨ ਦੀ ਇਹ ਕੋਸ਼ਿਸ਼ ਹੈ ਕਿ ਨਿਰਦੋਸ਼ ਮਜ਼ਦੂਰਾਂ ਨੂੰ ਫੜ-ਫੜ ਕੇ ਝੂਠੇ ਕੇਸਾਂ ਦੇ ਤਹਿਤ ਜੇਲ੍ਹ ਵਿਚ ਡੱਕਣ ਵਿਰੁੱਧ ਕੋਈ ਵੀ ਇਨਸਾਫ਼ਪਸੰਦ ਜਮਹੂਰੀ ਕਾਰਕੁਨ ਸਾਹਮਣੇ ਆਉਣ ਦਾ ਹੌਸਲਾ ਨਾ ਕਰੇ। ਇਹ ਸੰਗਠਿਤ ਮਜ਼ਦੂਰ ਵਿਰੋਧ ਨੂੰ ਕਮਜ਼ੋਰ ਕਰਨ ਅਤੇ ਕੁਚਲਣ ਦੀ ਇੱਕ ਸੋਚੀ-ਸਮਝੀ ਰਣਨੀਤੀ ਹੈ। ਸ਼ਿਵ ਕੁਮਾਰ ਮਜ਼ਦੂਰ ਹੱਕਾਂ ਨੂੰ ਸਮਰਪਿਤ ਕਾਰਕੁਨ ਹੈ ਅਤੇ ਉਸਨੂੰ ਦਿੱਲੀ ਕਿਸਾਨ ਅੰਦੋਲਨ ਸਮੇਂ ਵੀ ਅਤੇ ਕੁਝ ਹਫ਼ਤੇ ਪਹਿਲਾਂ ਹੀ ਹੋਰ ਕਾਰਕੁਨਾਂ ਦੇ ਨਾਲ ਹਿਰਾਸਤ ਵਿਚ ਲੈ ਕੇ ਬੇਕਿਰਕੀ ਨਾਲ ਤਸੀਹੇ ਦਿੱਤੇ ਗਏ ਸਨ। ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਸ਼ਿਵ ਕੁਮਾਰ ਨੂੰ ਜਾਰੀ ਕੀਤਾ ਐੱਨ.ਆਈ.ਏ ਨੋਟਿਸ ਤੁਰੰਤ ਵਾਪਸ ਲਿਆ ਜਾਵੇ। ਕਥਿਤ ਲਖਨਊ ਸਾਜ਼ਿਸ਼ ਦੀ ਝੂਠੀ ਐੱਫ.ਆਈ.ਆਰ. ਰੱਦ ਕੀਤੀ ਜਾਵੇ ਅਤੇ ਗ੍ਰਿਫ਼ਤਾਰ ਕੀਤੇ ਸਾਰੇ ਕਾਰਕੁਨਾਂ ਨੂੰ ਰਿਹਾ ਕੀਤਾ ਜਾਵੇ। ਮਜ਼ਦੂਰ ਅੰਦੋਲਨਾਂ ਅਤੇ ਜਮਹੂਰੀ ਅਸਹਿਮਤੀ ਨੂੰ ਅਪਰਾਧ ਬਣਾਉਣਾ ਬੰਦ ਕੀਤਾ ਜਾਵੇ। ਨੋਇਡਾ ਸਮੇਤ ਕੌਮੀ ਰਾਜਧਾਨੀ ਖੇਤਰ ਵਿਚ ਮਜ਼ਦੂਰ ਸੰਘਰਸ਼ਾਂ ਉੱਪਰ ਜਬਰ ਬੰਦ ਕੀਤਾ ਜਾਵੇ ਅਤੇ ਜੇਲ੍ਹਾਂ ਵਿਚ ਡੱਕੇ ਮਜ਼ਦੂਰਾਂ ਨੂੰ ਤੁਰੰਤ, ਬਿਨਾਂ ਸ਼ਰਤ ਰਿਹਾ ਕੀਤਾ ਜਾਵੇ।

# ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਡਿਪਟੀ ਕਮਿਸ਼ਨਰ ਵੱਲੋਂ ਧੁੱਸੀ ਬੰਨ੍ਹ ਦਾ ਦੌਰਾ

**ਨਵਾਂਸ਼ਹਿਰ (ਮਨੋਜ ਲਾਡੀ)**- ਆਗਾਮੀ ਮੌਨਸੂਨ ਸੀਜ਼ਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂਅਧਿਕਾਰੀਆਂ ਸਮੇਤ ਜ਼ਿਲ੍ਹੇ ਅੰਦਰ ਦਰਿਆ ਸੱਤਲੁਜ ਨਾਲ ਲੱਗਦੇ ਧੁੱਸੀ ਬੰਨ੍ਹ ਤੇ ਸੰਭਾਵੀ ਹੜ੍ਹਾਂ ਤੋਂ ਪ੍ਰਭਾਵਿਤ ਹੋਣ ਵਾਲੇ ਇਲਾਕਿਆਂ ਦਾ ਦੌਰਾ ਕਰਕੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਕੀਤੇ ਜਾ ਰਹੇ



ਅਗੇਤੇ ਪ੍ਰਬੰਧਾਂ ਨੂੰ ਦੇਖਿਆ। ਇਸ ਮੌਕੇ 'ਤੇ ਐੱਸ ਡੀ ਐੱਮ ਨਵਾਂਸ਼ਹਿਰ ਅਨਮਜਯੋਤ ਕੌਰ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਬੁਰਜ ਟਹਿਲ ਦਾਸ, ਤਲਵੰਡੀ ਸਿਬੂ, ਮੰਡਾਲਾ ਅਤੇ ਧੈਂਗੜਪੁਰ ਵਿਖੇ ਸੱਤਲੁਜ ਬੰਨ੍ਹ ਦਾ ਦੌਰਾ ਕੀਤਾ ਅਤੇ ਸੰਭਾਵੀ ਹੜ੍ਹ ਰੋਕਥਾਮ ਲਈ ਬੰਨ੍ਹਾਂ ਦੀ ਮਜ਼ਬੂਤੀ ਲਈ ਕੀਤੇ ਜਾ ਰਹੇ ਕੰਮਾਂ ਦਾ ਨਿਰੀਖਣ ਕੀਤਾ।ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸੰਭਾਵੀ ਹੜ੍ਹ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਵਿੱਚ ਤੇਜ਼ੀ ਲਿਆਉਣ ਅਤੇ ਜਿਹੜੇ ਕੰਮ ਅੱਜੇ ਤੱਕ ਸ਼ੁਰੂ ਨਹੀਂ ਹੋਏ ਹਨ, ਉਨ੍ਹਾਂ ਕੰਮਾਂ ਨੂੰ ਜਲਦੀ ਸ਼ੁਰੂ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਫਿਰ ਇੱਕ ਹਫ਼ਤੇ ਬਾਅਦ ਬੰਨ੍ਹਾਂ ਦਾ ਨਿਰੀਖਣ ਕਰਨਗੇ ਅਤੇ ਕੀਤੇ ਜਾ ਰਹੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣਗੇ। ਉਨ੍ਹਾਂ ਕਿਹਾ ਕਿ ਸੰਭਾਵੀ ਹੜ੍ਹ ਰੋਕਥਾਮ ਲਈ ਕੀਤੇ ਜਾ ਰਹੇ ਕੰਮਾਂ ਵਿੱਚ ਕਿਸੇ ਵੀ ਕਿਸਮ ਦੀ ਢਿਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਬੁਢਾਪਾ ਪੈਨਸ਼ਨ ਲਈ 352 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿੱਤੀ ਸਾਲ 2026-27 ਅਧੀਨ ਮਹੀਨਾ ਮਾਰਚ ਲਈ ਬੁਢਾਪਾ ਪੈਨਸ਼ਨ ਸਕੀਮ ਤਹਿਤ 352 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ ਤੇ ਆਰਥਿਕ ਸਹਾਇਤਾ ਯਕੀਨੀ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ 23,51,338 ਬਜ਼ੁਰਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ 4000 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ ਤਾਂ ਜੋ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਆਰਥਿਕ ਸਹਾਇਤਾ ਮਿਲਦੀ ਰਹੇ।

## ਦੇਹ ਵਪਾਰ ਦੇ ਧੰਦੇ 'ਚ ਸ਼ਾਮਲ ਐੱਮ ਸੀ ਜਗਜੀਤ ਸਿੰਘ ਜੀਤਾ ਗ੍ਰਿਫ਼ਤਾਰ

**ਚੰਡੀਗੜ੍ਹ**- ਆਮ ਆਦਮੀ ਪਾਰਟੀ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਇੱਕ ਅਕਾਲੀ ਆਗੂ ਤੇ ਐੱਮ ਸੀ ਜਗਜੀਤ ਸਿੰਘ ਜੀਤਾ ਨੂੰ ਦੇਹ ਵਪਾਰ ਦਾ ਧੰਦਾ



ਚਲਾਉਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਜਿਸ ਹੋਟਲ ਵਿੱਚ ਕੁੜੀਆਂ ਤੋਂ ਇਹ ਅਨੈਤਿਕ ਕੰਮ ਕਰਵਾਇਆ ਜਾ ਰਿਹਾ ਸੀ, ਉਸ ਦਾ ਮਾਲਕ ਜਗਜੀਤ ਸਿੰਘ ਜੀਤਾ ਹੀ ਹੈ। ਛਾਪੇਮਾਰੀ ਦੌਰਾਨ ਪੁਲਿਸ ਨੂੰ ਮੌਕੇ ਤੋਂ ਕਈ ਕੁੜੀਆਂ ਮਿਲੀਆਂ, ਜਿਨ੍ਹਾਂ ਵਿੱਚ ਇੱਕ ਨਾਬਾਲਗ ਬੱਚੀ ਦਾ ਹੋਣਾ ਬਹੁਤ ਹੀ ਹਿਰਦੇਵੇਦਕ ਅਤੇ ਚਿੰਤਾਜਨਕ ਹੈ।ਪੰਨੂ ਨੇ ਸਵਾਲ ਉਠਾਇਆ ਕਿ ਗ੍ਰਿਫ਼ਤਾਰੀ ਦੇ ਇੰਨੇ ਘੰਟੇ ਬੀਤ ਜਾਣ ਤੋਂ ਬਾਅਦ ਵੀ ਕਿਸੇ ਵੀ ਵੱਡੇ ਅਕਾਲੀ ਆਗੂ ਨੇ ਇਸ 'ਤੇ ਆਪਣੀ ਪ੍ਰਤੀਕਿਰਿਆ ਕਿਉਂ ਨਹੀਂ ਦਿੱਤੀ? ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' 'ਤੇ ਤੰਜ ਕੱਸਦਿਆਂ ਪੰਨੂ ਨੇ ਕਿਹਾ ਕਿ ਮੋਗਾ ਵਿੱਚ ਇਸ ਰੈਲੀ ਦੌਰਾਨ ਜਗਜੀਤ ਸਿੰਘ ਜੀਤਾ ਦੀਆਂ ਤਸਵੀਰਾਂ ਵੱਡੇ ਅਕਾਲੀ ਆਗੂਆਂ ਨਾਲ ਸਾਹਮਣੇ ਆਈਆਂ ਹਨ।

## ਮਾਵਾਂ-ਧੀਆ ਸਤਿਕਾਰ ਯੋਜਨਾਂ ਲਈ ਰਜਿਸ਼ਟ੍ਰੇਸ਼ਨ ਦਾ ਕੰਮ ਜਾਰੀ

**ਨੰਗਲ (ਸੁਰਜੀਤ ਸਿੰਘ)**- ਪੰਜਾਬ ਦੇ 9 ਹਲਕਿਆਂ ਵਿੱਚ ਪਾਇਲਟ ਪ੍ਰੋਜੈਕਟ ਵੱਜੋਂ ਸ਼ੁਰੂ ਹੋਈ ਮਾਵਾਂ-ਧੀਆਂ ਸਤਿਕਾਰ ਯੋਜਨਾਵਾਂ ਦੀ ਰਜਿਸ਼ਟ੍ਰੇਸ਼ਨ ਦਾ ਕੰਮ ਹਲਕੇ ਦੇ ਵੱਖ ਵੱਖ ਸ਼ਹਿਰਾਂ/ਪਿੰਡਾਂ ਵਿੱਚ ਬਲਾਕ/ਬੂਥ ਪੱਧਰ ਤੇ ਚੱਲ ਰਿਹਾ ਹੈ। ਹਰ ਯੋਗ ਪਰਿਵਾਰ ਤੱਕ



ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਤੇ ਇਸ ਦੇ ਲਈ ਆਮ ਆਦਮੀ ਪਾਰਟੀ ਦੇ ਵਰਕਰ ਸਰਕਾਰ ਦੇ ਨਾਲ ਮੋਢਾ ਜੋੜ ਕੇ ਸੇਵਾ ਦੀ ਭਾਵਨਾਂ ਨਾਲ ਕੰਮ ਕਰ ਰਹੇ ਹਨ। ਮੁੱਖ ਮੰਤਰੀ ਮਾਵਾਂ-ਧੀਆ ਸਤਿਕਾਰ ਯੋਜਨਾ ਦੀ ਰਜਿਸ਼ਟ੍ਰੇਸ਼ਨ ਦੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿਚ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਉਪਰੰਤ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਜਿਹੜੇ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ, ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੂਰੇ ਕਰ ਦਿੱਤੇ ਹਨ। ਉਨ੍ਹਾਂ ਨੇ ਕਿਹਾ ਕਿ ਹਲਕੇ ਵਿੱਚ ਰਜਿਸ਼ਟ੍ਰੇਸ਼ਨ ਦਾ ਕੰਮ ਨਿਰੰਤਰ ਜਾਰੀ ਹੈ, ਅਸੀ ਆਪਣੇ ਵਰਕਰਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਹਰ ਪਿੰਡ, ਸ਼ਹਿਰ ਵਿੱਚ ਜਾ ਕੇ ਬਲਾਕ ਅਤੇ ਬੂਥ ਲੈਵਲ ਤੇ ਸਹਿਯੋਗ ਦੇਣ ਤਾਂ ਜੋਂ ਕੋਈ ਵੀ ਯੋਗ ਪਰਿਵਾਰ ਸਰਕਾਰ ਦੀ ਕਿਸੇ ਵੀ ਯੋਜਨਾ ਦਾ ਲਾਭ ਲੈਣ ਤੋਂ ਵਾਝਾਂ ਨਾ ਰਹੇ। ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾਂ ਨਾਲ ਆਮ ਪਰਵਾਰਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਤੇ ਅਨੁਸੂਚਿਤ ਜਾਤੀ ਦੀਆ ਮਹਿਲਾਵਾਂ ਨੂੰ 1500 ਰੁਪਏ ਮਿਲਣਗੇ।

## ਦੁਬਈ ਭੇਜਣ ਦੇ ਨਾਂਅ 'ਤੇ ਕਥਿਤ ਠੱਗੀ ਮਾਰਨ ਤੇ ਮਾਮਲਾ ਦਰਜ

**ਨਵਾਂਸ਼ਹਿਰ (ਮਨੋਜ ਲਾਡੀ)**- ਨਵਾਂਸ਼ਹਿਰ ਦੇ ਇਕ ਵਿਅਕਤੀ ਵਲੋ ਆਪਣੇ ਪੁੱਤਰ ਨੂੰ ਦੁਬਈ-ਭੇਜਣ ਦੇ ਨਾਂਅ 'ਤੇ 33500 ਰੁਪਏ ਦੀ ਕਥਿਤ ਤੌਰ ਤੇ ਠੱਗੀ ਮਾਰਨ ਵਾਲੀ. ਤਥਾਕਥਿਤ ਏਜੰਟ ਔਰਤ ਦੇ ਖਿਲਾਫ਼ ਪੁਲਿਸ ਨੇ ਮਾਮਲਾ ਦਰਜ ਕੀਤਾ ਹੈ। ਪੁਲਿਸ ਥਾਣਾ ਐੱਨ ਆਰ ਆਈ ਦੇ ਏ ਐੱਸ ਆਈ ਸੁਰਜੀਤ ਰਾਮ ਨੇ ਦੱਸਿਆ ਕਿ ਗੁਰਮੁੱਖ ਸਿੰਘ ਵੱਲੋਂ ਦਿੱਤੀ ਦਰਖਾਸਤ ਦੀ ਪੜਤਾਲ ਕਰਨ ਉਪਰੰਤ ਪੁਲਿਸ ਨੇ ਕਥਿਤ ਮੁਲਜ਼ਮ ਸ਼ੁਭਲਤਾ ਪਤਨੀ ਤੇਜਿੰਦਰ ਸਿੰਘ ਵਾਸੀ ਮਕਾਨ ਨੰਬਰ 16/22 ਪੰਡੋਰਾ ਮੁਹੱਲਾ ਨਵਾਂਸ਼ਹਿਰ ਹਾਲ ਵਾਸੀ ਦੁਬਈ ਦੇ ਖਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਗੁਰਮੁੱਖ ਸਿੰਘ ਨੇ ਦੱਸਿਆ ਕਿ ਉਸ ਦੇ ਲੜਕੇ ਗੁਰਸ਼ਰਨ ਸਿੰਘ ਨੂੰ ਕਥਿਤ ਮੁਲਜ਼ਮ ਏਜੰਟ ਸੁਭਲਤਾ ਵੱਲੋਂ ਵਿਦੇਸ਼ ਦੁਬਈ ਨਹੀਂ ਭੇਜਿਆ ਤੇ ਨਾ ਹੀ ਉਸ ਦੀ ਰਕਮ ਕਰੀਬ 33,500 ਰੁਪਏ ਵਾਪਸ ਕੀਤੇ। ਗੁਰਮੁੱਖ ਸਿੰਘ ਦੇ ਲੜਕੇ ਗੁਰਸ਼ਰਨ ਸਿੰਘ ਨੂੰ ਵਿਦੇਸ਼ ਦੁਬਈ ਨਾ ਭੇਜ ਕੇ ਪੈਸਿਆ ਦੀ ਕਥਿਤ ਠੱਗੀ ਮਾਰਨ ਦੇ ਮਾਮਲੇ ਵਿਚ ਸ਼ੁਭਲਤਾ ਦੇ ਖਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ।

# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਾ. ਭੀਮ ਰਾਓ ਅੰਬੇਡਕਰ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮਦਿਨ ਮਹੱਲਾ ਅਸਲਾਮਾਬਾਦ ਦੇ ਜੰਞ ਘਰ ਵਿਖੇ ਬਹੁਤ ਹੀ ਸ਼ਰਧਾ ਪੂਰਵਕ ਅਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਸਬੰਧੀ



ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਧਾਨ ਮਾਸਟਰ ਸੁਰਜੀਤ ਰਾਜਾ, ਜਨਰਲ ਸਕੱਤਰ ਮਾਸਟਰ ਸੁਖਦੇਵ ਸਿੰਘ, ਖਜਾਨਚੀ ਹਨੀ ਰਾਜਾ, ਸਲਾਹਕਾਰ ਕੁਲਦੀਪ ਸਿੰਘ, ਕੁਲਵਿੰਦਰ ਸੋਨੂ, ਧੰਨ ਜੀਤ ਅਤੇ ਰਿੰਕੂ ਨੇ ਦੱਸਿਆ ਕਿ ਬਾਬਾ ਸਾਹਿਬ ਦੇ 135ਵੇਂ ਜਨਮ ਦਿਨ ਨੂੰ ਸਮਰਪਿਤ ਪ੍ਰਗਤੀ ਕਲਾ ਕੇਂਦਰ ਵਲੋ ਬਾਬਾ ਸਾਹਿਬ ਦੇ ਜੀਵਨ ਅਤੇ ਸੰਘਰਸ਼ ਨਾਲ ਸੰਬੰਧਿਤ ਨਾਟਕ ਸਟੇਜ ਤੇ ਪੇਸ਼ ਕੀਤੇ ਅਤੇ ਉਨਾਂ ਦੀ ਵਿਦੇਸ਼ ਵਿੱਚ ਪੜ੍ਹਾਈ ਅਤੇ ਸੰਵਿਧਾਨ ਨਾਲ ਸੰਬੰਧਿਤ ਕੋਰੀਓਗ੍ਰਾਫੀ ਅਤੇ ਨਾਟਕ ਵੀ ਸਟੇਜ ਤੇ ਪੇਸ਼ ਕੀਤੇ ।ਇਸ ਮੌਕੇ ਸਮਾਗਮ ਦੇ ਮੁੱਖ ਬੁਲਾਰੇ ਡਾਕਟਰ ਐਸ ਪੀ ਸਿੰਘ ਅਤੇ ਡਾਕਟਰ ਸੁਰਿੰਦਰ ਸਿੰਘ ਨੇ ਬਾਬਾ ਸਾਹਿਬ ਦੀ ਸਮਾਜ ਅਤੇ ਸਿੱਖਿਆ ਅਤੇ ਦੇਸ਼ ਨੂੰ ਬਾਬਾ ਸਾਹਿਬ ਜੀ ਦੀ ਦੇਣ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ । ਇਸ ਮੌਕੇ ਲੈਕਚਰਾਰ ਪੂਰਨ ਸਿੰਘ, ਲੈਕਚਰਾਰ ਅਨਿਲ ਕੁਮਾਰ, ਲਖਵਿੰਦਰ ਸਿੰਘ, ਮਾਸਟਰ ਜਤਿੰਦਰ ਸਿੰਘ, ਮਾਸਟਰ ਸੁਖਦੇਵ ਸਿੰਘ, ਕੁਲਦੀਪ ਸਿੰਘ, ਕੁਲਵੰਤ ਸਿੰਘ, ਰਿਟਾਇਰਡ ਮੈਨੇਜਰ ਬਖਸ਼ੀ ਰਾਮ ਬੱਧਣ, ਵਾਰਡ ਨੰਬਰ ਨੌਂ ਦੇ ਕੌਂਸਲਰ ਮੁਖੀ ਰਾਮ, ਸਤਵਿੰਦਰ ਸਿੰਘ, ਮਾਸਟਰ ਵਿਜੇ ਕੁਮਾਰ, ਕੁਲਵੰਤ ਸਿੰਘ ਨੇ ਬਾਬਾ ਸਾਹਿਬ ਦੇ ਜੀਵਨ ਤੇ ਸੰਘਰਸ਼ ਸਬੰਧੀ ਆਪਣੇ ਵਿਚਾਰ ਸੰਗਤਾਂ ਨਾਲ ਸਾਂਝੇ ਕੀਤੇ। ਇਸ ਮੌਕੇ ਗੁਰਮੀਤ ਸਿੰਘ, ਹਰਨੇਕ ਸਿੰਘ, ਸੁਖਜੀਤ ਸਿੰਘ, ਕੁਲਵਿੰਦਰ ਸਿੰਘ , ਬਲਰਾਜ ਸਿੰਘ, ਰੋਸ਼ਨ, ਕਰਮਜੀਤ, ਲਖਵਿੰਦਰ ਲੱਖਾ, ਰਾਜਾ, ਸੁਖਵਿੰਦਰ ਕੌਰ, ਪ੍ਰਭਜੋਤ ਕੌਰ, ਸਰਬਜੀਤ ਕੌਰ, ਰੇਖਾ ਰਾਣੀ, ਸੇਵਾ ਕੌਰ, ਸੀਮਾ ਦੇਵੀ, ਨੀਲਮ ਰਾਣੀ, ਜਸਲੀਨ ਕੌਰ, ਮਹਿੰਦਰ ਕੌਰ, ਸੁਰਜੀਤ ਕੌਰ, ਹਰਬੰਸ ਕੌਰ, ਜਸਵਿੰਦਰ ਕੌਰ, ਸਿਮਰਨ, ਸੋਨੀਆ, ਗਰੀਮਾ, ਸਾਹਸ, ਹਰਮਨ, ਸੰਜਨਾ, ਅੰਜਲੀਨਾ, ਗੁਰਦੇਵ ਕੌਰ, ਬਲਦੇਵ ਕੌਰ ਆਦਿ ਹਾਜ਼ਰ ਸਨ।

# ਕਣਕ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ : ਵਿਧਾਇਕ

**ਦਸੂਹਾ (ਕਰਨੈਲ ਮਾਂਗਟ)**- ਹਾੜੀ ਸੀਜਨ ਦੀ ਪ੍ਰਮੁਖ ਫਸਲ ਕਣਕ ਦੀ ਆਮਦ ਮੰਡੀਆਂ ਵਿਚ ਆਉਣੀ ਸ਼ੁਰੂ ਹੋ ਚੁਕੀ ਹੈ। ਕਣਕ ਦੇ ਸੀਜਨ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਦੀਆ ਹਦਾਇਤਾ ਅਨੁਸਾਰ ਮੰਡੀਆਂ ਵਿਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਮਾਰਕਿਟ ਕਮੇਟੀ ਦਸੂਹਾ ਅਧੀਨ ਆਉਦੀ ਮੰਡੀ ਦਸੂਹਾ ਦਾ ਨਿਰੀਖਣ ਕਰਨ ਤੋ ਬਾਅਦ ਕਣਕ ਦੀ ਬੋਲੀ ਲਗਾ ਕੇ ਸਰਕਾਰੀ ਖਰੀਦ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਸਿੰਘ ਨੇ ਕਿਹਾ ਮੰਡੀਆ ਵਿਚ ਕਿਸਾਨਾ ਦੀ ਕਣਕ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਤੇ ਕਿਸਾਨਾ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀ ਆਉਣ ਦਿਤੀ ਜਾਵੇਗੀ।ਇਸ ਸਬੰਧੀ ਸਰਕਾਰ ਵਲੋ ਮੰਡੀਆ ਵਿਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਕਿਸਾਨਾਂ ਨੂੰ ਉਹਨਾਂ ਦੀ ਫਸਲ ਦੀ ਬਨਦੀ ਅਦਾਇਗੀ ਵੀ ਖਰੀਦ ਹੋਣ ਉਪਰੰਤ ਸਰਕਾਰ ਵਲੋ 24-48 ਘੰਟਿਆਂ ਦੇ ਵਿਚ ਕਿਸਾਨਾਂ ਦੇ ਖਾਤਿਆ ਵਿਚ ਕੀਤੀ ਜਾਵੇਗੀ। ਉਹਨਾ ਕਿਸਾਨ ਵੀਰਾ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਮੰਡੀ ਵਿਚ ਪੂਰੀ ਤਰ੍ਹਾਂ ਪਕਣ ਉਪਰੰਤ ਸੁਕਾ ਕੇ ਲਿਆਉਣ ਅਤੇ ਕੰਬਾਈਨ ਰਾਹੀ ਫਸਲ ਦੀ ਕਟਾਈ ਦਿਨ ਵੇਲੇ ਹੀ ਕਰਾਉਣ ਅਤੇ



ਫਸਲ ਦੀ ਕਟਾਈ ਹੋਣ ਤੋ ਬਾਅਦ ਨਾੜ ਨੂੰ ਅਗ ਨਾ ਲਗਾਉਣ। ਜੇਕਰ ਕਿਸੇ ਵੀ ਕਿਸਾਨ ਨੂੰ ਮੰਡੀਆ ਵਿਚ ਕੋਈ ਸਮਿਸਆ ਆਉਦੀ ਹੈ ਤਾਂ ਤੁਰੰਤ ਉਹਨਾ ਦੇ ਧਿਆਨ ਵਿਚ ਲਿਆਉਣ ਜਾ ਦਫਤਰ ਮਾਰਕਿਟ ਕਮੇਟੀ ਦਸੂਹਾ ਵਿਖੇ ਸੰਪਰਕ ਕਰਨ। ਇਸ ਮੌਕੇ ਤੇ ਚੇਅਰਮੈਨ ਕੰਵਲਪ੍ਰੀਤ ਸਿੰਘ ਸੰਧੂ, ਅਕਾਸ਼ਦੀਪ ਸਿੰਘ ਸਕੱਤਰ ਮਾਰਕਿਟ ਕਮੇਟੀ, ਗਗਨ ਚੀਮਾਂ, ਸੋਨੂੰ ਖ਼ਾਲਸਾ, ਪੰਮਾ ਸੈਦੋਵਾਲ ਮਾਰਕਿਟ ਕਮੇਟੀ ਮੁਲਾਜ਼ਮ ਵਰਿੰਦਰ ਸਿੰਘ ਮੰਡੀ ਤੇ ਸਮੂਹ ਆੜਤੀ ਮੌਜੂਦ ਸਨ।

## ਚਾਰੂਵਰਤ ਬੈਂਸ ਨੇ 10ਵੀਂ 'ਚ ਜ਼ਿਲ੍ਹਾ ਕਪੂਰਥਲਾ 'ਚ ਪਹਿਲਾ ਸਥਾਨ ਕੀਤਾ ਹਾਸਲ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਐੱਮ ਜੀ ਐੱਨ ਪਬਲਿਕ ਸਕੂਲ ਸਕੂਲ ਦੇ ਵਿਦਿਆਰਥੀ ਚਾਰੂਵਰਤ ਬੈਂਸ ਨੇ ਸੀ ਬੀ ਐੱਸ ਈ ਦੀ 10 ਵੀਂ ਕਲਾਸ ਵਿਚੋਂ ਕਪੂਰਥਲਾ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ। ਸੀ ਬੀ ਐੱਸ ਈ 10ਵੀਂ ਕਲਾਸ ਦੇ ਐਲਾਨੇ ਗਏ ਨਤੀਜੇ ਵਿੱਚ ਚਾਰੂਵਰਤ ਨੇ ਵਿਦਿਅਕ ਸੈਸ਼ਨ 2025-26 ਦੌਰਾਨ 500 ਵਿਚੋਂ 497 (99.4



ਪ੍ਰਤੀਸ਼ਤ ਅੰਕ) ਹਾਸਿਲ ਕਰਕੇ ਪਹਿਲਾ ਦਰਜਾ ਹਾਸਿਲ ਕੀਤ ਹੈ।ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਸਕੂਲ ਦੇ ਵਿਦਿਆਰਥੀ ਸਮਰੱਥ ਵਲੋਂ 500 ਵਿਚੋਂ 495(99 ਪ੍ਰਤੀਸ਼ਤ) ਅਤੇ ਵਿਦਿਆਰਥੀ ਆਰੂਸ਼ੀ ਅਰੋੜਾ ਨੇ 500 ਵਿਚੋਂ 490 (98 ਪ੍ਰਤੀਸ਼ਤ ਅੰਕ) ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਚਾਰੂਵਰਤ ਨੇ ਚੀਨ ਵਿੱਚ ਕਰਵਾਈ ਗਈ ਇੰਟਰਨੈਸ਼ਨਲ ਅਰਥ ਸਾਇੰਸ ਓਲੰਪੀਅਡ ਵਿੱਚ ਦੋ ਚਾਂਦੀ ਤੇ ਇਕ ਤਾਂਬੇ ਦਾ ਤਗਮਾ ਜਿੱਤ ਕਿ ਜ਼ਿਲ੍ਹੇ ਅਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ।ਜ਼ਿਕਰਯੋਗ ਹੈ ਕਿ ਵਿਦਿਆਰਥੀ ਚਾਰੂਵਰਤ ਆਦਮਪੁਰ ਵਿਖੇ ਬਤੌਰ ਐੱਸ ਡੀ ਐੱਮ ਸੇਵਾਵਾਂ ਨਿਭਾ ਰਹੇ ਲਾਲ ਵਿਸਵਾਸ਼ ਬੈਂਸ ਦੇ ਹੋਣਹਾਰ ਸਪੁੱਤਰ ਹਨ।

# ਮਹਿੰਦਰਾ ਪਿੱਕਅਪ ਪਲਟਣ ਨਾਲ 18 ਜ਼ਖਮੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ )** ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਵਿਸਾਖੀ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਬਾਅਦ ਵਾਪਸ ਪਰਤ ਰਹੀ ਸ਼ਰਧਾਲੂਆਂ ਨਾਲ ਭਰੀ ਮਹਿੰਦਰਾ ਪਿਕਅਪ ਗੱਡੀ ਨੰਬਰ ਪੀਬੀ 11 ਏ ਐੱਚ 8280 ਗੜ੍ਹਸ਼ੰਕਰ ਨੰਗਲ



ਰੋਡ ਤੇ ਪਿੰਡ ਕੋਟ ਦੇ ਘਾਟੇ (ਜੰਗਲ) ਵਿੱਚ ਪਲਟਣ ਨਾਲ 18 ਸ਼ਰਧਾਲੂ ਜ਼ਖਮੀ ਹੋ ਗਏ। ਜਿਨ੍ਹਾਂ ਵਿੱਚੋਂ 3 ਸ਼ਰਧਾਲੂ ਗੰਭੀਰ ਜ਼ਖਮੀ ਹੋਣ ਕਾਰਨ ਚੰਡੀਗੜ੍ਹ ਰੈਫਰ ਕਰ ਦਿੱਤੇ ਗਏ। ਜਦਕਿ 15 ਸ਼ਰਧਾਲੂਆਂ ਨੂੰ ਸਿਵਲ ਹਸਪਤਾਲ ਗੜ੍ਹਸ਼ੰਕਰ ਭਰਤੀ ਕਰਵਾਇਆ ਗਿਆ। ਜ਼ਖਮੀਆਂ ਵਿੱਚ ਜ਼ਿਆਦਾਤਰ ਔਰਤਾਂ ਤੇ 2 ਬੱਚੇ ਵੀ ਸ਼ਾਮਲ ਹਨ। ਇਹ ਸ਼ਰਧਾਲੂ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਸਰਹਿੰਦ ਦੇ ਪਿੰਡ ਪਰਮਾਜੀਰ ਦੇ ਦੱਸੇ ਜਾਂਦੇ ਹਨ। ਘਟਨਾ ਉਸ ਵੇਲੇ ਵਾਪਰੀ ਜਦ ਵਾਪਸੀ ਤੇ ਗੱਡੀ ਕੋਟ ਦੇ ਘਾਟੇ ਵਿੱਚ ਬੇਕਾਬੂ ਹੋ ਕੇ ਪਲਟ ਗਈ। ਘਟਨਾ ਦਾ ਕਾਰਨ ਬ੍ਰੇਕ ਫੇਲ ਦੱਸਿਆ ਜਾਂਦਾ ਹੈ। ਘਟਨਾ ਮੌਕੇ ਗੱਡੀ ਵਿੱਚ ਔਰਤਾਂ ਤੇ ਬੱਚਿਆਂ ਸਮੇਤ ਕੁੱਲ 20 ਸ਼ਰਧਾਲੂ ਸਵਾਰ ਦੱਸੇ ਜਾਂਦੇ ਹਨ। ਜ਼ਖ਼ਮੀਆਂ ਵਿੱਚ ਜਸਵੀਰ ਕੌਰ, ਅਮਰਜੀਤ ਕੌਰ, ਬਲਜੀਤ ਕੌਰ, ਪਰਮਜੀਤ ਕੌਰ, ਸਾਜਨ ਸਿੰਘ, ਅਵਨੀਤ ਸਿੰਘ, ਬੁੱਧ ਸਿੰਘ, ਸੁਰਿੰਦਰ ਰਾਮ, ਅਰਕੀਤ ਕੌਰ, ਜਸਵਿੰਦਰ ਸਿੰਘ, ਦਵਿੰਦਰ ਸਿੰਘ, ਦਵਿੰਦਰ ਕੌਰ ਅਤੇ ਪਰਮਜੀਤ ਕੌਰ ਸ਼ਾਮਲ ਹਨ। ਘਟਨਾ ਦਾ ਪਤਾ ਲੱਗਦੇ ਹੀ ਧਾਰਮਿਕ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਕਮੇਟੀ ਦੇ ਪ੍ਰਧਾਨ ਬਾਬਾ ਕੇਵਲ ਸਿੰਘ, ਸੰਤ ਸੁਰਿੰਦਰ ਦਾਸ ਪ੍ਰਧਾਨ ਚਰਨ ਛੋਹ ਗੰਗਾ, ਕੁਲਵੰਤ ਭੁੰਨੋ ਤੇ ਜਰਨੈਲ ਸਿੰਘ ਜੈਲਾ ਨੇ ਸਾਥੀਆਂ ਸਮੇਤ ਮੌਕੇ ਤੇ ਪਹੁੰਚ ਕੇ ਜ਼ਖਮੀਆਂ ਨੂੰ ਗੜ੍ਹਸ਼ੰਕਰ ਦੇ ਸਰਕਾਰੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ, ਜਿੱਥੋਂ ਤਿੰਨ ਗੰਭੀਰ ਜ਼ਖਮੀਆਂ ਨੂੰ ਚੰਡੀਗੜ੍ਹ ਲਈ ਰੈਫਰ ਕਰ ਦਿੱਤਾ ਗਿਆ।

# ਡਾ. ਅੰਬੇਡਕਰ ਦਾ ਵਿਚਾਰ ਕਦੇ ਵੀ ਬੁੱਢਾ ਨਹੀਂ ਹੋ ਸਕਦਾ : ਡਾ. ਅਨਵਰ ਪਾਸ਼ਾ

**ਜਲੰਧਰ (ਰਾਜੇਸ਼ ਥਾਪਾ)**- ਬਾਬਾ ਸਾਹਿਬ ਡਾ. ਅੰਬੇਡਕਰ ਜੀ ਦੀ ਚਰਨ-ਛੋਹ ਪ੍ਰਾਪਤ ਇਤਿਹਾਸਿਕ ਭੂਮੀ ਅੰਬੇਡਕਰ ਭਵਨ ਵਿਖੇ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਵੱਲੋਂ ਡਾ. ਅੰਬੇਡਕਰ ਸਾਹਿਬ ਦੇ 135ਵੇਂ ਜਨਮ ਦਿਨ ਤੇ ਆਯੋਜਿਤ ਇਕ ਵਿਸ਼ਾਲ ਸਮਾਰੋਹ ਵਿੱਚ ਜੇ ਐੱਨ ਯੂ ਨਵੀਂ ਦਿੱਲੀ ਦੇ ਵਿਦਵਾਨ ਪ੍ਰੋਫੈਸਰ ਡਾ. ਸਈਅਦ ਮੁਹੰਮਦ ਅਨਵਰ ਆਲਮ ਪਾਸ਼ਾ ਨੇ ਮੁੱਖ ਮਹਿਮਾਨ ਅਤੇ ਉੱਘੇ ਸਮਾਜਿਕ ਚਿੰਤਕ ਤੇ ਮਜ਼ਦੂਰ ਨੇਤਾ ਕਾਮਰੇਡ ਮੰਗਤ ਰਾਮ ਪਾਸਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਤੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਡਾ.ਅਨਵਰ ਪਾਸ਼ਾ ਨੇ ਕਿਹਾ ਮੈਂ ਗੁਰੂ ਨਾਨਕ ਦੇਵ ਤੇ ਸ਼ਹੀਦ-ਇ-ਆਜ਼ਮ ਸ.ਭਗਤ ਸਿੰਘ ਨਾਲ ਬਾਵਸਤਾ ਇਸ ਸਰ-ਜ਼ਮੀਂ ਨੂੰ ਸਜਦਾ ਕਰਦਾਂ ਹਾਂ ਅਤੇ ਸਨ 1951 ਈ. ਵਿੱਚ ਇਸੇ ਜ਼ਮੀਨ ਨਾਲ ਸੰਬੰਧਿਤ ਪੰਜਾਬ ਦੀ ਯਾਤਰਾ ਨਾਲ ਜੁੜੇ ਅੰਬੇਡਕਰ ਭਵਨ ਦੀ ਇਸ ਇਤਿਹਾਸਕ ਭੂਮੀ ਪ੍ਰਤੀ ਮੇਰੇ ਮਨ ਵਿੱਚ ਵਿਸ਼ੇਸ਼ ਸਤਿਕਾਰ ਅਤੇ ਲਗਾਓ ਹੈ ਜਿਸ ਨੂੰ ਬਣਾਉਣ ਵਿੱਚ ਮੇਰੇ ਪ੍ਰੇਰਨਾ ਸਰੋਤ ਰਹੇ ਬਾਬਾ ਸਾਹਿਬ ਦੇ ਸੰਪਰਕ ਵਿੱਚ ਰਹਿਣ ਵਾਲੇ ਸਮਰਪਿਤ ਅੰਬੇਡਕਰੀ ਐਲ ਆਰ ਬਾਲੀ ਜੀ ਨਾਲ 2017 ਵਿੱਚ ਵੀ ਮੈਂ ਇਸ ਇਤਿਹਾਸਕ ਸਥਾਨ ਤੇ ਅੰਬੇਡਕਰ ਜਯੰਤੀ ਮੌਕੇ ਆਪਣੀ ਹਾਜ਼ਰੀ ਲਗਵਾ ਚੁੱਕਾ ਹਾਂ। ਡਾ. ਅਨਵਰ




ਪਾਸ਼ਾ ਨੇ ਕਿਹਾ ਕਿ ਮੈਂ ਇਹ ਗਲ ਦਾਅਵੇ ਨਾਲ ਆਖ ਸਕਦਾ ਹਾਂ ਕਿ ਡਾ ਅੰਬੇਡਕਰ ਦਾ ਵਿਚਾਰ ਕਦੇ ਬੁੱਢਾ ਹੀ ਨਹੀਂ ਹੋਣਾ, ਮਰਨਾ ਤਾਂ ਕੀ। ਇਸ ਸਮਾਗਮ ਦੇ ਵਿਸ਼ੇਸ਼ ਮਹਿਮਾਨ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਉਹ ਬੇਸ਼ੱਕ ਕਮਿਊਨਿਸਟ ਵਿਚਾਰਧਾਰਾ ਵਿੱਚ ਵਿਸ਼ਵਾਸ ਰੱਖਦੇ ਹਨ, ਪਰ ਡਾ. ਅੰਬੇਡਕਰ ਅਤੇ ਉਨ੍ਹਾਂ ਦੇ ਚਿੰਤਨ ਪ੍ਰਤੀ ਉਨ੍ਹਾਂ ਦੇ ਮਨ ਵਿੱਚ ਅਥਾਹ ਸ਼ਰਧਾ ਹੈ। ਉਹਨਾਂ ਕਿਹਾ ਮੈਨੂੰ ਪੂਰਨ ਭਰੋਸਾ ਹੈ, ਕੀ ਜਾਤ-ਪਾਤ ਦੇ ਖਾਤਮੇ ਤੋਂ ਬਿਨਾਂ ਭਾਰਤ ਵਿੱਚ ਵਰਗ-ਰਹਿਤ ਸਮਾਜਵਾਦੀ ਅੰਦੋਲਨ ਸਫਲ ਨਹੀਂ ਹੋ ਸਕਦਾ। ਇਸ ਮੌਕੇ ਪਰਮਿੰਦਰ ਸਿੰਘ ਖੁਤਨ, ਪ੍ਰੋ. ਅਸ਼ਵਨੀ ਜੱਸਲ, ਜਸਵਿੰਦਰ ਵਰਿਆਣਾ, ਤਿਲਕ ਰਾਜ, ਡਾ. ਮਹਿੰਦਰ ਸੰਧੂ, ਡਾ. ਜੀ.ਸੀ. ਕੌਲ, ਸੋਹਨ ਲਾਲ ਸਾਬਕਾ ਡੀਪੀਆਈ ਕਾਲਜਾਂ, ਡਾ. ਰਾਹੁਲ ਬਾਲੀ, ਡਾ. ਚਰਨਜੀਤ ਸਿੰਘ, ਡਾ. ਕਮਲਸ਼ੀਲ ਬਾਲੀ, ਹਰਮੇਸ਼ ਜੱਸਲ, ਇਨਕਲਾਬ ਸੰਗਰ, ਪ੍ਰਿੰਸੀਪਲ ਪਰਮਜੀਤ ਜੱਸਲ, ਐਡਵੋਕੇਟ ਹਰਭਜਨ ਸਾਂਪਲਾ, ਸੂਰਜ ਬਿਰਦੀ, ਮਦਨ ਲਾਲ, ਜਗਦੀਸ਼ ਡਾਲੀਆ, ਸਤ ਪਾਲ ਸੁਮਨ, ਐਮ.ਐਲ. ਡੋਗਰਾ, ਡੀਪੀ ਭਗਤ, ਮਲਕੀਤ ਸਿੰਘ, ਰੂਪ ਲਾਲ, ਸਤੀਸ਼ ਭਗਤ, ਈਸ਼ਵਰ ਚੰਦਰ, ਡਾ. ਮੋਹਿਤ, ਡਾ. ਰਾਜ ਕੁਮਾਰ, ਚਰਨਜੀਤ ਕੌਲ ਯੂਐਸਏ, ਹਰੀ ਸਿੰਘ ਥਿੰਦ ਸਮੇਤ ਬਾਬਾ ਸਾਹਿਬ ਦੇ ਅਨੇਕਾਂ ਸ਼ਰਧਾਲੂ ਹਾਜ਼ਰ ਸਨ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਦਿੱਤੀ।

## ਗੁਰਾਇਆ ਦਾਣਾ ਮੰਡੀ 'ਚ ਕਣਕ ਦੀ ਖਰੀਦ ਸ਼ੁਰੂ



**ਗੁਰਾਇਆ (ਬਿੰਦਰ ਸੁੰਮਨ)**- ਪੰਜਾਬ ਸਰਕਾਰ ਵਲੋ ਕਣਕ ਦੀ ਖ੍ਰੀਦ 1 ਅਪ੍ਰੈਲ ਤੋ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਸੀ, ਬੇਮੋਸਮੀ ਮੀਹ ਤੇ ਗੜੇਮਾਰੀ ਹੋਣ ਕਾਰਨ ਫਸਲ ਦੀ ਕਟਾਈ ਲੇਟ ਹੋਈ ਹੈ। ਗੁਰਾਇਆ ਦਾਣਾ ਮੰਡੀ ਵਿੱਚ ਕਣਕ ਦੀ ਸਰਕਾਰੀ ਖ੍ਰੀਦ ਵਿਧਾਨ ਸਭਾ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਵਲੋਂ ਕਿਸਾਨ ਦਾ ਮੂੰਹ ਮਿੱਠਾ ਕਰਵਾ ਕੇ ਸ਼ੁਰੂਆਤ ਕੀਤੀ ਗਈ, ਉਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨ ਦਾ ਕਣਕ ਦਾ ਇੱਕ ਇੱਕ ਦਾਣਾ ਖ੍ਰੀਦ ਕੀਤਾ ਜਾਵੇਗਾ। ਉਨਾਂ ਕਿਹਾ ਕਿ ਗੁਰਾਇਆ ਅਧੀਨ ਚਾਰ ਮੰਡੀਆ ਵਿੱਚ 3259 ਕੁਇੰਟਲ ਕਣਕ ਦੀ ਖ੍ਰੀਦ ਸ਼ੁਰੂ ਕੀਤੀ ਗਈ, ਉਨਾਂ ਕਿਹਾ ਕਿ ਮੰਡੀਆਂ ਵਿੱਚ ਮਾਰਕਫੈਡ 2 ਲੱਖ, ਐਫ ਸੀ ਆਈ ਤਿੰਨ ਲੱਖ ਅਤੇ ਪਨਗਰੇਨ 56 ਹਜ਼ਾਰ ਕਣਕ ਦੀਆਂ ਬੋਰੀਆਂ ਖ੍ਰੀਦ ਕਰੇਗੀ। ਇਸ ਮੌਕੇ ਉਨਾਂ ਨਾਲ ਚੇਅਰਮੈਨ ਮਾਰਕਿਟ ਕਮੇਟੀ ਗੁਰਾਇਆ ਪ੍ਰਦੀਪ ਦੁੱਗਲ, ਡੀ ਐਫ ਐਸ ਓ ਪਨਗਰੇਨ ਰਾਜ ਕੁਮਾਰ, ਸਕੱਤਰ ਦਲਵੀਰ ਸਿੰਘ, ਪ੍ਰਧਾਨ ਨਗਰ ਕੌਂਸ਼ਲ ਹਰਮੇਸ਼ ਚੋਹਾਨ, ਗੁਰਪ੍ਰੀਤ ਸਿੰਘ, ਸੁਖਦੇਵ ਛਾਬੜਾ ਪ੍ਰਧਾਨ ਆੜਤੀਆਂ ਐਸੋਸੀਏਸ਼ਨ, ਜੇ ਕੇ ਬਤਰਾ, ਰਾਕੇਸ਼ ਬਤਰਾ, ਇੰਸਪੈਕਟਰ ਪਨਗਰੇਨ ਜਗਜੀਤ ਸਿੰਘ, ਮਾਰਕਫੈਡ ਇੰਸਪੈਕਟਰ ਸੋਨੀਆ, ਐਫ ਸੀ ਆਈ ਇੰਸਪੈਕਟਰ ਸਿਧਾਂਤ, ਕੌਂਸ਼ਲਰ ਰਾਹੁਲ ਪੁੰਜ, ਕੌਂਸ਼ਲਰ ਜਸਵੀਰ, ਮਨੋਤਾ, ਜਸਵੰਤ ਰਾਏ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਇਨਸਾਨੀਅਤ ਲਈ ਪ੍ਰੇਰਨਾ ਸਰੋਤ ਹਨ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਵੱਲੋਂ




ਇਲਾਕਾ ਹਰਿਆਣਾ ਭੂੰਗਾ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ, ਨਾਰੀ ਸ਼ਕਤੀ ਨੂੰ ਸਮਾਜ ਵਿੱਚ ਬਰਾਬਰ ਦਾ ਹੱਕ ਦੁਆਉਣ ਵਾਲੇ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ ਦਿਹਾੜਾ ਬੇਗਮਪੁਰਾ ਟਾਈਗਰ ਫੋਰਸ ਦੇ ਹੋਣਹਾਰ ਅਤੇ ਨਿਧੱੜਕ ਆਗੂ ਅਨਿਲ ਕੁਮਾਰ ਬੰਟੀ ਪ੍ਰਧਾਨ ਹਲਕਾ ਸ਼ਾਮ 84 ਦੀ ਅਗਵਾਈ ਹੇਠ ਬਹੁਤ ਹੀ ਸ਼ਰਧਾ, ਉਤਸ਼ਾਹ ਅਤੇ ਭਾਵਨਾ ਨਾਲ ਮਨਾਇਆ ਗਿਆ ਇਸ ਸਮਾਗਮ ਵਿੱਚ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਵਿੱਚ ਫੋਰਸ ਦੇ ਅਹੁਦੇਦਾਰਾਂ ਅਤੇ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਬਾਬਾ ਸਾਹਿਬ ਜੀ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਅਰਪਿਤ ਕਰਕੇ ਕੀਤੀ ਗਈ ਤੇ ਇਸ ਮੌਕੇ ਹਾਜ਼ਰ ਸੰਗਤ ਨੇ ਬਾਬਾ ਸਾਹਿਬ ਵੱਲੋਂ ਮਾਨਵਤਾ ਅਤੇ ਦਲਿਤ ਸਮਾਜ ਦੇ ਉਥਾਨ ਲਈ ਕੀਤੇ ਗਏ ਸੰਘਰਸ਼ ਨੂੰ ਯਾਦ ਕੀਤਾ। ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾ. ਭੀਮ ਰਾਉ ਅੰਬੇਡਕਰ ਸਿਰਫ਼ ਇੱਕ ਸਮਾਜ ਦੇ ਰਹਿਬਰ ਨਹੀਂ ਸਨ, ਸਗੋਂ ਉਹ ਪੂਰੀ ਇਨਸਾਨੀਅਤ ਲਈ ਪ੍ਰੇਰਨਾ ਸਰੋਤ ਹਨ। ਉਨ੍ਹਾਂ ਨੇ 'ਪੜ੍ਹੋ, ਜੁੜੋ ਅਤੇ ਸੰਘਰਸ਼ ਕਰੋ' ਦੇ ਨਾਅਰੇ 'ਤੇ ਚੱਲਣ ਦਾ ਸੱਦਾ ਦਿੱਤਾ। ਆਗੂਆਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਬਾਬਾ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲ ਕੇ ਹੀ ਇੱਕ ਬਰਾਬਰੀ ਵਾਲਾ ਸਮਾਜ ਸਿਰਜਿਆ ਜਾ ਸਕਦਾ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀਆਂ ਅਲਾਮਤਾਂ ਦਾ ਤਿਆਗ ਕਰਕੇ ਵਿੱਦਿਆ ਦੇ ਖੇਤਰ ਵਿੱਚ ਅੱਗੇ ਵੱਧਣ। ਇਸ ਮੌਕੇ ਬੇਗਮਪੁਰਾ ਟਾਈਗਰ ਫੋਰਸ ਦੇ ਨੁਮਾਇੰਦਿਆਂ ਨੇ ਅਹਿਦ ਲਿਆ ਕਿ ਉਹ ਹਮੇਸ਼ਾ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਬਣਨਗੇ ਅਤੇ ਬਾਬਾ ਸਾਹਿਬ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਮਾਜਿਕ ਲੜਾਈ ਜਾਰੀ ਰੱਖਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਪੰਚ ਬਿੱਟੂ ਸ਼ੇਰਗੜ੍ਹ, ਅਮਰੀਕ ਸਿੰਘ ਰਾਜੂ, ਤਜਿੰਦਰ ਸਿੰਘ, ਰਮਨ ਕਲੋਤਾ, ਸੁਖਜਿੰਦਰ ਸਿੰਘ, ਹਰਜਿੰਦਰ ਸਿੰਘ, ਬੂਟਾ ਰਾਮ, ਮਨਪ੍ਰੀਤ ਹਰਿਆਣਾ, ਗੁਰਦੀਪ ਬਲਾਕ ਪ੍ਰਧਾਨ ਮੇਹਟੀਆਣਾ, ਕੁਲਵੰਤ ਰਿਹਾਣਾ ਕਲਾਂ, ਰਵੀ, ਮਨੀ, ਨਿੱਕੂ ਸੁੰਦਰ ਨਗਰ, ਰਾਮ ਮੂਰਤੀ ਆਦਿ ਹਾਜ਼ਰ ਸਨ।

# ਸੀ ਟੀ ਗਰੁੱਪ 'ਚ ਵਾਲੰਟਰੀ ਮੀਟਿੰਗ

**ਭਗਵੰਤ ਸਿੰਘ ਮਾਨ ਤੇ ਮਨੀਸ਼ ਸਿਸੋਦੀਆ ਵੱਲੋਂ 400 ਸਮੱਸਿਆਵਾਂ ਦੀ ਸੁਣਵਾਈ**

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿੱਚ ਆਯੋਜਿਤ ਇੱਕ ਮਹੱਤਵਪੂਰਨ ਵਾਲੰਟਰੀ ਮੀਟਿੰਗ ਨੇ



ਲੋਕ ਭਾਗੀਦਾਰੀ ਵਾਲੇ ਲੋਕਤੰਤਰ ਦੀ ਮਜ਼ਬੂਤ ਮਿਸਾਲ ਪੇਸ਼ ਕੀਤੀ। ਇਸ ਮੀਟਿੰਗ ਦੀ ਅਗਵਾਈ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਕਨਵੀਨਰ ਮਨੀਸ਼ ਸਿਸੋਦੀਆ ਵੱਲੋਂ ਕੀਤੀ ਗਈ। ਇਹ ਮੀਟਿੰਗ ਰਵਾਇਤੀ ਰਾਜਨੀਤਿਕ ਰੈਲੀਆਂ ਤੋਂ ਵੱਖਰੀ ਰਹੀ, ਜਿੱਥੇ 400 ਤੋਂ ਵੱਧ ਲੋਕੀ ਸਮੱਸਿਆਵਾਂ ਨੂੰ ਸਿੱਧੇ ਰੂਪ ਵਿੱਚ ਸੂਬੇ ਦੇ ਉੱਚੇ ਨੇਤ੍ਰਿਤਵ ਅੱਗੇ ਰੱਖਿਆ ਗਿਆ ਅਤੇ ਉਨ੍ਹਾਂ ਦੇ ਜਲਦੀ ਤੋਂ ਜਲਦੀ ਇਨ੍ਹਾਂ ਦੇ ਹੱਲ 'ਤੇ ਵਿਚਾਰ ਕੀਤਾ ਗਿਆ। ਇਸ ਉੱਚ ਪੱਧਰੀ ਮੀਟਿੰਗ ਵਿੱਚ ਰਾਜ ਦੀ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਵਿਵਸਥਾ ਦੇ ਅਹਿਮ ਪ੍ਰਤੀਨਿਧੀਆਂ ਨੇ ਭਾਗ ਲਿਆ। ਮੁੱਖ ਮੰਤਰੀ ਦੇ ਨਾਲ ਕੈਬਿਨੇਟ ਮੰਤਰੀ ਮੋਹਿੰਦਰ ਭਗਤ, ਵਿਧਾਇਕ ਕਰਤਾਰਪੁਰ ਬਲਕਾਰ ਸਿੰਘ, ਰਾਜ ਜਨਰਲ ਸਕੱਤਰ ਦੀਪਕ ਬਾਲੀ ਅਤੇ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਹਾਜ਼ਰ ਰਹੇ। ਪ੍ਰਸ਼ਾਸਨਕ ਪੱਖ ਤੋਂ ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਕਮਿਸ਼ਨਰ ਆਫ ਪੁਲਿਸ ਧਨਪ੍ਰੀਤ ਕੌਰ ਨੇ ਹਿੱਸਾ ਲਿਆ, ਜਿਸ ਨਾਲ ਉਠਾਏ ਗਏ ਮੁੱਦਿਆਂ ਦੇ ਪ੍ਰਭਾਵਸ਼ਾਲੀ ਨਿਪਟਾਰੇ ਲਈ ਪ੍ਰਸ਼ਾਸਨਿਕ ਨਿਗਰਾਨੀ ਯਕੀਨੀ ਬਣੀ। ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨਾਤਮਕ ਢਾਂਚੇ ਦੀ ਭੂਮਿਕਾ ਵੀ ਕਾਫ਼ੀ ਮਹੱਤਵਪੂਰਨ ਰਹੀ। ਜਲੰਧਰ ਕੈਂਟ ਦੀ ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆਰਾ ਨੇ ਸਰਗਰਮ ਭਾਗੀਦਾਰੀ ਨਿਭਾਈ, ਜਦਕਿ ਆਦਮਪੁਰ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਅਤੇ ਜਲੰਧਰ ਸੈਂਟਰਲ ਦੇ ਹਲਕਾ ਇੰਚਾਰਜ ਨਿਤਿਨ ਕੋਹਲੀ ਨੇ ਵੀ ਵਿਚਾਰ-ਵਟਾਂਦਰੇ ਵਿੱਚ ਯੋਗਦਾਨ ਪਾਇਆ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਅਤੇ ਪਲੈਨਿੰਗ ਬੋਰਡ ਦੇ ਚੇਅਰਮੈਨ ਅਮ੍ਰਿਤਪਾਲ ਅਤੇ ਸਫਾਈ ਕਰਮਚਾਰੀ ਆਯੋਗ ਦੇ ਚੇਅਰਮੈਨ ਚੰਦਨ ਗਰੇਵਾਲ ਦੀ ਹਾਜ਼ਰੀ ਨਾਲ ਮੀਟਿੰਗ ਹੋਰ ਮਜ਼ਬੂਤ ਬਣੀ।

## ਕਿਸਾਨਾਂ ਲਈ ਸੁਚਾਰੂ ਕਣਕ ਖਰੀਦ ਸਾਡੀ ਪਹਿਲੀ ਤਰਜੀਹ : ਡਿਪਟੀ ਕਮਿਸ਼ਨਰ

**ਜਲੰਧਰ (ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਜਲੰਧਰ ਨੂੰ ਪ੍ਰਗਤੀਸ਼ੀਲ ਤੇ ਸੁਚਾਰੂ ਤਰੀਕੇ ਨਾਲ ਪ੍ਰਬੰਧਿਤ ਜ਼ਿਲ੍ਹਾ ਬਣਾਉਣ ਲਈ ਆਪਣੀਆਂ ਤਰਜੀਹਾਂ ਸਪੱਸ਼ਟ ਕਰਦਿਆਂ ਖੇਤੀਬਾੜੀ, ਬੁਨਿਆਦੀ ਢਾਂਚੇ ਤੇ ਲੋਕ-ਕੇਂਦਰਿਤ ਸ਼ਾਸਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।



ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਆਯੋਜਿਤ ਪੱਤਰਕਾਰ ਸੰਮੇਲਨ ਦੌਰਾਨ ਉਨ੍ਹਾਂ ਕਿਹਾ ਕਿ ਕਣਕ ਦੀ ਸੁਚਾਰੂ ਖਰੀਦ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਪਹਿਲਾਂ ਹੀ ਪੂਰੇ ਪ੍ਰਬੰਧ ਕੀਤੇ ਜਾ ਚੁੱਕੇ ਹਨ ਤਾਂ ਜੋ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਵੇ। ਕਿਸੇ ਵੀ ਕਿਸਾਨ ਨੂੰ ਆਪਣੀ ਉਪਜ ਵੇਚਣ ਵਿੱਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ, ਉਨ੍ਹਾਂ ਭਰੋਸਾ ਦਿਵਾਇਆ ਅਤੇ ਖਰੀਦ ਮੌਸਮ ਦੌਰਾਨ ਪੂਰੀ ਪ੍ਰਸ਼ਾਸਕੀ ਸਹਾਇਤਾ ਯਕੀਨੀ ਬਣਾਉਣ ਦੀ ਗੱਲ ਕਹੀ। ਵਰਜੀਤ ਵਾਲੀਆ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਨਾਗਰਿਕ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਸੜਕਾਂ, ਸਰਕਾਰੀ ਸੇਵਾਵਾਂ ਅਤੇ ਜਨਤਕ ਸਹੂਲਤਾਂ ਵਿੱਚ ਸੁਧਾਰ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਫਿਲੌਰ (ਨਿਰਮਲ)**- ਡਾ: ਬੀ ਆਰ ਅੰਬੇਡਕਰ ਨੌਜਵਾਨ ਸਭਾ ਰੁੜਕਾ ਕਲਾਂ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰੋਗਰਾਮ



ਉਲੀਕਿਆ ਗਿਆ। ਇਸ ਮੌਕੇ ਹਾਜ਼ਰ ਆਗੂਆਂ ਜਰਨੈਲ ਫਿਲੌਰ ਤੇ ਪ੍ਰਸ਼ੋਤਮ ਫਿਲੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਦਾ ਜੀਵਨ ਅਤੇ ਉਨ੍ਹਾਂ ਵੱਲੋਂ ਰਚਿਆ ਗਿਆ ਸੰਵਿਧਾਨ ਸਮੁੱਚੀ ਮਾਨਵਤਾ ਲਈ ਇੱਕ ਚਾਨਣ ਮੁਨਾਰਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਸਮਾਜਿਕ ਬਰਾਬਰੀ ਲਈ ਡਾ. ਅੰਬੇਡਕਰ ਦੀਆਂ ਸਿੱਖਿਆਵਾਂ 'ਤੇ ਚੱਲਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਡਾਕਟਰ ਬੀ ਆਰ ਅੰਬੇਡਕਰ ਨੌਜਵਾਨ ਸਭਾ ਰੁੜਕਾ ਕਲਾਂ ਤੇ ਪਿੰਡ ਨਿਵਾਸੀਆਂ ਵੱਲੋਂ ਟੀਮ ਲੋਕ ਇਨਸਾਫ਼ ਮੰਚ ਦੇ ਆਗੂਆਂ ਨੂੰ ਉਹਨਾਂ ਦੇ ਸਮਜਿਕ ਪੱਧਰ ਤੇ ਚੰਗੇ ਕੰਮਾਂ ਨੂੰ ਦੇਖ ਕੇ ਵਿਸ਼ੇਸ਼ ਤੌਰ ਤੇ ਸੱਦਾ ਦੇ ਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਲੋਕ ਇਨਸਾਫ ਮੰਚ ਵਲੋਂ ਰੁੜਕਾ ਕਲਾਂ ਦੇ ਪਤਵੰਤਿਆਂ ਦਾ ਖ਼ਾਸ ਤੌਰ ਤੇ ਧੰਨਵਾਦ ਕੀਤਾ ਗਿਆ।ਇਸ ਮੌਕੇ ਡਾਕਟਰ ਬੀ ਆਰ ਅੰਬੇਡਕਰ ਨੌਜਵਾਨ ਸਭਾ ਰੁੜਕਾ ਕਲਾਂ ਦੇ ਪ੍ਰਧਾਨ ਜੀਵਨ ਲਾਲ, ਚੇਅਰਮੈਨ ਅਜੀਤ ਰਾਮ, ਜਥੇਦਾਰ ਦਵਿੰਦਰ ਸਿੰਘ ਖ਼ਾਲਸਾ, ਮਾਸਟਰ ਕੁਲਵੰਤ ਰੁੜਕਾ, ਅਤੇ ਵਿਸ਼ੇਸ਼ ਤੌਰ 'ਤੇ ਜਰਨੈਲ ਫਿਲੌਰ, ਪਰਸ਼ੋਤਮ ਫਿਲੌਰ, ਮਾਸਟਰ ਹੰਸ ਰਾਜ, ਤਰੇਸਮ ਸਿੰਘ ਪੱਦੀ ਜਗੀਰ ਜ਼ਿਲ੍ਹਾ ਆਗੂ ਭਾਰਤੀ ਕਿਸਾਨ ਯੂਨੀਅਨ ਦੋਆਬਾ, ਹਨੀ ਫਿਲੌਰ , ਡਾ ਸੰਦੀਪ ਫਿਲੌਰ, ਡਾ ਅਸ਼ੋਕ ਕੁਮਾਰ, ਰਵੀ ਸੁਲਤਾਨਪੁਰ, ਡਾ ਸੁਨੀਲ ਗੰਨਾਪਿੰਡ, ਅਮਰਜੀਤ ਲਾਡੀ ਮਹਿਸਮਪੁਰ, ਸਰੂਪ ਕਲੇਰ, ਸੁਨੀਤਾ ਫਿਲੌਰ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਬਿਜਲੀ ਮੁਲਾਜ਼ਮਾਂ ਵੱਲੋਂ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਸਬੰਧਤ ਏਟਕ ਮੰਡਲ ਯੂਨਿਟ ਕੁਰਾਲੀ ਤੇ ਖਰੜ ਦੇ ਅਹੁਦੇਦਾਰਾਂ ਵੱਲੋਂ ਪ੍ਰਧਾਨ ਗਗਨ ਰਾਣਾ ਦੀ ਅਗਵਾਈ ਹੇਠ ਵਧੀਕ ਨਿਗਰਾਨ ਇੰਜੀਨੀਅਰ, ਮੰਡਲ ਖਰੜ ਨੂੰ ਵਰਕ-ਟੂ-ਰੂਲ ਦਾ ਨੋਟਿਸ ਸੌਂਪਿਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਦੇ ਆਗੂ ਗਗਨ ਰਾਣਾ ਨੇ ਦੱਸਿਆ ਕਿ 10 ਅਪ੍ਰੈਲ ਨੂੰ ਪਟਿਆਲਾ ਹੈੱਡ ਆਫਿਸ ਵਿਖੇ ਹੋਏ ਸਾਂਝੇ ਧਰਨੇ ਦੌਰਾਨ ਇਹ ਫੈਸਲਾ ਲਿਆ ਗਿਆ ਕਿ 11



ਅਪ੍ਰੈਲ ਤੋਂ 25 ਅਪ੍ਰੈਲ ਤੱਕ ਬਿਜਲੀ ਕਾਮਿਆਂ ਵੱਲੋਂ ਵਰਕ-ਟੂ-ਰੂਲ ਅੰਦੋਲਨ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ। ਇਸ ਦੌਰਾਨ ਸਾਰੇ ਕਰਮਚਾਰੀ ਸਿਰਫ ਆਪਣੀ ਬਨਦੀ ਡਿਊਟੀ ਹੀ ਕਰਨਗੇ ਅਤੇ ਨਾਨ-ਸ਼ਿਫਟ ਕਰਮਚਾਰੀ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੀ ਆਪਣੀ ਡਿਊਟੀ ਨਿਭਾਉਣਗੇ। ਬਿਜਲੀ ਚੋਰੀ ਦੀ ਚੈਕਿੰਗ ਵੀ ਇਸੇ ਸਮੇਂ ਦੌਰਾਨ ਕੀਤੀ ਜਾਵੇਗੀ। ਸ਼ਿਫਟ ਡਿਊਟੀ ਵਾਲੇ ਕਰਮਚਾਰੀ ਆਪਣੀਆਂ ਪਹਿਲਾਂ ਤੋਂ ਲੱਗੀਆਂ ਸ਼ਿਫਟਾਂ ਅਨੁਸਾਰ ਹੀ ਕੰਮ ਕਰਨਗੇ ਤੇ ਕਿਸੇ ਵੀ ਸਥਿਤੀ ਵਿੱਚ ਵਾਧੂ ਡਿਊਟੀ ਨਹੀਂ ਕਰਨਗੇ। ਗ੍ਰਿਡ ਸਬ-ਸਟੇਸ਼ਨਾਂ 'ਤੇ ਕੰਮ ਕਰਦੇ ਕਰਮਚਾਰੀ ਵੀ ਆਪਣੀ ਬਨਦੀ ਡਿਊਟੀ ਤੱਕ ਹੀ ਸੀਮਿਤ ਰਹਿਣਗੇ ਤੇ ਕਿਸੇ ਵੀ ਤਰ੍ਹਾਂ ਦਾ ਵਾਧੂ ਕੰਮ ਨਹੀਂ ਕੀਤਾ ਜਾਵੇਗਾ। ਕਲੈਰੀਕਲ ਕਰਮਚਾਰੀ ਡਿਊਟੀ ਤੋਂ ਬਾਅਦ ਦਫ਼ਤਰ ਵਿੱਚ ਨਹੀਂ ਰੁਕਣਗੇ ਅਤੇ 5 ਵਜੇ ਤੋਂ ਬਾਅਦ ਕੋਈ ਕੰਮ ਨਹੀਂ ਕਰਨਗੇ। ਟੈਕਨੀਕਲ ਅਤੇ ਕਲੇਰਿਕਲ ਕਰਮਚਾਰੀ 5 ਵਜੇ ਤੋਂ ਬਾਅਦ ਫੋਨ ਅਟੈਂਡ ਨਹੀਂ ਕਰਨਗੇ ਅਤੇ ਆਪਣਾ ਫੋਨ ਬੰਦ ਰੱਖਣਗੇ। ਇਸ ਤੋਂ ਇਲਾਵਾ ਆਗੂਆਂ ਨੇ ਦੱਸਿਆ ਕਿ ਮਈ ਮਹੀਨੇ ਦੇ ਆਖਰੀ ਹਫਤੇ ਮੁੱਖ ਮੰਤਰੀ ਪੰਜਾਬ ਦੀ ਸੰਗਰੂਰ ਸਥਿਤ ਰਿਹਾਇਸ਼ ਅੱਗੇ ਇੱਕ ਲਾ ਮਿਸਾਲ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਜੂਨ ਮਹੀਨੇ ਦੇ ਦੂਸਰੇ ਹਫਤੇ ਬਿਜਲੀ ਕਰਮਚਾਰੀਆਂ ਵੱਲੋਂ ਦੋ ਰੋਜ਼ਾ ਹੜਤਾਲ ਕੀਤੀ ਜਾਵੇਗੀ।

# ਬੀਬੀ ਰਣਜੀਤ ਕੌਰ ਨਡਾਲੋਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੰਤ ਬਾਬਾ ਨਿਧਾਨ ਸਿੰਘ ਜੀ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਭਰਾਤਾ ਦੀ ਪੜਪੋਤ ਨੂੰਹ ਤੇ ਪ੍ਰਸਿੱਧ ਕੀਰਤਨੀਏ ਭਾਈ ਰਣਜੋਧ ਸਿੰਘ ਨਡਾਲੋਂ ਦੀ ਮਾਤਾ ਗੁਰੂ ਘਰ ਦੇ ਪਰਮ ਸੇਵਕ ਬੀਬੀ ਰਣਜੀਤ ਕੌਰ ਪਿੰਡ ਨਡਾਲੋਂ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਨਮਿੱਤ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਦੇ ਪਾਠ ਦੇ ਭੋਗ ਪਹਿਲਾਂ ਉਨ੍ਹਾਂ ਦੇ ਗ੍ਰਹਿ ਵਿਖੇ ਪਾਏ ਗਏ। ਉਪਰੰਤ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਵਿਖੇ ਜਥੇਦਾਰ ਬਾਬਾ ਗੁਰਮੀਤ ਸਿੰਘ ਨਡਾਲੋਂ ਵਾਲੇ, ਭਾਈ ਸੁਖਦੇਵ ਸਿੰਘ ਨਡਾਲੋਂ, ਭਾਈ ਅਮਨਦੀਪ ਸਿੰਘ ਲੁਧਿਆਣਾ, ਭਾਈ ਜਸਲੀਨ ਸਿੰਘ ਪਾਂਸ਼ਟਾ, ਬੀਬੀ ਰੁਪਿੰਦਰ ਕੌਰ ਲੁਧਿਆਣਾ, ਭਾਈ ਕਰਨਦੀਪ ਸਿੰਘ ਲੁਧਿਆਣਾ, ਭਾਈ ਜਸਕੀਰਤ ਸਿੰਘ ਲੁਧਿਆਣਾ ਵਾਲਿਆਂ ਨੇ ਸੰਗਤਾਂ ਨੂੰ ਵੈਰਾਗਮਈ ਕੀਰਤਨ ਤੇ ਕਥਾ ਵਿਚਾਰਾਂ ਰਾਹੀਂ ਨਿਹਾਲ ਕੀਤਾ। ਇਸ ਮੌਕੇ ਆਈਆਂ ਸੰਗਤਾਂ ਦਾ ਧੰਨਵਾਦ ਤੇ ਮੰਚ ਸੰਚਾਲਨ ਦੀ ਸੇਵਾ ਜਥੇਦਾਰ ਇਕਬਾਲ ਸਿੰਘ ਖੇੜਾ ਤੇ ਬਾਬਾ ਜਰਨੈਲ ਸਿੰਘ ਖ਼ਾਲਸਾ ਨਡਾਲੋਂ ਨੇ ਨਿਭਾਈ। ਇਸ ਮੌਕੇ ਬਾਬਾ ਜਸਪਾਲ ਸਿੰਘ ਨੈਕੀ ਵਾਲੇ, ਬਾਬਾ ਕਸ਼ਮੀਰ ਸਿੰਘ ਦੁਸਾਂਝ ਖੁਰਦ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਗੁਰਬਖ਼ਸ਼ ਸਿੰਘ ਖਾਲਸਾ ਨਵਾਂਸ਼ਹਿਰ, ਜਥੇਦਾਰ ਇਕਬਾਲ ਸਿੰਘ ਖੇੜਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਲਖਵਿੰਦਰ ਸਿੰਘ ਵਿੰਦਾ, ਧਰਮਿੰਦਰ ਸਿੰਘ ਸੋਨੂੰ, ਜੋਗਿੰਦਰ ਕੌਰ, ਗੁਰਮੀਤ ਸਿੰਘ ਘੜਿਆਲ, ਮਹਿੰਦਰ ਸਿੰਘ ਬਡਿਆਲ, ਜਗਦੀਪ ਸਿੰਘ ਆਦਮਪੁਰ, ਤਰਸੇਮ ਸਿੰਘ




ਕੂਕੋਵਾਲ, ਪ੍ਰਿੰਸੀਪਲ ਗੁਰਨਾਮ ਸਿੰਘ ਡੁਮੇਲੀ, ਜਗਤਾਰ ਸਿੰਘ ਦਿੱਲੀ, ਬਾਬਾ ਜਰਨੈਲ ਸਿੰਘ, ਸਰਬਪ੍ਰੀਤ ਸਿੰਘ ਸਾਬੀ, ਹਰਪ੍ਰੀਤ ਕੌਰ, ਹਰਵਿੰਦਰ ਕੌਰ, ਗੁਰਦੀਪ ਕੌਰ, ਗੁਰਵਿੰਦਰ ਕੌਰ, ਜਸਪ੍ਰੀਤ ਕੌਰ, ਬੀਬੀ ਸੁਰਿੰਦਰ ਕੌਰ ਮਾਹਿਲਪੁਰ, ਜਗਮੋਹਣ ਸਿੰਘ ਜੱਗੀ, ਪਰਮਜੀਤ ਸਿੰਘ ਪੰਮਾ ਬਾਹੋਵਾਲ, ਚਰਨਜੀਤ ਸਿੰਘ ਜਾਂਗਲੀਆਣਾ, ਸਾਬਕਾ ਸਰਪੰਚ ਅੱਛਰ ਸਿੰਘ, ਪਰਮਜੀਤ ਸਿੰਘ ਭਾਮ, ਸਰਵਿੰਦਰ ਸਿੰਘ, ਬੂਟਾ ਸਿੰਘ ਕੋਟ, ਮਾ. ਬੁੱਧ ਸਿੰਘ, ਪਰਮਜੀਤ ਸਿੰਘ ਪੰਜੌੜ, ਮਾ. ਇਕਬਾਲ ਸਿੰਘ ਅਜਨੋਹਾ ਆਦਿ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਆਗੂਆਂ ਨੇ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਦਾਣਾ ਮੰਡੀ ਡੇਰਾ ਬਾਬਾ ਨਾਨਕ 'ਚ ਕਣਕ ਦੀ ਖਰੀਦ ਸ਼ੁਰੂ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੀ ਅਨਾਜ ਮੰਡੀ ਵਿਖੇ ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ



ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰੰਧਾਵਾ ਨੇ ਕਿਹਾ ਕਿ ਭਾਵੇਂ ਸਰਕਾਰ ਵੱਲੋਂ ਕਣਕ ਦੀ ਸਰਕਾਰੀ ਖਰੀਦ ਇਕ ਅਪ੍ਰੈਲ ਤੋਂ ਸ਼ੁਰੂ ਕੀਤੀ ਗਈ ਹੈ ਪਰ ਬਾਰਸ਼ਾਂ ਕਾਰਨ ਕਣਕ ਵਿੱਚ ਨਮੀ ਹੋਣ ਕਾਰਨ ਡੇਰਾ ਬਾਬਾ ਨਾਨਕ ਦਾਣਾ ਮੰਡੀ ਵਿਖੇ ਕਣਕ ਦੀ ਸਰਕਾਰੀ ਖਰੀਦ ਅੱਜ ਤੋਂ ਸ਼ੁਰੂ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਇਸ ਦਾਣਾ ਮੰਡੀ ਵਿਖੇ ਪਨਗਰੇਨ ਅਤੇ ਮਾਰਕਫੈੱਡ ਦੋ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਕੀਤੀ ਜਾਵੇਗੀ।ਪਹਿਲੀ ਖਰੀਦ ਪਨਗਰੇਨ ਏਜੰਸੀ ਵੱਲੋਂ ਕਿਸਾਨ ਬਲਵੰਤ ਸਿੰਘ ਦੀ ਕਣਕ ਖਰੀਦ ਕੇ ਸ਼ੁਰੂਆਤ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਕਣਕ ਦੀ ਖਰੀਦ ਨੂੰ ਲੈ ਕੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਰੰਧਾਵਾ ਨੇ ਕਿਹਾ ਕਿ ਆੜ੍ਹਤੀਆਂ ਦੀਆਂ ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਸਰਕਾਰ ਵੱਲੋਂ ਬਾਰਦਾਨੇ ਅਤੇ ਲਿਫਟਿੰਗ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਜਿਸ ਕਰਕੇ ਆੜ੍ਹਤੀ ਭਾਈਚਾਰੇ ਨੂੰ ਵੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਲਖਬੀਰ ਸਿੰਘ ਸਮਰਾ ਪ੍ਰਧਾਨ ਆੜਤੀ ਯੂਨੀਅਨ, ਸੰਮਤੀ ਮੈਂਬਰ ਬਲਵਿੰਦਰ ਸਿੰਘ ਗੁਰਾਇਆ, ਸੁਰਿੰਦਰ ਸਿੰਘ ਕਾਹਲੋਂ ਸਕੱਤਰ ਮਾਰਕੀਟ ਕਮੇਟੀ, ਇੰਸਪੈਕਟਰ ਕੇਸ਼ਵ ਸਿੰਗਲਾ, ਮੋਹਿਤ ਸ਼ਰਮਾ, ਇੰਸਪੈਕਟਰ ਹਰਸਿਮਰਨ ਕੌਰ, ਇੰਸਪੈਕਟਰ ਵਿਜੇ ਕੁਮਾਰ, ਇੰਸਪੈਕਟਰ ਵਰਿੰਦਰ ਕੁਮਾਰ, ਮੈਨੇਜਰ ਮਨਜਿੰਦਰ ਕੌਰ, ਲਵਪ੍ਰੀਤ ਸਿੰਘ ਪੀਏ, ਸੁਮਨਦੀਪ ਸਿੰਘ ਲੇਖਾਕਾਰ, ਨੀਰਜ ਕੁਮਾਰ ਮੰਡੀ ਸੁਪਰਵਾਈਜ਼ਰ, ਰਣਜੀਤ ਸਿੰਘ ਮਾਰਕੀਟ ਕਮੇਟੀ, ਆੜਤੀ ਸੱਜਣ ਸਿੰਘ ਖਲੀਲਪੁਰ, ਧਨਰਾਜ ਸਿੰਘ, ਅਮਰੀਕ ਸਿੰਘ, ਗੁਰਪੂਰਬ ਪਾਲ ਸਿੰਘ, ਕੁਲਬੀਰ ਸਿੰਘ, ਅਮਰੀਕ ਸਿੰਘ, ਰਜਿੰਦਰ ਕੁਮਾਰ, ਕੁਲਦੀਪ ਸਿੰਘ ਭਿੰਡਾ, ਗੁਰਪ੍ਰੀਤ ਸਿੰਘ,ਅਮਰਜੀਤ ਸਿੰਘ ਮੇਤਲਾ ਸਾਰੇ ਆੜਤੀ, ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ, ਨਗਰ ਕੌਂਸਲ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਬੇਦੀ, ਕੌਂਸਲਰ ਸੁਖਜਿੰਦਰ ਸਿੰਘ, ਸਾਬਕਾ ਕੌਂਸਲਰ ਬਲਦੇਵ ਦਾ ਡਾਇਮੰਡ ਤੇ ਗੁਲਜਾਰ ਮਸੀਹ ਪ੍ਰਧਾਨ ਲੇਬਰ ਯੂਨੀਅਨ ਆਦਿ ਹਾਜ਼ਰ ਸਨ।

# ਹਲਕਾ ਇੰਚਾਰਜ ਕੰਚਨਪ੍ਰੀਤ ਕੌਰ ਨੇ ਦਾਣਾ ਮੰਡੀ ਝਬਾਲ ਵਿਖੇ ਆੜ੍ਹਤੀਆਂ ਤੇ ਕਿਸਾਨਾਂ ਦੀਆਂ ਮੁਸ਼ਕਲਾਂ ਸੁਣੀਆਂ



**ਝਬਾਲ (ਮੱਖਣ ਮਨੋਜ)** ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਤਰਨਤਾਰਨ ਤੋਂ ਇੰਚਾਰਜ ਕੰਚਨਪ੍ਰੀਤ ਕੌਰ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵੀਰਵਾਰ ਨੂੰ ਝਬਾਲ ਦਾਣਾ ਮੰਡੀ ਵਿਖੇ ਆੜ੍ਹਤੀਆਂ ਅਤੇ ਕਿਸਾਨਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ । ਕਿਸਾਨਾਂ ਨੇ ਫਸਲ ਦੀ ਖਰੀਦ ਵਿੱਚ ਹੋ ਰਹੀ ਦੇਰੀ, ਭੁਗਤਾਨ ਦੀ ਸਮੱਸਿਆ ਅਤੇ ਮੰਡੀ ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ ਵਰਗੇ ਮੁੱਦੇ ਉਠਾਏ।ਉਨ੍ਹਾਂ ਭਰੋਸਾ ਦਿਵਾਇਆ ਕਿ ਇਹ ਸਾਰੀਆਂ ਸਮੱਸਿਆਵਾਂ ਪਾਰਟੀ ਹਾਈਕਮਾਂਡ ਤੱਕ ਪਹੁੰਚਾਈਆਂ ਜਾਣਗੀਆਂ ਅਤੇ ਜਲਦ ਹੀ ਉਚਿਤ ਹੱਲ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਕਿਸਾਨਾਂ ਅਤੇ ਵਪਾਰੀਆਂ ਦੇ ਹਿੱਤਾਂ ਲਈ ਵਚਨਬੱਧ ਹੈ ਅਤੇ ਉਹ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਲਗਾਤਾਰ ਯਤਨ ਕਰਦੀ ਰਹੇਗੀ ਇਸ ਮੌਕੇ ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਝਬਾਲ, ਮਨਜੀਤ ਸਿੰਘ ਝਬਾਲ, ਆੜਤੀ ਗੁਰਸੇਵਕ ਸਿੰਘ, ਆੜਤੀ ਸ਼ਰਨਜੀਤ ਸਿੰਘ, ਮਾਣਕ ਝਬਾਲ, ਸੋਨੂੰ ਦੋਦੇ, ਵੀਰਪਾਲ ਸਿੰਘ ਗੋਲਣ, ਜੱਗਾ ਸਵਰਗਾਪੁਰੀ, ਆੜਤੀ ਸੁਖਰਾਜ ਸਿੰਘ, ਆੜਤੀ ਗੁਰਜੀਤ ਸਿੰਘ, ਤੇਜਿੰਦਰ ਸਿੰਘ ਰੂਬੀ, ਸੁਰਜਨ ਸਿੰਘ ਝਬਾਲ , ਬੱਬੂ ਪਲਾਸੌਰ ਤੋਂ ਇਲਾਵਾ ਤਰਨਤਾਰਨ ਸ਼ਹਿਰ ਦੇ ਕੌਂਸਲਰ ਤੇ ਅਕਾਲੀ ਆਗੂ ਹਾਜ਼ਰ ਸਨ।

# ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਪਠਾਨਕੋਟ ਦਾ ਦੌਰਾ

## ਵਿਲਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਕੀਤੀ ਗੱਲਬਾਤ

**ਪਠਾਨਕੋਟ, (ਦਵਿੰਦਰ ਸਿੰਘ)**- ਮਾਨਯੋਗ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਪਠਾਨਕੋਟ ਦੌਰੇ 'ਤੇ ਪਹੁੰਚੇ। ਸਭ ਤੋਂ ਪਹਿਲਾਂ ਉਹ ਮਹਾਰਾਣਾ ਪ੍ਰਤਾਪ ਆਦਰਸ਼ ਵਿਦਿਆਲਿਆ ਮੰਗਿਆਲ ਮਨਵਾਲ ਵਿਖੇ ਪਹੁੰਚੇ ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਉਨ੍ਹਾਂ ਦਾ ਭਰਵਾ ਸਵਾਗਤ ਕੀਤਾ ਗਿਆ ਅਤੇ ਪੰਜਾਬ ਪੁਲਸ ਵੱਲੋਂ ਬਿੱਗ ਗਾਰਡ ਆਫ ਆਨਰ ਦਿੱਤਾ ਗਿਆ। ਜ਼ਿਲ੍ਹਾ ਪਠਾਨਕੋਟ ਦੇ ਬਮਿਆਲ ਖੇਤਰ ਅੰਦਰ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੀ ਪ੍ਰਧਾਨਗੀ ਅੰਦਰ (ਵੀ. ਡੀ. ਸੀਜ )ਵਿਲਜ ਡਿਫੈਂਸ ਕਮੇਟੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ ਵਿਵੇਕ ਪ੍ਰਤਾਪ ਸਿੰਘ ਪ੍ਰਧਾਨ ਸਕੱਤਰ ਰਾਜਪਾਲ ਪੰਜਾਬ, ਸ਼ਿਵ ਦੁਲਾਰ ਢਿੱਲੋਂ ਸਕੱਤਰ ਰੈੱਡ ਕ੍ਰਾਸ ਪੰਜਾਬ ਅਤੇ ਹੋਰ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ। ਇਸ ਮੌਕੇ ਐੱਸਐੱਸਪੀ ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ ਵੱਲੋਂ ਜ਼ਿਲ੍ਹੇ ਅੰਦਰ ਚੱਲ ਰਹੀਆਂ (ਵੀਡੀਸੀਜ) ਵਿਲਜ ਡਿਫੈਂਸ



ਕਮੇਟੀਆਂ ਦੀ ਕਾਰਗੁਜ਼ਾਰੀ 'ਤੇ ਰੌਸ਼ਨੀ ਪਾਈ ਗਈ ਅਤੇ (ਵੀ. ਡੀ. ਸੀਜ) ਵਿਲਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੇ ਸਹਿਯੋਗ ਨਾਲ ਕੀਤੇ ਗਏ ਕਾਰਜਾਂ ਬਾਰੇ ਵੀ ਵਿਸਥਾਰ ਪੂਰਵਕ ਦੱਸਿਆ ਗਿਆ।ਇਸ ਮੌਕੇ ਰਾਜਪਾਲ ਨੇ ਕਿਹਾ ਕਿ ਪੰਜਾਬ ਅੰਦਰ ਨਸ਼ਾ ਮੁਕਤੀ ਅਭਿਆਨ ਅਧੀਨ ਉਨ੍ਹਾਂ ਵੱਲੋਂ ਲੰਬੇ ਸਮੇਂ ਤੋਂ ਪੈਦਲ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਸ ਸਮਾਰੋਹ ਵਿੱਚ ਹਿੰਦ ਪਾਕਿ ਸਰਹੱਦ ਦੇ ਨਾਲ ਲੱਗਦੇ ਪਿੰਡਾਂ ਵਿੱਚ ਜੋ ਵੀ ਵਿਲਜ ਡਿਫੈਂਸ ਕਮੇਟੀਆਂ ਗਠਿਤ ਕੀਤੀਆਂ ਗਈਆਂ ਹਨ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਉਨ੍ਹਾਂ ਨੂੰ ਪਤਾ ਲੱਗਾ ਹੈ ਅਤੇ ਉਹ ਪੂਰੀ ਤਰ੍ਹਾਂ ਸੰਤੁਸ਼ਟ ਹਨ ਕਿ ਵਿਲਜ ਡਿਫੈਂਸ ਕਮੇਟੀਆਂ ਵੱਲੋਂ ਬਹੁਤ ਹੀ ਲਗਨ ਅਤੇ ਮਿਹਨਤ ਦੇ ਨਾਲ ਕੰਮ ਕੀਤਾ ਜਾ ਰਿਹਾ ਹੈ।ਸਰਹੱਦੀ ਇਲਾਕਿਆਂ ਦੇ ਵਿਕਾਸ ਨੂੰ ਤਰਜੀਹ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਬਾਰਡਰ 'ਤੇ ਸਥਿਤ ਪਿੰਡਾਂ ਨੂੰ ਖ਼ਾਸ ਧਿਆਨ ਦੀ ਲੋੜ ਹੈ, ਕਿਉਂਕਿ ਹਰ ਕਿਸਮ ਦੀ ਸਮੱਸਿਆ ਦਾ ਸਾਹਮਣਾ ਸਭ ਤੋਂ ਪਹਿਲਾਂ ਇਨ੍ਹਾਂ ਇਲਾਕਿਆਂ ਨੂੰ ਕਰਨਾ ਪੈਂਦਾ ਹੈ।ਇਸ ਕਰਕੇ ਇਨ੍ਹਾਂ ਪਿੰਡਾਂ ਨੂੰ ਤਰਜੀਹ ਸੂਚੀ ਵਿੱਚ ਰੱਖਿਆ ਗਿਆ ਹੈ ਅਤੇ ਉਨ੍ਹਾਂ ਦੇ ਵਿਕਾਸ ਲਈ ਵਿਸ਼ੇਸ਼ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ।

# ਸ਼ੈਰੀ ਕਲਸੀ ਵੱਲੋਂ ਬਟਾਲਾ ਹਲਕਾ ਵਾਸੀਆਂ ਦਾ ਧੰਨਵਾਦ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਬੀਤੇ ਕੱਲ੍ਹ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਦਾਣਾ ਮੰਡੀ ਬਟਾਲਾ ਵਿਖੇ ਆਮਦ ਦੌਰਾਨ ਕੀਤੀ ਵਿਸ਼ਾਲ ਵਿਕਾਸ ਰੈਲੀ ਵਿੱਚ ਸ਼ਿਰਕਤ ਕਰਨ 'ਤੇ ਬਟਾਲਾ ਹਲਕਾ ਵਾਸੀਆਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਹੈ।ਉਨ੍ਹਾਂ ਵੱਲੋਂ ਵਿਕਾਸ ਰੈਲੀ ਵਿੱਚ ਪਹੁੰਚਣ 'ਤੇ ਬਟਾਲਾ ਸ਼ਹਿਰ ਵਾਸੀਆਂ, ਵਾਰਡ ਇੰਚਾਰਜਾਂ, ਪਿੰਡਾਂ ਦੇ ਪੰਚਾਂ-ਸਰਪੰਚਾਂ, ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ, ਚੇਅਰਮੈਨਾਂ, ਪਾਰਟੀ ਦੇ ਵਰਕਰਾਂ, ਵਲੰਟੀਅਰਾਂ ਤੇ ਆਗੂਆਂ ਆਦਿ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਟਾਲਾ ਵਾਸੀਆਂ ਵੱਲੋਂ ਦਿੱਤੇ ਪਿਆਰ ਲਈ ਉਹ ਹਮੇਸ਼ਾ ਰਿਣੀ ਰਹਿਣਗੇ।ਉਨ੍ਹਾਂ ਕਿਹਾ ਕਿ ਜਦੋਂ ਦਾ ਬਟਾਲਾ ਹਲਕਾ ਵਾਸੀਆਂ ਨੇ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ, ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਉਹ ਨਿਰੰਤਰ ਯਤਨਸ਼ੀਲ ਹਨ ਅਤੇ ਇਸੇ ਤਰ੍ਹਾਂ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬਟਾਲਾ ਹਲਕੇ ਦੇ ਹੋਰ ਵਿਕਾਸ ਕਾਰਜਾਂ ਲਈ ਕੀਤੇ ਐਲਾਨ ਨਾਲ ਬਟਾਲਾ ਵਿਖੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਹੋਰ ਰਫਤਾਰ ਮਿਲੇਗੀ ਤੇ ਬਟਾਲਾ ਹਲਕੇ ਨੂੰ ਵਿਕਾਸ ਪੱਖੋਂ ਸੂਬੇ ਦਾ ਮੋਹਰੀ ਹਲਕਾ ਬਣਾਇਆ ਜਾਵੇਗਾ।

# ਕੂੜੇ ਵਾਲੇ ਡੰਪ ਨੂੰ ਰੋਕਣ ਲਈ ਏਡੀਸੀ ਡਿਵੈਲਪਮੈਂਟ ਦਫ਼ਤਰ ਦਿੱਤਾ ਮੰਗ ਪੱਤਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਗੁ. ਮਾਤਾ ਭਾਗ ਕੌਰ ਅਤੇ ਗੁਰਦੁਆਰਾ ਬੀਬੀ ਵੀਰੋ ਜੀ ਨੂੰ ਜਾਣ ਵਾਲੇ ਮੁੱਖ ਰਸਤੇ ਜਿਸ ਉਪਰ ਪਿੰਡ ਦਾ ਖੇਡ ਮੈਦਾਨ, ਸੇਵਾ ਕੇਂਦਰ, ਆਂਗਣਵਾੜੀ



ਦਫ਼ਤਰ, ਲਾਇਬ੍ਰੇਰੀ ਆਦਿ ਹਨ , 'ਤੇ ਅੱਡਾ ਝਬਾਲ ਦੀ ਪੰਚਾਇਤ ਵੱਲੋਂ ਬਣਾਏ ਜਾ ਰਹੇ ਕੂੜੇ ਦੇ ਡੰਪ ਦੇ ਖਿਲਾਫ ਗੁਰਦੁਆਰਾ ਮਾਤਾ ਭਾਗ ਕੌਰ ਤੇ ਬੀਬੀ ਵੀਰੋ ਜੀ ਦੇ ਮੁੱਖ ਸੇਵਾਦਾਰ ਰਸੀਵਰ ਬਲਵਿੰਦਰ ਸਿੰਘ ਤੇ ਬਾਬਾ ਗੁਰਸੇਵਕ ਸਿੰਘ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ ਝਬਾਲ ਵੱਲੋਂ ਸਾਂਝੇ ਤੌਰ ਤੇ ਏਡੀਸੀ ਡਿਵੈਲਪਮੈਂਟ ਦਫ਼ਤਰ ਤਰਨ ਤਾਰਨ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਮੰਗ ਪੱਤਰ ਸਵੀਕਾਰ ਕਰਦਿਆਂ ਡੀਡੀਪੀਓ ਪਿਆਰ ਸਿੰਘ ਅਤੇ ਬੀਡੀਪੀਓ ਹਰਜੀਤ ਸਿੰਘ ਨੇ ਮੰਗ ਵਿਸ਼ਵਾਸ ਦਵਾਇਆ ਕਿ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਇਕੱਤਰਤਾ ਕਰਕੇ ਇਸ ਮਸਲੇ ਦਾ ਹੱਲ ਕੀਤਾ ਜਾਵੇਗਾ।ਇਸ ਸਮੇਂ ਗੁਰਦੁਆਰਾ ਸਾਹਿਬ ਦੇ ਕਮੇਟੀ ਮੈਂਬਰਾਂ ਅਤੇ ਪਿੰਡ ਦੇ ਪ੍ਰਮੁੱਖ ਨੁਮਾਇੰਦਿਆਂ ਨੇ ਕਿਹਾ ਕਿ ਇਹ ਰਸਤਾ ਹਰ ਰੋਜ਼ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਵਰਤਿਆ ਜਾਂਦਾ ਹੈ। ਇਸ ਪਵਿੱਤਰ ਮਾਰਗ ਤੇ ਕੂੜੇ ਦਾ ਡੰਪ ਬਣਾਉਣਾ ਨਾ ਸਿਰਫ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦਾ ਹੈ, ਸਗੋਂ ਆਉਣ-ਜਾਣ ਵਾਲੀਆਂ ਸੰਗਤਾਂ ਲਈ ਵੀ ਗੰਭੀਰ ਸਮੱਸਿਆਵਾਂ ਪੈਦਾ ਕਰੇਗਾ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਕਮੇਟੀ ਮੈਂਬਰਾਂ ਅਤੇ ਪਿੰਡ ਦੀ ਸਮੂਹ ਸੰਗਤ ਵੱਲੋਂ ਇਕਜੁੱਟ ਹੋ ਕੇ ਪ੍ਰਸ਼ਾਸਨ ਤੋਂ ਤੁਰੰਤ ਕਾਰਵਾਈ ਦੀ ਮੰਗ ਕੀਤੀ ਗਈ। ਇਸ ਮੌਕੇ ਗੁਰਸਿੰਦਰ ਸਿੰਘ ਭੱਟੀ, ਬਲਕਾਰ ਸਿੰਘ ਭੱਟੀ, ਮੇਜਰ ਸਿੰਘ ਝਬਾਲ, ਦਿਲਬਾਗ ਸਿੰਘ ਭੋਜੜਾਂਵਾਲਾ, ਗੁਰਦੀਪ ਸਿੰਘ ਝਬਾਲ ਆਦਿ ਹਾਜ਼ਰ ਸਨ।

# ਸੀ ਬੀ ਐੱਸ ਈ ਬੋਰਡ ਦੀ ਦਸਵੀਂ ਜਮਾਤ ਦੇ ਨਤੀਜੇ 'ਚ ਗੱਡੇ ਸਫਲਤਾ ਦੇ ਝੰਡੇ



**ਝਬਾਲ (ਹਰਜਿੰਦਰ ਸਿੰਘ ਸੋਨੀ)** ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਸ. ਇੰਦਰਬੀਰ ਸਿੰਘ ਜੀ ਨਿੱਜਰ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਦਸਵੀਂ ਜਮਾਤ ਦੇ (ਸੀਬੀਐੱਸਈ) ਬੋਰਡ ਦਾ ਨਤੀਜਾ ਇਸ ਵਾਰ ਵੀ 100 ਫੀਸਦੀ ਰਿਹਾ।ਇਸ ਸਾਲ ਦਸਵੀਂ ਦੇ 149 ਵਿਦਿਆਰਥੀ ਪ੍ਰੀਖਿਆ ਵਿੱਚ ਬੈਠੇ ਸਨ ਜਿਨ੍ਹਾਂ ਵਿੱਚੋਂ ਸਾਰੇ ਹੀ ਵਿਦਿਆਰਥੀ ਚੰਗੇ ਨੰਬਰ ਲੈ ਕੇ ਪਾਸ ਹੋਏ। ਸਕੂਲ ਦੀ ਦਸਵੀਂ ਜਮਾਤ ਦੀ ਵਿਦਿਆਰਥਣ ਮਨਸੀਰਤ ਕੌਰ ਨੇ 98.4% ਅੰਕ ਪ੍ਰਾਪਤ ਕਰਕੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਮਨਕੀਰਤ ਸਿੰਘ ਨੇ 97.8%, ਅਹਿਮਪ੍ਰੀਤ ਸਿੰਘ 95.80%, ਕੋਮਲਪ੍ਰੀਤ ਕੌਰ 95.4%, ਹਰਮਨਜੀਤ ਕੌਰ 94.4%, ਐਸ਼ਵੀਨ ਕੌਰ 93.8%, ਤਰਨਦੀਪ ਸਿੰਘ 93.6%, ਗੁਰਲੀਨ ਕੌਰ 92.8%, ਵਿਸ਼ਾਲਪ੍ਰੀਤ ਸਿੰਘ 92.2%, ਮਨਰਾਜ ਸਿੰਘ 91.2%, ਨਵਰੀਨ ਕੌਰ 90.8 %,ਸੁਖਨੂਰ ਸਿੰਘ 90.6% ਅੰਕ ਹਾਸਲ ਕਰਕੇ ਆਪਣੇ ਸਕੂਲ, ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ।

ਸਕੂਲ ਦੇ ਇਸ ਸ਼ਾਨਦਾਰ ਨਤੀਜੇ 'ਤੇ ਸਕੂਲ ਦੇ ਮੈਂਬਰ ਇੰਚਾਰਜ ਸ. ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਤੇ ਸਕੂਲ ਦੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਪਾਸ ਹੋਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਜਿੱਥੇ ਚੰਗੇ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਦਿੰਦਿਆਂ ਜ਼ਿੰਦਗੀ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਆ, ਉੱਥੇ ਹੀ ਉਨ੍ਹਾਂ ਨੇ ਅਧਿਆਪਕਾਂ ਨੂੰ ਹੀ ਵਧੀਆ ਕਾਰਗੁਜ਼ਾਰੀ ਵਿਖਾਉਣ 'ਤੇ ਵਧਾਈ ਦਿੱਤੀ। ਇਸ ਮੌਕੇ 'ਤੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਪੁਲਸ ਨੇ 110 ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕਰਕੇ ਅਸਲ ਮਾਲਕਾਂ ਨੂੰ ਸੌਂਪੇ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਐੱਸ ਐੱਸ ਪੀ ਗੁਰਦਾਸਪੁਰ ਸ੍ਰੀ ਆਦਿੱਤਿਆ ਦੀ ਅਗਵਾਈ ਵਿੱਚ ਗੁਰਦਾਸਪੁਰ ਪੁਲਿਸ ਨੇ ਗੁੰਮ ਹੋਏ ਮੋਬਾਈਲਾਂ ਨੂੰ ਟਰੇਸ ਕਰਕੇ ਮੁੜ ਅਸਲ ਮਾਲਕਾਂ ਨੂੰ ਸੌਂਪੇ ਹਨ। ਪੁਲਿਸ ਲਾਇਨ ਗੁਰਦਾਸਪੁਰ ਵਿਖੇ ਕਰਵਾਏ ਸਮਾਗਮ ਦੌਰਾਨ ਐੱਸ ਐੱਸ ਪੀ ਆਦਿੱਤਿਆ ਵਲੋਂ ਅਸਲ ਮਾਲਕਾਂ



ਨੂੰ ਉਨ੍ਹਾਂ ਦੇ ਗੁੰਮ ਹੋਏ ਮੋਬਾਈਲ ਫੋਨ ਦੁਬਾਰਾ ਫਿਰ ਉਨ੍ਹਾਂ ਦੇ ਹੱਥਾਂ ਵਿੱਚ ਸੌਂਪੇ ਗਏ। ਇਸ ਮੌਕੇ ਉਲੰਪੀਅਨ ਜੁਗਰਾਜ ਸਿੰਘ ਐੱਸ ਪੀ (ਐੱਚ) ਗੁਰਦਾਸਪੁਰ ਵੀ ਮੌਜੂਦ ਸਨ। ਐੱਸ ਐੱਸ ਪੀ ਗਰਦਾਸਪੁਰ ਨੇ ਦੱਸਿਆ ਕਿ ਗੁਰਦਾਸਪੁਰ ਪੁਲਿਸ ਨੇ ਇੱਕ ਵਿਸ਼ੇਸ਼ ਮੁਹਿੰਮ ਤਹਿਤ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਗੁਰਦਾਸਪੁਰ ਅਤੇ ਟੈਕਨੀਕਲ ਸੈੱਲ ਦੇ ਯਤਨਾਂ ਨਾਲ 110 ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕੀਤੇ। ਬਰਾਮਦ ਕੀਤੇ ਗਏ ਫੋਨਾਂ ਦੀ ਕੁੱਲ ਕੀਮਤ ਲਗਭਗ 25 ਲੱਖ ਰੁਪਏ ਹੈ। ਇਹ ਰਿਕਵਰੀ ਪੁਲਿਸ ਟੀਮਾਂ ਦੁਆਰਾ ਆਈ.ਐੱਮ.ਈ.ਆਈ ਨੰਬਰਾਂ ਦੀ ਨਿਰੰਤਰ ਟਰੈਕਿੰਗ, ਤਕਨੀਕੀ ਵਿਸ਼ਲੇਸ਼ਣ ਅਤੇ ਫੀਲਡ ਵੈਰੀਫਿਕੇਸ਼ਨ ਰਾਹੀਂ ਕੀਤੀ ਗਈ।ਇਸ ਮੌਕੇ ਲਾਭਪਾਤਰੀਆਂ ਇੱਕ ਵਾਰ ਫਿਰ ਗੁਰਦਾਸਪੁਰ ਪੁਲਿਸ ਦਾ ਉਨ੍ਹਾਂ ਦੀ ਤੁਰੰਤ ਕਾਰਵਾਈ ਅਤੇ ਸਹਾਇਤਾ ਲਈ ਧੰਨਵਾਦ ਕੀਤਾ।

# ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਦਾ ਨਤੀਜਾ ਰਿਹਾ ਸ਼ਾਨਦਾਰ : ਚੇਅਰਮੈਨ ਜਸਵੰਤ ਸਿੰਘ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਦਾ ਦਸਵੀਂ ਕਲਾਸ ਦਾ ਨਤੀਜਾ ਸੀ,ਬੀ,ਐਸ,ਈ ਬੋਰਡ ਵੱਲੋਂ ਆ ਗਿਆ ਹੈ। ਜਿਸ ਵਿੱਚ ਸਕੂਲ ਦੇ ਬੱਚਿਆਂ ਵੱਲੋਂ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਗਿਆ । ਦਸਵੀਂ ਜਮਾਤ ਦੀ ਗੁਰਅਸੀਸ ਕੌਰ ਨੇ ਸਾਰੀ ਕਲਾਸ ਵਿੱਚੋਂ ਪਹਿਲਾ ਸਥਾਨ ਅਭੀਜੋਤ ਕੌਰ ਨੇ ਦੂਜਾ ਸਥਾਨ, ਖੁਸ਼ਮੀਤ ਕੌਰ ਅਤੇ ਗੁਰਨੂਰ ਕੌਰ ਤੀਜਾ ਸਥਾਨ ਹਾਸਿਲ ਕੀਤਾ। ਸਕੂਲ ਦੇ



ਚੇਅਰਮੈਨ ਸ੍ਰ:ਜਸਵੰਤ ਸਿੰਘ ਅਤੇ ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਇਹਨਾਂ ਹੋਣਹਾਰ ਬੱਚਿਆਂ ਦਾ ਮੂੰਹ ਮਿੱਠਾ ਕਰਵਾਕੇ ਵਧਾਈ ਦਿੱਤੀ। ਚੇਅਰਮੈਨ ਸ੍ਰ:ਜਸਵੰਤ ਸਿੰਘ ਨੇ ਕਿਹਾ ਕਿ ਇਹ ਪ੍ਰਾਪਤੀ ਇਹਨਾਂ ਬੱਚਿਆਂ ਦੇ ਨਾਲ ਨਾਲ ਸਕੂਲ ਦੇ ਸਮੂਹ ਸਟਾਫ ਦੀ ਵੀ ਹੈ। ਜਿਨਾਂ ਨੇ ਇਹਨਾਂ ਬੱਚਿਆਂ ਨੂੰ ਮਿਹਨਤ ਕਰਵਾਕੇ ਇਸ ਯੋਗ ਬਣਾਇਆ। ਉਹਨਾਂ ਅੱਗੇ ਕਿਹਾ ਕਿ ਸਕੂਲ ਵਿੱਚ ਪੜ੍ਹਾਈ ਦੇ ਨਾਲ-ਨਾਲ ਹਰ ਖੇਤਰ ਵਿੱਚ ਬੱਚਿਆਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਬੱਚਿਆਂ ਦੇ ਮਾਤਾ ਪਿਤਾ ਨੂੰ ਅਤੇ ਸਾਰੇ ਸਟਾਫ ਮੈਂਬਰਾਂ ਨੂੰ ਵਧਾਈ ਦਿੱਤੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੀ ਚਿਰੋਕਣੀ ਮੰਗ ਨੂੰ ਪਿਆ ਬੂਰ

## ਹੈਲਥ ਕੇਅਰ ਪ੍ਰੋਵਾਈਡਰਜ਼ ਵਜੋਂ ਸ਼ਾਰਟ ਟਰਮ ਸਿਖਲਾਈ ਦੇ ਦਿੱਤੇ ਆਦੇਸ਼

**ਪੱਟੀ (ਬਲਦੇਵ ਸਿੰਘ ਸੰਧੂ)**- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਮੁੱਖ ਦਫ਼ਤਰ ਨੇੜੇ ਟੀਵੀ ਟਾਵਰ ਬਠਿੰਡਾ ਦਾ ਸੂਬਾਈ ਵਫ਼ਦ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸੱਦੇ 'ਤੇ ਕੈਬਨਿਟ ਸਬ ਕਮੇਟੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੀ ਨੂੰ ਮਿਲਿਆ।ਵਫ਼ਦ ਵਿੱਚ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਚੇਅਰਮੈਨ ਐੱਚ. ਐੱਸ. ਰਾਣੂ, ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਅਤੇ ਜ਼ਿਲ੍ਹਾ ਮੋਹਾਲੀ ਦੇ ਪ੍ਰਧਾਨ ਬਲਵੀਰ ਸਿੰਘ ਸ਼ਾਮਲ ਹੋਏ।ਮੀਟਿੰਗ ਦੌਰਾਨ ਸਿਹਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕੁਮਾਰ ਰਾਹੁਲ ਅਤੇ ਸਪੈਸ਼ਲ ਸਕੱਤਰ ਫਾਇਨਾਂਸ ਅਜੇ ਅਰੋੜਾ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਐਸੋਸੀਏਸ਼ਨ ਵੱਲੋਂ ਮੰਗ ਪੱਤਰ ਅਤੇ ਲੋੜੀਂਦੇ ਹਵਾਲਾ ਦਸਤਾਵੇਜ਼ਾਂ ਦੀ ਫਾਈਲ ਸਰਕਾਰ ਅੱਗੇ ਪੇਸ਼ ਕਰਦਿਆਂ ਮੰਗ ਕੀਤੀ ਕਿ ਸਰਕਾਰ ਕੋਈ ਸੰਖੇਪ ਬ੍ਰਿਜ



ਕੋਰਸ ਕਰਵਾ ਕੇ ਮੁਢੱਲੀਆਂ ਸਿਹਤ ਸੇਵਾਵਾਂ ਲਈ ਹੈਲਥ ਕੇਅਰ ਪ੍ਰੋਵਾਈਡਰ ਵਜੋਂ ਅਧਿਕਾਰਿਤ ਕਰਨ ਦੀ ਖੇਚਲ ਕਰੇ। ਸਬ ਕਮੇਟੀ ਅੱਗੇ ਪੇਸ਼ ਕੀਤੇ ਦਸਤਾਵੇਜ਼ਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਇਸ ਸਬੰਧੀ ਸਾਰਥਿਕ ਹੁੰਗਾਰਾ ਭਰਦਿਆਂ ਜਲਦੀ ਹੀ ਇਹ ਕੋਰਸ ਸ਼ੁਰੂ ਕਰਨ ਦੀ ਯੋਜਨਾ ਨੂੰ ਪੂਰਾ ਕਰਨ ਲਈ ਹਾਜ਼ਰ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਤਾਂ ਜੋ ਪੰਜਾਬ 'ਚ ਸੇਵਾਵਾਂ ਨਿਭਾ ਰਹੇ ਡੇਢ ਲੱਖ ਹੈਲਥ ਕੇਅਰ ਪ੍ਰੋਵਾਈਡਰਾਂ ਦੇ ਰੁਜ਼ਗਾਰ ਨੂੰ ਕੋਈ ਆਂਚ ਨਾ ਆਵੇ ਅਤੇ ਉਨ੍ਹਾਂ ਦਾ ਮਾਨ ਸਨਮਾਨ ਵੀ ਬਰਕਰਾਰ ਰਹਿ ਸਕੇ।ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਐਸੋਸੀਏਸ਼ਨ ਦੇ ਵੱਡੀ ਗਿਣਤੀ ਆਗੂਆਂ ਅਤੇ ਵਰਕਰਾਂ ਵੱਲੋਂ ਸੰਗਰੂਰ ਵਿਖੇ ਇੱਕ ਇਤਿਹਾਸਕ ਰੈਲੀ ਕੀਤੀ ਗਈ ਸੀ ਜਿਸ ਦੌਰਾਨ ਪ੍ਰਸ਼ਾਸਨ ਵੱਲੋਂ 16 ਅਪ੍ਰੈਲ ਦੀ ਕੈਬਨਿਟ ਸਬ ਕਮੇਟੀ ਨਾਲ ਮੀਟਿੰਗ ਨਿਰਧਾਰਿਤ ਕੀਤੀ ਗਈ ਸੀ ਅਤੇ ਭਰੋਸਾ ਦਿੱਤਾ ਗਿਆ ਸੀ ਕਿ ਲੱਖਾਂ ਦੀ ਗਿਣਤੀ 'ਚ ਇਸ ਕਿੱਤੇ ਨਾਲ ਜੁੜੇ ਮੁਢੱਲੀਆਂ ਸਿਹਤ ਸੇਵਾਵਾਂ ਦੇ ਰਹੇ ਪ੍ਰਾਇਮਰੀ ਹੈਲਥ ਕੇਅਰ ਪ੍ਰੋਵਾਈਡਰਾਂ ਨੂੰ ਸ਼ਾਰਟ ਟਰਮ ਟ੍ਰੇਨਿੰਗ ਦੇ ਕੇ ਸਿਹਤ ਸੇਵਾਵਾਂ ਦੇ ਖੇਤਰ 'ਚ ਪਾਏ ਜਾ ਰਹੇ ਯੋਗਦਾਨ ਨੂੰ ਬਾਦਸਤੂਰ ਜ਼ਾਰੀ ਰੱਖਿਆ ਜਾਵੇਗਾ।

# ਮੌਂਟੈਸਰੀ ਕੈਂਬ੍ਰਿਜ ਸਕੂਲ ਪਠਾਨਕੋਟ ਦੇ ਦਸਵੀਂ ਕਲਾਸ ਦੇ ਨਤੀਜੇ ਆਏ ਸ਼ਾਨਾਮੱਤੇ



**ਪਠਾਨਕੋਟ (ਦਵਿੰਦਰ ਸਿੰਘ)**- ਮੌਂਟੈਸਰੀ ਕੈਂਬ੍ਰਿਜ ਸਕੂਲ, ਪਠਾਨਕੋਟ ਨੇ ਸ਼ਾਨਦਾਰ ਉਪਲਬਧੀ ਦਰਜ ਕੀਤੀ, ਜਿਸ ਵਿੱਚ 30 ਵਿਦਿਆਰਥੀਆਂ ਨੇ 95 ਪ੍ਰਤੀਸ਼ਤ ਤੋਂ ਵੱਧ ਅੰਕ ਹਾਸਲ ਕੀਤੇ, 62 ਵਿਦਿਆਰਥੀਆਂ ਨੇ 90 ਪ੍ਰਤੀਸ਼ਤ ਤੋਂ ਉਪਰ ਅਤੇ 126 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ।

ਅਗਰਿਮ ਗੁਪਤਾ ਨੇ 99.6 ਪ੍ਰਤੀਸ਼ਤ ਅੰਕ ਲੈ ਕੇ ਓਵਰਆਲ ਟੌਪਰ ਬਣਨ ਦਾ ਮਾਣ ਹਾਸਲ ਕੀਤਾ।ਸਵਾਨਕ ਸ਼ਰਮਾ (99.2%), ਰਿਚਾ ਸੰਜਨ (99.0%) ਅਤੇ ਭਾਰਗਵ ਸ਼ਰਮਾ (98.6%) ਅੰਕ ਪ੍ਰਾਪਤਕੀਤੇ।ਅੰਗਰੇਜ਼ੀ ਵਿੱਚ ਅਗਰਿਮ ਗੁਪਤਾ, ਆਰਵਨ ਸ਼ਾਂਡਿਲਯ, ਦਿਵਿਆਂਗਨਾ ਅਤੇ ਅਕਸ਼ਿਕਾ ਨੇ 100% ਅੰਕ ਹਾਸਲ ਕੀਤੇ।ਹਿੰਦੀ ਵਿੱਚ ਸਵਾਨਕ ਸ਼ਰਮਾ, ਅਗਰਿਮ ਗੁਪਤਾ, ਰਿਚਾ ਸੰਜਨ ਅਤੇ ਆਰਾਧਿਆ ਸ਼ਰਮਾ ਨੇ ਵੀ 100% ਪ੍ਰਾਪਤ ਕੀਤੇ।ਗਣਿਤ ਵਿੱਚ ਅਗਰਿਮ ਗੁਪਤਾ ਅਤੇ ਆਰਵਨ ਸ਼ਾਂਡਿਲਯ ਨੇ 100% ਲੈ ਕੇ ਆਪਣੀ ਵਿਸ਼ਲੇਸ਼ਣਾਤਮਕ ਯੋਗਤਾ ਦਿਖਾਈ।ਵਿਗਿਆਨ ਵਿੱਚ ਸਵਾਨਕ ਸ਼ਰਮਾ, ਅਗਰਿਮ ਗੁਪਤਾ ਅਤੇ ਰਿਚਾ ਸੰਜਨ ਨੇ ਵੀ 100% ਅੰਕ ਹਾਸਲ ਕਰਕੇ ਆਪਣੀ ਮਜ਼ਬੂਤ ਸਮਝ ਦਰਸਾਈ।ਸਮਾਜਿਕ ਵਿਗਿਆਨ ਵਿੱਚ ਵੀ ਕਈ ਵਿਦਿਆਰਥੀਆਂ ਨੇ 99-100% ਅੰਕ ਹਾਸਲ ਕੀਤੇ।ਪ੍ਰਬੰਧਨ ਨੇ ਸਾਰੇ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ।ਚੇਅਰਮੈਨ ਵਿਨੋਦ ਮਹਾਜਨ, ਵਾਈਸ ਚੇਅਰਮੈਨ ਆਕਾਸ਼ ਮਹਾਜਨ ਅਤੇ ਡਾਇਰੈਕਟਰ/ਪ੍ਰਿੰਸੀਪਲ ਰਸ਼ਮੀ ਆਹਲੂਵਾਲੀਆ ਨੇ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ।ਮੌਂਟੈਸਰੀ ਕੈਂਬ੍ਰਿਜ ਸਕੂਲ, ਪਠਾਨਕੋਟ ਅਜੇ ਵੀ ਨੌਜਵਾਨ ਮਨਾਂ ਨੂੰ ਉਚੇ ਲਕਸ਼ ਪ੍ਰਾਪਤ ਕਰਨ ਲਈ ਪ੍ਰੇਰਿਤ ਕਰ ਰਿਹਾ ਹੈ ਅਤੇ ਇਹ ਕਾਮਯਾਬੀ ਆਉਣ ਵਾਲੇ ਸਮੇਂ ਲਈ ਨਵੇਂ ਮਿਆਰ ਸਥਾਪਿਤ ਕਰਦੀ ਹੈ। ਇਹ ਸਫਲਤਾ ਦੀ ਕਹਾਣੀ ਸਮਰਪਣ, ਮਾਰਗਦਰਸ਼ਨ ਅਤੇ ਸ਼੍ਰੇਸ਼ਠਤਾ ਦਾ ਇੱਕ ਚਮਕਦਾਰ ਉਦਾਹਰਨ ਹੈ।

# ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਭਗਵਾਨ ਵਾਲਮੀਕਿ ਪ੍ਰਾਚੀਨ ਮੰਦਰ ਪ੍ਰਬੰਧਕ ਕਮੇਟੀ, ਗੇਟ ਭਗਤਾਂਵਾਲਾ ਵੱਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ 135ਵਾਂ ਜਨਮ



ਦਿਹਾੜਾ ਕੇਕ ਕੱਟ ਕੇ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਮਹਿਮਾਨਾਂ ਮੰਗਤ ਰਾਮ, ਤਰਸੇਮ ਕੁਮਾਰ, ਇੱਜ਼ਤ ਕੁਮਾਰ ਆਦਿ ਨੇ ਕੇਕ ਕੱਟਣ ਦੀ ਰਸਮ ਅਦਾ ਕੀਤੀ। ਉਨ੍ਹਾਂ ਨੇ ਬੱਚਿਆਂ ਨੂੰ ਕਿਤਾਬਾਂ, ਕਾਪੀਆਂ ਤੇ ਪੈੱਨ ਵੀ ਵੰਡੇ। ਬਤੌਰ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਐੱਸ. ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰਪਾਲ, ਸ਼ਰਮਾ ਫੋਟੋ ਸਟੇਟ ਵਾਲੇ, ਤਿਲਕ ਰਾਜ ਸਹੋਤਾ ਵਾਲਮੀਕਿ ਆਦਿ ਧਰਮ ਸਮਾਜ, ਵਿਜੇ, ਰਾਜ ਪ੍ਰਧਾਨ ਗੁੱਜਰਪੁਰਾ, ਅਨਿਲ ਕੁਮਾਰ, ਰੁਸਤਮ-ਏ-ਹਿੰਦ ਪਹਿਲਵਾਨ ਵਿਜੇ ਕੁਮਾਰ ਬਿੱਲਾ ਨੇ ਇਲਾਕਾ ਨਿਵਾਸੀਆਂ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ।

# ਵਿਧਾਇਕ ਰੰਧਾਵਾ ਵੱਲੋਂ ਲੋਕ ਹਿੱਤ ਯੋਜਨਾਵਾਂ ਬਾਰੇ ਵਿਚਾਰ-ਵਟਾਂਦਰਾ



**ਗੁਰਦਾਸਪੁਰ (ਜਨਕ ਮਹਾਜਨ)**- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਪਿੰਡ ਹਰੂਵਾਲ ਵਿਖੇ ਕਰਵਾਏ ਸਮਾਗਮ ਵਿੱਚ ਪਹੁੰਚੇ ਅਤੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬੀਤੇ 4 ਸਾਲਾਂ ਦੌਰਾਨ ਕਰਵਾਏ ਗਏ ਵਿਕਾਸ ਕੰਮਾਂ ਅਤੇ ਪੰਜਾਬ ਵਿੱਚ ਚੱਲ ਰਹੀਆਂ ਲੋਕ-ਹਿਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ।ਇਸ ਦੌਰਾਨ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਅਤੇ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਬਾਰੇ ਜਾਣੂ ਕਰਵਾਇਆ ਗਿਆ। ਨਾਲ ਹੀ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਵੀ ਧਿਆਨ ਨਾਲ ਸੁਣਿਆ ਗਿਆ, ਜੋ ਭਵਿੱਖ ਵਿੱਚ ਹੋਰ ਬਿਹਤਰ ਯੋਜਨਾਬੰਦੀ ਲਈ ਮਦਦਗਾਰ ਸਾਬਤ ਹੋਣਗੇ।ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਉਨ੍ਹਾਂ ਦੱਸਿਆ ਕਿ 9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। 40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ।ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ।

# ਰਾਣਾ ਸਵਰਾਜ ਯੂਨੀਵਰਸਲ ਪਬਲਿਕ ਸਕੂਲ ਧਾਰੀਵਾਲ ਦਾ ਦਸਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਧਾਰੀਵਾਲ, (ਮਨਦੀਪ ਵਿੱਕੀ)**- ਧਾਰੀਵਾਲ ਇਲਾਕੇ ਦੀ ਪ੍ਰਸਿੱਧ ਸਿੱਖਿਆ ਸੰਸਥਾ ਰਾਣਾ ਸਵਰਾਜ ਯੂਨੀਵਰਸਲ ਪਬਲਿਕ ਸਕੂਲ ਲੇਹਲ (ਧਰੀਵਾਲ) ਨੇ ਇੱਕ ਵਾਰ ਫਿਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਸਵੀਂ ਜਮਾਤ ਦੇ



ਨਤੀਜਿਆਂ ਵਿੱਚ ਕਾਮਯਾਬੀ ਦੀ ਨਵੀਂ ਮਿਸਾਲ ਕਾਇਮ ਕੀਤੀ ਹੈ।ਸਕੂਲ ਦੇ ਵਿਦਿਆਰਥੀਆਂ ਨੇ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਬਹੁਤ ਹੀ ਸ਼ਾਨਦਾਰ ਨਤੀਜੇ ਹਾਸਿਲ ਕੀਤੇ ।ਸਕੂਲ ਦੇ ਪ੍ਰਬੰਧਕ ਡਾ: ਸਰਬਜੀਤ ਸਿੰਘ ਛੀਨਾ ਅਤੇ ਸਕੂਲ ਦੇ ਪ੍ਰਿੰਸੀਪਲ ਜਤਿੰਦਰ ਕੌਰ ਸੋਹਲ ਨੇ ਦੱਸਿਆ ਕਿ ਇਸ ਸਾਲ ਸਕੂਲ ਦੀ ਹੋਣਹਾਰ ਵਿਦਿਆਰਥਣ ਸੰਚੀਤਾ ਨੇ 97% ਪ੍ਰਤੀਸ਼ਤ ਅੰਕ ਹਾਸਿਲ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਨੂਰਾਨ ਸਿੰਘ ਛੀਨਾ ਨੇ 92% ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਦੂਜਾ ਸਥਾਨ ਹਾਸਿਲ ਕੀਤਾ, ਸੱਚਦੀਪ ਕੌਰ ਨੇ 90.2% ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ, ਬਾਕੀ ਵਿਦਿਆਰਥੀਆਂ ਦੇ ਵੀ ਸ਼ਾਨਦਾਰ ਅੰਕ ਰਹੇ ਜੈਪ੍ਰਿਤ ਸਿੰਘ 89%, ਚੇਤਨ 87% ਜੋਇਲ ਕਲਿਆਣ 85%, ਸਿਮਰਨਜੀਤ ਕੌਰ 83.4%, ਸੰਜੀਵ ਮਸੀਹ 82.4%, ਗਗਨਦੀਪ ਕੌਰ 82.4%, ਹਰਪ੍ਰੀਤ ਕੌਰ 82% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸਭ ਦਾ ਮਾਣ ਵਧਾਇਆ।ਸਕੂਲ ਦੇ ਪ੍ਰਬੰਧਕ ਡਾ: ਸਰਬਜੀਤ ਸਿੰਘ ਛੀਨਾ ਅਤੇ ਸਕੂਲ ਦੇ ਪ੍ਰਿੰਸੀਪਲ ਜਤਿੰਦਰ ਕੌਰ ਸੋਹਲ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਨਤੀਜੇ ਬੱਚਿਆਂ ਦੀ ਲਗਨ ਮਾਪਿਆਂ ਦੇ ਸਹਿਯੋਗ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਹਨ। ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਹੀ ਬੱਚਿਆਂ ਨੂੰ ਉਚ ਦਰਜੇ ਦੀ ਸਿੱਖਿਆ ਦੇਣ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਵਚਨਬੱਧ ਹੈ।ਸਕੂਲ ਪ੍ਰਬੰਧਕ ਕਮੇਟੀ ਨੇ ਕਾਮਯਾਬ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਚਮਕਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਪ੍ਰਤਾਪ ਵਰਲਡ ਸਕੂਲ ਵੱਲੋਂ 10ਵੀਂ ਦੇ ਨਤੀਜਿਆਂ 'ਚ ਸ਼ਾਨਦਾਰ ਸਫਲਤਾ ਹਾਸਲ



## ● ਪ੍ਰਗੁਨ ਸ਼ਰਮਾ ਨੇ 99% ਅੰਕਾਂ ਨਾਲ ਕੀਤਾ ਟੌਪ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਨੇ ਇੱਕ ਵਾਰ ਫਿਰ ਸ਼ਾਨਦਾਰ ਪਰੰਪਰਾ ਨੂੰ ਕਾਇਮ ਰੱਖਦੇ ਹੋਏ ਕਲਾਸ 10 ਬੋਰਡ ਪ੍ਰੀਖਿਆਵਾਂ ਵਿੱਚ ਬਿਹਤਰੀਨ ਨਤੀਜੇ ਪ੍ਰਾਪਤ ਕੀਤੇ ਹਨ। ਸਾਲ 2006 ਵਿੱਚ ਸਥਾਪਿਤ ਇਹ ਸੰਸਥਾ ਆਪਣੇ 20 ਸਾਲਾਂ ਦੀ ਉਤਕ੍ਰਿਸ਼ਟਤਾ ਦਾ ਜਸ਼ਨ ਮਨਾ ਰਹੀ ਹੈ, 30 ਵਿਦਿਆਰਥੀਆਂ ਨੇ 90% ਜਾਂ ਇਸ ਤੋਂ ਵੱਧ ਅੰਕ ਹਾਸਲ ਕੀਤੇ। ਇਸ ਖੁਸ਼ੀ ਦੇ ਮੌਕੇ ਨੂੰ ਹੋਰ ਵੀ ਖਾਸ ਬਣਾਉਣ ਲਈ ਕਲਾਸ 10 ਦੇ ਸਾਰੇ ਵਿਦਿਆਰਥੀਆਂ ਵਿੱਚ ਮਿਠਾਈਆਂ ਵੰਡੀਆਂ ਗਈਆਂ, ਜਿਸ ਨਾਲ ਪੂਰੇ ਕੈਂਪਸ ਵਿੱਚ ਤਿਉਹਾਰੀ ਮਾਹੌਲ ਬਣ ਗਿਆ।ਪ੍ਰਗੁਨ ਸ਼ਰਮਾ ਨੇ 99% ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੰਸਥਾ ਦਾ ਮਾਣ ਵਧਾਇਆ। ਉਨ੍ਹਾਂ ਤੋਂ ਬਾਅਦ ਪ੍ਰਗਿਆਨ ਪ੍ਰਤੀਕ ਅਤੇ ਸ਼ਗੁਨ ਉਪਾਧਿਆਏ ਨੇ 97% ਅੰਕਾਂ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅਸੀਮ ਮੁਮਤਾਜ ਮਿਰਜ਼ਾ ਨੇ 96.4%, ਜਦ ਕਿ ਗਿਆਨ ਸਤੁਤੀ ਨੇ 96% ਅਤੇ ਆਸਥਾ ਯਾਦਵ ਨੇ 95.4% ਅੰਕ ਪ੍ਰਾਪਤ ਕੀਤੇ। ਹੋਰ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲਿਆਂ ਵਿੱਚ ਰੁਦਰਾਂਸ਼ ਸਿੰਘ ਨੇ 94.2%, ਅੰਸ਼ਿਕਾ ਠਾਕੁਰ ਨੇ 94%, ਜਦ ਕਿ ਸੌਮਿਲੀ ਕੁੰਡੂ ਅਤੇ ਨੇਹਨ ਨੇ 93.2% ਅੰਕ ਪ੍ਰਾਪਤ ਕੀਤੇ। ਸਵਾਸਤਿਕਾ ਨੇ 93% ਅੰਕ ਪ੍ਰਾਪਤ ਕੀਤੇ, ਜਦ ਕਿ ਗੌਰਵ ਭਗਤ, ਮੁਹੰਮਦ ਫੈਜ਼ਾਨ ਅਤੇ ਸੰਯਮ ਦੱਤਾ ਨੇ 92.2% ਅੰਕ ਹਾਸਲ ਕੀਤੇ। ਬਿਸ਼ੰਭਰ ਧਵਨ ਨੇ 91.2%, ਜਦ ਕਿ ਨਿਹਾਰਿਕਾ ਸ਼ਰਮਾ, ਉੱਜਵਲ ਸਿੰਘ ਅਤੇ ਸ਼ੌਰਿਆ ਠਾਕੁਰ ਨੇ 91% ਅੰਕ ਪ੍ਰਾਪਤ ਕੀਤੇ।ਉਪਲਬਧੀ ਸੂਚੀ ਨੂੰ ਅੱਗੇ ਵਧਾਉਂਦੇ ਹੋਏ ਵਰੁਣ ਬਾਲੀ ਨੇ 90.4% ਅੰਕ ਪ੍ਰਾਪਤ ਕੀਤੇ, ਜਦ ਕਿ ਗਰਗੀ ਰਾਜਪੂਤ, ਪ੍ਰਿਆਨ ਧਨਖੜ ਅਤੇ ਆਰਯਨ ਠਾਕੁਰ ਨੇ 90.2% ਅੰਕ ਹਾਸਲ ਕੀਤੇ। ਮੁਸਕਾਨ, ਅਰਨਵ ਜਸਰੋਟੀਆ, ਸਮਰੱਥ ਰੰਧਵਾਲ, ਆਸ਼ੀਸ਼ ਵਤਸ, ਉਮੰਗ ਸ਼ਰਮਾ, ਰਯਾਂਸ਼ ਪ੍ਰਤਾਪ ਸਿੰਘ ਅਤੇ ਕੁਸ਼ੇਸ਼ ਖਜੂਰੀਆ ਨੇ 90% ਅੰਕ ਪ੍ਰਾਪਤ ਕਰਕੇ ਇਸ ਸ਼ਾਨਦਾਰ ਨਤੀਜੇ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਦਿੱਤਾ। ਇਸ ਤੋਂ ਇਲਾਵਾ, 48 ਵਿਦਿਆਰਥੀਆਂ ਨੇ 80% ਤੋਂ 90% ਦੇ ਵਿਚਕਾਰ ਅੰਕ ਪ੍ਰਾਪਤ ਕਰਕੇ ਸਕੂਲ ਦੇ ਕੁੱਲ ਨਤੀਜੇ ਨੂੰ ਹੋਰ ਵੀ ਉਤਕ੍ਰਿਸ਼ਟ ਬਣਾਇਆ।ਨਿਰਦੇਸ਼ਕ ਸਨੀ ਮਹਾਜਨ ਨੇ ਵਿਦਿਆਰਥੀਆਂ ਦੀਆਂ ਉਪਲਬਧੀਆਂ 'ਤੇ ਮਾਣ ਪ੍ਰਗਟਾਉਂਦੇ ਹੋਏ ਉਨ੍ਹਾਂ ਨੂੰ ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਲਈ ਵਧਾਈ ਦਿੱਤੀ।

# ਜੇ ਐੱਮ ਕੇ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਕਲਾਸ ਦਾ ਨਤੀਜਾ ਸੌ ਫੀਸਦੀ

**ਪਠਾਨਕੋਟ (ਦਵਿੰਦਰ ਸਿੰਘ)**- ਜੇ.ਐਮ.ਕੇ ਇੰਟਰਨੈਸ਼ਨਲ ਸਕੂਲ ਦਾ ਦਸਵੀਂ ਕਲਾਸ ਦਾ ਨਤੀਜਾ ਇਸ ਸਾਲ ਸੌ ਫੀਸਦੀ ਰਿਹਾ, ਜਿਸ ਨਾਲ ਸਕੂਲ ਵਿੱਚ ਖੁਸ਼ੀ ਦਾ ਮਾਹੌਲ ਬਣ ਗਿਆ। ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਨਾ ਸਿਰਫ ਸਕੂਲ ਬਲਕਿ ਆਪਣੇ ਮਾਪਿਆਂ ਦਾ ਵੀ ਨਾਮ ਰੌਸ਼ਨ ਕੀਤਾ।ਦਸਵੀਂ ਕਲਾਸ ਵਿੱਚ ਜੈਸਮੀਨ ਕੌਸ਼ਲ ਨੇ 98 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ। ਪਲਕ ਪਰਾਸ਼ਰ ਨੇ 96.4 ਫੀਸਦੀ ਅੰਕਾਂ ਨਾਲ ਦੂਜਾ ਅਤੇ ਦਿਵਿਆਂਸ਼ ਪ੍ਰਤਾਪ ਚੌਹਾਨ ਨੇ 96 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਸੇਹਰ ਮਹਾਜਨ ਨੇ 95.8 ਫੀਸਦੀ ਅੰਕਾਂ ਨਾਲ ਚੌਥਾ, ਦੇਵਾਂਗ ਮਹਾਜਨ ਨੇ 94.8 ਫੀਸਦੀ ਨਾਲ ਪੰਜਵਾਂ ਅਤੇ ਮਾਧਵ ਮਹਾਜਨ ਨੇ 94.6 ਫੀਸਦੀ ਅੰਕਾਂ ਨਾਲ ਛੇਵਾਂ ਸਥਾਨ ਹਾਸਲ ਕੀਤਾ। ਅਵਨੀ ਨੇ 93.2 ਫੀਸਦੀ ਅੰਕ ਲੈ ਕੇ ਸੱਤਵਾਂ, ਨੈਤਿਕ ਮਹਾਜਨ ਨੇ 92.8 ਫੀਸਦੀ ਨਾਲ ਅੱਠਵਾਂ, ਨਵਮ ਸ਼ਰਮਾ ਅਤੇ ਤਜਿੰਦਰ ਕੌਰ ਨੇ ਮਿਲ ਕੇ 92 ਫੀਸਦੀ



ਅੰਕਾਂ ਨਾਲ ਨੌਵਾਂ, ਜਾਨਵੀ ਮਹਾਜਨ ਨੇ 91.8 ਫੀਸਦੀ ਨਾਲ ਦਸਵਾਂ, ਅਨਵੀ ਮਹਾਜਨ ਨੇ 90.8 ਫੀਸਦੀ ਨਾਲ ਗਿਆਰਵਾਂ, ਪਣਵ ਮਹਾਜਨ ਨੇ 90.6 ਫੀਸਦੀ ਨਾਲ ਬਾਰਹਵਾਂ ਅਤੇ ਸ਼ਾਇਨਾ ਸਮਰਥ ਨੇ 90 ਫੀਸਦੀ ਨਾਲ ਤੇਰਵਾਂ ਸਥਾਨ ਪ੍ਰਾਪਤ ਕੀਤਾ।ਹੋਰ ਵਿਦਿਆਰਥੀਆਂ ਵਿੱਚ ਸ਼ੌਰਿਆ ਸਿੰਘ ਅਤੇ ਨੇਹਲ ਗੁਪਤਾ ਨੇ (89.6%), ਹਰਾਂਸ਼ਪ੍ਰੀਤ ਸਿੰਘ (89.2%), ਆਲਿਸ਼ਾ ਸਲਗਾਨੀਆ ਅਤੇ ✱ਪਰਾਰਥਿਨ ਮਹਾਜਨ ਨੇ (89%), ਗੁਰਅੰਸ਼ ਸਿੰਘ ਅਤੇ ਰਿਦਮ ਸ਼ਰਮਾ ਨੇ (88.4%), ਜਸਨਮ ਸਿੰਘ ਅਤੇ ਕ੍ਰਿਸ਼ਿਵ ਗੁਪਤਾ ਨੇ (88.6%), ਯੁਵਰਾਜ ਸ਼ਰਮਾ (88%), ਸੀਰਤ (87.6%), ਅਨਨਿਆ, ਨਿਖਿਲ ਅਤੇ ਆਰਵ ਸ਼ਰਮਾ ਨੇ ਮਿਲ ਕੇ (87%), ਰਿਧਿਮਾ ਵਿਜ (86.8%), ਪਰਿਧੀ (86.6%), ਵੈਭਵ ਤੁਲੀ (86.2%), ਪ੍ਰੀਥੀਸ਼ (85.8%) ਅਤੇ ਤਮੰਨਾ (85.2%) ਨੇ ਵੀ ਸ਼ਾਨਦਾਰ ਅੰਕ ਹਾਸਲ ਕੀਤੇ।ਸਕੂਲ ਦੇ ਚੇਅਰਮੈਨ ਅਨੁਜ ਸੂਦ, ਡਾਇਰੈਕਟਰ ਤਾਨਿਆ ਸੂਦ, ਅਸਿਸਟੈਂਟ ਡਾਇਰੈਕਟਰ ਚਰਨਜੀਤ ਸਿੰਘ ਅਤੇ ਪ੍ਰਿੰਸੀਪਲ ਨੀਤੀ ਕੋਚਰ ਨੇ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਲੱਛਮਣ ਸੋਬਤੀ ਵੱਲੋਂ ਸ਼ੇਰੋਵਾਲੀਆ ਦਾ ਧੰਨਵਾਦ



**ਸ਼ਾਹਕੋਟ (ਗਿਆਨ ਸੈਦਪੁਰੀ)**- ਪਿਛਲੇ ਦਿਨੀਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਪੰਜਾਬ ਦੇ ਵੱਖ ਵੱਖ ਹਲਕਿਆਂ ਵਿੱਚ ਬਲਾਕ ਪ੍ਰਧਾਨਾਂ ਅਤੇ ਸ਼ਹਿਰੀ ਪ੍ਰਧਾਨਾਂ ਦੇ ਨਾਵਾਂ ਦੀ ਸੂਚੀ ਜਾਰੀ ਕੀਤੀ ਗਈ ਸੀ ਜਿਸ ਵਿੱਚ ਹਲਕਾ ਸ਼ਾਹਕੋਟ ਤੋਂ ਲਛਮਣ ਸੋਬਤੀ ਨੂੰ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਵੀਰਵਾਰ ਨੂੰ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਲਛਮਣ ਸੋਬਤੀ ਨੇ ਸਾਥੀਆਂ ਸਮੇਤ ਹਲਕਾ ਵਿਧਾਇਕ ਅਤੇ ਜਿਲ੍ਹਾ ਪ੍ਰਧਾਨ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਗ੍ਰਹਿ ਸਾਹਲਾ ਨਗਰ (ਮਲਸੀਆ) ਵਿਖੇ ਪਹੁੰਚ ਕੇ ਧੰਨਵਾਦ ਕੀਤਾ। ਇਸ ਮੌਕੇ ਹਲਕਾ ਵਿਧਾਇਕ ਸ਼ੇਰੋਵਾਲੀਆ ਨੇ ਸਭ ਨੂੰ ਜੀ ਆਇਆ ਨੂੰ ਆਖਦਿਆ ਕਿਹਾ ਕਿ ਸ਼ਹਿਰ ਵਿੱਚ ਕਾਂਗਰਸ ਪਾਰਟੀਆਂ ਦੀਆਂ ਨੀਤੀਆਂ ਸੋਬਤੀ ਦੇ ਨਾਲ ਇੱਕ ਟੀਮ ਬਣ ਕੇ ਪਹੁੰਚਾਉਣਾ ਤੁਹਾਡੀ ਸਭ ਦੀ ਜਿੰਮੇਵਾਰੀ ਬਣਦੀ ਹੈ ਤਾਂ ਜੋ ਮਿਸ਼ਨ 2027 ਨੂੰ ਫ਼ਤਿਹ ਕੀਤਾ ਜਾ ਸਕੇ। ਉਨ੍ਹਾਂ ਲਛਮਣ ਸੋਬਤੀ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਲਛਮਣ ਸੋਬਤੀ ਨੇ ਹਲਕਾ ਵਿਧਾਇਕ ਸ਼ੇਰੋਵਾਲੀਆ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੇ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਅੱਗਰਵਾਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਮਨਜੀਤ ਸਿੰਘ ਸੱਤਾ ਟਰਾਂਸਪੋਰਟ, ਸੋਨੂੰ ਕੰਗ ਪੀ.ਏ, ਸੋਨੂੰ ਮਿੱਤਲ, ਗਗਨ ਜਿੰਦਲ, ਰੋਮੀ ਗਿੱਲ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਅਮਰਜੀਤ ਕੌਰ ਸਚਦੇਵਾ ਸ਼ਹਿਰੀ ਪ੍ਰਧਾਨ ਮਹਿਲਾ ਕਾਂਗਰਸ, ਕੁਲਵਿੰਦਰ ਕੌਰ, ਬੰਟੀ ਬਠੌਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ, ਅਮਨਦੀਪ ਸੈਦਪੁਰੀ, ਵਰੁਣ ਮਲਹੋਤਰਾ, ਮੋਹਿਤ ਗਰਗ, ਰੂਪ ਜੋਸਨ, ਧਰਮਿੰਦਰ ਸੋਬਤੀ, ਵਰਿੰਦਰ ਰਤਨਪਾਲ, ਖੁਸ਼ਦੀਪ ਸਿੰਘ ਧੰਜੂ ਸਾਬਕਾ ਪ੍ਰਧਾਨ, ਸੁਰਿੰਦਰ ਸਿੰਘ ਭੱਟੀ, ਸੁਰਿੰਦਰ ਕੁਮਾਰ ਬੱਬੂ, ਦਮਨ ਜੁਨੇਜਾ, ਸੰਦੀਪ ਪੁਰੀ, ਨਵੀਨ ਗੁੰਬਰ, ਅਚਿੰਤ ਗਰਗ, ਸਾਬਾ ਪੰਡਿਤ, ਸ਼ੈਲੀ ਸੁਨਿਆਰਾ ਆਦਿ ਮੌਜੂਦ ਸਨ।

# ਦਾਣਾ ਮੰਡੀ ਸਰਨਾ 'ਚ ਕੈਬਨਿਟ ਮੰਤਰੀ ਕਟਾਰੂ ਚੱਕ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ

**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਅਧੀਨ ਆਉਂਦੀ ਸਰਨਾ ਦਾਣਾ ਮੰਡੀ (ਰਾਜਨ ਦੀ ਮੰਡੀ) ਵਿਖੇ ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਕਣਕ ਦੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ ਮੰਡੀ ਵਿੱਚ ਕੀਤੇ ਗਏ



ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵ ਸ਼੍ਰੀ ਵਿਕਾਸ ਸੈਨੀ ਚੇਅਰਮੈਨ ਮਾਰਕੀਟ ਕਮੇਟੀ ਪਠਾਨਕੋਟ, ਰਾਜ ਰਿਸ਼ੀ ਮਹਿਰਾ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਨਿਤਿਨ ਠਾਕੁਰ ਮੈਂਬਰ ਜਿਲ੍ਹਾ ਪਰਿਸ਼ਦ, ਭੁਪਿੰਦਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨ ਕੁਮਾਰ ਚੇਅਰਮੈਨ ਬਲਾਕ ਸੰਮਤੀ ਘਰੋਟਾ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਵੀ ਹਾਜ਼ਰ ਸਨ। ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੂਰੇ ਪੰਜਾਬ ਅੰਦਰ ਕਣਕ ਦੀ ਖਰੀਦ ਦਾ ਸਿਲਸਿਲਾ 1 ਅਪ੍ਰੈਲ ਤੋਂ ਸ਼ੁਰੂ ਕਰ ਦਿੱਤਾ ਗਿਆ ਹੈ।ਜਿਸ ਅਧੀਨ ਮੰਡੀਆਂ ਵਿੱਚ ਆ ਰਹੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕਿਸੇ ਵੀ ਕਿਸਾਨ ਨੂੰ ਮੰਡੀ ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਉਹਨਾਂ ਨੇ ਕਿਹਾ ਕਿ ਇਸ ਵਾਰ ਪੰਜਾਬ ਨੂੰ 122 ਲੱਖ ਮੈਟਰਿਕ ਟਨ ਕਣਕ ਦਾ ਟੀਚਾ ਮਿਲਿਆ ਹੈ ਪਰ ਪੰਜਾਬ ਨੇ 132 ਲੱਖ ਮੈਟਰਿਕ ਟਨ ਦਾ ਇੰਤਜ਼ਾਮ ਕੀਤਾ।ਕੈਬਨਿਟ ਮੰਤਰੀ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਸਰਕਾਰ ਵੱਲੋਂ ਉਨ੍ਹਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ ਅਤੇ ਭੁਗਤਾਨ ਵੀ ਸਮੇਂ ਸਿਰ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ ਤਾਂ ਜੋ ਕਿਸਾਨਾਂ ਨੂੰ ਕੋਈ ਪਰੇਸ਼ਾਨੀ ਨਾ ਆਵੇ।







HOSHIARPUR | LUDHIANA | MANDI GOBINDGARH

MARUTI SUZUKI ARENA — Hoshiarpur 84370-84370 | Mandi Gobindgarh / Ludhiana 84378-84378

NEXA — Hoshiarpur 81959-00054 | Ludhiana 70259-70259

TRUE VALUE Hoshiarpur 96478-96478

COMMERCIAL Hoshiarpur 84370-30411

MARUTI DRIVING SCHOOL Hoshiarpur / Sirhind 98788-35555


ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਅਤੇ ਡਾ. ਬੀ. ਆਰ. ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼-ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਜਸਵਿੰਦਰ ਸਿੰਘ ਪਰਮਾਰ
ਜਨ. ਸਕੱਤਰ, ਸਿੱਖ ਵੈਲਫੇਅਰ ਸੁਸਾਇਟੀ, ਹੁਸ਼ਿਆਰਪੁਰ

ਬਰਿੰਦਰ ਸਿੰਘ ਪਰਮਾਰ
ਜ਼ਿਲ੍ਹਾ ਸੀਨੀ. ਮੀਤ ਪ੍ਰਧਾਨ ਸ਼੍ਰੋ. ਅ. ਦਲ (ਬ)

## ਸਿੱਖ ਵੈਲਫੇਅਰ ਸੁਸਾਇਟੀ (ਰਜਿ.) ਹੁਸ਼ਿਆਰਪੁਰ

## ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ਼ ਐਸੋਸੀਏਸ਼ਨ

ਵੱਲੋਂ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ




Avtar Singh Mann

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਜੀ ਹਾਂ!

HP GAS
MANN GAS SERVICE

HP GAS your friendly gas

Tanda Bye Pass Road, Hoshiarpur (Punjab)
Telephone: 01882-250224

Website:www.hindpetro.com


ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

**ਇੰਦਰਸੁਖਦੀਪ ਸਿੰਘ**
ਦੋਆਬਾ ਜ਼ੋਨ ਕਨਵੀਨਰ

## ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ

ਸ੍ਰ. ਸਿਮਰਨਜੀਤ ਸਿੰਘ ਮਾਨ
ਸਾਬਕਾ ਮੈਂਬਰ ਪਾਰਲੀਮੈਂਟ

ਸ੍ਰ. ਗੁਰਦੀਪ ਸਿੰਘ ਖੁਣਖੁਣ
ਸੀਨੀ. ਮੀਤ ਪ੍ਰਧਾਨ, ਕਿਸਾਨ ਵਿੰਗ ਸ਼੍ਰ. ਅ. ਦਲ ਅੰਮ੍ਰਿਤਸਰ

ਸ੍ਰ. ਗੁਰਨਾਮ ਸਿੰਘ ਸਿਗੜੀਵਾੜ ਜ਼ਿਲ੍ਹਾ
ਜ਼ਿਲ੍ਹਾ ਪ੍ਰਧਾਨ ਸ਼੍ਰੋ. ਅ. ਦਲ ਅੰਮ੍ਰਿਤਸਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਐਲੀ ਅਸ਼ੋਕ ਪੁਰੀ, ਲੇਖਕ ਅਤੇ ਡਾਇਰੈਕਟਰ ਬਹੁ ਕਲਾ ਰੰਗ ਮੰਚ ਹੁਸ਼ਿਆਰਪੁਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਖੁਸ਼ੀ ਰਾਮ
ਡਵੀਜ਼ਨ ਪ੍ਰਧਾਨ

ਦੀਦਾਰ ਸਿੰਘ

ਗੀਤਪਾਲ ਸਿੰਘ

ਅਸ਼ਵਨੀ ਸ਼ਰਮਾ

ਠਾਕੁਰ ਅਵਤਾਰ ਸਿੰਘ

ਸਤਪਾਲ ਕਪੂਰ

ਮਨਧੀਰ ਸਿੰਘ

ਜੈ ਦੇਵ

ਰਜਿੰਦਰ ਸਿੰਘ

## ਪੀ ਐੱਸ ਪੀ ਸੀ ਐੱਲ ਪੈਨਸ਼ਨਰਜ਼ ਐਸੋਸੀਏਸ਼ਨ ਹੁਸ਼ਿਆਰਪੁਰ

## ਪੰਜਾਬ ਰੋਡਵੇਜ਼ ਪੈਨਸ਼ਨਰਜ਼ ਅਤੇ ਫੈਮਿਲੀ ਵੈੱਲਫੇਅਰ ਐਸੋਸੀਏਸ਼ਨ ਹੁਸ਼ਿਆਰਪੁਰ

ਬਹਾਦਰ ਸਿੰਘ
ਸਰਪ੍ਰਸਤ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਭੁਪਿੰਦਰ ਸਿੰਘ
ਪ੍ਰਧਾਨ

ਬਲਬੀਰ ਸਿੰਘ
ਜਨਰਲ ਸਕੱਤਰ

ਹਰਮੇਸ਼ਪਾਲ
ਸੀਨੀ. ਵਾਇਸ ਪ੍ਰਧਾਨ

ਪ੍ਰਿੰਸੀ. ਹਰਵਿੰਦਰ ਪਾਲ ਸਿੰਘ
ਵਿੱਤ ਸਕੱਤਰ

ਨੀਰਜ ਧਿਮਾਨ
ਪ੍ਰੈਸ ਸਕੱਤਰ

ਹਰਜਿੰਦਰ ਪਾਲ ਅਮਨ
ਪ੍ਰੋਫੈਸਰ ਸੰਗੀਤ

ਸੁਖਜੀਤ ਸਿੰਘ
ਲੈਬਾਰਟਰੀ ਵਿਭਾਗ

ਹਰਮਿੰਦਰ ਸਿੰਘ
ਲੈਬਾਰਟਰੀ ਵਿਭਾਗ

ਪ੍ਰੋ. ਜਸਪਾਲ ਸਿੰਘ

ਮਨਜੀਤ ਸਿੰਘ ਚੱਕ
ਅਕਾਊਂਟ ਵਿਭਾਗ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਸਰਕਾਰੀ ਕਾਲਜ ਹੁਸ਼ਿਆਰਪੁਰ

## ਜਮਹੂਰੀ ਕਿਸਾਨ ਸਭਾ ਹੁਸ਼ਿਆਰਪੁਰ

ਸੁਖਦੇਵ ਸਿੰਘ ਢਿੱਲੋਂ
ਕਿਸਾਨ ਆਗੂ

ਦਵਿੰਦਰ ਸਿੰਘ ਕੱਕੋਂ
ਜ਼ਿਲ੍ਹਾ ਜਨਰਲ ਸਕੱਤਰ

ਮਲਕੀਤ ਸਿੰਘ
ਸਲੇਮਪੁਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਵੀਰ ਪ੍ਰਤਾਪ ਸਿੰਘ ਰਾਣਾ

ਸਮਾਜ ਸੇਵਕ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਕੁਲਵਰਨ ਸਿੰਘ ਜ਼ਿਲ੍ਹਾ ਪ੍ਰਧਾਨ ਅਤੇ ਸੂਬਾ ਜਨਰਲ ਸਕੱਤਰ ਕਨਫੈਡਰੇਸ਼ਨ

ਸ਼ਮਸ਼ੇਰ ਸਿੰਘ ਧਾਮੀ
ਤਹਿਸੀਲ ਪ੍ਰਧਾਨ, ਹੁਸ਼ਿਆਰਪੁਰ

ਕਿਰਪਾਲ ਸਿੰਘ
ਜ਼ਿਲ੍ਹਾ ਜਨਰਲ ਸਕੱਤਰ

ਸੂਰਜ ਪ੍ਰਕਾਸ਼
ਸੀਨੀਅਰ ਵਾਈਸ ਪ੍ਰਧਾਨ

ਗੁਰਚਰਨ ਸਿੰਘ
ਮੈਂਬਰ

ਪ੍ਰਦੁਮਨ ਸਿੰਘ
ਮੈਂਬਰ

## ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ, ਹੁਸ਼ਿਆਰਪੁਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਨੀਤੀ ਤਲਵਾੜ
ਜ਼ਿਲ੍ਹਾ ਪ੍ਰਧਾਨ ਦਿਹਾਤੀ ਸ਼੍ਰੋਮਣੀ ਅਕਾਲੀ ਦਲ ਮਹਿਲਾ ਵਿੰਗ

ਸੰਜੀਵ ਤਲਵਾੜ
ਹਲਕਾ ਇੰਚਾਰਜ਼ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ

## ਵਧਾਈਆਂ



ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਅਤੇ ਡਾ. ਬੀ. ਆਰ. ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼-ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਕੁਲਵੰਤ ਸਿੰਘ ਸੈਣੀ, ਸੂਬਾ ਪ੍ਰਧਾਨ ਸੈਣੀ ਜਾਗ੍ਰਿਤੀ ਰੰਗ ਮੰਚ, ਪੰਜਾਬ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਬਲਰਾਜ ਸਿੰਘ ਅਧਿਕਾਰੇ

ਮਗਨਰੇਗਾ ਵਰਕਰ ਯੂਨੀਅਨ ਹੁਸ਼ਿਆਰਪੁਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਲੈਕਚਰਾਰ ਸੁਖਦੇਵ ਸਿੰਘ
ਨਸਰਾਲਾ

ਵਿਕਾਸ ਸ਼ਰਮਾ
ਨਸਰਾਲਾ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ. ਆਰ. ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

## ਲੈਕ. ਮਨਮੋਹਨ ਸਿੰਘ

ਬ੍ਰਹਮ ਸ਼ੰਕਰ ਜਿੰਪਾ
ਵਿਧਾਇਕ
ਹੁਸ਼ਿਆਰਪੁਰ

ਵਿਸਾਖੀ ਦੇ ਸ਼ੁਭ ਦਿਹਾੜੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਸੰਦੀਪ ਸੈਣੀ ਚੇਅਰਮੈਨ
ਪੰਜਾਬ ਬੈਕਵਰਡ ਕਲਾਸ ਲੈਂਡ ਡਿਵੈੱਲਪਮੈਂਟ ਅਤੇ ਫਾਈਨਾਂਸ ਕਾਰਪੋਰੇਸ਼ਨ

## ਧੰਨਵਾਦ

ਮੈਂ ਉਨ੍ਹਾਂ ਮਿੱਤਰਾਂ- ਸੱਜਣਾਂ ਦਾ ਦਿਲੋਂ ਧੰਨਵਾਦ ਕਰਦਾ ਜਿਨ੍ਹਾਂ ਨੇ ਮੈਨੂੰ ਵਿਸਾਖੀ ਮੌਕੇ ਤੇ ਡਾ. ਬੀ ਆਰ ਅੰਬੇਡਕਰ ਜੀ ਦੇ ਜਨਮ ਦਿਹਾੜੇ ਮੌਕੇ 'ਨਵਾਂ ਜ਼ਮਾਨਾ' 'ਚ ਸਪਲੀਮੈਂਟ ਕੱਢਣ ਵਿੱਚ ਸਹਿਯੋਗ ਦਿੱਤਾ ਅਤੇ ਮੈਂ ਆਸ ਕਰਦਾ ਹਾਂ ਕਿ ਅੱਗੇ ਵੀ ਮੇਰਾ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ।

ਬਲਵੀਰ ਸੈਣੀ ਪੱਤਰਕਾਰ ਸੀਨੀਅਰ ਪੱਤਰਕਾਰ
'ਨਵਾਂ ਜ਼ਮਾਨਾ' 94632-61803